ਵੀਰਵਾਰ, 8 ਫਰਵਰੀ, 2024
26 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 249

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

DAILY NAWAN ZAMANA • THURSDAY, 8 FEBRUARY, 2024 ਜਲੰਧਰ
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਗੁਜਰਾਤ ਦੇ ਮਾਸਟਰਾਂ ਨੂੰ ਡੇਢ ਕਰੋੜ ਜੁਰਮਾਨਾ

**ਗਾਂਧੀਨਗਰ** : ਗੁਜਰਾਤ 'ਚ 10ਵੀਂ ਅਤੇ 12ਵੀਂ ਦੀਆਂ ਬੋਰਡ ਪ੍ਰੀਖਿਆਵਾਂ ਦੀਆਂ ਉੱਤਰ ਪੱਤਰੀਆਂ ਦੇ ਮੁਲਾਂਕਣ ਦੌਰਾਨ ਅੰਕਾਂ ਦੀ ਗਣਨਾ 'ਚ ਗਲਤੀਆਂ ਕਰਨ 'ਤੇ ਦੋ ਸਾਲਾਂ 'ਚ 9 ਹਜ਼ਾਰ ਤੋਂ ਵੱਧ ਸਕੂਲ ਅਧਿਆਪਕਾਂ 'ਤੇ 1.54 ਕਰੋੜ ਰੁਪਏ ਦਾ ਜੁਰਮਾਨਾ ਕੀਤਾ ਗਿਆ ਹੈ। ਰਾਜ ਦੇ ਸਿੱਖਿਆ ਮੰਤਰੀ ਕੁਬੇਰ ਨੇ ਮੰਨਿਆ ਕਿ 9218 ਅਧਿਆਪਕਾਂ ਨੂੰ ਜੁਰਮਾਨਾ ਕੀਤਾ ਗਿਆ ਹੈ। 10ਵੀਂ ਜਮਾਤ ਦੇ 3350 ਅਤੇ 12ਵੀਂ ਜਮਾਤ ਦੇ 5868 ਅਧਿਆਪਕਾਂ ਨੇ ਸਾਲ 2022 ਅਤੇ 2023 ਦੀਆਂ ਬੋਰਡ ਪ੍ਰੀਖਿਆਵਾਂ 'ਚ ਉੱਤਰ ਪੱਤਰੀਆਂ ਦੇ ਮੁਲਾਂਕਣ ਦੌਰਾਨ ਅੰਕਾਂ ਦੀ ਗਣਨਾ ਕਰਨ 'ਚ ਗਲਤੀਆਂ ਕੀਤੀਆਂ ਸਨ। ਪ੍ਰਤੀ ਅਧਿਆਪਕ ਨੂੰ ਕਰੀਬ 1600 ਰੁਪਏ ਦਾ ਜੁਰਮਾਨਾ ਕੀਤਾ।

## ਪੈਟਰੋਲ-ਡੀਜ਼ਲ ਦੇ ਰੇਟ ਘਟਣ ਦੀ ਸੰਭਾਵਨਾ ਨਹੀਂ

**ਬੇਤੁਲ (ਗੋਆ)** : ਕੌਮਾਂਤਰੀ ਬਾਜ਼ਾਰ 'ਚ ਕੱਚੇ ਤੇਲ ਦੀਆਂ ਕੀਮਤਾਂ ਵਿਚ ਤਾਜ਼ਾ ਮਜ਼ਬੂਤੀ ਕਾਰਨ ਜਨਤਕ ਖੇਤਰ ਦੀਆਂ ਪੈਟਰੋਲੀਅਮ ਕੰਪਨੀਆਂ ਨੂੰ ਡੀਜ਼ਲ 'ਤੇ ਕਰੀਬ 3 ਰੁਪਏ ਪ੍ਰਤੀ ਲਿਟਰ ਦਾ ਨੁਕਸਾਨ ਹੋ ਰਿਹਾ ਹੈ, ਜਦਕਿ ਪੈਟਰੋਲ 'ਤੇ ਉਨ੍ਹਾਂ ਦੇ ਮੁਨਾਫੇ ਵਿਚ ਕਮੀ ਆਈ ਹੈ। ਤੇਲ ਉਦਯੋਗ ਦੇ ਅਧਿਕਾਰੀਆਂ ਨੇ ਕਿਹਾ ਕਿ ਪੈਟਰੋਲੀਅਮ ਮਾਰਕੀਟਿੰਗ ਕੰਪਨੀਆਂ ਪੈਟਰੋਲ 'ਤੇ ਘਟਦੇ ਮੁਨਾਫੇ ਅਤੇ ਡੀਜ਼ਲ 'ਤੇ ਘਾਟੇ ਕਾਰਨ ਪ੍ਰਚੂਨ ਕੀਮਤਾਂ 'ਚ ਕਟੌਤੀ ਕਰਨ ਤੋਂ ਗੁਰੇਜ਼ ਕਰ ਰਹੀਆਂ ਹਨ। ਅਪਰੈਲ 2022 ਤੋਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ 'ਚ ਕੋਈ ਬਦਲਾਅ ਨਹੀਂ ਹੋਇਆ।

## ਸੋਰੇਨ ਦਾ ਰਿਮਾਂਡ ਵਧਿਆ



**ਰਾਂਚੀ** : ਵਿਸ਼ੇਸ਼ ਪੀ ਐੱਮ ਐੱਲ ਏ ਅਦਾਲਤ ਨੇ ਬੁੱਧਵਾਰ ਕਥਿਤ ਜ਼ਮੀਨ ਘਪਲੇ ਨਾਲ ਜੁੜੇ ਮਨੀਲਾਂਡਰਿੰਗ ਮਾਮਲੇ 'ਚ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਹੇਮੰਤ ਸੋਰੇਨ ਦੇ ਈ ਡੀ ਰਿਮਾਂਡ 'ਚ ਪੰਜ ਦਿਨਾਂ ਦਾ ਵਾਧਾ ਕਰ ਦਿੱਤਾ ਹੈ। ਇਸ ਤੋਂ ਪਹਿਲਾਂ 2 ਫਰਵਰੀ ਨੂੰ ਪੰਜ ਦਿਨਾਂ ਦਾ ਰਿਮਾਂਡ ਦਿੱਤਾ ਸੀ।

## ਹਰਕ ਸਿੰਘ ਦੇ ਟਿਕਾਣਿਆਂ 'ਤੇ ਛਾਪੇ

**ਦੇਹਰਾਦੂਨ** : ਈ ਡੀ ਨੇ ਬੁੱਧਵਾਰ ਮਨੀ ਲਾਂਡਰਿੰਗ ਜਾਂਚ ਦੇ ਸਿਲਸਿਲੇ ਵਿਚ ਕਾਂਗਰਸ ਨੇਤਾ ਅਤੇ ਸਾਬਕਾ ਮੰਤਰੀ ਹਰਕ ਸਿੰਘ ਰਾਵਤ ਨਾਲ ਜੁੜੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਸੂਤਰਾਂ ਨੇ ਦੱਸਿਆ ਕਿ ਉੱਤਰਾਖੰਡ, ਦਿੱਲੀ ਅਤੇ ਚੰਡੀਗੜ੍ਹ 'ਚ ਕਈ ਥਾਵਾਂ 'ਤੇ ਤਲਾਸ਼ੀ ਲਈ ਗਈ। ਰਾਵਤ 2022 ਦੀਆਂ ਉੱਤਰਾਖੰਡ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਛੱਡ ਕੇ ਕਾਂਗਰਸ 'ਚ ਸ਼ਾਮਲ ਹੋ ਗਏ ਸਨ। ਈ ਡੀ ਦੀ ਜਾਂਚ ਰਾਜ ਦੇ ਕਾਰਬੇਟ ਟਾਈਗਰ ਰਿਜ਼ਰਵ 'ਚ ਕਥਿਤ ਗੈਰ-ਕਾਨੂੰਨੀ ਗਤੀਵਿਧੀਆਂ ਨਾਲ ਸੰਬੰਧਤ ਮੰਨੀ ਜਾਂਦੀ ਹੈ।

## ਚਿੱਲੀ ਦੇ ਸਾਬਕਾ ਰਾਸ਼ਟਰਪਤੀ ਪਿਨੇਰਾ ਦੀ ਹਾਦਸੇ 'ਚ ਮੌਤ



**ਵਿਨਾ ਡੇਲ ਮਾਰ** : ਚਿੱਲੀ ਦੇ ਸਾਬਕਾ ਰਾਸ਼ਟਰਪਤੀ ਸੇਬੇਸਟੀਅਨ ਪਿਨੇਰਾ (74) ਦੀ ਹੈਲੀਕਾਪਟਰ ਹਾਦਸੇ 'ਚ ਮੌਤ ਹੋ ਗਈ। ਉਹ 2010 ਤੋਂ 2014 ਅਤੇ ਫਿਰ 2018 ਤੋਂ 2022 ਤੱਕ ਰਾਸ਼ਟਰਪਤੀ ਰਹੇ ਅਤੇ ਉਨ੍ਹਾ ਦੇ ਕਾਰਜਕਾਲ ਦੌਰਾਨ ਕੋਵਿਡ-19 ਮਹਾਂਮਾਰੀ ਤੋਂ ਇਲਾਵਾ ਭੁਚਾਲ ਤੇ ਸੁਨਾਮੀ ਵਰਗੀਆਂ ਚੁਣੌਤੀਆਂ ਸਾਹਮਣੇ ਆਈਆਂ।

## ਘੱਟ ਟੋਸਟ ਮਿਲਣ 'ਤੇ ਖੁਦਕੁਸ਼ੀ

**ਨੋਇਡਾ (ਯੂ ਪੀ)** : ਇੱਥੇ ਥਾਣਾ ਫੇਜ਼-2 ਇਲਾਕੇ ਦੇ ਪਿੰਡ ਭੰਗੇਲ ਵਿਚ 12ਵੀਂ ਜਮਾਤ ਦੀ ਵਿਦਿਆਰਥਣ ਨੇ ਨਾਸ਼ਤੇ ਵਿਚ ਘੱਟ ਟੋਸਟ ਮਿਲਣ ਤੋਂ ਗੁੱਸੇ ਵਿਚ ਆ ਕੇ ਬੁੱਧਵਾਰ ਸਵੇਰੇ ਕਥਿਤ ਤੌਰ 'ਤੇ ਖੁਦਕੁਸ਼ੀ ਕਰ ਲਈ। ਪੂਜਾ (18) ਨੇ ਆਪਣੇ ਘਰ ਪੱਖੇ ਨਾਲ ਫਾਹਾ ਲੈ ਲਿਆ। ਪੁਲਸ ਮੁਤਾਬਕ ਮਾਂ ਨੇ ਸਵੇਰੇ ਉਸ ਨੂੰ ਚਾਹ ਅਤੇ ਟੋਸਟ ਖਾਣ ਲਈ ਦਿੱਤਾ ਸੀ। ਉਸ ਨੂੰ ਥੋੜ੍ਹਾ ਘੱਟ ਟੋਸਟ ਮਿਲਿਆ।

## ਸ਼ਾਕਾਹਾਰੀ ਥਾਲੀ ਮਹਿੰਗੀ ਤੇ ਮਾਸਾਹਾਰੀ ਸਸਤੀ

**ਮੁੰਬਈ** : ਘਰੇਲੂ ਸ਼ਾਕਾਹਾਰੀ ਥਾਲੀ ਜਨਵਰੀ ਮਹੀਨੇ ਸਾਲਾਨਾ ਆਧਾਰ 'ਤੇ ਪੰਜ ਫੀਸਦੀ ਮਹਿੰਗੀ ਹੋ ਗਈ, ਜਦਕਿ ਮਾਸਾਹਾਰੀ ਥਾਲੀ 13 ਫੀਸਦੀ ਸਸਤੀ ਹੋ ਗਈ। ਕ੍ਰਿਸਿਲ ਮਾਰਕਿਟ ਇੰਟੈਲੀਜੈਂਸ ਵੱਲੋਂ ਜਾਰੀ 'ਚੌਲ ਰੋਟੀ ਦੇ ਰੇਟ' ਦੇ ਅੰਦਾਜ਼ੇ ਮੁਤਾਬਕ ਜਨਵਰੀ 'ਚ ਦਾਲਾਂ, ਚੌਲ, ਪਿਆਜ਼ ਅਤੇ ਟਮਾਟਰ ਵਰਗੀਆਂ ਚੀਜ਼ਾਂ ਦੀਆਂ ਕੀਮਤਾਂ 'ਚ ਵਾਧੇ ਕਾਰਨ ਸ਼ਾਕਾਹਾਰੀ ਥਾਲੀ ਮਹਿੰਗੀ ਹੋ ਗਈ। ਇਸ ਦੇ ਨਾਲ ਹੀ ਪੋਲਟਰੀ ਦੇ ਰੇਟਾਂ 'ਚ ਗਿਰਾਵਟ ਕਾਰਨ ਮਾਸਾਹਾਰੀ ਥਾਲੀ ਦੀਆਂ ਕੀਮਤਾਂ 'ਚ ਗਿਰਾਵਟ ਆਈ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ।

-ਮੈਨੇਜਰ

# ਪਾਕਿਸਤਾਨ 'ਚ ਪੋਲਿੰਗ ਅੱਜ

# ਦੋ ਧਮਾਕਿਆਂ 'ਚ 28 ਹਲਾਕ



**ਇਸਲਾਮਾਬਾਦ** : ਪਾਕਿਸਤਾਨ ਦੇ ਦੱਖਣ-ਪੱਛਮੀ ਸੂਬੇ ਬਲੋਚਿਸਤਾਨ 'ਚ ਚੋਣ ਉਮੀਦਵਾਰਾਂ ਦੇ ਦਫਤਰਾਂ ਨੇੜੇ ਦੋ ਧਮਾਕਿਆਂ 'ਚ 28 ਵਿਅਕਤੀਆਂ ਦੀ ਮੌਤ ਹੋ ਗਈ ਅਤੇ ਦਰਜਨਾਂ ਜ਼ਖਮੀ ਹੋ ਗਏ। ਪਹਿਲਾ ਹਮਲਾ, ਜਿਸ 'ਚ 18 ਵਿਅਕਤੀ ਮਾਰੇ ਗਏ, ਪਿਸ਼ਿਨ ਜ਼ਿਲ੍ਹੇ 'ਚ ਆਜ਼ਾਦ ਉਮੀਦਵਾਰ ਦੇ ਦਫਤਰ ਨੇੜੇ ਹੋਇਆ। ਦੂਜਾ ਧਮਾਕਾ ਅਫਗਾਨ ਸਰਹੱਦ ਦੇ ਨੇੜੇ ਕਸਬੇ ਕਿਲ੍ਹਾ ਸੈਫੁੱਲਾ 'ਚ ਜਮੀਅਤ ਉਲੇਮਾ ਇਸਲਾਮ (ਜੇ ਯੂ ਆਈ) ਦੇ ਦਫਤਰ ਨੇੜੇ ਹੋਇਆ। ਉੱਥੇ ਘੱਟੋ-ਘੱਟ 10 ਵਿਅਕਤੀ ਮਾਰੇ ਗਏ।

ਪਿਸ਼ਿਨ ਵਿਚ ਧਮਾਕਾ ਆਜ਼ਾਦ ਉਮੀਦਵਾਰ ਅਸਫੰਦ ਯਾਰ ਖਾਨ ਕੱਕੜ ਦੇ ਦਫਤਰ ਦੇ ਬਾਹਰ ਹੋਇਆ। ਉਹ ਦਫਤਰ ਵਿਚ ਮੌਜੂਦ ਨਹੀਂ ਸਨ। ਕਿਲ੍ਹਾ ਸੈਫੁੱਲਾ ਵਿਚ ਧਮਾਕਾ ਮੌਲਾਨਾ ਅਬਦੁਲ ਵਾਸੇ ਦੇ ਦਫਤਰ ਦੇ ਬਾਹਰ ਹੋਇਆ। ਉਹ ਸਲਾਮਤ ਹਨ।

ਬਲੋਚਿਸਤਾਨ ਦੇ ਐਕਟਿੰਗ ਸੂਚਨਾ ਮੰਤਰੀ ਜਨ ਅਚਕਜ਼ਈ ਨੇ ਦੱਸਿਆ ਕਿ ਪਹਿਲਾ ਧਮਾਕਾ ਬਾਈਕ ਵਿਚ ਰੱਖੇ ਵਿਸਫੋਟਕ ਨਾਲ ਕੀਤਾ ਗਿਆ।

ਚੋਣਾਂ ਦੇ ਮੌਕੇ ਬਲੋਚਿਸਤਾਨ ਤੇ ਖੈਬਰ ਪਖਤੂਨਖਵਾ ਵਿਚ ਦਹਿਸ਼ਤਗਰਦਾਂ ਦੇ ਹਮਲੇ ਕਾਫੀ ਵਧੇ ਹਨ। ਬਲੋਚਿਸਤਾਨ ਵਿਚ ਬਲੋਚ ਲਿਬਰੇਸ਼ਨ ਆਰਮੀ ਤੇ ਖੈਬਰ ਵਿਚ ਪਾਕਿਸਤਾਨੀ ਤਾਲਿਬਾਨ ਹਮਲੇ ਕਰ ਰਹੇ ਹਨ। 31 ਜਨਵਰੀ ਨੂੰ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ ਦੇ ਉਮੀਦਵਾਰ ਰੇਹਾਨ ਜੇਬ ਖਾਨ ਦੀ ਖੈਬਰ ਵਿਚ ਹੱਤਿਆ ਕਰ ਦਿੱਤੀ ਗਈ ਸੀ। 31 ਜਨਵਰੀ ਨੂੰ ਹੀ ਬਲੋਚਿਸਤਾਨ ਦੀ ਤਾਕਤਵਰ ਸਿਆਸੀ ਜਮਾਤ ਅਵਾਮੀ ਨੈਸ਼ਨਲ ਪਾਰਟੀ ਦੇ ਸੀਨੀਅਰ ਆਗੂ ਜ਼ਹੂਰ ਅਹਿਮਦ ਨੂੰ ਗੋਲੀ ਮਾਰ ਕੇ ਮਾਰ ਦਿੱਤਾ ਗਿਆ ਸੀ।

ਦੇਸ਼ ਵਿਚ ਕੌਮੀ ਅਸੰਬਲੀ ਦੇ ਨਾਲ-ਨਾਲ ਸੂਬਾਈ ਅਸੰਬਲੀਆਂ ਲਈ ਵੀ ਵੋਟਾਂ ਪੈਣੀਆਂ ਹਨ।

# ਪੰਜਾਬ 'ਚ ਗੈਰ-ਕਾਨੂੰਨੀ ਕਲੋਨੀਆਂ ਬਣਨ ਤੋਂ ਰੋਕਣ ਲਈ ਕਾਨੂੰਨ ਬਣੇਗਾ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਭਵਿੱਖ ਵਿੱਚ ਗੈਰ-ਕਾਨੂੰਨੀ ਕਲੋਨੀਆਂ ਬਣਨ ਤੋਂ ਰੋਕਣ ਲਈ ਗੈਰ-ਕਾਨੂੰਨੀ ਕਲੋਨਾਈਜ਼ਰਾਂ ਵਿਰੁੱਧ ਸਖ਼ਤ ਕਾਰਵਾਈ ਵਾਸਤੇ ਅਧਿਕਾਰੀਆਂ ਨੂੰ ਬਿੱਲ ਦਾ ਖਰੜਾ ਤਿਆਰ ਕਰਨ ਲਈ ਆਖਿਆ ਹੈ।

ਜ਼ਮੀਨ/ਜਾਇਦਾਦ ਦੀ ਰਜਿਸਟਰੇਸ਼ਨ ਲਈ ਐੱਨ ਓ ਸੀ ਦੀ ਸ਼ਰਤ ਖ਼ਤਮ ਕਰਨ ਦੇ ਸੂਬਾ ਸਰਕਾਰ ਦੇ ਹਾਲੀਆ ਫੈਸਲੇ ਦੇ ਸੰਦਰਭ ਵਿੱਚ ਬੁੱਧਵਾਰ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਫੈਸਲੇ ਦਾ ਮੰਤਵ ਆਮ ਜਨਤਾ ਨੂੰ ਸਹੂਲਤ ਦੇਣਾ ਹੈ। ਉਨ੍ਹਾ ਕਿਹਾ ਕਿ ਗੈਰ-ਕਾਨੂੰਨੀ ਕਲੋਨਾਈਜ਼ਰਾਂ ਦੁਆਲੇ ਸ਼ਿਕੰਜਾ ਕੱਸਣ ਲਈ ਨਵਾਂ ਕਾਨੂੰਨ ਬਣਾਉਣ ਦੀ ਬੇਹੱਦ ਲੋੜ ਹੈ। ਅਧਿਕਾਰੀਆਂ ਨੂੰ ਪੰਜਾਬ ਵਿਧਾਨ ਸਭਾ ਦੇ ਅਗਲੇ ਸੈਸ਼ਨ ਤੋਂ ਪਹਿਲਾਂ ਨਵੇਂ ਬਿੱਲ ਦਾ ਖਰੜਾ ਤਿਆਰ ਕਰਨ ਲਈ ਆਖਿਆ ਹੈ, ਤਾਂ ਕਿ ਵਿਧਾਨ ਸਭਾ ਤੋਂ ਇਸ ਦੀ ਪ੍ਰਵਾਨਗੀ ਲਈ ਜਾ ਸਕੇ।

ਉਹਨਾ ਕਿਹਾ ਕਿ ਗੈਰ-ਕਾਨੂੰਨੀ ਕਲੋਨਾਈਜ਼ਰ ਸਬਜ਼ਬਾਗ ਦਿਖਾ ਕੇ ਲੋਕਾਂ ਨੂੰ ਲੁੱਟਦੇ ਹਨ ਅਤੇ ਆਪਣੀਆਂ ਗੈਰ-ਪ੍ਰਵਾਨਿਤ ਕਲੋਨੀਆਂ ਵੇਚ ਦਿੰਦੇ ਹਨ। ਠੱਗੇ ਗਏ ਲੋਕ ਇਨ੍ਹਾਂ ਕਲੋਨੀਆਂ ਵਿੱਚ ਬੁਨਿਆਦੀ ਸਹੂਲਤਾਂ ਲਈ ਦਰ-ਦਰ ਦੀਆਂ ਠੋਕਰਾਂ ● ਬਾਕੀ ਸਫ਼ਾ 2 'ਤੇ

# 16 ਦੇ ਬੰਦ ਤੇ ਹੜਤਾਲ ਦੀ ਸਫਲਤਾ ਲਈ ਕੋਈ ਕਸਰ ਨਾ ਰਹੇ : ਬਰਾੜ, ਧਾਲੀਵਾਲ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਭਰ ਵਿੱਚ 16 ਫਰਵਰੀ ਦੀ ਸੰਯੁਕਤ ਕਿਸਾਨ ਮੋਰਚਾ ਅਤੇ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਦੇਸ਼-ਵਿਆਪੀ ਹੜਤਾਲ ਦੀਆਂ ਤਿਆਰੀਆਂ ਟਰੇਡ ਯੂਨੀਅਨਾਂ ਅਤੇ ਕਿਸਾਨਾਂ ਦੀਆਂ ਸਮੁੱਚੀਆਂ ਜਥੇਬੰਦੀਆਂ ਵੱਲੋਂ ਬਹੁਤ ਹੀ ਗੰਭੀਰਤਾ ਨਾਲ ਜੰਗੀ ਪੱਧਰ 'ਤੇ ਕੀਤੀਆਂ ਜਾ ਰਹੀਆਂ। ਹਰ ਇੱਕ ਤਹਿਸੀਲ ਪੱਧਰ, ਜ਼ਿਲ੍ਹਾ ਪੱਧਰ ਅਤੇ ਸੂਬਾਈ ਪੱਧਰ 'ਤੇ ਸਾਂਝੀਆਂ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਹੜਤਾਲ ਦੀ ਤਿਆਰੀ ਅਤੇ ਉਤਸ਼ਾਹ ਤੋਂ ਸਪੱਸ਼ਟ ਹੈ ਕਿ 16 ਫਰਵਰੀ ਨੂੰ ਪੇਂਡੂ ਅਤੇ ਸ਼ਹਿਰੀ ਭਾਰਤ ਪੂਰੀ ਤਰ੍ਹਾਂ ਬੰਦ ਹੋਏਗਾ, ਕਿਉਂਕਿ ਮੋਦੀ ਸਰਕਾਰ ਦੀਆਂ ਕਿਸਾਨ, ਮੁਲਾਜ਼ਮ, ਮਜ਼ਦੂਰ ਅਤੇ ਗਰੀਬ ਵਿਰੋਧੀ ਨੀਤੀਆਂ ਕਾਰਨ ਇਨ੍ਹਾਂ ਸਾਰੇ ਵਰਗਾਂ ਦੀ ਆਮਦਨ ਲਗਾਤਾਰ ਘਟਦੀ ਜਾ ਰਹੀ ਹੈ। ਦੂਸਰੇ ਪਾਸੇ ਮਹਿੰਗਾਈ ਅਤੇ ਬੇਰੁਜ਼ਗਾਰੀ ਵਿੱਚ ਬੇਸ਼ੁਮਾਰ ਵਾਧਾ ਹੋਇਆ ਹੈ, ਜਿਸ ਕਾਰਨ ਇਹਨਾਂ ਵਰਗਾਂ ਦੀਆਂ ਆਰਥਕ ਮੁਸੀਬਤਾਂ ਉਹਨਾਂ ਦੀਆਂ ਜੀਵਨ ਹਾਲਤਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕਰ ਰਹੀਆਂ ਹਨ।

ਬਰਾੜ ਅਤੇ ਧਾਲੀਵਾਲ ਨੇ ਕਿਹਾ ਕਿ ਕਾਰਪੋਰੇਟਾਂ ਦੀ ਕਠਪੁਤਲੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਮੁਨਾਫੇ ਵਿੱਚ ਅਥਾਹ ਵਾਧੇ ਕਰਨ ਲਈ ਦੇਸ਼ ਦੇ ਸਮੁੱਚੇ ਆਰਥਕ ਸੋਮੇ ਕੌਡੀਆਂ ਦੇ ਭਾਅ ਉਹਨਾਂ ਦੇ ਹਵਾਲੇ ਕਰ ਰਹੀ ਹੈ। ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਪਬਲਿਕ ਸੈਕਟਰ ਨੂੰ ਨਿਰਦਈ ਤਰੀਕੇ ਨਾਲ ਤੋੜ ਕੇ, ਵੇਚ-ਵੱਟ ਕੇ ਬਰਬਾਦ ਕਰਕੇ ਰੱਖ ਦਿੱਤਾ ਹੈ। ਰੇਲ, ਹਵਾਈ ਅੱਡੇ ਅਤੇ ਹਵਾਈ ਸੇਵਾਵਾਂ, ਟਰਾਂਸਪੋਰਟ, ਡਿਫੈਂਸ ਫੈਕਟਰੀਆਂ, ਬਿਜਲੀ, ਕੋਲਾ ਖਾਨਾਂ, ਬੈਂਕ, ਇੰਸ਼ੋਰੈਂਸ, ਟੈਲੀਕਾਮ, ਸਟੀਲ ਪਲਾਂਟ ਆਦਿ ਵੱਡੇ-ਵੱਡੇ ਅਦਾਰੇ, ਜਿਹੜੇ ਸਮਾਜ ਲਈ ਚੰਗੇ ਅਤੇ ਪੱਕੇ ਰੁਜ਼ਗਾਰ ਦੇ ਸਾਧਨ ਸਨ ● ਬਾਕੀ ਸਫ਼ਾ 2 'ਤੇ

## ਪਿਆਰ ਦਾ ਮੁੱਲ ਦੂਣਾ ਮੋੜਿਆ



**ਪਾਲਮਪੁਰ** : ਕੁੱਤਾ ਹੀ ਧਰਤੀ 'ਤੇ ਇਹੋ ਜਿਹਾ ਪ੍ਰਾਣੀ ਹੈ, ਜਿਹੜਾ ਤੁਹਾਨੂੰ ਉਸ ਨਾਲੋਂ ਵੱਧ ਪਿਆਰ ਕਰਦਾ ਹੈ, ਜਿੰਨਾ ਤੁਸੀਂ ਉਸ ਨੂੰ ਕਰਦੇ ਹੋ। ਕਾਂਗੜਾ ਜ਼ਿਲ੍ਹੇ ਦੇ ਬੀੜ ਬਿਲਿੰਗ ਵਿਚ ਅਲਫਾ ਨਾਂਅ ਦੇ ਜਰਮਨ ਸ਼ੈਫਰਡ ਨੇ ਇਸ ਕਹਾਵਤ ਨੂੰ ਸਾਬਤ ਕਰਕੇ ਦਿਖਾਇਆ ਹੈ। ਉਹ 9 ਹਜ਼ਾਰ ਫੁੱਟ ਦੀ ਉਚਾਈ 'ਤੇ ਆਪਣੇ ਮਾਲਕ ਅਭਿਨੰਦਨ ਗੁਪਤਾ ਤੇ ਉਸ ਦੇ ਦੋਸਤ ਦੀਆਂ ਲਾਸ਼ਾਂ ਕੋਲ 48 ਘੰਟੇ ਡਟਿਆ ਰਿਹਾ, ਤਾਂ ਕਿ ਕੋਈ ਜੰਗਲੀ ਰਿੱਛ ਜਾਂ ਚੀਤਾ ਨਾ ਖਾ ਜਾਵੇ। ਲਾਸ਼ਾਂ 'ਤੇ ਜੰਗਲੀ ਜਾਨਵਰਾਂ ਦੇ ਹਮਲੇ ਦੇ ਨਿਸ਼ਾਨ ਮਿਲੇ। ਅਭਿਨੰਦਨ ਦਾ ਪਰਵਾਰ ਪਠਾਨਕੋਟ ● ਬਾਕੀ ਸਫ਼ਾ 2 'ਤੇ

## 28 ਲੱਖ ਦੀ ਲੁੱਟ 'ਚ ਲਾਂਗਰੀ ਸਣੇ 5 ਗ੍ਰਿਫਤਾਰ

**ਪਟਿਆਲਾ** : ਕਸਬਾ ਘੱਗਾ 'ਚ ਕਰਿਆਨਾ ਦੁਕਾਨਦਾਰ ਦੇ ਘਰ 'ਚ 28 ਲੱਖ ਰੁਪਏ ਦੀ ਲੁੱਟ ਦੇ ਮਾਮਲੇ 'ਚ ਪੁਲਸ ਨੇ ਪੰਜ ਮੁਲਜ਼ਮ ਕਾਬੂ ਕਰਕੇ 26 ਲੱਖ ਦੀ ਬਰਾਮਦਗੀ ਕਰ ਲਈ ਹੈ। ਵਾਰਦਾਤ ਖਿਡੌਣਾ ਰਿਵਾਲਵਰ ਨਾਲ ਕੀਤੀ ਗਈ ਸੀ। ਐੱਸ ਐੱਸ ਪੀ ਵਰੁਣ ਸ਼ਰਮਾ ਨੇ ਬੁੱਧਵਾਰ ਪ੍ਰੈੱਸ ਕਾਨਫਰੰਸ 'ਚ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਅਮਰੀਕ ਸਿੰਘ, ਦੇਬੂ ਰਾਮ, ਬੰਟੀ, ਰਮੇਸ਼ ਰਾਮ ਅਤੇ ਜਗਦੇਵ ਉਰਫ ਜੱਗਾ ਵਾਸੀ ਘੱਗਾ ਵਜੋਂ ਹੋਈ ਹੈ। ਜਗਦੇਵ ਜੱਗਾ ਇਸ ਪਰਵਾਰ ਦਾ ਲਾਂਗਰੀ ਸੀ, ਜਿਸ ਨੂੰ ਪਤਾ ਸੀ ਕਿ ਪਰਵਾਰ ਕੋਲ ਚੋਖੀ ਰਾਸ਼ੀ ਹੈ। ਉਸ ਨੇ ਆਪਣੀ ਮਾਸੀ ਦੇ ਪੁੱਤ ਬੰਟੀ ਦੇ ਨਾਲ ਰਲ ਕੇ ਤਿੰਨ ਹੋਰ ਸਾਥੀਆਂ ਨੂੰ ਨਾਲ ਜੋੜਿਆ ਤੇ ਰਾਤ ਸਮੇਂ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਉਨ੍ਹਾ ਖਿਡੌਣਾ ਰਿਵਾਲਵਰ ਦਿਖਾ ਕੇ ਪਰਵਾਰ ਦੇ ਮੈਂਬਰਾਂ ਨੂੰ ਬੰਨ੍ਹ ਦਿੱਤਾ ਤੇ 28 ਲੱਖ ਰੁਪਏ ਲੁੱਟ ਲਏ।

## ਲੰਡਾ ਤੇ ਰਿੰਦਾ ਦੇ ਤਿੰਨ ਸਾਥੀ ਹਰੀਕੇ ਤੋਂ ਕਾਬੂ




**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਪੁਲਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐੱਫ) ਨੇ ਅੱਤਵਾਦੀ ਹਰਵਿੰਦਰ ਸਿੰਘ ਉਰਫ ਰਿੰਦਾ ਅਤੇ ਲਖਬੀਰ ਸਿੰਘ ਉਰਫ ਲੰਡਾ ਦੇ ਤਿੰਨ ਸਾਥੀਆਂ ਨੂੰ ਹਰੀਕੇ ਤੋਂ ਗ੍ਰਿਫਤਾਰ ਕੀਤਾ ਹੈ। ਇਹ ਜਾਣਕਾਰੀ ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਇੱਥੇ ਦਿੱਤੀ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਜੋਬਨਜੀਤ ਸਿੰਘ ਉਰਫ ਜੋਬਨ, ਬਿਕਰਮਜੀਤ ਸਿੰਘ ਉਰਫ ਬਿੱਕਾ ਅਤੇ ਕੁਲਵਿੰਦਰ ਸਿੰਘ ਉਰਫ ਕਾਲਾ ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਉਕਤ ਦੋਸ਼ੀਆਂ ਪਾਸੋਂ ਦੋ .32 ਕੈਲੀਬਰ ਪਿਸਤੌਲ ਸਮੇਤ 10 ਜ਼ਿੰਦਾ ਕਾਰਤੂਸਾਂ ਬਰਾਮਦ ਕੀਤੇ ਹਨ ਅਤੇ ਇੱਕ ਮਾਰੂਤੀ ਸਵਿਫਟ ਕਾਰ (ਜਿਸ ਵਿੱਚ ਉਹ ਸਫ਼ਰ ਕਰ ਰਹੇ ਸਨ), ਵੀ ਜ਼ਬਤ ਕੀਤੀ ਗਈ ਹੈ। ਯਾਦਵ ਨੇ ਦੱਸਿਆ ਕਿ ਭਰੋਸੇਮੰਦ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦੇ ਹੋਏ ਏਜੀ ਟੀ ਐੱਫ ਪੰਜਾਬ ਨੇ ਏ ਡੀ ਜੀ ਪੀ ਪ੍ਰਮੋਦ ਬਾਨ ਦੀ ਅਗਵਾਈ ਏ ਆਈ ਜੀ ਸੰਦੀਪ ਗੋਇਲ ਦੀ ਨਿਗਰਾਨੀ ਅਤੇ ਡੀ ਐੱਸ ਪੀ ਏ ਜੀ ਟੀ ਐੱਫ ਬਾਰਡਰ ਰੇਂਜ ਹਰਮਿੰਦਰ ਸਿੰਘ ਦੀ ਕਮਾਨ ਹੇਠ ਪੁਲਸ ਟੀਮਾਂ ਨੇ ਉਕਤ ਦੋਸ਼ੀਆਂ ਦੇ ਟਿਕਾਣੇ ਦਾ ਪਤਾ ਲਗਾਇਆ ਅਤੇ ਉਨ੍ਹਾਂ ਨੂੰ ਅੰਮ੍ਰਿਤਸਰ ਦੇ ਤਰਨ ਤਾਰਨ ਰੋਡ 'ਤੇ ਸਥਿਤ ਪਿੰਡ ਸਫੀਪੁਰ ਨੇੜਲੇ ਟੀ-ਪੁਆਇੰਟ ਤੋਂ ਕਾਬੂ ਕੀਤਾ। ਉਨ੍ਹਾ ਦੱਸਿਆ ਕਿ ਦੋਵੇਂ ਮੁਲਜ਼ਮਾਂ ਦਾ ਅਪਰਾਧਿਕ ਪਿਛੋਕੜ ਹੈ। ਜੋਬਨ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਕਾਨੂੰਨ (ਯੂ ਏ ਪੀ ਏ), ਇਰਾਦਾ ਕਤਲ, ਆਰਮਜ਼ ਐਕਟ, ਐੱਨ ਡੀ ਪੀ ਐੱਸ ਐਕਟ ਅਤੇ ਆਈ ਟੀ ਐਕਟ ਦੇ ਅਪਰਾਧਾਂ ਵਿੱਚ ਲੋੜੀਂਦਾ ਸੀ ਅਤੇ ਲੰਮੇ ਸਮੇਂ ਤੋਂ ਭਗੌੜਾ ਸੀ, ਜਦੋਂਕਿ ਦੂਜਾ ਮੁਲਜ਼ਮ ਬਿੱਕਾ ਵੀ ਇਰਾਦਾ ਕਤਲ ਨਾਲ ਸੰਬੰਧਤ ਦੋ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ।

## ਅਮਰੀਕਾ 'ਚ ਭਾਰਤੀ ਵਿਦਿਆਰਥੀ 'ਤੇ ਹਮਲਾ

**ਨਿਊ ਯਾਰਕ** : ਅਮਰੀਕਾ ਦੇ ਸ਼ਿਕਾਗੋ ਵਿਚ ਸੂਚਨਾ ਤਕਨਾਲੋਜੀ (ਆਈ ਟੀ) ਦੀ ਪੜ੍ਹਾਈ ਕਰ ਰਹੇ ਭਾਰਤੀ ਵਿਦਿਆਰਥੀ ਨੂੰ ਅਣਪਛਾਤੇ ਵਿਅਕਤੀਆਂ ਨੇ ਉਸ ਦੇ ਘਰ ਨੇੜੇ ਬੇਰਹਿਮੀ ਨਾਲ ਕੁੱਟਿਆ। ਸੋਸ਼ਲ ਮੀਡੀਆ 'ਤੇ ਸਾਹਮਣੇ ਆਈ ਵੀਡੀਓ 'ਚ 4 ਫਰਵਰੀ ਦੀ ਰਾਤ ਨੂੰ ਤਿੰਨ ਵਿਅਕਤੀ ਸਈਅਦ ਮਜ਼ਾਹਿਰ ਅਲੀ ਦਾ ਪਿੱਛਾ ਕਰਦੇ ਹੋਏ ਦਿਖਾਈ ਦਿੱਤੇ। 'ਐਕਸ' 'ਤੇ ਪੋਸਟ ਕੀਤੀ ਵੱਖਰੀ ਵੀਡੀਓ ਵਿਚ ਅਲੀ ਦੇ ਨੱਕ ਅਤੇ ਚਿਹਰੇ ਤੋਂ ਖ਼ੂਨ ਵਗਦਾ ਦੇਖਿਆ ਜਾ ਸਕਦਾ ਹੈ ਅਤੇ ਉਸ ਦੇ ਕੱਪੜਿਆਂ 'ਤੇ ਖ਼ੂਨ ਦੇ ਧੱਬੇ ਹਨ। ਸ਼ਿਕਾਗੋ 'ਚ ਭਾਰਤੀ ਕੌਂਸਲਖਾਨੇ ਨੇ ਸਥਾਨਕ ਅਧਿਕਾਰੀਆਂ ਨਾਲ ਸੰਪਰਕ ਕੀਤਾ, ਜੋ ਮਾਮਲੇ ਦੀ ਜਾਂਚ ਕਰ ਰਹੇ ਹਨ। ਕਰੀਬ ਛੇ ਮਹੀਨੇ ਪਹਿਲਾਂ ਹੈਦਰਾਬਾਦ ਤੋਂ ਅਮਰੀਕਾ ਆਏ ਅਲੀ ਨੇ ਦੱਸਿਆ ਕਿ ਇੱਕ ਹਮਲਾਵਰ ਨੇ ਉਸ 'ਤੇ ਬੰਦੂਕ ਤਾਣ ਲਈ ਸੀ। ਵੀਡੀਓ ਫੁਟੇਜ 'ਚ ਅਲੀ ਹੱਥ 'ਚ ਪੈਕੇਟ ਲੈ ਕੇ ਰਾਤ ਨੂੰ ਆਪਣੇ ਘਰ ਵੱਲ ਤੁਰਦਾ ਦੇਖਿਆ ਗਿਆ, ਜਦੋਂ ਕਿ ਤਿੰਨ ਵਿਅਕਤੀ ਉਸ ਦਾ ਪਿੱਛਾ ਕਰ ਰਹੇ ਸਨ। ਅਲੀ ਨੇ ਦੱਸਿਆ ਕਿ ਹਮਲਾਵਰਾਂ ਨੇ ਉਸ ਦੀਆਂ ਅੱਖਾਂ, ਨੱਕ, ਪਸਲੀਆਂ 'ਤੇ ਮੁੱਕੇ ਮਾਰੇ। ਉਸ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।

### ਵਿਦਿਆਰਥੀ ਦੀ ਲਾਸ਼ ਮਿਲੀ



**ਵਾਸ਼ਿੰਗਟਨ** : ਅਮਰੀਕਾ 'ਚ ਇੱਕ ਹੋਰ ਭਾਰਤੀ ਮੂਲ ਦੇ ਵਿਦਿਆਰਥੀ ਦੀ ਮੌਤ ਹੋ ਗਈ ਹੈ। ਇਸ ਸਾਲ ਅਮਰੀਕਾ 'ਚ ਮ੍ਰਿਤਕ ਮਿਲੇ ਵਿਦਿਆਰਥੀ ਦਾ ਇਹ ਪੰਜਵਾਂ ਮਾਮਲਾ ਹੈ। ਇੰਡੀਆਨਾ ਦੀ ਪਰਡਿਊ ਯੂਨੀਵਰਸਿਟੀ 'ਚ ਡਾਕਟਰੇਟ ਕਰ ਰਹੇ ਸਮੀਰ ਕਾਮਤ ਦੀ ਲਾਸ਼ ਮਿਲੀ ਹੈ। 23 ਸਾਲਾ ਨੌਜਵਾਨ ਨੇ ਅਗਸਤ 2023 'ਚ ਮਕੈਨੀਕਲ ਇੰਜੀਨੀਅਰਿੰਗ 'ਚ ਮਾਸਟਰ ਦੀ ਡਿਗਰੀ ਪੂਰੀ ਕੀਤੀ ਸੀ ਅਤੇ ਉਸ ਕੋਲ ਅਮਰੀਕੀ ਨਾਗਰਿਕਤਾ ਸੀ। ਉਹ 2025 'ਚ ਆਪਣੀ ਡਾਕਟਰੇਟ ਪੂਰੀ ਕਰਨ ਵਾਲਾ ਸੀ।

## ਰੱਬ ਕਰੇ ਕਿਸੇ ਨੂੰ ਬਹੁਮਤ ਨਾ ਮਿਲੇ...



**ਵਿਜੇਵਾੜਾ** : ਆਂਧਰਾ ਦੇ ਮੁੱਖ ਮੰਤਰੀ ਵਾਈ ਐੱਸ ਜਗਨ ਮੋਹਨ ਰੈਡੀ ਦੀ ਇਹ ਦਿਲੀ ਅਰਦਾਸ ਹੈ ਕਿ ਲੋਕ ਸਭਾ ਚੋਣਾਂ ਵਿਚ ਕਿਸੇ ਪਾਰਟੀ ਨੂੰ ਬਹੁਮਤ ਨਹੀਂ ਮਿਲਣਾ ਚਾਹੀਦਾ। ਉਨ੍ਹਾ ਦਾ ਕਹਿਣਾ ਹੈ ਕਿ ਰਾਜਾਂ 'ਤੇ ਨਿਰਭਰ ਰਹਿਣ ਵਾਲੀ ਕੇਂਦਰ ਸਰਕਾਰ ਹੀ ਰਾਜਾਂ ਦੀਆਂ ਮੰਗਾਂ ਮੰਨਦੀ ਹੈ। ਸਰਕਰਦਾ ਅੰਗਰੇਜ਼ੀ ਅਖਬਾਰ 'ਦੀ ਹਿੰਦੂ' ਨਾਲ ਗੱਲਬਾਤ ਵਿਚ ਉਨ੍ਹਾ ਕਿਹਾ ਕਿ ਨਵਾਂ ● ਬਾਕੀ ਸਫ਼ਾ 2 'ਤੇ

## ਮੇਰੇ ਪਿਤਾ ਨੂੰ ਕਿਉਂ ਵਿਸਾਰਿਆ !



ਲਕਸ਼ਮੀਕਾਂਤ ਤੇ ਪਿਆਰੇਲਾਲ

**ਮੁੰਬਈ** : ਮਸ਼ਹੂਰ ਸੰਗੀਤਕਾਰ ਲਕਸ਼ਮੀਕਾਂਤ ਦੀ ਬੇਟੀ ਨੇ ਕਿਹਾ ਹੈ ਕਿ ਲਕਸ਼ਮੀਕਾਂਤ-ਪਿਆਰੇਲਾਲ ਦੀ ਜੋੜੀ ਨੇ 700 ਤੋਂ ਵੱਧ ਫਿਲਮਾਂ 'ਚ ਸੰਗੀਤ ਦਿੱਤਾ ਅਤੇ ਉਹ ਪਿਆਰੇਲਾਲ ਨੂੰ ਪਦਮ ਭੂਸ਼ਣ ਦੇਣ ਦੇ ਫੈਸਲੇ ਦਾ ਸਵਾਗਤ ਕਰਦੀ ਹੈ, ਪਰ ਉਸ ਦੇ ਮਰਹੂਮ ਪਿਤਾ ਨੂੰ ਵੀ ਇਹ ਸਨਮਾਨ ਮਿਲਣਾ ਚਾਹੀਦਾ ਹੈ। ਲਕਸ਼ਮੀਕਾਂਤ ਦੇ ਪਰਵਾਰ ਨੇ ਇਸ ਮਾਮਲੇ 'ਤੇ ਕੇਂਦਰੀ ਗ੍ਰਹਿ ਮੰਤਰਾਲੇ ਅਤੇ ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਨੂੰ ਪੱਤਰ ਵੀ ਲਿਖਿਆ ਹੈ। ਰਾਜੇਸ਼ਵਰੀ ਲਕਸ਼ਮੀਕਾਂਤ ਨੇ ਕਿਹਾ—ਅਸੀਂ ਬਹੁਤ ਖੁਸ਼ ਹਾਂ ਕਿ ਪਿਆਰੇਲਾਲ ਅੰਕਲ ਨੂੰ ਆਖਰਕਾਰ ਪੁਰਸਕਾਰ ਮਿਲ ਗਿਆ ਹੈ। ਸਾਨੂੰ ਲੱਗਦਾ ਹੈ ਕਿ ਜਦੋਂ ਪਦਮ ਭੂਸ਼ਣ ਪੁਰਸਕਾਰ ਦੀ ਗੱਲ ਆਉਂਦੀ ਹੈ ਤਾਂ ਤੁਸੀਂ ਲਕਸ਼ਮੀਕਾਂਤ-ਪਿਆਰੇਲਾਲ ਨੂੰ ਵੱਖ ਕਰਕੇ ਨਹੀਂ ਦੇਖ ਸਕਦੇ। ਪਿਆਰੇਲਾਲ ਅੰਕਲ ਨੂੰ ਸਿਰਫ ਇਸ ਲਈ ਪੁਰਸਕਾਰ ਦਿੱਤਾ ਹੈ ਕਿ ਉਹ ਦੁਨੀਆ 'ਚ ਹਨ ਤੇ ਮੇਰੇ ਪਿਤਾ ਜੀ ਨਹੀਂ ਹਨ।

## ਅੱਜ-ਨਾਮਾ

ਚੋਣ ਨਜ਼ਦੀਕ ਸਿਆਸਤ ਫਿਰ ਤੇਜ਼ ਹੋਈ,
ਹੋਈ ਫਿਰ ਦੂਸ਼ਣਾਂ ਦੀ ਬਾਰਸ਼ ਤੇਜ਼ ਬੇਲੀ।
ਚੁਣ ਕੇ ਭੱਦੇ ਤੋਂ ਭੱਦਾ ਕਈ ਦੋਸ਼ ਲਾਉਂਦੇ,
ਵਿਗੜਦੇ ਸ਼ਬਦਾਂ ਦਾ ਨਹੀਂ ਪਰਹੇਜ਼ ਬੇਲੀ।
ਬੋਲਦਾ ਪਹਿਲਾ ਤਾਂ ਪਬਲਿਕ ਹੈਰਾਨ ਹੋਵੇ,
ਕਰ ਗਿਆ ਗੱਲ ਹੈ ਹੈਰਤ-ਅੰਗੇਜ਼ ਬੇਲੀ।
ਦੂਜਾ ਬੋਲੇ ਤਾਂ ਖੱਫਣ ਜਿਹਾ ਪਾੜ ਸੁੱਟਦਾ,
ਕਰਦਾ ਈ ਗੱਲ ਉਹ ਸਨਸਨੀਖੇਜ਼ ਬੇਲੀ।
ਬੋਲਦੇ ਵਕਤ ਕੁਝ ਜਿਹੜਾ ਸੰਕੋਚ ਕਰਦਾ,
ਉਹਦੀ ਤਕਰੀਰ ਵੀ ਜਾਪਦੀ ਖੁਸ਼ਕ ਬੇਲੀ।
ਜਿਉਂ-ਜਿਉਂ ਅੱਗੇ ਲੜਾਈ ਹੈ ਵਧੀ ਜਾਣੀ,
ਚਿੱਕੜਬਾਜ਼ੀ ਦਾ ਵਧੀ ਜਾਊ ਮੁਸ਼ਕ ਬੇਲੀ।

-ਤੀਸ ਮਾਰ ਖਾਂ

## ਕੇਂਦਰ ਸਰਕਾਰ ਨਰੇਗਾ ਨੂੰ ਫੇਲ੍ਹ ਕਰਕੇ ਮਜ਼ਦੂਰਾਂ ਨੂੰ ਭੁੱਖੇ ਮਾਰਨ ਦੇ ਰਾਹ : ਜਗਰੂਪ



**ਸ੍ਰੀ ਮੁਕਤਸਰ ਸਾਹਿਬ** : ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਡੈਲੀਗੇਟ ਅਜਲਾਸ ਬੁੱਧਵਾਰ ਪ੍ਰੇਮ ਭਵਨ ਉੱਚਾ ਵਿਹੜਾ ਦਫਤਰ ਮੁਕਤਸਰ ਵਿਖੇ ਕਰਕੇ ਜ਼ਿਲ੍ਹੇ ਦੀ ਚੋਣ ਕੀਤੀ ਗਈ। ਇਹ ਅਜਲਾਸ ਕਰਵਾਉਣ ਲਈ ਹੀਰਾ ਸਿੰਘ ਆਦਨੀਆਂ, ਬਿੰਦਰ ਸਿੰਘ ਖੁੰਨਣ ਕਲਾਂ ਤੇ ਸੁਰਜੀਤ ਸਿੰਘ ਨੇ ਪ੍ਰਧਾਨਗੀ ਕੀਤੀ। ਇਸ ਵਿੱਚ ਜ਼ਿਲ੍ਹੇ ਦੇ ਚਾਰ ਬਲਾਕਾਂ ਨੇ ਹਿੱਸਾ ਲਿਆ, ਜਿਸ ਵਿੱਚ ਮੁਕਤਸਰ, ਗਿੱਦੜਬਾਹਾ, ਮਲੋਟ, ਲੰਬੀ ਬਲਾਕ ਦੇ ਨਰੇਗਾ ਮਜ਼ਦੂਰਾਂ ਨੇ ਹਾਜ਼ਰੀ ਲਵਾਈ। ਅਜਲਾਸ ਨੂੰ ਕਰਾਉਣ ਵਾਸਤੇ ਪੰਜਾਬ ਦੇ ਨਰੇਗਾ ਮਜ਼ਦੂਰ ਯੂਨੀਅਨ ਦੇ ਸੈਕਟਰੀ ਜਗਸੀਰ ਸਿੰਘ ਖੋਸਾ ਨੇ ਜ਼ਿੰਮੇਵਾਰੀ ਨਿਭਾਈ। ਉਦਘਾਟਨੀ ਭਾਸ਼ਣ ਦਿੰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਦੇ ਸਲਾਹਕਾਰ ਜਗਰੂਪ ਸਿੰਘ ਨੇ ਕਿਹਾ ਕਿ ਮੌਜੂਦਾ ਸਰਕਾਰ ਨਰੇਗਾ ਕਨੂੰਨ ਨੂੰ ਫੇਲ੍ਹ ਕਰਕੇ ਮਜ਼ਦੂਰਾਂ ਨੂੰ ਭੁੱਖੇ ਮਰਨ ਵਾਸਤੇ ਮਜਬੂਰ ਕਰਨਾ ਚਾਹੁੰਦੀ ਹੈ । ਉਹਨਾ ਕਿਹਾ ਕਿ ਨਰੇਗਾ ਕਨੂੰਨ ਤਹਿਤ ਕੰਮ ਕਰਦੇ ਮੁਲਾਜ਼ਮਾਂ ਨੂੰ ਕਦੇ ਵੀ ਭੁੱਲਣਾ ਨਹੀਂ ਚਾਹੀਦਾ ਕਿ ਜੇ ਇਸ ਕਨੂੰਨ ਨੂੰ ਖਤਮ ਕੀਤਾ ਜਾਂਦਾ ਹੈ ਤਾਂ ਸਭ ਤੋਂ ਪਹਿਲਾਂ ਉਹਨਾਂ ਦੀ ਨੌਕਰੀ ਖਤਮ ਹੋਵੇਗੀ ਅਤੇ ਉਹਨਾਂ ਨੂੰ ਸੜਕਾਂ 'ਤੇ ਆਉਣਾ ਪਵੇਗਾ। ਇਸ ਵਾਸਤੇ ਨਰੇਗਾ ਦੇ ਮੁਲਾਜ਼ਮਾਂ ਨੂੰ ਪਿੰਡਾਂ ਵਿੱਚ ਇਸ ਕਨੂੰਨ ਬਾਰੇ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ।

ਪੰਜਾਬ ਸੈਕਟਰੀ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਮਜ਼ਦੂਰ ਲੋਕਾਂ ਦੀ ਆਰਥਕ ਹਾਲਤ ਵਧੀਆ ਕਰਨ ਵਾਸਤੇ ਅਤੇ ਜ਼ਿੰਦਗੀ ਨੂੰ ਖੁਸ਼ਹਾਲ ਬਣਾਉਣ ਵਾਸਤੇ ਇਹ ਕਨੂੰਨ ਕਮਿਊਨਿਸਟ ਪਾਰਟੀਆਂ ਨੇ 2005 ਵਿੱਚ ਹੋਂਦ ਵਿੱਚ ਲਿਆਉਣ ਵਾਸਤੇ ਕੇਂਦਰ ਸਰਕਾਰ ਨੂੰ ਮਜਬੂਰ ਕੀਤਾ ਸੀ, ਪਰ ਅੱਜ ਦੀ ਪੰਜਾਬ ਅਤੇ ਕੇਂਦਰ ਸਰਕਾਰ ਮਜ਼ਦੂਰ ਵਿਰੋਧੀ ਹੋਣ ਕਰਕੇ ਇਸ ਕਨੂੰਨ ਨੂੰ ਖਤਮ ਕਰ ਦੇਣਾ ਚਾਹੁੰਦੀਆਂ ਹਨ, ਜੋ ਮਜ਼ਦੂਰ ਲੋਕ ਕਦੇ ਵੀ ਬਰਦਾਸਤ ਨਹੀਂ ਕਰਨਗੇ। ਯੂਨੀਅਨ ਨਰੇਗਾ ● ਬਾਕੀ ਸਫ਼ਾ 2 'ਤੇ

## ਕਰਨਾਟਕ ਦੇ ਮੁੱਖ ਮੰਤਰੀ ਦੀ ਅਗਵਾਈ 'ਚ ਦਿੱਲੀ 'ਚ ਧਰਨਾ



**ਨਵੀਂ ਦਿੱਲੀ** : ਕਰਨਾਟਕ ਦੇ ਮੁੱਖ ਮੰਤਰੀ ਸਿੱਧਾਰਮਈਆ ਤੇ ਉਪ ਮੁੱਖ ਮੰਤਰੀ ਡੀ ਕੇ ਸ਼ਿਵਕੁਮਾਰ ਦੀ ਅਗਵਾਈ ਵਿਚ ਕਈ ਕਾਂਗਰਸੀ ਮੰਤਰੀਆਂ, ਸਾਂਸਦਾਂ ਤੇ ਵਿਧਾਇਕਾਂ ਨੇ ਪਿਛਲੇ ਕੁਝ ਸਾਲਾਂ ਤੋਂ ਕਰਨਾਟਕ ਨੂੰ ਟੈਕਸਾਂ ਵਿੱਚੋਂ ਬਣਦਾ ਹਿੱਸਾ ਤੇ ਗਰਾਂਟ ਘੱਟ ਦੇਣ ਵਿਰੁੱਧ ਬੁੱਧਵਾਰ ਜੰਤਰ-ਮੰਤਰ ਵਿਚ ਧਰਨਾ ਦਿੱਤਾ। ਸਿੱਧਾਰਮਈਆ ਨੇ ਕਿਹਾ ਕਿ ਸੂਬਾ ਕੇਂਦਰ ਨੂੰ 100 ਰੁਪਏ ਟੈਕਸ ਦਿੰਦਾ ਹੈ, ਪਰ ਉਸ ਨੂੰ ਵਾਪਸ ਸਿਰਫ 13 ਰੁਪਏ ਮਿਲਦੇ ਹਨ।

## ਈ ਡੀ ਦੀ ਸ਼ਿਕਾਇਤ 'ਤੇ ਕੇਜਰੀਵਾਲ 17 ਨੂੰ ਕੋਰਟ 'ਚ ਤਲਬ

**ਨਵੀਂ ਦਿੱਲੀ** : ਐਡੀਸ਼ਨਲ ਚੀਫ ਮੈਟਰੋਪੋਲੀਟਨ ਮੈਜਿਸਟਰੇਟ ਦਿਵਿਆ ਮਲਹੋਤਰਾ ਨੇ ਸੰਮਨ ਦੀ ਪਾਲਣਾ ਨਾ ਕਰਨ 'ਤੇ ਈ ਡੀ ਦੀ ਸ਼ਿਕਾਇਤ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ 17 ਫਰਵਰੀ ਨੂੰ ਤਲਬ ਕੀਤਾ ਹੈ। ਈ ਡੀ ਨੇ ਆਬਕਾਰੀ ਨੀਤੀ 'ਚ ਮਨੀ ਲਾਂਡਰਿੰਗ ਮਾਮਲੇ 'ਚ ਸੰਮਨ ਦੀ ਪਾਲਣਾ ਨਾ ਕਰਨ ਲਈ ਪਟੀਸ਼ਨ ਦਾਇਰ ਕੀਤੀ ਸੀ। ਇਸੇ ਦੌਰਾਨ ਆਮ ਆਦਮੀ ਪਾਰਟੀ ਨੇ ਕਿਹਾ ਹੈ ਕਿ ਉਹ ਅਦਾਲਤ ਦੇ ਫੈਸਲੇ ਦੀ ਘੋਖ ਕਰ ਰਹੀ ਹੈ ਤੇ ਇਸ ਤੋਂ ਬਾਅਦ ਹੀ ਕੋਈ ਢੁਕਵਾਂ ਕਦਮ ਚੁੱਕੇਗੀ।

8-FEB-PAGE-1.qxd 2/7/2024 10:37 PM Page 2



## ਕਰਾਟੇ ਚੈਂਪੀਅਨਸ਼ਿਪ 'ਚ ਮਿਡਲ ਸਕੂਲ ਫਤਿਹਪੁਰ ਦੀਆਂ 2 ਵਿਦਿਆਰਥਣਾਂ ਨੇ ਮਾਰੀ ਬਾਜ਼ੀ



**ਕਾਠਗੜ੍ਹ (ਸੁਖਜੀਤ ਭਾਟੀਆ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਛੌੜੀ ਵਿਖੇ ਆਯੋਜਿਤ ਬਲਾਕ ਲੈਵਲ ਦੀ ਕਰਾਟੇ ਚੈਂਪੀਅਨਸ਼ਿਪ ਵਿਚ ਸਰਕਾਰੀ ਮਿਡਲ ਸਕੂਲ ਫਤਿਹਪੁਰ ਦੀਆਂ 2 ਵਿਦਿਆਰਥਣਾਂ ਨੇ ਸ਼ਾਨਦਾਰ ਪੁਜੀਸ਼ਨ ਹਾਸਿਲ ਕੀਤੀ ਹੈ। ਕਰਾਟੇ ਕੋਚ ਅਰੁਨ ਕੁਮਾਰ ਦੀ ਮਿਹਨਤ ਸਦਕਾ ਵੇਟ ਕੈਟੇਗਰੀ 30-35 ਕਿਲੋਗ੍ਰਾਮ 'ਚ ਜਾਨਵੀ ਸਤਵੀਂ ਜਮਾਤ ਪਹਿਲੇ ਸਥਾਨ 'ਤੇ ਰਹੀ ਜਦਕਿ ਵੇਟ ਕੈਟੇਗਰੀ 35-40 ਕਿਲੋਗ੍ਰਾਮ ਵਿੱਚ ਵੀ ਸੱਤਵੀਂ ਜਮਾਤ ਦੀ ਸਿਮਰਨ ਨੇ ਦੂਜਾ ਸਥਾਨ ਹਾਸਲ ਕੀਤਾ ਹੈ। ਦੋਵੇਂ ਵਿਦਿਆਰਥਣਾਂ ਦੀ ਕਾਮਯਾਬੀ 'ਤੇ ਸਕੂਲ ਮੁਖੀ ਸੁਖਪ੍ਰੀਤ ਸਿੰਘ, ਅੰਗਰੇਜੀ ਅਧਿਆਪਕਾ ਸਪਨਾ, ਨਵਜੋਤ ਕੌਰ, ਕਮੇਟੀ ਚੇਅਰਮੈਨ ਸ੍ਰੀਮਤੀ ਮਮਤਾ ਅਤੇ ਪਿੰਡ ਵਾਸੀਆਂ ਨੇ ਖੁਸ਼ੀ ਜਾਹਰ ਕੀਤੀ। ਪਿੰਡ ਦੇ ਸਰਪੰਚ ਸ੍ਰੀਮਤੀ ਦਵਿੰਦਰ ਕੌਰ, ਸ਼ਿਵ ਮੰਦਿਰ ਦੇ ਪ੍ਰਧਾਨ ਕੁਲਤਾਰ ਸਿੰਘ ਅਤੇ ਗੁਰਦਵਾਰਾ ਸਿੰਘ ਸਭਾ ਦੇ ਪ੍ਰਧਾਨ ਅਮਰੀਕ ਸਿੰਘ ਨੇ ਖੁਸ਼ੀ ਜਤਾਉਂਦਿਆਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ।

## ਅੱਖਾਂ ਦੀ ਜਾਂਚ ਦਾ ਮੁਫਤ ਕੈਂਪ ਲਗਾਇਆ



**ਮੋਗਾ (ਗੁਰਦੀਪ ਸਿੰਘ ਭੁੱਲਰ)**- ਬ੍ਰਹਮ ਗਿਆਨੀ ਸੰਤ ਬਾਬਾ ਮੱਖਣ ਲਾਲ ਦੀ ਮਿੱਠੀ ਯਾਦ ਨੂੰ ਸਮਰਪਤ ਪਿੰਡ ਤਲਵੰਡੀ ਭੰਗੇਰੀਆਂ ਵਿਖੇ ਮਨਜਿੰਦਰ ਸਿੰਘ ਲਾਲੀ ਆਸਟ੍ਰੇਲੀਆ ਦੇ ਸਮੂਹ ਪਰਵਾਰ ਵੱਲੋਂ ਸੰਤ ਬਾਬਾ ਗੰਗਾ ਰਾਮ ਜੀ ਜਲਾਲ ਵਾਲਿਆਂ ਦੇ ਵਿਸ਼ੇਸ਼ ਸਹਿਯੋਗ ਦੇ ਨਾਲ ਸਥਾਨਕ ਕੁਟੀਆ ਬਾਬਾ ਮੱਖਣ ਲਾਲ ਵਿਖੇ ਅੱਖਾਂ ਦੇ ਮਰੀਜ਼ਾਂ ਦੀ ਜਾਂਚ ਦਾ ਮੁਫ਼ਤ ਕੈਂਪ ਲਗਾਇਆ ਗਿਆ। ਜਿੱਥੇ ਵਿਵੇਕ ਚੈਰੀਟੇਬਲ ਟਰੱਸਟ ਹਸਪਤਾਲ ਜਲਾਲ ਦੀ ਅੱਖਾਂ ਦੇ ਮਾਹਰ ਡਾਕਟਰ ਅਕਰੀਤੀ ਸਿੰਘਲਾ ਵੱਲੋਂ ਅੱਖਾਂ ਦੇ ਮਰੀਜ਼ਾਂ ਦੀ ਜਾਂਚ ਕੀਤੀ ਗਈ। ਕੈਂਪ ਦਾ ਉਦਘਾਟਨ ਕੁਟੀਆ ਸੰਤ ਬਾਬਾ ਮੱਖਣ ਲਾਲ ਦੇ ਮੁੱਖ ਸੇਵਾਦਾਰ ਬਾਬਾ ਜਸਵੀਰ ਸਿੰਘ ਨੇ ਕੀਤਾ। ਇਸ ਮੌਕੇ 150 ਦੇ ਕਰੀਬ ਅੱਖਾਂ ਦੇ ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਜਿਨ੍ਹਾਂ ਵਿੱਚੋਂ ਦਰਜਨ ਦੇ ਕਰੀਬ ਅੱਖਾਂ ਦੇ ਮਰੀਜ਼ਾਂ ਦੇ ਵਿਵੇਕ ਚੈਰੀਟੇਬਲ ਟਰੱਸਟ ਹਸਪਤਾਲ ਜਲਾਲ ਵਿਖੇ ਮੁਫ਼ਤ ਅਪ੍ਰੇਸ਼ਨ ਕਰਵਾਏ ਗਏ। ਇਸ ਮੌਕੇ ਅੱਖਾਂ ਦੇ ਮਰੀਜ਼ਾਂ ਨੇ ਭੁੱਲਰ ਪਰਵਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਵਿਵੇਕ ਚੈਰੀਟੇਬਲ ਟਰੱਸਟ ਹਸਪਤਾਲ ਜਲਾਲ ਦਾ ਸਟਾਫ ਅਤੇ ਸਾਬਕਾ ਸਰਪੰਚ ਤੇ ਸੀਨੀਅਰ ਅਕਾਲੀ ਆਗੂ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਗੁਰਮੇਲ ਸਿੰਘ ਭੁੱਲਰ ਸਾਬਕਾ ਸਰਪੰਚ, ਦਯਾ ਸਿੰਘ ਭੁੱਲਰ, ਜੀਵਨ ਸਿੰਘ ਭੁੱਲਰ, ਬੂਟਾ ਸਿੰਘ, ਅਭੀਜੀਤ ਸਿੰਘ ਭੁੱਲਰ ਆਸਟ੍ਰੇਲੀਆ, ਹਰਜੀਤ ਸਿੰਘ ਭੁੱਲਰ ਕਨੇਡਾ, ਹਰਦਿਆਲ ਸਿੰਘ ਭੁੱਲਰ ਕਨੇਡਾ, ਥਾਣੇਦਾਰ ਸੁਖਵਿੰਦਰ ਸਿੰਘ ਮਾਨ, ਨਿਰਭੈ ਸਿੰਘ ਸਾਈਆਂਵਾਲਾ, ਬਲਵੀਰ ਸਿੰਘ ਨਿਊਜ਼ੀਲੈਂਡ ਅਤੇ ਪਿੰਡ ਨਿਵਾਸੀ ਹਾਜ਼ਰ ਸਨ । ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।

## 16 ਦੇ ਭਾਰਤ ਬੰਦ ਲਈ ਸਮੂਹ ਜਥੇਬੰਦੀਆਂ ਦੀ ਮੀਟਿੰਗ 'ਚ ਬੰਦ ਸਫਲ ਬਣਾਉਣ ਦਾ ਫੈਸਲਾ



**ਜਗਰਾਉਂ (ਅਮਿਤ ਖੰਨਾ)**- ਸਥਾਨਕ ਸ਼ਹੀਦ ਨਛੱਤਰ ਸਿੰਘ ਯਾਦਗਾਰ ਹਾਲ ਵਿਖੇ ਜਗਰਾਉਂ ਤਹਿਸੀਲ ਦੀਆਂ ਸਮੂਹ ਕਿਸਾਨ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਕੰਵਲਜੀਤ ਖੰਨਾ ਨੇ ਦੱਸਿਆ ਕਿ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਬੀਤੇ ਦਿਨੀਂ ਬੇਵਕਤ ਵਿਛੋੜਾ ਦੇ ਗਏ ਕਿਸਾਨ ਆਗੂ ਗੁਰਮੇਲ ਸਿੰਘ ਭਰੋਵਾਲ, ਮਜ਼ਦੂਰ ਆਗੂ ਪਲਵਿੰਦਰ ਸਿੰਘ ਮਿੱਠਾ ਭਮਾਲ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀ ਯਾਦ 'ਚ ਨਮਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵਲੋਂ ਦੇਸ਼ ਦੀ ਰਾਜਸੱਤਾ 'ਤੇ ਕਾਬਜ਼ ਕਾਰਪੋਰੇਟ ਪੱਖੀ ਅਤੇ ਫਿਰਕੂ ਫਾਸ਼ੀਵਾਦੀ ਮੋਦੀ ਹਕੂਮਤ ਦੀਆਂ ਨਿੱਜੀਕਰਨ, ਠੇਕੇਦਾਰੀਕਰਨ, ਦੇਸ਼ ਦਾ ਭਗਵਾਂਕਰਨ ਕਰਨ ਦੀਆਂ ਨੀਤੀਆਂ ਖਿਲਾਫ 16 ਫਰਵਰੀ ਨੂੰ ਦੇਸ਼ ਭਰ 'ਚ ਕੀਤੇ ਜਾ ਰਹੇ ਭਾਰਤ ਬੰਦ ਨੂੰ ਸਫਲ ਬਣਾਉਣ ਬਾਰੇ ਵਿਚਾਰ-ਵਟਾਂਦਰਾ ਹੋਇਆ। ਉਨ੍ਹਾਂ ਦੱਸਿਆ ਕਿ ਚਾਰ ਕਿਰਤ ਕੋਡ ਰੱਦ ਕਰਾਉਣ ਤੇ ਪੁਰਾਣੇ ਕਿਰਤ ਕਾਨੂੰਨ ਬਹਾਲ ਕਰਾਉਣ, ਡਿਊਟੀ ਘੰਟੇ 12 ਕਰਨ ਖਿਲਾਫ , ਮਾਸਕ ਉਜਰਤ 26 ਹਜ਼ਾਰ ਰੁਪਏ ਕਰਾਉਣ, ਮਹਿੰਗਾਈ ਨੂੰ ਨੱਥ ਪਾਉਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਾਉਣ, ਸਾਰੇ ਅਦਾਰਿਆਂ 'ਚ ਖਾਲੀ ਅਸਾਮੀਆਂ ਪੁਰ ਕਰਨ, ਪੱਕੀ ਭਰਤੀ ਸ਼ੁਰੂ ਕਰਨ, ਲੱਕਤੋੜ ਮਹਿੰਗਾਈ ਨੂੰ ਨੱਥ ਪਾਉਣ, ਸਿੱਖਿਆ ਤੇ ਸਿਹਤ ਸਹੂਲਤਾਂ ਮੁਫਤ ਕਰਾਉਣ ਦੇ ਨਾਲ ਨਾਲ ਕਿਸਾਨੀ ਮੰਗਾਂ ਨਵੀਂ ਖੇਤੀ ਨੀਤੀ ਲਿਆਉਣ, ਹਰ ਤਰ੍ਹਾਂ ਦੇ ਕਰਜ਼ਿਆਂ 'ਤੇ ਲਕੀਰ ਫੇਰਨ, ਐਮ ਐਸ ਪੀ ਅਤੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਾਉਣ, ਫਸਲਾਂ ਦੇ ਪਿਛਲੇ ਸਮੇਂ ਦੇ ਖਰਾਬੇ ਦਾ ਮੁਆਵਜ਼ਾ ਹਾਸਲ ਕਰਵਾਉਣ, ਫਸਲੀ ਬੀਮਾ ਸਕੀਮ ਲਾਗੂ ਕਰਵਾਉਣ, 58 ਸਾਲ ਤੋਂ ਉਪਰ ਕਿਸਾਨ ਲਈ ਦਸ ਹਜ਼ਾਰ ਰੁਪਏ ਮਾਸਿਕ ਪੈਨਸ਼ਨ ਲਾਗੂ ਕਰਾਉਣ, ਕਿਸਾਨ ਸੰਘਰਸ਼ ਦੇ ਸ਼ਹੀਦ ਕਿਸਾਨਾਂ ਤੇ ਮਜ਼ਦੂਰਾਂ ਦੇ ਆਸ਼ਰਿਤ ਪਰਵਾਰਾਂ ਨੂੰ ਨੌਕਰੀ ਤੇ ਮੁਆਵਜ਼ਾ ਜਾਰੀ ਕਰਾਉਣ, ਚਿੱਪ ਵਾਲੇ ਮੀਟਰ ਬੰਦ ਕਰਾਉਣ, ਮਨਰੇਗਾ ਦਿਹਾੜੀ ਦੇ ਦਿਨਾਂ ਤੇ ਦਰਾਂ 'ਚ ਵਾਧਾ ਕਰਾਉਣ, ਮਿਡ ਡੇਅ ਮੀਲ ਵਰਕਰਾਂ, ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਮਨਵਾਉਣ ਆਦਿ ਮੰਗਾਂ ਦੀ ਪ੍ਰਾਪਤੀ ਲਈ ਇਹ ਭਾਰਤ ਬੰਦ ਕੀਤਾ ਜਾ ਰਿਹਾ ਹੈ। ਮੀਟਿੰਗ ਵਿਚ ਇਲਾਕੇ ਵੰਡ ਕੇ ਪਿੰਡਾਂ 'ਚ ਪ੍ਰਚਾਰ ਕਰਕੇ ਲੋਕਾਂ ਨੂੰ ਲਾਮਬੰਦ ਕਰਨ, 14 ਫਰਵਰੀ ਨੂੰ ਜਗਰਾਉਂ ਸ਼ਹਿਰ 'ਚ ਚੇਤਨਾ ਮਾਰਚ ਕਰਨ ਅਤੇ 16 ਫਰਵਰੀ ਨੂੰ ਸ਼ਹਿਰ ਦੀਆਂ ਵਪਾਰੀ, ਆੜ੍ਹਤੀ, ਮਜ਼ਦੂਰ, ਮੁਲਾਜ਼ਮ ਸੰਸਥਾਵਾਂ ਨੂੰ ਨਾਲ ਲੈ ਕੇ ਬੰਦ ਨੂੰ ਸਫਲ ਬਣਾਇਆ ਜਾਵੇਗਾ। ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ), ਆਲ ਇੰਡੀਆ ਕਿਸਾਨ ਸਭਾ (ਅਜੈ ਭਵਨ), ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੁਰਜਗਿੱਲ, ਕਿਰਤੀ ਕਿਸਾਨ ਯੂਨੀਅਨ ( ਏ ਆਈ ਕੇ ਐਮ ਐਸ), ਕਿਰਤੀ ਕਿਸਾਨ ਯੂਨੀਅਨ ਪੰਜਾਬ, ਪੰਜਾਬ ਕਿਸਾਨ ਯੂਨੀਅਨ, ਸੀਟੂ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ), ਖੇਤ ਮਧਜਦੂਰ ਸਭਾ, ਫੂਡ ਐਂਡ ਅਲਾਈਡ ਵਰਕਰਜ ਯੂਨੀਅਨ, ਐਫ ਸੀ ਆਈ ਵਰਕਰਜ਼ ਯੂਨੀਅਨ, ਗੱਲਾ ਮਜ਼ਦੂਰ ਯੂਨੀਅਨ, ਏਟਕ, ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦੇ ਹਾਜ਼ਰ ਸਨ।

## ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਮੀਟਿੰਗ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਮੀਟਿੰਗ ਗੁਰਦੁਆਰਾ ਬਾਬਾ ਪੂਰਨ ਸਿੰਘ ਵਿਖੇ ਕੀਤੀ ਗਈ, ਜਿਸ ਦੀ ਪ੍ਰਧਾਨਗੀ ਤਹਿਸੀਲ ਪ੍ਰਧਾਨ ਹਰਭਿੰਦਰ ਸਿੰਘ ਮਸੀਤਾਂ ਨੇ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮਸੀਤਾਂ ਨੇ ਕਿਹਾ ਹੈ ਕਿ ਪੰਜਾਬ ਵਿੱਚ ਮੌਜੂਦਾ ਅਤੇ ਰਾਜ ਕਰ ਚੁੱਕੀਆਂ ਸਰਕਾਰਾਂ ਦੇ ਧਿਆਨ ਦਿਵਾਉਣ ਦੇ ਬਾਵਜੂਦ ਨੰਬਰਦਾਰਾਂ ਦੀਆਂ ਮੰਗਾਂ ਵੱਲ ਕੋਈ ਵੀ ਤੇ ਕਿਸੇ ਵੀ ਸਰਕਾਰ ਨੇ ਧਿਆਨ ਨਹੀਂ ਦਿੱਤਾ ਸਾਡੀਆਂ ਮੰਗਾਂ ਹਨ, ਜਿਵੇਂ ਨੰਬਰਦਾਰੀ ਜੱਦੀ ਪੁਸ਼ਤੀ ਕਰਨੀ ਮਾਣਭੱਤੇ ਵਿੱਚ ਵਾਧਾ ਕਰਨਾ ਬੱਸ ਕਿਰਾਇਆ ਟੋਲ ਪਲਾਜ਼ਾ ਮੈਡੀਕਲ ਫ੍ਰੀ ਸਿਹਤ ਬੀਮਾ ਸਕੀਮ ਵਰਗੀਆਂ ਸਹੂਲਤਾਂ ਆਦਿ ਲਾਗੂ ਕੀਤੀਆਂ ਜਾਣ ਤਾਂ ਜੁ ਨੰਬਰਦਾਰ ਵੀ ਇੱਕ ਸਰਕਾਰ ਦਾ ਇਕ ਅੰਗ ਦਾ ਹਿੱਸਾ ਹੁੰਦੇ ਨੇ।

ਮਸੀਤਾਂ ਨੇ ਕਿਹਾ ਹੈ ਕਿ ਜੋ ਪਿੰਡਾਂ ਦਾ ਚੌਂਕੀਦਾਰਾਂ ਦਾ ਬਕਾਇਆ ਪਿੰਡਾ ਵਿੱਚ ਪਿਆ ਹੈ। ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਪਟਵਾਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਨਵੀਂ ਢਾਲ ਵਾਸਕ ਬਣਾ ਕੇ ਚੌਂਕੀਦਾਰ ਪੱਤੀਆਂ ਮੁਤਾਬਕ ਨੰਬਰਦਾਰਾਂ ਨੂੰ ਮੁਹੱਈਆ ਕਰਾਈਆਂ ਜਾਣ ਤਾਂ ਜੁ ਰਹਿੰਦਾ ਬਕਾਇਆ ਸਰਕਾਰ ਦੇ ਖ਼ਜ਼ਾਨੇ ਵਿੱਚ ਜਮ੍ਹਾਂ ਹੋ ਸਕੇ। ਨਵੀਂ ਢਾਲ ਵਾਸਕ ਮੁਤਾਬਕ ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਤੋਂ ਪੁਰਜ਼ੋਰ ਮੰਗ ਕਰਦੇ ਹਾਂ ਕਿ ਕਿਸੇ ਵੀ ਆਦਮੀ ਦੀ ਤਸਦੀਕ ਕਰਨ ਸਮੇਂ ਯਕੀਨ ਬਣਾਇਆ ਜਾਵੇ ਕਿ ਜਿਸ ਪਿੰਡ ਦਾ ਆਦਮੀ ਹੋਵੇ, ਉਸ ਪਿੰਡ ਦੇ ਨੰਬਰਦਾਰ ਤੋਂ ਹੀ ਤਸਦੀਕ ਕੀਤੀ ਜਾਵੇ ਤਾਂ ਜੁ ਕੋਈ ਨੰਬਰਦਾਰ ਗਲਤ ਅਨਸਰ ਦੀ ਗਵਾਹੀ ਪਾ ਫਸ ਨਾ ਜਾਵੇ।

ਮਸੀਤਾਂ ਨੇ ਕਿਹਾ ਹੈ ਕਿ ਜੋ ਸੰਘਰਸ਼ ਪਿਛਲੇ ਲੰਮੇ ਸਮੇਂ ਤੋਂ ਕਿਸਾਨ ਜਥੇਬੰਦੀਆਂ ਐਮ ਐਸ ਪੀ ਕਰਜਾ ਅਤੇ ਦੁੱਧਠ ਸਬਜ਼ੀਆਂ ਅਤੇ ਹੋਰ ਮੰਗਾਂ ਸਬੰਧੀ ਕਰ ਰਹੀਆਂ ਹਨ। ਨੰਬਰਦਾਰ ਐਸੋਸੀਏਸਨ ਗਾਲਿਬ ਗਰੁੱਪ ਕਿਸਾਨ ਜਥੇਬੰਦੀਆਂ ਦੀ ਪੂਰਨ ਹਮਾਇਤ ਕਰੇਗੀ।

## ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਲਈ ਬੱਸ ਕੀਤੀ ਰਵਾਨਾ



**ਸਮਾਣਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਹੈ ਕਿ ਸਿੱਖਿਆ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੀ ਮੁੱਢਲੀ ਤਰਜ਼ੀਹ ਹੈ, ਇਸੇ ਲਈ ਪੰਜਾਬ ਦੇ ਸਰਕਾਰੀ ਸਕੂਲ ਬਿਹਤਰ ਸਿੱਖਿਆ ਦੇ ਕੇਂਦਰ ਬਣ ਗਏ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਵੱਡੇ ਪੱਧਰ 'ਤੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ 'ਚ 'ਸਕੂਲ ਆਫ ਐਮੀਨੈਂਸ' ਸਥਾਪਤ ਕੀਤੇ ਤੇ ਪਹਿਲੇ ਸਾਲ ਦੌਰਾਨ ਇਨ੍ਹਾਂ 'ਚ 8358 ਵਿਦਿਆਰਥੀ ਦਾਖਲ ਹੋਏ ਹਨ। ਉਨ੍ਹਾਂ ਕਿਹਾ ਕਿ ਸਕੂਲਾਂ ਦੇ ਬੁਨਿਆਦੀ ਢਾਂਚੇ ਤੇ ਖੇਡਾਂ ਦੀਆਂ ਸਹੂਲਤਾਂ ਦੇ ਵਿਕਾਸ ਲਈ 200 ਕਰੋੜ ਰੁਪਏ ਰੱਖੇ ਗਏ ਹਨ, ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਮੁਹੱਈਆ ਕਰਾਈਆਂ ਜਾ ਰਹੀਆਂ ਹਨ।

ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਸਮਾਣਾ ਦੇ ਸ਼ਹੀਦ ਫਲਾਇਟ ਲੈਫਟੀਨੈਂਟ ਮੋਹਿਤ ਕੁਮਾਰ ਗਰਗ ਦੀ ਅਮਿਟ ਯਾਦ ਸਦਾ ਕਾਇਮ ਰਹੇਗੀ ਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਸ਼ਹੀਦ ਮੋਹਿਤ ਗਰਗ ਦੀ ਸ਼ਹਾਦਤ ਤੋਂ ਪ੍ਰੇਰਨਾ ਹਾਸਲ ਕਰਨਗੀਆਂ।

ਸਕੂਲ ਦੇ ਪ੍ਰਿੰਸੀਪਲ ਹਰਜੋਤ ਕੌਰ ਨੇ ਦੱਸਿਆ ਕਿ 9ਵੀਂ ਤੇ 11ਵੀਂ ਜਮਾਤ 'ਚ ਦਾਖਲ ਹੋਏ ਵਿਦਿਆਰਥੀਆਂ ਲਈ ਚਲਾਈ ਗਈ ਇਹ ਬੱਸ ਦੋ ਰੂਟਾਂ 'ਤੇ ਜਾਵੇਗੀ ਤੇ ਇਸ ਵਿੱਚ 31 ਵਿਦਿਆਰਥੀ ਆਉਣਗੇ ਤੇ ਜਲਦੀ ਹੀ ਦੋ ਹੋਰ ਬੱਸਾਂ ਵੀ ਚਲਾਉਣ ਦੀ ਤਜਵੀਜ਼ ਹੈ।

ਸਮਾਰੋਹ ਮੌਕੇ ਸ਼ਹੀਦ ਦੇ ਪਿਤਾ ਸੁਰਿੰਦਰਪਾਲ ਗਰਗ ਤੇ ਭਰਾ ਅਸ਼ਵਨੀ ਗਰਗ, ਬਲਕਾਰ ਸਿੰਘ ਗੱਜੂਮਾਜਰਾ, ਗੁਰਦੇਵ ਸਿੰਘ ਟਿਵਾਣਾ, ਸੁਰਜੀਤ ਸਿੰਘ ਦਹੀਆ, ਮਦਨ ਮਿੱਤਲ, ਦੀਪਕ ਵਧਵਾ, ਸੁਰਜੀਤ ਸਿੰਘ ਫ਼ੌਜੀ, ਟਰਾਂਸਪੋਰਟ ਦੇ ਇੰਚਾਰਜ ਲੈਕਚਰਾਰ ਕ੍ਰਿਸ਼ਨ ਵੋਹਰਾ, ਸਕੂਲ ਦੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।

## ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੀ ਮਹੀਨਾਵਾਰ ਮੀਟਿੰਗ



**ਰਾਜਪੁਰਾ (ਰਮੇਸ਼ ਕਟਾਰੀਆ)**- ਪੀ ਐਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਦੀ ਮਹੀਨਾਵਾਰ ਮੀਟਿੰਗ ਸਾਥੀ ਰਾਮ ਰਤਨ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ । ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੇ ਸੰਸਥਾਪਕ ਕੌਮੀ ਆਗੂ ਹਰਭਜਨ ਸਿੰਘ ਪਿਲਖਣੀ ਅਤੇ ਬਲਜੀਤ ਕੁਮਾਰ ਵਿੱਤ ਸਕੱਤਰ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਹਰਭਜਨ ਸਿੰਘ ਪਿਲਖਣੀ ਨੇ ਕਿਹਾ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮਿਤੀ 09 ਫਰਬਰੀ ਨੂੰ ਡਵੀਜ਼ਨ ਪੱਧਰ 'ਤੇ ਰੈਲੀਆਂ 16 ਫਰਵਰੀ ਨੂੰ ਮੋਦੀ ਸਰਕਾਰ ਦੇ ਖਿਲਾਫ ਦੇਸ਼ ਵਿਆਪੀ ਹੜਤਾਲ 20.ਫਰਵਰੀ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ 'ਤੇ ਧਰਨਾ ਇਨ੍ਹਾਂ ਤਿੰਨੋ ਪ੍ਰੋਗਰਾਮਾਂ ਵਿੱਚ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੀ ਲੀਡਰਸ਼ਿਪ ਅਤੇ ਸਾਥੀ ਵੱਧ ਚੜ੍ਹ ਕੇ ਹਿੱਸਾ ਲੈਣਗੇ। ਆਗੂਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਜਿਵੇਂ ਯੂਨਿਟਾਂ ਵਿੱਚ ਰਿਆਇਤ ਮੈਡੀਕਲਜ਼ ਕੈਸ਼ਲੈਸ ਸਕੀਮ ਡੀ ਏ ਅਤੇ ਸਕੇਲਾਂ ਦਾ ਰਹਿੰਦਾ ਬਕਾਇਆ ਨਾ ਜਾਰੀ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਖਿਲਾਫ ਪੰਜਾਬ ਪੱਧਰੀ ਵਿਸ਼ਾਲ ਸੰਘਰਸ਼ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਜੈ ਨਰਾਇਣ, ਰਘਬੀਰ ਸਿੰਘ, ਬਲਵਿੰਦਰ ਸਿੰਘ ਸ਼ਾਮਲ ਹੋਏ। ਅੰਤ ਵਿੱਚ ਆਏ ਸਾਥੀਆਂ ਦਾ ਸਾਥੀ ਸ਼ਾਮ ਸੁੰਦਰ ਨੇ ਧੰਨਵਾਦ ਕੀਤਾ।

## ਅਯੁੱਧਿਆ ਧਾਮ ਲਈ ਅੰਮ੍ਰਿਤਸਰ ਤੋਂ ਟਰੇਨ ਰਵਾਨਾ ਕੀਤੀ



**ਬਾਘਾ ਪੁਰਾਣਾ (ਮਨੀ ਸਿੰਗਲਾ)** ਰਾਸ਼ਟਰੀ ਸਵੈਮ ਸੰਘ ਤੇ ਵਿਸ਼ਵ ਹਿੰਦੂ ਪ੍ਰੀਸ਼ਦ ਵੱਲੋਂ ਸ਼੍ਰੀ ਅਯੋਧਿਆ ਧਾਮ ਲਈ ਕਾਰ ਸੇਵਕਾਂ ਲਈ ਸਪੈਸ਼ਲ ਸ਼੍ਰੀ ਅੰਮ੍ਰਿਤਸਰ ਤੋਂ ਟ੍ਰੇਨ ਰਵਾਨਾ ਕੀਤੀ ਗਈ, ਜਿਸ ਵਿੱਚ ਬਾਘਾ ਪੁਰਾਣਾ ਤੋਂ ਸ਼੍ਰੀ ਰਾਮ ਲੀਲਾ ਉਤਸਵ ਕਮੇਟੀ ਦੇ ਪ੍ਰਧਾਨ ਦੀਪਕ ਗਰਗ ਬੌਬੀ ਦੀ ਅਗਵਾਈ ਵਿੱਚ ਬਾਘਾ ਪੁਰਾਣਾ ਤੋਂ ਪ੍ਰਦੀਪ ਨੌਹਰਿਆ, ਸੁਸ਼ੀਲ ਗਰਗ, ਵਜੰਤ ਗਰਗ ਤੇ ਰਾਮ ਭਗਤ ਦੀਪਕ ਗਰਗ ਬੌਬੀ, ਮਨੋਜ ਗੋਇਲ, ਦਲੀਪ ਕੁਮਾਰ, ਸਨੀ ਗੋਇਲ ਅਤੇ ਅਸ਼ਵਨੀ ਸ਼ਰਮਾ ਅਯੁੱਧਿਆ ਧਾਮ ਵਿਖੇ ਸ਼੍ਰੀ ਰਾਮ ਮੰਦਿਰ ਦੇ ਦਰਸ਼ਨ ਕਰਨ ਲਈ ਰਵਾਨਾ ਹੋਏ, ਜਿਸ ਨੂੰ ਲੈ ਕੇ ਰਾਮ ਭਗਤਾਂ ਵਿੱਚ ਖੂਬ ਉਤਸ਼ਾਹ ਸੀ ਅਤੇ ਰਾਮ ਭਗਤਾਂ ਵੱਲੋਂ ਭਜਨ ਗਾਇਨ ਵੀ ਕੀਤਾ ਜਾ ਰਿਹਾ ਸੀ। ਇਸ ਮੌਕੇ ਦੀਪਕ ਗਰਗ ਬੌਬੀ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚੋਂ 1500 ਕਾਰ ਸੇਵਕ ਤੇ ਰਾਮ ਭਗਤ ਮੋਗਾ ਜਿਲ੍ਹਾ ਵਿੱਚੋਂ 45 ਬਾਘਾਪੁਰਾਣੇ ਤੋਂ 8 ਕਾਰ ਸੇਵਕ ਤੇ ਰਾਮ ਭਗਤ ਗਏ ਹਨ। ਉਨ੍ਹਾਂ ਕਿਹਾ ਕਿ 22 ਜਨਵਰੀ ਤੋਂ ਹੀ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਪ੍ਰਧਾਨ ਦੀਪਕ ਗਰਗ ਬੌਬੀ ਨੇ ਕਿਹਾ ਕਿ ਭਗਵਾਨ ਸ੍ਰੀ ਰਾਮ ਦੀ ਜਨਮ ਭੂਮੀ ਅਯੁੱਧਿਆ 'ਚ ਬਣੇ ਸ੍ਰੀ ਰਾਮ ਮੰਦਰ ਨੂੰ ਲੈ ਕੇ ਦੇਸ਼ ਵਾਸੀਆਂ 'ਚ ਖੁਸ਼ੀ ਦੀ ਲਹਿਰ ਹੈ।

## ਸਕੂਲ ਵੈਨ ਤੇ ਮੋਟਰਸਾਈਕਲ ਦੀ ਟੱਕਰ 'ਚ ਮੌਤ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**: ਥਾਣਾ ਤਲਵੰਡੀ ਭਾਈ ਦੇ ਅਧੀਨ ਆਉਂਦੇ ਪਿੰਡ ਕੋਟ ਕਰੋੜ ਕਲਾਂ ਵਿਖੇ ਸਕੂਲ ਵੈਨ ਅਤੇ ਮੋਟਰਸਾਈਕਲ ਦੀ ਟੱਕਰ ਵਿਚ ਇਕ ਵਿਅਕਤੀ ਦੇ ਮੌਤ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧ ਵਿਚ ਪੁਲਿਸ ਨੇ ਵੈਨ ਚਾਲਕ ਖਿਲਾਫ 304-ਏ, 279, 427 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਰਜਵੰਤ ਸਿੰਘ ਪੁੱਤਰ ਜਗਸੀਰ ਸਿੰਘ ਵਾਸੀ ਪਿੰਡ ਚੰਦ ਬਾਜਾ ਥਾਣਾ ਸਦਰ ਫਰੀਦਕੋਟ ਨੇ ਦੱਸਿਆ ਕਿ ਉਸ ਦਾ ਭਰਾ ਹਰਮੇਸ਼ ਸਿੰਘ (39 ਸਾਲ) ਜੋ ਆਪਣੇ ਮੋਟਰਸਾਈਕਲ ਸੀਡੀ 100 'ਤੇ ਸਵਾਰ ਹੋ ਕੇ ਪਿੰਡ ਮਹੀਆਂ ਕਲਾਂ ਨੂੰ ਗਿਆ ਸੀ ਤੇ ਦੁਪਹਿਰ ਸਮੇਂ ਵਾਪਸ ਆਪਦੇ ਪਿੰਡ ਚੰਦ ਬਾਜਾ ਨੂੰ ਆ ਰਿਹਾ ਸੀ, ਜਦ ਉਹ ਪਿੰਡ ਕੋਟ ਕਰੋੜ ਕਲਾਂ ਪਾਸ ਪੁੱਜਾ ਤਾਂ ਦੋਸ਼ੀ ਰੇਸ਼ਮ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਮਹਸ਼ੇਰੀ ਸੰਧਵਾ ਨੇ ਸਕੂਲ ਵੈਨ ਤੇਜ਼ ਰਫ਼ਤਾਰ ਤੇ ਲਾਪ੍ਰਵਾਹੀ ਨਾਲ ਉਸ ਦੇ ਭਰਾ ਹਰਮੇਸ਼ ਸਿੰਘ ਦੇ ਮੋਟਰਸਾਈਕਲ ਵਿਚ ਮਾਰੀ। ਇਸ ਹਾਦਸੇ ਵਿਚ ਉਸ ਦੇ ਭਰਾ ਹਰਮੇਸ਼ ਸਿੰਘ ਦੇ ਕਾਫੀ ਸੱਟਾਂ ਲੱਗੀਆਂ ਤੇ ਮੋਟਰਸਾਈਕਲ ਨੁਕਸਾਨਿਆ ਗਿਆ। ਰਜਵੰਤ ਸਿੰਘ ਨੇ ਦੱਸਿਆ ਕਿ ਉਸ ਦੇ ਭਰਾ ਨੂੰ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਵਿਖੇ ਲੈ ਕੇ ਜਾ ਰਹੇ ਸੀ ਤਾਂ ਰਸਤੇ ਵਿਚ ਉਸ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਵੈਨ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।


ਉਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

ਨਿਵਿਦਾ ਸੂਚਨਾ

ਸੀਨੀਅਰ ਮੰਡਲ ਵਾਣਿਜਕ ਪ੍ਰਬੰਧਕ/ਐਫਐਸ, ਉਤਰ ਰੇਲਵੇ, ਫਿਰੋਜ਼ਪੁਰ ਨੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਰੇਲਵੇ ਸਟੇਸ਼ਨ ਤੇ ਜੀਸੀਟੀ ਦੇ ਵਿਕਾਸ ਦੇ ਲਈ ਨਿਵਿਦਾ (ਦੋ ਪੈਕੇਟ ਪ੍ਰਣਾਲੀ) ਮੰਗ ਕੀਤੀ ਗਈ ਹੈ, ਹੇਠਾਂ ਲਿਖਤ:

| | | | | | |
|---|---|---|---|---|---|
| ਸਟੇਸ਼ਨ | ਅਵੰਤਿਪੁਰਾ | ਕੋਡ | ATPA | ਕਾਂਟਰੈਕਟ ਦਾ ਸਮਾਂ | 35 ਸਾਲ |
| ਈਐਮਡੀ ਜ਼ਰੂਰੀ (ਰੁ. ਵਿਚ) | ₹4,34,95,700/- | ਨਿਵਿਦਾ ਫਾਰਮ ਲਾਗਤ (ਰੁ. ਵਿਚ) | | | ₹11,800/- |
| ਬੋਲੀ ਪੂਰਵ ਬੈਠਕ/ਸੰਮੇਲਨ | 19.02.2024 ਨੂੰ 15:00 ਵਜੇ ਡੀਆਰਐਮ ਦਫਤਰ ਸੰਮੇਲਨ ਰੂਮ ਵਿਚ | | | | |

ਬੋਲੀਆਂ ਕੇਵਲ ਆਈਆਰਈਪੀਐਸ ਤੇ 27.03.2024 ਨੂੰ 15:00 ਵਜੇ ਤਕ ਪ੍ਰਾਪਤ ਕੀਤੀਆਂ ਜਾਣਗੀਆਂ। ਵਧੇਰੇ ਜਾਣਕਾਰੀ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ ireps.gov.in ਵੇਖੋ।

ਨੰਬਰ: 3AC-GCT-ATPA-FZR-24 ਤਾਰੀਕ: 07.02.2024 405/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਸੰਘਵਾਲ 'ਚ ਐੱਨ ਆਰ ਆਈ ਦੋਆਬਾ ਸਪੋਰਟਸ ਕਲੱਬ ਵੱਲੋਂ ਦੂਸਰਾ ਕਬੱਡੀ ਕੱਪ ਅੱਜ

**ਅਲਾਵਲਪੁਰ (ਮਦਨ ਬੰਗੜ)**- ਐਨ.ਆਰ.ਆਈ. ਦੋਆਬਾ ਸਪੋਰਟਸ ਕਲੱਬ (ਰਜਿ.), ਗ੍ਰਾਮ ਪੰਚਾਇਤ ਸੰਘਵਾਲ, ਐੱਨ. ਆਰ. ਆਈਜ਼. ਭਰਾਵਾਂ ਤੇ ਇਲਾਕਾ ਨਿਵਾਸੀਆਂ ਵੱਲੋਂ ਸ਼ਹੀਦ ਬੰਤਾ ਸਿੰਘ, ਅਰੂੜ ਸਿੰਘ ਖੇਡ ਸਟੇਡੀਅਮ ਸੰਘਵਾਲ ਵਿਖੇ ਕਰਵਾਏ ਜਾ ਰਹੇ ਦੂਸਰੇ ਇਕ ਦਿਨਾ ਕਬੱਡੀ ਟੂਰਨਾਮੈਂਟ 8 ਫਰਵਰੀ ਦਿਨ ਵੀਰਵਾਰ ਨੂੰ ਕਰਵਾਇਆ ਜਾ ਰਿਹਾ ਹੈ । ਜਸਪ੍ਰੀਤ ਸਿੰਘ ਚਾਹਲ, ਭਿੰਦਾ ਚਾਹਲ ਯੂ. ਐੱਸ. ਏ., ਹਰਜੀਤ ਸਿੰਘ - ਨਿਜ਼ਾਮਦੀਨਪੁਰ, ਸਰਪੰਚ ਮਾ. ਭਾਗ ਰਾਮ ਆਦਿ ਨੇ ਦੱਸਿਆ ਕਿ 8 ਟੀਮਾਂ ਦੇ ਮੁਕਾਬਲੇ ਕਰਵਾਏ ਜਾਣਗੇ। ਉਦਘਾਟਨ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਣ ਦਾਸ ਮਹਾਰਾਜ ਜੀ ਕਰਨਗੇ। ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ ਕਰਨਗੇ। ਇਸ ਮੌਕੇ ਸਰਪੰਚ ਜਸਪਾਲ ਸਿੰਘ ਗੋਪਾਲਪੁਰ, ਪ੍ਰਿਥੀਪਾਲ ਸਿੰਘ ਰਾਏਪੁਰ, ਸਾਬਕਾ ਸਰਪੰਚ ਮਲਕੀਤ ਸਿੰਘ, ਮਹਿੰਦਰ ਸਿੰਘ, ਜਰਮਨ ਸਿੰਘ, ਸਿੰਦਰ ਢਿੱਲੋਂ ਬਹਿਰਾਮ, ਮਨਜੀਤ ਸਿੰਘ ਐੱਲ.ਆਈ.ਸੀ., ਸੋਨੀ ਨਿਊਜ਼ੀਲੈਂਡ, ਪੰਚ ਨੰਦ ਲਾਲ, ਮਨਜਿੰਦਰ ਸਿੰਘ, ਗੁਰਜੀਤ ਸਿੰਘ ਸੰਘੇੜਾ, ਜੋਬਨ ਸਿੰਘ, ਰਣਜੀਤ ਸਿੰਘ ਨਿਜ਼ਾਮਦੀਨਪੁਰ, ਜੋਗਾ ਸਿੰਘ ਗੋਪਾਲਪੁਰ, ਰਿੱਕੀ ਸਹੋਤਾ, ਗੁਰਤੇਜ ਸਿੰਘ, ਬੇਅੰਤ ਸਿੰਘ, ਹਰਜੀਤ ਸਿੰਘ ਨਿਜ਼ਾਮਦੀਨਪੁਰ, ਸੁਖਜਿੰਦਰ ਸਿੰਘ ਖਾਲਸਾ, ਭਿੰਦਾ ਦੌਲਤਪੁਰ, ਸਤਿੰਦਰ ਸਿੰਘ ਆਦਿ ਹਾਜ਼ਰ ਸਨ।


ਉਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

ਨਿਵਿਦਾ ਸੂਚਨਾ

ਸੀਨੀਅਰ ਮੰਡਲ ਵਾਣਿਜਕ ਪ੍ਰਬੰਧਕ/ਐਫਐਸ, ਉਤਰ ਰੇਲਵੇ, ਫਿਰੋਜ਼ਪੁਰ ਨੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਰੇਲਵੇ ਸਟੇਸ਼ਨ ਤੇ ਜੀਸੀਟੀ ਦੇ ਵਿਕਾਸ ਦੇ ਲਈ ਨਿਵਿਦਾ (ਦੋ ਪੈਕੇਟ ਪ੍ਰਣਾਲੀ) ਮੰਗ ਕੀਤੀ ਗਈ ਹੈ, ਹੇਠਾਂ ਲਿਖਤ:

| | | | | | |
|---|---|---|---|---|---|
| ਸਟੇਸ਼ਨ | ਬਾਰਾਮੂਲਾ | ਕੋਡ | BRML | ਕਾਂਟਰੈਕਟ ਦਾ ਸਮਾਂ | 35 ਸਾਲ |
| ਈਐਮਡੀ ਜ਼ਰੂਰੀ (ਰੁ. ਵਿਚ) | ₹3,39,32,831/- | ਨਿਵਿਦਾ ਫਾਰਮ ਲਾਗਤ (ਰੁ. ਵਿਚ) | | | ₹11,800/- |
| ਬੋਲੀ ਪੂਰਵ ਬੈਠਕ/ਸੰਮੇਲਨ | 16.02.2024 ਨੂੰ 15:00 ਵਜੇ ਡੀਆਰਐਮ ਦਫਤਰ ਸੰਮੇਲਨ ਰੂਮ ਵਿਚ | | | | |

ਬੋਲੀਆਂ ਕੇਵਲ ਆਈਆਰਈਪੀਐਸ ਤੇ 26.03.2024 ਨੂੰ 15:00 ਵਜੇ ਤਕ ਪ੍ਰਾਪਤ ਕੀਤੀਆਂ ਜਾਣਗੀਆਂ। ਵਧੇਰੇ ਜਾਣਕਾਰੀ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ ireps.gov.in ਵੇਖੋ।

ਨੰਬਰ: 3-ਏਸੀ-ਜੀਸੀਟੀ-ਬੀਆਰਐਮਐਲ-ਐਫਜ਼ੇਡਆਰ-24

ਮਿਤੀ: 06.02.2024 399/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ...ਸ.ਫ਼ਾ 1 ਦੇ ਬਾਕੀ

### ਪੰਜਾਬ 'ਚ ਗੈਰ-ਕਾਨੂੰਨੀ...

ਖਾਂਦੇ ਰਹਿੰਦੇ ਹਨ। ਕਲੋਨਾਈਜ਼ਰ ਗੈਰ-ਕਾਨੂੰਨੀ ਤਰੀਕੇ ਨਾਲ ਪੈਸਾ ਬਣਾ ਲੈਂਦੇ ਹਨ, ਜਦੋਂ ਕਿ ਉਨ੍ਹਾਂ ਦੀਆਂ ਗਲਤ ਕਾਰਵਾਈਆਂ ਦਾ ਖਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿਸੇ ਕੀਮਤ ਉਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਬਿਨਾਂ ਪ੍ਰਵਾਨਗੀ ਲਏ ਪਲਾਟ ਵੇਚ ਰਹੇ ਕਲੋਨਾਈਜ਼ਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸੂਬਾ ਸਰਕਾਰ ਪੰਜਾਬ ਵਿੱਚ ਗੈਰ-ਕਾਨੂੰਨੀ ਕਲੋਨੀਆਂ ਬਣਾਉਣ ਦੀ ਇਜਾਜ਼ਤ ਨਹੀਂ ਦੇਵੇਗੀ ਅਤੇ ਇਸ ਜੁਰਮ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਦਮ ਚੁੱਕੇ ਜਾਣਗੇ। ਉਹਨਾ ਕਿਹਾ ਕਿ ਗੈਰ-ਕਾਨੂੰਨੀ ਕਲੋਨਾਈਜ਼ਰਾਂ ਵਿਰੁੱਧ ਸਖ਼ਤ ਕਾਨੂੰਨ ਲਿਆਂਦਾ ਜਾਵੇਗਾ, ਜੋ ਪੰਜਾਬ ਵਿੱਚ ਕਿਸੇ ਵੀ ਤਰ੍ਹਾਂ ਗੈਰ-ਕਾਨੂੰਨੀ ਕਲੋਨੀ ਬਣਨ ਤੋਂ ਰੋਕਣ ਦਾ ਕੰਮ ਕਰੇਗਾ।

### 16 ਦੇ ਬੰਦ ਤੇ ...

ਅਤੇ ਮੁਨਾਫੇ ਵਾਲੀ ਸਰਕਾਰੀ ਸੰਪਤੀ ਸਨ, ਇਨ੍ਹਾਂ ਦਾ ਨਿੱਜੀਕਰਨ ਕਰਕੇ ਨਿੱਜੀ ਪੂੰਜੀਪਤੀਆਂ ਨੂੰ ਮਾਲਾਮਾਲ ਕਰ ਦਿੱਤਾ ਗਿਆ ਹੈ। ਮਜ਼ਦੂਰਾਂ ਦੀਆਂ ਉਜਰਤਾਂ 26000 ਰੁਪਏ ਪ੍ਰਤੀ ਮਹੀਨਾ ਵੀ ਨਹੀਂ ਕੀਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਖਤਮ ਕਰ ਦਿੱਤੀ ਗਈ, ਪੱਕੀਆਂ ਨੌਕਰੀਆਂ ਦਾ ਖਾਤਮਾ ਕਰਕੇ ਠੇਕੇਦਾਰੀ ਪ੍ਰਣਾਲੀ ਤਹਿਤ ਨਿਗੂਣੀਆਂ ਤਨਖਾਹਾਂ ਬਦਲੇ ਨੌਜਵਾਨਾਂ ਦਾ ਆਰਥਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਕਾਰਪੋਰੇਟਾਂ ਦੇ ਦਬਾਅ ਥੱਲੇ 44 ਕੇਂਦਰੀ ਕਿਰਤ ਕਾਨੂੰਨ ਤੋੜ ਕੇ 4 ਲੇਬਰ ਕੋਡ ਮਾਲਕ ਪੱਖੀ ਬਣਾ ਦਿੱਤੇ ਗਏ। ਲੱਖਾਂ ਦੀ ਗਿਣਤੀ ਵਿੱਚ ਆਂਗਨਵਾੜੀ, ਆਸ਼ਾ ਕਰਮੀ, ਮਿਡ ਡੇ ਮੀਲ ਆਦਿ ਸਕੀਮ ਵਰਕਰਾਂ ਨੂੰ ਵਰਕਰ ਦਾ ਦਰਜਾ ਦੇ ਕੇ ਘੱਟੋ-ਘੱਟ ਉਜਰਤਾਂ ਦੇ ਦਾਇਰੇ ਵਿੱਚ ਵੀ ਨਹੀਂ ਲਿਆਂਦਾ ਜਾ ਰਿਹਾ। ਹੱਕ ਮੰਗਦੇ ਲੋਕਾਂ ਦੀਆਂ ਲਹਿਰਾਂ ਨੂੰ ਕੁਚਲਣ ਲਈ ਕਾਲੇ ਕਾਨੂੰਨ ਹੋਂਦ ਵਿੱਚ ਲਿਆਂਦੇ ਜਾ ਰਹੇ ਹਨ। ਵਿਦਿਆ ਅਤੇ ਸਿਹਤ ਸੇਵਾਵਾਂ ਦਾ ਨਿੱਜੀਕਰਨ ਕਰਕੇ ਇਹ ਸੇਵਾਵਾਂ ਗਰੀਬਾਂ ਤੋਂ ਦੂਰ ਕਰ ਦਿੱਤੀਆਂ ਗਈਆਂ। ਪਿੰਡਾਂ ਦੇ ਗਰੀਬਾਂ ਲਈ ਬਣੇ ਨਰੇਗਾ ਕਾਨੂੰਨ ਦੀ ਪਾਲਣਾ ਵੀ ਨਹੀਂ ਕੀਤੀ ਜਾ ਰਹੀ ਅਤੇ ਹਰ ਵਾਰ ਨਰੇਗਾ ਬਜਟ ਘਟਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਕਿਸਾਨੀ ਨੂੰ ਖੇਤੀ ਵਿਚੋਂ ਬਾਹਰ ਕਰਨ ਅਤੇ ਉਹਨਾਂ ਦੀਆਂ ਜ਼ਮੀਨਾਂ ਖੋਹਣ ਦੀਆਂ ਕੋਝੀਆਂ ਚਾਲਾਂ ਚਲੀਆਂ ਜਾ ਰਹੀਆਂ ਹਨ। ਖੇਤੀਬਾੜੀ ਦੀਆਂ ਲਾਗਤ ਕੀਮਤਾਂ ਵਿੱਚ ਭਾਰੀ ਵਾਧਾ, ਮੰਡੀਆਂ ਤੋੜਨਾ, ਐੱਮ ਐੱਸ ਪੀ ਦੀ ਗਰੰਟੀ ਦਾ ਕਾਨੂੰਨ ਨਾ ਬਣਾਉਣਾ, ਕੁਦਰਤੀ ਆਫਤਾਂ ਸਮੇਂ ਕਿਸਾਨਾਂ ਦੀ ਮਦਦ ਨਾ ਕਰਨਾ, ਕਿਸਾਨੀ ਸੰਘਰਸ਼ਾਂ ਦੌਰਾਨ ਕਿਸਾਨਾ ਵਿਰੁੱਧ ਪਰਚੇ ਦਰਜ ਕਰਨਾ, ਲਖੀਮਪੁਰ ਖੀਰੀ ਵਿੱਚ ਕਿਸਾਨਾਂ ਦੇ ਕਾਤਲ ਭਾਜਪਾ ਮੰਤਰੀ ਅਤੇ ਉਸ ਦੇ ਪੁੱਤਰ ਵਿਰੁੱਧ ਕੋਈ ਐਕਸ਼ਨ ਨਾ ਲੈਣਾ, ਕਿਸਾਨਾਂ 'ਤੇ ਬਣਾਏ ਝੂਠੇ ਕੇਸ ਵਾਪਸ ਨਾ ਲੈਣਾ ਆਦਿ ਅਨੇਕਾਂ ਕਿਸਾਨੀ ਮੁੱਦੇ ਹਨ, ਜਿਨ੍ਹਾਂ ਨੂੰ ਮੋਦੀ ਸਰਕਾਰ ਨਜ਼ਰਅੰਦਾਜ਼ ਕਰ ਰਹੀ ਹੈ। ਏਟਕ ਆਗੂਆਂ ਨੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਇਸ ਲਾਮਿਸਾਲ ਸੰਘਰਸ਼ੀ ਸਾਂਝ ਨੂੰ ਇੱਕ ਨਵਾਂ ਮੀਲ ਪੱਥਰ ਦੱਸਦਿਆ ਕਿਹਾ ਕਿ ਇਸ ਤਰ੍ਹਾਂ ਦੀ ਸਾਂਝ ਭਵਿੱਖ ਵਿੱਚ ਹੋਰ ਵੀ ਮਜ਼ਬੂਤ ਹੋਵੇਗੀ, ਜਿਹੜੀ ਕਿ ਇਸ ਲੋਕ ਵਿਰੋਧੀ ਮੋਦੀ ਸਰਕਾਰ ਵਿਰੁੱਧ ਵਿਸ਼ਾਲ ਲਾਮਬੰਦੀ ਕਰਕੇ ਹਰ ਹਮਲੇ ਦਾ ਟਾਕਰਾ ਕਰਨ ਦੇ ਸਮਰੱਥ ਹੋਵੇਗੀ।

ਉਹਨਾਂ ਏਟਕ ਨਾਲ ਸੰਬੰਧਤ ਸਭ ਜਥੇਬੰਦੀਆਂ ਨੂੰ ਕਿਹਾ ਕਿ 16 ਫਰਵਰੀ ਦੀ ਹੜਤਾਲ ਨੂੰ ਸਫਲ ਬਣਾਉਣ ਲਈ ਹਰ ਤਰ੍ਹਾਂ ਦੇ ਵਰਕਰਾਂ ਤੱਕ ਪਹੁੰਚ ਕਰਨ ਵਿੱਚ ਕੋਈ ਢਿੱਲ ਨਾ ਵਰਤੀ ਜਾਵੇ। ਇਸ ਹੜਤਾਲ ਵਿੱਚ ਸ਼ਾਮਲ ਸਭ ਜਥੇਬੰਦੀਆਂ ਨਾਲ ਬਿਹਤਰ ਤਾਲਮੇਲ ਬਣਾ ਕੇ ਹੜਤਾਲ ਦੇ ਐਕਸ਼ਨ ਨੂੰ ਸਫਲ ਬਣਾਇਆ ਜਾਵੇ।

### ਪਿਆਰ ਦਾ ਮੁੱਲ...

ਤੋਂ ਹੈ ਤੇ ਉਸ ਦਾ ਕਹਿਣਾ ਹੈ ਕਿ ਅਭਿਨੰਦਨ ਉਨ੍ਹਾਂ ਲਈ ਅਲਫਾ ਦੀ ਨਿਸ਼ਾਨੀ ਛੱਡ ਗਿਆ ਹੈ। ਅਭਿਨੰਦਨ ਤੇ ਪੁਣੇ ਤੋਂ ਉਸ ਦੀ ਸਹੇਲੀ ਪਰਨਿਤਾ ਬਲ ਸਾਹਿਬ ਐਤਵਾਰ ਨਿੱਜੀ ਕਾਰ ਵਿਚ ਪਾਲਮਪੁਰ ਨੇੜੇ ਸੈਲਾਨੀ ਸਥੱਲ ਬਿਲਿੰਗ ਗਏ ਸਨ। ਭਾਰੀ ਬਰਫਬਾਰੀ ਕਾਰਨ ਉਹ ਕਾਰ ਰਾਹ ਵਿਚ ਛੱਡ ਕੇ ਅਲਫਾ ਨਾਲ ਤੁਰ ਕੇ ਬਿਲਿੰਗ ਵੱਲ ਰਵਾਨਾ ਹੋਏ। ਬੀੜ ਨੇੜੇ ਬੇਸ ਕੈਂਪ ਚੋਗਾਨ ਵੱਲ ਪਰਤਦਿਆਂ ਸ਼ਾਇਦ ਉਹ ਬਰਫ ਤੋਂ ਤਿਲਕ ਕੇ ਡੂੰਘੀ ਖੱਡ 'ਚ ਡਿੱਗ ਗਏ। ਪੈਰਾਂ ਦੇ ਨਿਸ਼ਾਨਾਂ ਤੋਂ ਪਤਾ ਲੱਗਦਾ ਹੈ ਕਿ ਦੋਹਾਂ ਨੇ ਬਾਹਰ ਆਉਣ ਦੀ ਕੋਸ਼ਿਸ਼ ਕੀਤੀ, ਪਰ ਸਫਲ ਨਹੀਂ ਹੋ ਸਕੇ। ਜਾਪਦਾ ਹੈ ਉਹ ਠੰਢ ਤੇ ਜ਼ਖਮਾਂ ਕਾਰਨ ਮਰ ਗਏ।

ਪੁਲਸ ਤੇ ਪੈਰਾ ਗਲਾਈਡਰਾਂ ਦੀ ਬਚਾਅਕਾਰੀ ਟੀਮ ਨੇ ਦੇਖਿਆ ਕਿ ਕੁੱਤਾ ਲਾਸ਼ਾਂ ਕੋਲ ਖੜ੍ਹਾ ਵਿਲਕ ਰਿਹਾ ਸੀ। ਇਕ ਅਧਿਕਾਰੀ ਨੇ ਦੱਸਿਆ ਕਿ ਸ਼ਾਇਦ ਉਹ ਆਸ ਕਰ ਰਿਹਾ ਸੀ ਕਿ ਬਚਾਅਕਾਰੀ ਟੀਮ ਉਸ ਦੇ ਮਾਲਕ ਨੂੰ ਬਚਾ ਲਵੇਗੀ। ਅਲਫਾ ਵੀ ਜ਼ਖਮੀ ਹੋ ਗਿਆ ਸੀ, ਪਰ ਉਸ ਨੇ ਲਾਸ਼ਾਂ ਦੀ 48 ਘੰਟੇ ਰਾਖੀ ਕੀਤੀ।

ਪੁਲਸ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਨੂੰ ਸ਼ਾਮ 7 ਵਜੇ ਅਭਿਨੰਦਨ ਦੇ ਰਿਸ਼ਤੇਦਾਰ ਦਾ ਫੋਨ ਆਇਆ ਕਿ ਉਹ ਘਰ ਨਹੀਂ ਪਰਤਿਆ। ਲੰਬੜ ਮੋੜ ਨੇੜੇ ਇਲਾਕੇ ਵਿਚ ਦੋ ਲਾਸ਼ਾਂ ਮਿਲੀਆਂ। ਉਨ੍ਹਾਂ ਨੂੰ ਆਖਰੀ ਵਾਰ ਕੁਝ ਸੈਲਾਨੀਆਂ ਨੇ ਇਕ ਪੁਲ 'ਤੇ ਦੇਖਿਆ ਸੀ। ਦੋ ਟੀਮਾਂ ਪਹਾੜ ਦੇ ਦੋਹੀਂ ਪਾਸੀਂ ਘੱਲੀਆਂ ਗਈਆਂ। ਆਖਰ ਅਲਫਾ ਕੋਲ ਦੋ ਲਾਸ਼ਾਂ ਪਈਆਂ ਮਿਲੀਆਂ। ਬੀੜ ਦੇ ਐੱਸ ਐੱਚ ਓ ਦਲੀਪ ਸਕਲਾਨੀ ਨੇ ਕਿਹਾ ਕਿ ਅਲਫਾ ਦਾ ਵਿਰਲਾਪ ਦੇਖ ਕੇ ਦਿਲ ਭਰ ਆਇਆ, ਪਰ ਉਸ ਨੇ ਲਾਸ਼ਾਂ ਚੁੱਕਣ ਵਿਚ ਰੁਕਾਵਟ ਨਹੀਂ ਡਾਹੀ। ਅਭਿਨੰਦਨ ਤੇ ਪਰਨਿਤਾ ਐਤਵਾਰ ਤੋਂ ਲਾਪਤਾ ਸਨ ਤੇ ਉਨ੍ਹਾਂ ਦੇ ਮੋਬਾਇਲ ਵੀ ਸਵਿਚ ਆਫ ਸਨ। ਉਨ੍ਹਾਂ ਦੀਆਂ ਲਾਸ਼ਾਂ ਅਲਫਾ ਦਾ ਵਿਰਲਾਪ ਸੁਣਨ ਤੋਂ ਬਾਅਦ ਲੱਭੀਆਂ।

### ਰੱਬ ਕਰੇ ਕਿਸੇ ਨੂੰ...

ਤਿਲੰਗਾਨਾ ਰਾਜ ਬਣਾਉਣ ਲਈ ਆਂਧਰਾ ਪ੍ਰਦੇਸ਼ ਦੇ ਟੋਟੇ ਕਰਨ ਵੇਲੇ ਆਂਧਰਾ ਨਾਲ ਘੋਰ ਬੇਇਨਸਾਫੀ ਹੋਈ। 2014 ਦੇ ਰਾਜ ਪੁਨਰਗਠਨ ਐਕਟ ਵਿਚ ਸਪੈਸ਼ਲ ਕੈਟਾਗਰੀ ਸਟੇਟਸ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਕੁਝ ਨਹੀਂ ਦਿੱਤਾ। ਨਤੀਜੇ ਵਜੋਂ ਰਾਜ ਨੂੰ ਭਾਰੀ ਮਾਲੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

### ਕੇਂਦਰ ਸਰਕਾਰ ਨਰੇਗਾ...

ਨੂੰ ਇੱਕ ਸਾਲ ਵਿੱਚ ਦੋ ਸੌ ਦਿਨ ਦਾ ਕੰਮ ਕਰਨ ਅਤੇ ਨਰੇਗਾ ਕਾਮਿਆਂ ਦੀ ਇੱਕ ਦਿਨ ਦੀ ਮਜ਼ਦੂਰੀ ਇੱਕ ਹਜ਼ਾਰ ਕਰਨ ਵਾਸਤੇ ਸੰਘਰਸ਼ ਕਰ ਰਹੀ ਹੈ।

ਉਹਨਾ ਦੱਸਿਆ ਕਿ ਇਸ ਵੇਲੇ ਪੰਜਾਬ ਸਰਕਾਰ ਵੱਲੋਂ ਤਿੰਨ ਸੌ ਤਿੰਨ ਰੁਪਏ ਨਰੇਗਾ ਮਜ਼ਦੂਰਾਂ ਨੂੰ ਮਜ਼ਦੂਰੀ ਦਿੱਤੀ ਜਾ ਰਹੀ ਹੈ, ਜਦੋਂ ਕਿ ਮਜ਼ਦੂਰੀ ਦਾ ਕਨੂੰਨ ਚਾਰ ਸੌ ਇਕੱਤੀ ਰੁਪਏ ਮਜ਼ਦੂਰਾਂ ਨੂੰ ਪ੍ਰਤੀ ਦਿਨ ਮਜ਼ਦੂਰੀ ਦੇਣ ਦੀ ਗੱਲ ਕਰਦਾ ਹੈ।

ਇਸ ਵਾਸਤੇ ਆਮ ਲੋਕਾਂ ਦੀ ਸਰਕਾਰ ਕਹਾਉਣ ਵਾਲੀ ਮਾਨ ਸਰਕਾਰ ਮਜ਼ਦੂਰਾਂ ਨਾਲ ਬੇਇਨਸਾਫੀ ਕਰ ਰਹੀ ਹੈ, ਜੋ ਯੂਨੀਅਨ ਕਦੇ ਬਰਦਾਸ਼ਤ ਨਹੀਂ ਕਰੇਗੀ। ਆਉਣ ਵਾਲੀ 16 ਫਰਵਰੀ ਦੇ ਭਾਰਤ ਬੰਦ ਵਿੱਚ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।

ਇਸ ਮੌਕੇ 45 ਮੈਂਬਰੀ ਜ਼ਿਲ੍ਹਾ ਕੌਂਸਲ ਅਤੇ 11 ਮੈਂਬਰੀ ਸਕੱਤਰੇਤ ਬਣਾਇਆ ਗਿਆ, ਜਿਸ ਵਿੱਚ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਸੁਖਨਾ ਤੇ ਜ਼ਿਲ੍ਹਾ ਸੈਕਟਰੀ ਸ਼ਮਸ਼ੇਰ ਸਿੰਘ ਥਾਂਦੇਵਾਲਾ, ਜ਼ਿਲਾ ਕੈਸ਼ੀਅਰ ਹਰਵਿੰਦਰ ਸਿੰਘ, ਨਰੇਗਾ ਦੇ ਜ਼ਿਲ੍ਹਾ ਸਲਾਹਕਾਰ ਹਰਲਾਭ ਸਿੰਘ ਨੂੰ ਨਿਯੁਕਤ ਕੀਤਾ ਗਿਆ। ਚੁਣੇ ਗਏ 11 ਮੈਂਬਰੀ ਸਕੱਤਰੇਤ 'ਚ ਮੀਤ ਪ੍ਰਧਾਨ ਚੰਬਾ ਸਿੰਘ ਵਾੜਾ ਕਿਸ਼ਨਪੁਰਾ, ਬੋਹੜ ਸਿੰਘ ਖੁੰਨਣ ਕਲਾਂ, ਮਨਦੀਪ ਕੌਰ ਵਿਰਕਾਂ ਤੇ ਵੀਰਪਾਲ ਕੌਰ ਕੋਟਲੀ ਸੰਘਰ, ਮੀਤ ਸਕੱਤਰ ਰਿਕੂ ਰਾਣੀ ਸੰਗੂਧੌਣ, ਸੁਰਜੀਤ ਸਿੰਘ ਛਤਿਆਣਾ, ਬਿੰਦਰ ਸਿੰਘ ਖੁੰਨਣ ਕਲਾਂ ਤੇ ਮਨਜੀਤ ਸਿੰਘ ਬਰਕੰਦੀ ਆਦਿ ਸ਼ਾਮਲ ਹਨ।

ਅਖੀਰ ਵਿੱਚ ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਹੀਰਾ ਸਿੰਘ ਨੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਨਵੀਂ ਬਣੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਮਜ਼ਦੂਰਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਨ ਦਾ ਫਰਜ਼ ਨਿਭਾਉਣਾ ਬਹੁਤ ਹੀ ਜ਼ਰੂਰੀ ਹੈ।


ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

ਈ-ਟੈਂਡਰ ਸੂਚਨਾ

ਸੀਨੀ. ਮੰਡਲ ਵਿਯੁਤ ਇੰਜੀਨੀਅਰ/ਸਾਮਾਨਯ, ਉੱਤਰ ਰੇਲਵੇ ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ ਟੈਂਡਰਕਾਰ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| | |
|---|---|
| ਟੈਂਡਰ ਨੰਬਰ | 251-ਵਿਯੁਤ-T-67-2023-24 |
| ਕੰਮਾਂ ਦਾ ਵੇਰਵਾ | ਜੰਮੂ ਅਤੇ ਕਸ਼ਮੀਰ ਘਾਟੀ ਖੇਤਰ ਵਿਚ ਸੁਰੱਖਿਆ ਵਿਚ ਸੁਧਾਰ ਦੇ ਲਈ ਰੋਸ਼ਨੀ ਵਿਚ ਸੁਧਾਰ ਅਤੇ ਪਾਵਰ ਬੈਕਅਪ ਦੇ ਪ੍ਰਾਵਧਾਨ ਦੇ ਸਬੰਧ ਵਿਚ ਵਿਯੁਤ ਕੰਮ ਲਈ। |
| ਅਨੁਮਾਨਿਤ ਲਾਗਤ (ਰੁ:) | ਰੁ: 3,30,13,132.62 |
| ਬਿਆਨਾ ਰਾਸ਼ੀ (ਰੁ:) | ਰੁ: 3,15,100.00 |
| ਕੰਮ ਦਾ ਸਮਾਂ | 06 ਮਹੀਨੇ |
| ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | 27.02.2024, 15:00 ਵਜੇ ਦੇ ਬਾਦ |
| ਵੇਬਸਾਈਟ | www.ireps.gov.in |

ਨੰ: 251-ਵਿਯੁਤ-ਟੈਂਡਰ ਨੋਟਿਸ ਨੰ: 53-ਵਿਯੁਤ/2023-24 ਮਿਤੀ : 06.02.2024 403/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਲਿਬਰੇਸ਼ਨ ਆਗੂ ਕਾਮਰੇਡ ਹਰਦੇਵ ਖਿਆਲਾ ਨੂੰ ਅੰਤਮ ਵਿਦਾਇਗੀ



**ਮਾਨਸਾ (ਆਤਮਾ ਸਿੰਘ ਪਮਾਰ)**-ਸੀ ਪੀ ਆਈ (ਐਮ ਐਲ) ਲਿਬਰੇਸ਼ਨ ਦੇ ਸੀਨੀਅਰ ਆਗੂ ਕਾਮਰੇਡ ਹਰਦੇਵ ਸਿੰਘ ਖਿਆਲਾ ਨੂੰ ਅੱਜ ਉਨ੍ਹਾਂ ਦੇ ਪਿੰਡ ਖਿਆਲਾ ਕਲਾਂ ਵਿਖੇ ਇਨਕਲਾਬੀ ਨਾਹਰਿਆਂ ਦੀ ਗੂੰਜ ਵਿਚ ਅੰਤਮ ਵਿਦਾਇਗੀ ਦਿੱਤੀ ਗਈ। ਅੰਤਮ ਸੰਸਕਾਰ ਤੋਂ ਪਹਿਲਾਂ ਪਾਰਟੀ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਪ੍ਰਮੁੱਖ ਆਗੂਆਂ ਵੱਲੋਂ ਉਨ੍ਹਾ ਦੀ ਦੇਹ 'ਤੇ ਲਾਲ ਝੰਡਾ ਪਾ ਕੇ ਉਨ੍ਹਾ ਨੂੰ ਇਨਕਲਾਬੀ ਸਨਮਾਨ ਦਿੱਤਾ ਗਿਆ। ਇਸ ਮੌਕੇ ਉਨ੍ਹਾ ਦੇ ਦਹਾਕਿਆਂ ਤੋਂ ਪੱਕੇ ਸਾਥੀ ਕਾਮਰੇਡ ਹਾਕਮ ਸਿੰਘ ਖਿਆਲਾ, ਰਾਜਵਿੰਦਰ ਸਿੰਘ ਰਾਣਾ, ਨਛੱਤਰ ਸਿੰਘ ਖੀਵਾ, ਸੁਖਦਰਸ਼ਨ ਸਿੰਘ ਨੱਤ, ਜਸਬੀਰ ਕੌਰ ਨੱਤ, ਗੁਰਜੰਟ ਸਿੰਘ ਮਾਨਸਾ, ਗੁਰਮੀਤ ਸਿੰਘ ਨੰਦਗੜ੍ਹ, ਵਿੰਦਰ ਅਲਖ, ਸੁਰਿੰਦਰ ਪਾਲ ਸ਼ਰਮਾ, ਗੁਰਸੇਵਕ ਮਾਨ, ਬਲਵਿੰਦਰ ਘਰਾਂਗਣਾ, ਦਰਸ਼ਨ ਦਾਨੇਵਾਲਾ, ਗਗਨ ਖੜਕ ਸਿੰਘ ਵਾਲਾ, ਸੀ ਪੀ ਆਈ ਦੇ ਜ਼ਿਲ੍ਹਾ ਆਗੂ ਕ੍ਰਿਸ਼ਨ ਚੌਹਾਨ, ਜਰਨੈਲ ਸਿੰਘ, ਸਮੁੱਚਾ ਪਰਵਾਰ, ਰਿਸ਼ਤੇਦਾਰ ਅਤੇ ਭਾਰੀ ਗਿਣਤੀ ਵਿਚ ਪਿੰਡ ਵਾਸੀ ਮਜ਼ਦੂਰ ਕਿਸਾਨ ਹਾਜ਼ਰ ਸਨ। ਬੇਸ਼ੱਕ ਪਰਵਾਰ ਤੇ ਪਾਰਟੀ ਨੇ ਉਨ੍ਹਾ ਦੇ ਕੈਂਸਰ ਰੋਗ ਦੇ ਇਲਾਜ ਲਈ ਹਰ ਸੰਭਵ ਯਤਨ ਕੀਤੇ, ਪਰ ਇਸ ਦੇ ਬਾਵਜੂਦ ਕੱਲ੍ਹ ਬਾਅਦ ਦੁਪਹਿਰ ਉਹ ਏਮਜ਼ ਹਸਪਤਾਲ ਬਠਿੰਡਾ ਵਿਖੇ ਇਲਾਜ ਦੌਰਾਨ ਸਦੀਵੀ ਵਿਛੋੜਾ ਦੇ ਗਏ ਸਨ। ਪਾਰਟੀ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਕਾਮਰੇਡ ਨਛੱਤਰ ਖੀਵਾ ਨੇ ਕਿਹਾ ਕਿ ਕਾਮਰੇਡ ਹਰਦੇਵ ਸਿੰਘ ਖਿਆਲਾ ਮਜ਼ਦੂਰ ਜਮਾਤ ਵਿਚੋਂ ਉਭਰੇ ਇਕ ਅਜਿਹੇ ਅਡੋਲ ਤੇ ਆਦਰਸ਼ ਇਨਕਲਾਬੀ ਸਨ, ਜੋ ਉਮਰ ਭਰ ਲਾਲ ਝੰਡੇ ਦੇ ਵਫਾਦਾਰ ਸਿਪਾਹੀ ਰਹੇ। ਇਸ ਲਈ ਪਾਰਟੀ ਅਤੇ ਕਮਿਊਨਿਸਟ ਲਹਿਰ ਵਲੋਂ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

## 'ਔਰਤਾਂ ਦੇ ਸਨਮਾਨ 'ਚ ਇਸਤਰੀ ਸਭਾ ਮੈਦਾਨ 'ਚ' ਕਨਵੈਨਸ਼ਨ ਭਲਕੇ

**ਮਾਨਸਾ (ਆਤਮਾ ਸਿੰਘ ਪਮਾਰ)**- ਇਸਤਰੀ ਸਭਾ ਦੀ ਪੰਜਾਬ ਇਕਾਈ ਦੇ ਸੱਦੇ 'ਤੇ ਔਰਤਾਂ ਦੇ ਸਨਮਾਨ ਵਿੱਚ, ਇਸਤਰੀ ਸਭਾ ਮੈਦਾਨ ਵਿੱਚ ਦੇ ਨਾਹਰੇ ਤਹਿਤ ਕਨਵੈਨਸ਼ਨ 9 ਫਰਵਰੀ ਨੂੰ ਤੇਜਾ ਸਿੰਘ ਸੁਤੰਤਰ ਭਵਨ ਮਾਨਸਾ ਵਿਖੇ ਹੋਵੇਗੀ, ਕਿਉਂਕਿ ਔਰਤਾਂ 'ਤੇ ਵਧ ਰਹੇ ਅੱਤਿਆਚਾਰ ਨੇ ਸਨਮਾਨ ਨੂੰ ਠੇਸ ਪਹੁੰਚਾਈ ਜਾ ਰਹੀ ਹੈ। ਸਮਾਜਕ ਬਰਾਬਰੀ ਲਈ ਔਰਤਾਂ ਨੂੰ ਅੱਗੇ ਹੋ ਕੇ ਅਗਵਾਈ ਕਰਨੀ ਹੋਵੇਗੀ। ਉਕਤ ਸ਼ਬਦਾਂ ਦਾ ਪ੍ਰਗਟਾਵਾ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਗਾਮੀਵਾਲਾ ਤੇ ਜ਼ਿਲ੍ਹਾ ਜਨਰਲ ਸਕੱਤਰ ਚਰਨਜੀਤ ਕੌਰ ਮਾਨਸਾ ਨੇ ਸਾਂਝੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ। ਆਗੂਆਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਵਲੋਂ ਔਰਤਾਂ ਨੂੰ ਹਰ ਖੇਤਰ ਵਿੱਚ ਨਜ਼ਰ ਅੰਦਾਜ਼ ਕਰਨਾ ਭਵਿੱਖ ਵਿੱਚ ਭਾਰੂ ਪਏਗਾ। ਔਰਤਾਂ ਨੂੰ ਹਰ ਖੇਤਰ ਵਿੱਚ ਰਾਖਵੇਂਕਰਨ ਨੂੰ ਨਾਲ ਲਾਗੂ ਕਰਨਾ, ਮਾਨ ਸਰਕਾਰ ਔਰਤਾਂ ਨੂੰ ਇੱਕ ਹਜ਼ਾਰ ਭੱਤਾ, ਫਰੀ ਬੱਸ ਸਫਰ ਮੌਕੇ ਆ ਰਹੀਆਂ ਦਿੱਕਤਾਂ ਨੂੰ ਖਤਮ ਕਰਨ ਆਦਿ ਮੰਗਾਂ ਤੇ ਸੰਘਰਸ ਤਿੱਖਾ ਕੀਤਾ ਜਾਵੇਗਾ। ਕਨਵੈਨਸ਼ਨ ਮੌਕੇ ਮੈਡਮ ਕੁਸ਼ਲ ਭੌਰਾ ਅਤੇ ਨਰਿੰਦਰ ਸੋਹਲ ਨੇ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਅਰਵਿੰਦਰ ਕੌਰ, ਕਿਰਨਾ ਰਾਣੀ ਸਾਬਕਾ ਐਮ ਸੀ, ਮਨਜੀਤ ਕੌਰ ਦਲੇਲ ਸਿੰਘ ਵਾਲਾ, ਸੱਤਪਾਲ ਕੌਰ ਖੀਵਾ, ਨਰਿੰਦਰ ਕੌਰ ਮਾਨਸਾ, ਅਮਨਦੀਪ ਕੌਰ ਆਦਿ ਆਗੂ ਹਾਜ਼ਰ ਸਨ।


ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ 28.02.2024 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਨਿਵਿਦਾ ਅਪਲੋਡ ਕਰਨੇ ਕੀ ਤਿਥਿ | ਬੋਲੀ ਸ਼ੁਰੂ ਕੀ ਤਿਥਿ | ਬੋਲੀ ਸਮਾਪਨ ਕੀ ਤਿਥਿ ਤਥਾ ਸਮਯ |
|---|---|---|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ | 06.02.2024/17:25 Hrs. | 14.02.2024 | 28.02.2024/15:00 Hrs |

| ਲ.ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 403-2023-24-ADEN-II-ASR | ਸੀਨੀਅਰ ਮੰਡਲ ਇੰਜੀਨੀਅਰ-ਤੀਸਰੀ, ਫਿਰੋਜ਼ਪੁਰ ਦੇ ਤਹਿਤ ਆਉਣ ਵਾਲੇ ਸਹਾਇਕ ਮੰਡਲ ਇੰਜੀਨੀਅਰ ਦੂਸਰੀ/ਅੰਮ੍ਰਿਤਸਰ ਦੇ ਅੰਤਰਗਤ 2 ਨੰ: ਮਾਨਕ ਡਯੂਟੀ ਦਾ ਪ੍ਰਾਵਧਾਨ । 5 ਜਗ੍ਹਾਂ ਉਤੇ ਲੇਵਲ ਕਰੋਸਿੰਗ ਅਤੇ ਪਖਾਨਾ ਸੁਵਿਧਾ । ਬਯਾਸ-ਤਰਨਤਾਰਨ ਖੰਡ ਉਤੇ ਲੇਵਲ ਕਰੋਸਿੰਗ 8 ਨੰਬਰ ਉਤੇ ਮਾਨਕ ਡਯੂਟੀ ਹੱਟ । ਅੰਮ੍ਰਿਤਸਰ-ਖੇਮਕਰਨ ਸੈਕਸ਼ਨ ਉਤੇ 15 ਲੇਵਲ ਕਰੋਸਿੰਗ ਉਤੇ ਲੇਵਲ ਕਰੋਸਿੰਗ ਅਤੇ ਪਖਾਨਾ ਸੁਵਿਧਾ ਅਤੇ 4 ਨੰਬਰ ਉਤੇ ਸਟੈਂਡਰਡ ਡਯੂਟੀ ਹੱਟ । 10 ਜਗ੍ਹਾਂ ਉਤੇ ਲੇਵਲ ਕਰੋਸਿੰਗ ਅਤੇ ਪਖਾਨਾ ਦੀ ਸੁਵਿਧਾ । ਜੋ ਕਿ ਫਿਲਵਾਂ - ਅੰਮ੍ਰਿਤਸਰ ਸੈਕਸ਼ਨ ਵਿਚ ਲੇਵਲ ਕਰੋਸਿੰਗ ਹੈ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 3,46,95,711.02/- | 3,23,500/- | 60 ਦਿਨ | 08 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ । | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ ।

2. ਹਿੰਦੀ ਵਿਚ ਕਿਸੀ ਵੀ ਗਲਤੀ ਲਈ ਅੰਗਰੇਜ਼ੀ ਵਰਜਨ ਦਾ ਅਵਲੋਕਨ ਕਰੋ, ਤੇ ਅੰਗਰੇਜ਼ੀ ਵਰਜਨ ਹੀ ਮਾਨਯ ਹੋਣਗੇ ।

ਟੈਂਡਰ ਸੂਚਨਾ ਪੱਤਰ ਨੰ: 403-2023-24-ADEN-II-ASR Date: 06.02.2024 404/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



AMBIT Finvest Pragati ke partner

AMBIT FINVEST PRIVATE LIMITED

Corporate Off: Kanakia Wall Street, 5th Floor, A 506-510, Andheri-Kurla Road, Andheri East, Mumbai-400093

ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ) (ਸਕਿਉਰਟੀ ਇੰਟਰੈਸਟ (ਇਨਫੋਰਸਮੇਂਟ) ਰੂਲਜ਼, 2002 ਦੇ ਰੂਲ 8 (1) ਦੇ ਤਹਿਤ

ਜਦੋਂ ਕਿ ਨਿਮਨਹਸਤਾਖਰੀ ਨੇ ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ, ਜਿਸ ਦਾ ਰਜਿਸਟਰਡ ਦਫਤਰ ਅੰਬਿਤ ਹਾਊਸ, 449, ਸੈਨਾਪਤੀ ਬਪਤ ਮਾਰਗ, ਲੋਵਰ ਪਾਰੇਲ, ਮੁੰਬਈ-400013, ਕਾਰਪੋਰੇਟ ਦਫਤਰ ਕਨਕੀਆ ਵਾਲ ਸਟ੍ਰੀਟ-5ਵੀਂ ਮੰਜ਼ਲ, ਏ 506-510, ਅੰਧੇਰੀ ਕੁਰਲਾ ਰੋਡ, ਅੰਧੇਰੀ ਈਸਟ, ਮੁੰਬਈ-400093 ਹੈ, ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਨੋਟਿਸ ਜਾਰੀ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਅਤੇ ਹੇਠਾਂ ਦਰਸਾਈ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ। ਹੇਠਾਂ ਦਰਸਾਏ ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਕਬਜ਼ਾ ਹਾਸਲ ਕਰ ਲਿਆ ਹੈ।

| ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਦਾ ਨਾਂਅ ਅਤੇ ਕਰਜ਼ਾ ਖਾਤਾ ਨੰਬਰ | ਡਿਮਾਂਡ ਨੋਟਿਸ ਦੀ ਮਿਤੀ / ਰਕਮ | ਅਚੱਲ ਜਾਇਦਾਦ/ਰਹਿਣ ਜਾਇਦਾਦਾਂ ਦਾ ਵੇਰਵਾ | ਕਬਜ਼ੇ ਦੀ ਮਿਤੀ / ਕਬਜ਼ੇ ਦੀ ਕਿਸਮ |
|---|---|---|---|
| 1. ਚੌਹਾਨ ਫਰਨੀਚਰ ਹਾਊਸ 2. ਮੁਖਤਿਆਰ ਕੌਰ 3. ਸਤਪਾਲ ਸਿੰਘ ਕਰਜ਼ਾ ਨੰ. LUI000000011062, LUI000000023320 & LUI000000023485 | 26.12.2022 ਰੁਪਏ 41,13,983.97/- (ਇਕਤਾਲੀ ਲੱਖ ਤੇਰਾਂ ਹਜ਼ਾਰ ਨੌ ਸੌ ਤਰਿਆਸੀ ਰੁਪਏ ਅਤੇ ਸਤਾਨਵੇਂ ਪੈਸੇ ਕੇਵਲ) | ਜਾਇਦਾਦ ਰਕਬਾ 605 ਵਰਗ ਗਜ਼, ਖਸਰਾ ਨੰ. 8//5/1, 8//6/2, 8//7, 8//14/2, 259, 8//4, 245, 7//11, 7//20/1, 7//26, 8//6/3, 46, 7//10/2, 8//6/4, 811/15/1, ਖੱਤਾ ਨੰ. 86/93, 94, 87/95, 88/96, 320/336, ਜਮ੍ਹਾਂਬੰਦੀ ਸਾਲ 2011-12, ਪਿੰਡ ਮੰਗਲੀ ਟਾਂਡਾ, ਰਾਹੋਂ ਰੋਡ, ਸਰਕਾਰੀ ਸਕੂਲ ਦੇ ਪਿਛਲੇ ਪਾਸੇ, ਹਦਬਸਤ ਨੰ. 49 , ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141007, ਹੱਦਾਂ : ਪੂਰਬ : ਖੇਤ ਸਾਈਡ 126, ਪੱਛਮ : ਅਵਤਾਰ ਸਿੰਘ ਅਤੇ ਹੋਰ ਸਾਈਡ 120, ਦੱਖਣ : ਮੰਗਲੀ ਟਾਂਡਾ ਰੋਡ ਸਾਈਡ 45, ਉੱਤਰ : ਖੇਤ ਸਾਈਡ 43" | 06.02.2024 ਭੌਤਿਕ ਕਬਜ਼ਾ |

ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਕਿਸਮ ਦੀ ਸੌਦੇਬਾਜ਼ੀ ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ ਨੂੰ ਇੱਥੇ ਉਪਰ ਦਰਸਾਈ ਰਕਮ ਅਤੇ ਉਸ ਉੱਪਰ ਵਿਆਜ ਵਸੂਲੀ ਹੇਠ ਹੋਵੇਗੀ। ਉਪਲਬੱਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਸਥਾਨ : ਲੁਧਿਆਣਾ (ਪੰਜਾਬ)
ਮਿਤੀ : 06.02.2024

ਸਹੀ/- ਅਧਿਕਾਰਤ ਅਫਸਰ, ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਦਿੱਲੀ ਮੋਰਚੇ ਵੱਲ ਵਹੀਰਾਂ ਘੱਤਣ ਨੂੰ ਲੈ ਕੇ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਝੰਡਾ ਮਾਰਚ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਕਿਸਾਨ ਮਜ਼ਦੂਰ ਸੰਘਰਸ ਕਮੇਟੀ ਪੰਜਾਬ ਦੀ ਅਗਵਾਈ ਹੇਠ ਜ਼ਿਲਾ ਤਰਨਤਾਰਨ ਦੇ ਜ਼ੋਨ ਬਾਬਾ ਬੀਰ ਸਿੰਘ ਜੀ ਵੱਲੋਂ ਜ਼ੋਨ ਦੇ ਪਿੰਡ ਪਿੱਦੀ ਦੇ ਸਾਹਮਣੇ ਝੰਡਾ ਮਾਰਚ ਸ਼ੁਰੂ ਹੋਣ ਉਪਰੰਤ ਜ਼ੋਨ ਦੇ ਵੱਖ-ਵੱਖ ਪਿੰਡਾਂ ਤੋਂ ਸੇਰੋਂ, ਸਹਾਬਪੁਰ, ਪਿੱਦੀ, ਰਸੂਲਪੁਰ, ਅਲਾਦੀਨਪੁਰ, ਸੰਘੇ, ਪੰਡੋਰੀ, ਕਲੇਰ, ਬਾਗੜੀਆਂ, ਬਾਠ, ਅਲਾਵਲਪੁਰ, ਨੌਰੰਗਾਬਾਦ, ਰੈਸੀਆਣਾ, ਬੇਗਮਪੁਰ, ਕਲੇਰ, ਬੰਨਵਾਲੀਪੁਰ, ਦੁੱਗਲਵਾਲਾ ਤੇ ਹੋਰ ਪਿੰਡਾਂ ਵਿਚੋਂ ਲੰਘਿਆ। ਮਾਰਚ ਵਿੱਚ ਜ਼ੋਨ ਦੇ ਹਰ ਪਿੰਡ ਵਿਚੋਂ ਦੋ-ਦੋ ਮੋਟਰਸਾਈਕਲ ਸ਼ਾਮਲ ਸਨ। ਇਸ ਮਾਰਚ ਦਾ ਮੁੱਖ ਮਕਸਦ ਆਮ ਲੋਕਾਂ, ਵਪਾਰੀਆਂ, ਦੁਕਾਨਦਾਰਾਂ ਤੇ ਹਰ ਤਰ੍ਹਾਂ ਦੇ ਕਿਰਤੀਆਂ ਨੂੰ ਤੇ ਕਿਸਾਨਾਂ, ਮਜ਼ਦੂਰਾਂ ਨੂੰ ਮੋਦੀ ਸਰਕਾਰ ਦੇ ਕਾਰਪੋਰੇਟ ਪੱਖੀ ਲਿਆਂਦੇ ਜਾ ਰਹੇ ਨਵੇਂ ਤੇ ਕਾਲੇ ਕਾਨੂੰਨਾਂ ਬਾਰੇ ਜਾਗ੍ਰਿਤ ਕਰਨਾ ਤੇ 11 ਫਰਵਰੀ ਨੂੰ ਦਿੱਲੀ ਮੋਰਚੇ ਵੱਲ ਜਾਣ ਵਾਸਤੇ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਮਾਰਚ ਨੂੰ ਸੰਬੋਧਨ ਕਰਦਿਆਂ ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਦੁੱਗਲਵਾਲਾ ਤੇ ਜਨਰਲ ਸਕੱਤਰ ਬਲਜਿੰਦਰ ਸਿੰਘ ਸੇਰੋਂ ਨੇ ਕਿਹਾ ਕਿ ਕੌਮਾਂਤਰੀ ਸਾਮਰਾਜੀ ਸੰਸਥਾਵਾਂ, ਵਿਸ਼ਵ ਵਪਾਰ ਸੰਸਥਾ, ਵਿਸ਼ਵ ਬੈਂਕ, ਕੌਮਾਂਤਰੀ ਮੁਦਰਾ ਫੰਡ ਦੇ ਦਬਾਅ ਹੇਠ ਕੰਮ ਕਰ ਰਹੀ ਮੋਦੀ ਸਰਕਾਰ ਵੱਲੋਂ ਕਰ ਮੁਕਤ ਵਪਾਰ ਸਮਝੌਤਾ ਲਾਗੂ ਕਰ ਦਿੱਤਾ ਗਿਆ ਹੈ ਜਿਸ ਤਹਿਤ ਕਣਕ ਦੀ ਫਸਲ ਤੋਂ 40% ਇੰਪੋਰਟ



ਡਿਊਟੀ ਹਟਾਈ ਗਈ ਹੈ ਜਿਸ ਨਾਲ ਆਉਣ ਵਾਲੇ ਸੀਜ਼ਨ ਦੌਰਾਨ ਆਉਣ ਵਾਲੀ ਕਣਕ ਦੀ ਫਸਲ ਦਾ ਭਾਅ 1400 ਤੋਂ 1500 ਰੁਪਏ ਕੁਇੰਟਲ ਰਹਿ ਜਾਵੇਗਾ। ਇਸ ਤਰ੍ਹਾਂ ਝੋਨੇ ਸਮੇਤ ਹੋਰ ਫਸਲਾਂ ਦਾ ਭਾਅ ਵੀ ਹੇਠਾਂ ਆਵੇਗਾ। ਕਣਕ, ਝੋਨੇ ਦੀ ਐੱਮਐੱਸਪੀ ਖਤਮ ਕਰਨ ਦੀ ਪੂਰੀ ਤਿਆਰੀ ਕੀਤੀ ਜਾ ਰਹੀ ਹੈ ਜਿਸ ਨਾਲ ਦੇਸ਼ ਦੇ 60 ਕਰੋੜ ਕਿਸਾਨਾਂ ਨੂੰ ਖੇਤੀ ਕਿੱਤੇ ਵਿਚੋਂ ਬਾਹਰ ਕਰਕੇ ਸਸਤੀ ਲੇਬਰ ਵਿਚ ਤਬਦੀਲ ਕਰਨਾ ਹੈ। ਮੋਦੀ ਸਰਕਾਰ ਵੱਲੋਂ ਪੰਜਾਬ ਦਾ 6 ਹਜ਼ਾਰ ਕਰੋੜ ਦਾ ਆਰ. ਡੀ. ਐੱਫ. ਬੰਦ ਕਰਨਾ ਇਸ ਗੱਲ ਦਾ ਸੰਕੇਤ ਹੈ ਕਿ ਮੋਦੀ ਸਰਕਾਰ ਵੱਲੋਂ ਪੁਰਾਣਾ ਮੰਡੀ ਢਾਂਚਾ ਤੋੜ ਕੇ ਮੰਡੀਆਂ ਦੀਆਂ ਜ਼ਮੀਨਾਂ ਉਤੇ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਕਰਵਾਉਣ ਤੇ ਪਿੰਡ ਉਜਾੜ ਕੇ ਨਵੇਂ ਸ਼ਹਿਰ ਵਸਾਉਣਾ ਹੈ। ਪੰਜਾਬ ਸਮੇਤ ਸਾਰੇ ਭਾਰਤ ਵਿੱਚ ਕਾਰਪੋਰੇਟ ਸੈਕਟਰ ਅਧੀਨ ਨਵੀਂ ਮੰਡੀ ਦੇ ਰੂਪ ਵਿੱਚ ਵੱਡੇ-ਵੱਡੇ ਸਾਇਲੋਜ ਬਣਾਏ ਜਾ ਰਹੇ ਹਨ, ਇਨ੍ਹਾਂ ਸਾਰੇ ਹਾਲਾਤ ਵਿੱਚ ਉੱਤਰ ਭਾਰਤ ਦੀਆਂ 18 ਜਥੇਬੰਦੀਆਂ ਅਤੇ ਸੰਯੁਕਤ ਮੋਰਚਾ ਗੈਰ-ਰਾਜਨੀਤਕ ਵੱਲੋਂ ਆਪਣੀ ਹੋਂਦ ਦੀ ਲੜਾਈ ਆਪਣੀਆਂ ਫਸਲਾਂ ਨਸਲਾਂ ਨੂੰ ਬਚਾਉਣ ਲਈ 11 ਫਰਵਰੀ 2024 ਨੂੰ ਦਿੱਲੀ ਕੂਚ ਕਰਨ ਤੇ ਪੱਕਾ ਮੋਰਚਾ ਲਗਾਉਣ ਦਾ ਐਲਾਨ ਕੀਤਾ ਹੈ। ਇਸ ਐਲਾਨ ਨੂੰ ਸਫਲ ਬਣਾਉਣ ਲਈ ਆਉ ਪੰਜਾਬ ਭਰ ਦੇ ਕਿਰਤੀਓ, ਕਾਮਿਓ ਦਿੱਲੀ ਦੇ ਚਾਰੇ ਪਾਸਿਓਂ ਹੱਲਾ ਬੋਲੀਏ ਤੇ ਇਕ ਵਾਰ ਫਿਰ ਦਿੱਲੀ ਤਖਤ ਦੇ ਦਲਾਲ ਹਾਕਮਾਂ ਨਾਲ ਆਰ-ਪਾਰ ਸੰਘਰਸ਼ ਕਰਕੇ ਜਿੱਤਾਂ ਪ੍ਰਾਪਤ ਕਰੀਏ।

## ਪਿਸਤੌਲ, ਮੈਗਜ਼ੀਨ ਤੇ ਜ਼ਿੰਦਾ ਰੌਂਦ ਸਮੇਤ ਦੋ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਦਰ ਗੁਰਦਾਸਪੁਰ ਪੁਲਸ ਦੇ ਏਐੱਸਆਈ ਸੋਹਣ ਲਾਲ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨੇ ਨਾਕਾ ਬੱਬਰੀ ਬਾਈਪਾਸ ਵਿਖੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ। ਇੱਕ ਕਾਰ ਨੰਬਰ ਪੀਬੀ..08.ਡੀ.ਐੱਲ.6307 ਮਾਰਕਾ ਆਈ.10 ਗਰੈਂਡ ਜੋ ਅੰਮ੍ਰਿਤਸਰ ਨੂੰ ਜਾ ਰਹੀ ਸੀ, ਵਿੱਚ ਵਿਸ਼ਾਲ ਕੁਮਾਰ ਵਿਸ਼ੂ ਪੁੱਤਰ ਸੁਭਾਸ਼ ਚੰਦਰ ਵਾਸੀ ਧਿਆਨਪੁਰ ਕੋਟਲੀ, ਸੁਖਰਾਜ ਸਿੰਘ ਸੇਠੀ ਪੁੱਤਰ ਮੋਹਣ ਸਿੰਘ ਵਾਸੀ ਕਾਲਾ ਨੰਗਲ ਥਾਣਾ ਸਦਰ ਬਟਾਲਾ ਸਵਾਰ ਸਨ। ਇਨ੍ਹਾਂ ਕਾਰ ਸਵਾਰਾਂ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਕਾਰ ਦੀ ਤਲਾਸ਼ੀ ਲਈ ਗਈ ਤਾਂ ਕਾਰ ਦੇ ਡੈਸ਼ ਬੋਰਡ ਵਿਚੋਂ ਇੱਕ ਪਿਸਟਲ 32 ਬੋਰ ਬਿਨਾਂ ਮਾਰਕਾ ਦੇਸੀ ਸਮੇਤ ਮੈਗਜ਼ੀਨ ਅਤੇ ਇੱਕ ਰੌਂਦ ਜ਼ਿੰਦਾ ਬ੍ਰਾਮਦ ਹੋਇਆ ਹੈ। ਪੁਲਸ ਨੇ ਉਕਤ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ ਹੈ।

## ਧਰਮੀ ਫੌਜੀ ਪ੍ਰਧਾਨ ਬਲਦੇਵ ਸਿੰਘ ਨੂੰ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਸਾਂਝਾ ਉਮੀਦਵਾਰ ਐਲਾਨਿਆ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸਾਬਕਾ ਸੈਨਿਕ ਐਕਸ਼ਨ ਗਰੁੱਪ ਰਜਿ. ਪੰਜਾਬ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਦੀ ਅਹਿਮ ਮੀਟਿੰਗ ਜਨਰਲ ਸਕੱਤਰ ਅਤੇ ਮਾਝਾ ਜ਼ੋਨ ਇੰਚਾਰਜ ਰਿਟਾ. ਸੂਬੇਦਾਰ ਹਰਭਜਨ ਸਿੰਘ ਦੀ ਅਗਵਾਈ ਹੇਠ ਪਿੰਡ ਮੁੱਗੋਸੋਹੀ ਵਿਖੇ ਹੋਈ। ਮੀਟਿੰਗ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਦੇ ਸੂਬਾ ਪ੍ਰਧਾਨ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਅਤੇ ਸੂਬਾ ਪ੍ਰਧਾਨ ਸਾਬਕਾ ਸੈਨਿਕ ਐਕਸ਼ਨ ਗਰੁੱਪ ਰਜਿ. ਪੰਜਾਬ/ਜ਼ਿਲ੍ਹਾ ਪ੍ਰਧਾਨ ਬਰਨਾਲਾ ਜਥੇਦਾਰ ਗੁਰਤੇਜ ਸਿੰਘ ਦਾਨਗੜ੍ਹ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਸਾਬਕਾ ਸੈਨਿਕ ਐਕਸ਼ਨ



ਗਰੁੱਪ ਰਜਿ. ਪੰਜਾਬ ਦੇ ਸੱਦੇ 'ਤੇ ਮੀਟਿੰਗ ਵਿੱਚ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਵੀ ਸਾਥੀ ਧਰਮੀ ਫੌਜੀਆਂ ਸਮੇਤ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਆਗੂਆਂ ਵੱਲੋਂ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤ, ਬੰਦੀ ਸਿੰਘਾਂ, ਬੇਅਦਬੀਆਂ ਅਤੇ ਜੂਨ 1984 ਦੌਰਾਨ ਹੋਏ ਫੌਜੀ ਹਮਲੇ ਆਦਿ ਦੇ ਮੁੱਦਿਆਂ 'ਤੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਅਤੇ ਸਾਬਕਾ ਸੈਨਿਕ ਐਕਸ਼ਨ ਗਰੁੱਪ ਪੰਜਾਬ ਵਲੋਂ ਧਰਮੀ ਫੌਜੀ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੂੰ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਆਪਣਾ ਸਾਂਝਾ ਉਮੀਦਵਾਰ ਐਲਾਨਿਆ ਗਿਆ। ਆਗੂਆਂ ਨੇ ਕਿਹਾ ਕਿ ਧਰਮੀ ਫੌਜੀਆਂ ਨੇ 1984 ਵਿੱਚ ਧਰਮ ਅਤੇ ਕੌਮ ਦੀ ਰੱਖਿਆ ਖਾਤਰ ਆਪਣੀ ਨੌਕਰੀਆਂ ਅਤੇ ਸੁੱਖ ਆਰਾਮ ਤਿਆਗ ਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਫੌਜ ਤੋਂ ਆਜ਼ਾਦ ਕਰਵਾਉਣ ਲਈ ਬੈਰਕਾਂ ਛੱਡ ਸ੍ਰੀ ਅੰਮ੍ਰਿਤਸਰ ਵੱਲ ਕੂਚ ਕੀਤਾ ਅਤੇ ਸਫਲਤਾ ਹਾਸਿਲ ਕੀਤੀ। ਉਨ੍ਹਾਂ ਕਿਹਾ ਕਿ ਹੁਣ ਦੇਸ਼ ਅਤੇ ਪੰਜਾਬ ਦੀ ਬਰਬਾਦੀ ਰੋਕਣ ਲਈ ਅਜਿਹੇ ਯੋਧਿਆਂ ਦੀਆਂ ਸੇਵਾਵਾਂ ਲੈਣੀਆਂ ਸਮੇਂ ਦੀ ਲੋੜ ਹੈ। ਇਸ ਮੌਕੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਪਾਰਟੀ ਹਾਈਕਮਾਨ ਅਤੇ ਸਾਬਕਾ ਸੈਨਿਕਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਜਿਹੜੀ ਉਮੀਦ ਨਾਲ ਭਰੋਸਾ ਕਰਕੇ ਉਨ੍ਹਾਂ ਨੂੰ ਗੁਰਦਾਸਪੁਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਐਲਾਨਿਆ ਹੈ ਵਾਹਿਗੁਰੂ ਜੀ ਦੀ ਮੇਹਰ ਸਦਕਾ ਮੈਂ ਉਨ੍ਹਾਂ ਉਮੀਦਾਂ 'ਤੇ ਪੂਰਾ ਉਤਰਾਂਗਾ। ਇਸ ਮੌਕੇ ਦਰਸ਼ਨ ਸਿੰਘ ਮਾਨੂੰਕੇ, ਕਸ਼ਮੀਰ ਸਿੰਘ ਨਵੰਦਾ, ਪ੍ਰਿਤਪਾਲ ਸਿੰਘ, ਬਲਵਿੰਦਰ ਸਿੰਘ, ਸੂਬੇਦਾਰ ਸੁਬੇਗ ਸਿੰਘ, ਸੂਬੇਦਾਰ ਗੁਰਦੇਵ ਸਿੰਘ, ਸੀ. ਮੀਤ ਪ੍ਰਧਾਨ ਰਣਧੀਰ ਸਿੰਘ, ਜ਼ਿਲ੍ਹਾ ਪ੍ਰਧਾਨ ਗੁਲਜ਼ਾਰ ਸਿੰਘ, ਸੂਬੇਦਾਰ ਮੇਜਰ ਬਲਵਿੰਦਰ ਸਿੰਘ, ਕੈਪਟਨ ਜਰਨੈਲ ਸਿੰਘ, ਇਕਬਾਲ ਸਿੰਘ ਹਾਜ਼ਰ ਸਨ।

## ਡਾ. ਇੰਦਰਬੀਰ ਸਿੰਘ ਨਿੱਜਰ ਦੀ ਧਿਰ ਨੇ ਨਾਮਜ਼ਦਗੀ ਪੱਤਰ ਭਰੇ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਭਾਈ ਵੀਰ ਸਿੰਘ ਜੀ ਦੇ ਆਦਰਸ਼ਾਂ ਨੂੰ ਸਮਰਪਿਤ ਡਾ. ਇੰਦਰਬੀਰ ਸਿੰਘ ਨਿੱਜਰ ਦੀ ਧਿਰ ਵੱਲੋਂ ਅੱਜ ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਸਥਾਪਿਤ ਚੋਣ ਦਫ਼ਤਰ ਵਿਚ ਚੀਫ਼ ਖ਼ਾਲਸਾ ਦੀਵਾਨ ਦੇ ਵੱਖ-ਵੱਖ ਅਹੁਦਿਆਂ ਦੀ ਜਨਰਲ ਚੋਣਾਂ ਲਈ ਨਾਮਜ਼ਦਗੀਆਂ ਭਰੀਆਂ ਗਈਆਂ ਜਿਸ ਤਹਿਤ ਡਾ. ਇੰਦਰਬੀਰ ਸਿੰਘ ਨਿੱਜਰ ਵੱਲੋਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸੰਤੋਖ ਸਿੰਘ ਸੇਠੀ ਅਤੇ ਜਗਜੀਤ ਸਿੰਘ ਵੱਲੋਂ ਮੀਤ ਪ੍ਰਧਾਨ ਦੇ ਦੋ ਅਹੁਦਿਆਂ ਲਈ,.ਕੁਲਜੀਤ ਸਿੰਘ ਸਾਹਨੀ ਵੱਲੋਂ ਸਥਾਨਕ ਪ੍ਰਧਾਨ ਦੇ ਅਹੁਦੇ ਲਈ, ਸਵਿੰਦਰ ਸਿੰਘ ਕੱਥੂਨੰਗਲ ਅਤੇ ਅਜੀਤ ਸਿੰਘ ਬਸਰਾ ਵੱਲੋਂ ਆਨਰੇਰੀ ਸਕੱਤਰ ਦੇ ਦੋ ਅਹੁਦਿਆਂ ਲਈ ਨਾਮਜ਼ਦਗੀ ਪੱਤਰ ਭਰੇ ਗਏ। ਨਾਮਜ਼ਦਗੀ ਪੱਤਰ ਭਰਨ ਤੋਂ ਪਹਿਲਾਂ ਉਮੀਦਵਾਰ ਗੁਰੂ ਸਾਹਿਬ ਦਾ ਓਟ ਆਸਰਾ ਲੈਣ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋਏ। ਇਸ ਮੌਕੇ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਅਸੀਂ ਸਰਬ-ਉੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਹਮੇਸ਼ਾ ਸਮਰਪਿਤ ਰਹੇ ਹਾਂ ਅਤੇ ਅੱਗੋਂ ਵੀ ਰਹਾਂਗੇ। ਉਨ੍ਹਾਂ ਨੇ ਕਿਹਾ ਕਿ ਅਕਾਲ ਪੁਰਖ ਸਾਨੂੰ ਆਪਣੀਆਂ ਰਹਿਮਤਾਂ ਦੇ ਸਾਏ ਵਿਚ ਲੈ ਕੇ ਸਫਲਤਾਵਾਂ ਬਖ਼ਸ਼ਣ ਤਾਂ ਜੋ ਅਸੀਂ ਭਾਈ ਵੀਰ ਸਿੰਘ ਜੀ ਦੇ ਆਦਰਸ਼ਾਂ ਨੂੰ ਆਪਣੀ ਮਿਹਨਤ ਅਤੇ ਸੇਵਾ ਨਾਲ ਸਫਲ ਅਤੇ ਸਾਰਥਿਕ ਬਣਾ ਸਕੀਏ। ਚੋਣ ਦਫ਼ਤਰ ਵਿਚ ਨਾਮਜ਼ਦਗੀ ਲਈ ਸਾਰੀਆਂ ਸ਼ਰਤਾਂ ਪੂਰੀਆਂ ਕਰਦੇ ਹੋਏ ਉਮੀਦਵਾਰਾਂ ਨੇ ਰਿਟਰਨਿੰਗ ਅਫ਼ਸਰ ਇੰਜੀ. ਜਸਪਾਲ ਸਿੰਘ, ਪ੍ਰੋ. ਸੁਖਬੀਰ ਸਿੰਘ, ਐਡਵੋਕੇਟ ਇੰਦਰਜੀਤ ਸਿੰਘ ਅੜੀ ਨੂੰ ਆਪੋ-ਆਪਣੇ ਨਾਮਜ਼ਦਗੀ ਪੱਤਰ ਸੌਂਪੇ।

## ਪ੍ਰੈਸ਼ਰ ਹਾਰਨਾਂ ਕਾਰਨ ਲੋਕਾਂ ਦਾ ਜਿਊਣਾ ਮੁਹਾਲ, ਟਰੈਫ਼ਿਕ ਵਿਭਾਗ ਖਾਮੋਸ਼ !

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅੰਦਰ ਉੱਚੀ-ਉੱਚੀ ਆਵਾਜ਼ ਵਿਚ ਵੱਜਦੇ ਪ੍ਰੈਸ਼ਰ ਹਾਰਨਾਂ ਨੇ ਲੋਕਾਂ ਦਾ ਬੁਰਾ ਹਾਲ ਕੀਤਾ ਹੋਇਆ ਹੈ। ਮਾਨਯੋਗ ਸੁਪਰੀਮ ਦੇ ਹੁਕਮਾਂ ਨੂੰ ਟਿੱਚ ਸਮਝਦਿਆਂ ਪ੍ਰੈਸ਼ਰ ਹਾਰਨਾਂ ਦੀ ਵਰਤੋਂ ਸ਼ਰੇਆਮ ਜਾਰੀ ਹੈ। ਇਸ ਪਾਸੇ ਪ੍ਰਸ਼ਾਸਨ ਵੱਲੋਂ ਕੋਈ ਗੰਭੀਰਤਾ ਨਹੀਂ ਦਿਖਾਈ ਜਾ ਰਹੀ। ਸ਼ਹਿਰ ਗੁਰਦਾਸਪੁਰ ਜੋ ਇਕ ਸੰਘਣੀ ਵਸੋਂ ਵਾਲਾ ਖੇਤਰ ਹੈ ਅਤੇ ਹਜ਼ਾਰਾਂ ਦੀ ਗਿਣਤੀ ਵਿਚ ਇੱਥੋਂ ਰੋਜ਼ਾਨਾ ਵਾਹਨਾਂ ਗੁਜ਼ਰਦੇ ਹਨ। ਸ਼ਹਿਰ ਅੰਦਰ ਟਰੈਫ਼ਿਕ ਸਮੱਸਿਆ ਵੀ ਇਸ ਸਮੇਂ ਗੰਭੀਰ ਬਣੀ ਹੋਈ ਹੈ। ਟਰੈਫ਼ਿਕ ਵਿਚ ਫਸੇ ਵੱਡੇ ਵਾਹਨ ਜਿਵੇਂ ਕਿ ਕੁਝ ਬੱਸਾਂ, ਗੱਡੀਆਂ, ਟਿੱਪਰ, ਮੋਟਰਸਾਈਕਲ ਅਤੇ ਟਰੱਕਾਂ ਵਾਲੇ ਬਿਨਾਂ ਕਿਸੇ ਡਰ ਤੋਂ ਲਾਈਨਾਂ ਵਿਚ ਲੱਗੇ ਉੱਚੀ-ਉੱਚੀ ਆਵਾਜ਼ ਵਿਚ ਪ੍ਰੈਸ਼ਰ ਹਾਰਨ ਸ਼ਰੇਆਮ ਵਜਾਉਂਦੇ ਹਨ ਜਿਨ੍ਹਾਂ ਨੂੰ ਕੋਈ ਵੀ ਪੁੱਛਣ ਵਾਲਾ ਨਹੀਂ। ਹੈਰਾਨੀ ਦੀ ਗੱਲ ਹੈ ਕਿ ਇਨ੍ਹਾਂ ਪ੍ਰੈਸ਼ਰ ਹਾਰਨਾਂ ਦੀ ਆਵਾਜ਼ ਕਈ ਕਿਲੋਮੀਟਰ ਤੱਕ ਪਹੁੰਚਦੀ ਹੈ ਪਰ ਪੁਲਸ ਨਾਕਿਆਂ ਦੇ ਨਜ਼ਦੀਕ ਵੱਜਦੇ ਹਾਰਨਾਂ ਦੀ ਆਵਾਜ਼ ਟਰੈਫ਼ਿਕ ਪੁਲਸ ਅਧਿਕਾਰੀਆਂ ਤੱਕ ਨਹੀਂ ਪਹੁੰਚਦੀ। ਪ੍ਰੈਸ਼ਰ ਹਾਰਨਾਂ ਦਾ ਵੱਜਣਾ ਮੁਕੇਰੀਆਂ ਸ਼ਹਿਰ ਅੰਦਰ ਤਾਂ ਹੋਰ ਵੀ ਚਰਮ ਸੀਮਾ 'ਤੇ ਹੈ। ਲੋਕਾਂ ਨੇ ਸਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਸ਼ਹਿਰ ਅੰਦਰ ਉੱਚੀ-ਉੱਚੀ ਕੰਨਪਾੜਵੀਂ ਆਵਾਜ਼ ਵਿਚ ਪ੍ਰੈਸ਼ਰ ਹਾਰਨ ਮਾਰਨ ਵਾਲਿਆਂ 'ਤੇ ਸਖ਼ਤੀ ਨਾਲ ਸ਼ਿਕੰਜਾ ਕੱਸਿਆ ਜਾਵੇ ਤਾਂ ਕਿ ਲੋਕਾਂ ਨੂੰ ਆ ਰਹੀ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।

## ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਦੇ ਵਿਦਿਆਰਥੀਆਂ ਦਾ ਵਿੱਦਿਅਕ ਟੂਰ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**



ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮੁਫ਼ਤ ਵਿੱਦਿਅਕ ਟੂਰ ਕਰਵਾਏ ਜਾ ਰਹੇ ਹਨ। ਰਾਜ ਸਰਕਾਰ ਦੇ ਇਨ੍ਹਾਂ ਆਦੇਸ਼ਾਂ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਡੇਰਾ ਬਾਬਾ ਨਾਨਕ ਵੱਲੋਂ ਨੌਂਵੀ ਤੋਂ ਬਾਰਵੀਂ ਜਮਾਤ ਵਿੱਚ ਪੜ੍ਹਦੇ 150 ਵਿਦਿਆਰਥੀਆਂ ਨੂੰ 3 ਬੱਸਾਂ ਰਾਹੀਂ ਸਟੱਡੀ ਟੂਰ ਦੌਰਾਨ ਖਾਲਸਾ ਕਾਲਜ ਆਫ ਵੈਟਰਨਰੀ ਐਂਡ ਐਨੀਮਲ ਸਾਇੰਸ ਅੰਮ੍ਰਿਤਸਰ ਵਿਖੇ ਉਚੇਰੀ ਸਿੱਖਿਆਂ ਸੰਸਥਾਨ ਦਾ ਦੌਰਾ ਕਰਵਾਇਆਂ ਗਿਆ। ਇਸ ਟੂਰ ਦੌਰਾਨ ਵਿਦਿਆਰਥੀਆਂ ਨੇ ਕਾਲਜ ਵਿਖੇ 10+2 ਜਮਾਤ ਤੋਂ ਬਾਅਦ ਕਰਵਾਏ ਜਾਣ ਵਾਲੇ ਵੱਖ-ਵੱਖ ਕੋਰਸਾਂ ਦੀ ਜਾਣਕਾਰੀ ਹਾਸਲ ਕੀਤੀ। ਵੱਖ-ਵੱਖ ਕਿਸਮ ਦੇ ਪਾਲਤੂ ਪਸ਼ੂ ਦੇਖੇ ਅਤੇ ਉਨ੍ਹਾਂ ਨੂੰ ਪਾਲਣ ਤੇ ਦੇਖਭਾਲ ਕਰਨ ਬਾਰੇ ਵਿਸਥਾਰ ਸਹਿਤ ਜਾਣਕਾਰੀ ਹਾਸਲ ਕੀਤੀ। ਵਿੱਦਿਅਕ ਟੂਰ ਉੱਪਰ ਗਏ ਵਿਦਿਆਰਥੀਆਂ ਨੇ ਇਸ ਟੂਰ ਦਾ ਖੂਬ ਆਨੰਦ ਮਾਣਿਆ ਅਤੇ ਆਪਣੇ ਤਜਰਬੇ ਸਾਂਝੇ ਕਰਦਿਆਂ ਵਿਦਿਆਰਥੀ ਮਨਿੰਦਰ ਨੇ ਕਿਹਾ ਕਿ ਉਨ੍ਹਾਂ ਨੇ ਵਿੱਦਿਅਕ ਟੂਰ ਦੌਰਾਨ ਪਹਿਲੀ ਵਾਰੀ ਉਚੇਰੀ ਸਿੱਖਿਆ ਸੰਸਥਾਨ ਨੂੰ ਨੇੜੇ ਤੋਂ ਦੇਖਿਆ ਹੈ ਅਤੇ ਕੁਝ ਨਵਾਂ ਜਾਨਣ ਤੇ ਸਿੱਖਣ ਨੂੰ ਮਿਲਿਆ ਹੈ। ਉਨ੍ਹਾਂ ਇਸ ਵਿੱਦਿਅਕ ਟੂਰ ਲਈ ਆਪਣੇ ਸਕੂਲ ਦੇ ਪ੍ਰਿੰ. ਬਿਕਰਮਜੀਤ ਸਿੰਘ ਚਾਹਲ, ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸੇ ਦੌਰਾਨ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰ. ਬਿਕਰਮਜੀਤ ਸਿੰਘ ਚਾਹਲ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਕੂਲ ਵਿੱਚ ਪੜ੍ਹਦੇ ਸਮੂਹ ਵਿਦਿਆਰਥੀਆਂ ਦੇ ਮੁਫ਼ਤ ਵਿੱਦਿਅਕ ਟੂਰ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿੱਦਿਅਕ ਟੂਰ ਨੂੰ ਲੈ ਕੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਮੈਡਮ ਪਰਮਿੰਦਰ ਕੌਰ, ਬਲਜਿੰਦਰ ਸਿੰਘ, ਮੈਡਮ ਸੋਨੀਆ, ਮੈਡਮ ਮਮਤਾ, ਮੈਡਮ ਰਾਜਬੀਰ ਕੌਰ, ਹਰਜੋਤ ਸਿੰਘ, ਅਨਿਲ ਕੁਮਾਰ ਡੀ. ਪੀ., ਮੈਡਮ ਮਨਦੀਪ ਕੌਰ, ਮੈਡਮ ਅਮਨਦੀਪ ਕੌਰ, ਮੈਡਮ ਰੋਹਨੀ, ਰਮੇਸ਼ ਅਵਸਥੀ, ਮੈਡਮ ਅਨੀਤਾ, ਮੈਡਮ ਮਨਿੰਦਰ ਕੌਰ, ਅਵਤਾਰ ਸਿੰਘ ਆਦਿ ਸਟਾਫ ਮੈਂਬਰ ਹਾਜ਼ਰ ਸਨ।

## ਪੰਜਾਬ ਬਚਾਓ ਯਾਤਰਾ ਨੂੰ ਅੰਮ੍ਰਿਤਸਰ 'ਚ ਇਤਿਹਾਸਕ ਹੁੰਗਾਰਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਬਚਾਓ ਯਾਤਰਾ ਨੂੰ ਪਵਿੱਤਰ ਨਗਰੀ ਵਿਚ ਇਤਿਹਾਸਕ ਹੁੰਗਾਰਾ ਮਿਲਿਆ ਅਤੇ ਹਜ਼ਾਰਾਂ ਲੋਕ ਯਾਤਰਾ ਵਿਚ ਸ਼ਾਮਲ ਹੋ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਮਿਲੇ। ਇਸ ਮੌਕੇ ਸਮਾਜ ਦੇ ਕਮਜ਼ੋਰ ਵਰਗਾਂ ਦੇ ਲੋਕ ਵੀ ਸ਼ਾਮਲ ਸਨ ਜਿਨ੍ਹਾਂ ਨੇ ਪਿਛਲੀ ਅਕਾਲੀ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਸਮਾਜ ਭਲਾਈ ਸਕੀਮਾਂ ਦਾ ਲਾਭ ਨਾ ਦੇਣ 'ਤੇ ਕਾਂਗਰਸ ਤੇ ਆਮ



ਆਦਮੀ ਪਾਰਟੀ (ਆਪ) ਸਰਕਾਰਾਂ ਖਿਲਾਫ ਰੋਸ ਪ੍ਰਗਟ ਕੀਤਾ। ਕੇਸਰੀ ਨਿਸ਼ਾਨ ਦੇ ਸਮੁੰਦਰ ਤੇ 'ਉਠੋ ਵੀ ਸ਼ੇਰ ਪੰਜਾਬੀਓ, ਪੰਜਾਬ ਬਚਾ ਲੋ' ਗੀਤ ਦੀ ਆਵਾਜ਼ ਦੇ ਮੱਦੇਨਜ਼ਰ ਅਕਾਲੀ ਦਲ ਦੇ ਪ੍ਰਧਾਨ ਲੋਕਾਂ ਨੂੰ ਗਰਮਜੋਸ਼ੀ ਨਾਲ ਮਿਲੇ ਜਿਨ੍ਹਾਂ ਨੇ ਉਨ੍ਹਾਂ 'ਤੇ ਫੁੱਲ ਪੱਤੀਆਂ ਦੀ ਵਰਖਾ ਕੀਤੀ ਅਤੇ ਹਾਰ ਪਾਏ। ਪਾਰਟੀ ਪ੍ਰਧਾਨ ਨੇ ਅੱਜ ਸ਼ਹਿਰ ਦੇ ਪੰਜ ਵਿਧਾਨ ਸਭਾ ਹਲਕਿਆਂ ਦਾ ਦੌਰਾ ਕੀਤਾ। ਇਸ ਮੌਕੇ ਸੀਨੀਅਰ ਆਗੂ ਅਨਿਲ ਜੋਸ਼ੀ, ਬਿਕਰਮ ਸਿੰਘ ਮਜੀਠੀਆ, ਤਲਬੀਰ ਸਿੰਘ ਗਿੱਲ, ਸੁਰਜੀਤ ਸਿੰਘ ਪਹਿਲਵਾਨ ਅਤੇ ਗੁਰਪ੍ਰੀਤ ਸਿੰਘ ਰੰਧਾਵਾ ਵੀ ਯਾਤਰਾ ਵਿਚ ਸ਼ਾਮਲ ਸਨ।

## ਕਾਰ ਦੀ ਲਪੇਟ 'ਚ ਆਉਣ ਨਾਲ ਵਿਅਕਤੀ ਦੀ ਮੌਤ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਕਾਰ ਦੀ ਲਪੇਟ ਵਿਚ ਆਉਣ ਨਾਲ ਇੱਕ ਵਿਅਕਤੀ ਦੀ ਮੌਤ ਹੋ ਜਾਣ 'ਤੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬਿਕਰਮਜੀਤ ਸਿੰਘ ਪੁੱਤਰ ਵੱਸਣ ਸਿੰਘ ਵਾਸੀ ਅਮੀਪੁਰ ਨੇ ਦੱਸਿਆ ਕਿ 05.02.24 ਨੂੰ ਮੇਰਾ ਪਿਤਾ ਵੱਸਣ ਸਿੰਘ ਪੁੱਤਰ ਬਾਵਾ ਸਿੰਘ ਵਾਸੀ ਅਮੀਪੁਰ ਸਾਈਕਲ 'ਤੇ ਆਪਣੀ ਜ਼ਮੀਨ ਵੱਲ ਜਾ ਰਿਹਾ ਸੀ ਕਿ ਵਕਤ ਕਰੀਬ ਸ਼ਾਮ 5.20 ਮੇਰਾ ਪਿਤਾ ਪੁਲ ਅਮੀਪੁਰ ਸਾਈਕਲ ਲੈ ਕੇ ਇੱਕ ਸਾਈਡ ਖੜ੍ਹੇ ਸੀ ਕਿ ਕਲਾਨੌਰ ਸਾਈਡ ਤੋਂ ਇੱਕ ਕਾਰ ਗ੍ਰੇਅ ਜਿਸ ਦਾ ਨੰਬਰ 7440 ਪੜ੍ਹਿਆ ਗਿਆ, ਨੂੰ ਨਾਮਲੂਮ ਵਿਅਕਤੀ ਚਲਾ ਰਿਹਾ ਸੀ ਜਿਸ ਨੇ ਆਪਣੀ ਤੇਜ਼ ਰਫਤਾਰ ਕਾਰ ਮੇਰੇ ਪਿਤਾ ਵਿੱਚ ਮਾਰ ਦਿੱਤੀ ਜਿਸ ਨਾਲ ਮੇਰੇ ਪਿਤਾ ਦੇ ਸਿਰ ਅਤੇ ਹੋਰ ਸਰੀਰ 'ਤੇ ਸੱਟਾਂ ਲੱਗਣ ਕਰਕੇ ਮੌਕੇ 'ਤੇ ਹੀ ਮੌਤ ਹੋ ਗਈ ਹੈ। ਪੁਲਸ ਨੇ ਨਾਮਲੂਮ ਕਾਰ ਚਾਲਕ ਖ਼ਿਲਾਫ਼ ਧਾਰਾ 304ਏ, 279, 427 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਗੁਰਦੁਆਰਾ ਬਾਬਾ ਭੂਪ ਸਿੰਘ ਵਿਖੇ ਦਸਤਾਰ ਤੇ ਦੁਮਾਲਾ ਮੁਕਾਬਲੇ ਅੱਜ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸ਼ਹੀਦ ਭਾਈ ਤਾਰੂ ਸਿੰਘ ਗੁਰਮਤ ਪ੍ਰਚਾਰ ਸੁਸਾਇਟੀ ਵੱਲੋਂ ਬਾਬਾ ਭੂਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੌਮ ਦੇ ਮਹਾਨ ਵਿਦਵਾਨ ਗਿਆਨੀ ਪਲਵਿੰਦਰ ਸਿੰਘ ਅਮਰੀਕਾ ਅਤੇ ਸਮੂਹ ਨੌਜਵਾਨ ਸਭਾ ਦੇ ਸਹਿਯੋਗ ਨਾਲ 8 ਫਰਵਰੀ ਨੂੰ ਗੁਰਦੁਆਰਾ ਬਾਬਾ ਭੂਪ ਸਿੰਘ ਜੀ ਦੇ ਸਾਹਮਣੇ ਸਜੇ ਪੰਡਾਲਾਂ ਵਿੱਚ ਬੱਚਿਆਂ ਦੇ ਦਸਤਾਰ ਅਤੇ ਦੁਮਾਲਾ ਮੁਕਾਬਲੇ ਕਰਵਾਏ ਜਾਣਗੇ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਭਾਈ ਹਰਜੀਤ ਸਿੰਘ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਹਰਚਰਨ ਸਿੰਘ ਉਬੋਕੇ, ਖਜਾਨਚੀ ਮਨਦੀਪ ਸਿੰਘ ਘੋਲੀਆਂ ਕਲਾਂ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਹੁੰਦਿਆਂ ਕੀਤਾ। ਇਸ ਮੌਕੇ ਦਸਤਾਰ ਕੋਚ ਹਰਪ੍ਰੀਤ ਸਿੰਘ, ਹਰਜੀਤ ਸਿੰਘ ਲਹਿਰੀ, ਆਕਾਸ਼ਦੀਪ ਸਿੰਘ, ਵਾਰਸਦੀਪ ਸਿੰਘ, ਭਾਈ ਬਾਜ ਸਿੰਘ ਬਾਹਮਣੀ ਵਾਲਾ, ਭਾਈ ਹਰਪਾਲ ਸਿੰਘ, ਭਾਈ ਤਰਸੇਮ ਸਿੰਘ ਬਾਹਮਣੀ ਵਾਲਾ, ਡਾਕਟਰ ਨਿਸ਼ਾਨ ਸਿੰਘ ਅਤੇ ਨੌਜਵਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ ਹਾਜ਼ਰ ਸਨ।

## ਮੈਕਸੀਕਨ ਕਲਾਕਾਰਾਂ ਨੇ ਵਿਖਾਏ ਕਲਾ ਦੇ ਜੌਹਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਵਿਖੇ ਮੈਕਸੀਕੋ ਤੋਂ ਆਏ ਕਲਾਕਾਰਾਂ ਨੇ ਆਪਣੀ ਵਿਰਾਸਤ ਦਾ ਇਕ ਸ਼ਾਨਦਾਰ ਨਮੂਨਾ ਪੇਸ਼ ਕਰਦਿਆਂ ਮੈਕਸੀਕਨ ਦੇਸ਼ ਦੇ ਰਵਾਇਤੀ ਲੋਕ ਨਾਚ ਅਤੇ ਗਾਇਕੀ ਨੂੰ ਸੁਨਹਿਰੇ ਢੰਗ ਨਾਲ ਪ੍ਰਦਰਸ਼ਿਤ ਕੀਤਾ। ਕਾਲਜ ਪ੍ਰਿੰਸੀਪਲ ਸ: ਨਾਨਕ ਸਿੰਘ ਦੇ ਸਹਿਯੋਗ ਨਾਲ ਗਵਰਨਿੰਗ ਕੌਂਸਲ ਅਤੇ ਪੰਜਾਬ ਕਲਚਰਲ ਪ੍ਰੋਮੋਸ਼ਨ ਕਾਊਂਸਲ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਇਸ ਪ੍ਰੋਗਰਾਮ ਦੌਰਾਨ ਦਰਸ਼ਕ ਉਸ ਵੇਲੇ ਝੂਮਣ ਤੋਂ ਬਿਨਾਂ ਨਾ ਰਹਿ ਸਕੇ ਜਦੋਂ ਪੰਜਾਬੀ ਕਲਾ ਦਾ ਸਾਂਝਾ ਨਮੂਨਾ ਉਕਤ ਵਿਦੇਸ਼ੀ ਆਏ ਕਲਾਕਾਰਾਂ ਅਤੇ ਸੰਸਥਾ ਦੇ ਵਿਦਿਆਰਥਣਾਂ ਨੇ ਮਿਲ ਕੇ ਸਟੇਜ 'ਤੇ ਪੇਸ਼ ਕੀਤਾ। ਇਸ ਤੋਂ ਪਹਿਲਾਂ ਪ੍ਰਿੰ: ਸ: ਨਾਨਕ ਸਿੰਘ ਨੇ ਆਏ ਮਹਿਮਾਨਾਂ ਵਫ਼ਦ ਕਲਾਕਾਰ ਡਾਂਸਰ/ਮੈਨੇਜਰ ਕੈਰੋਲੀਨਾ ਓਰਦਾਜ਼ ਔਰਟੀਜ਼, ਪੰਜਾਬ ਕਲਚਰਲ ਕੌਂਸਲ ਦੇ ਪ੍ਰਧਾਨ ਡਾ. ਦਵਿੰਦਰ ਸਿੰਘ ਛੀਨਾ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਵਿੱਦਿਅਕ ਅਦਾਰਿਆਂ 'ਚ ਅਜਿਹੇ ਪ੍ਰੋਗਰਾਮ ਹਮੇਸ਼ਾ ਕਰਵਾਉਣੇ ਚਾਹੀਦੇ ਹਨ ਤਾਂ ਕਿ ਵਿਦਿਆਰਥੀ ਇਕ ਦੂਸਰੇ ਮੁਲਕਾਂ ਦੇ ਵਿਰਸੇ ਨੂੰ ਜਾਣ ਸਕਣ ਅਤੇ ਸਮਝ ਸਕਣ।



## ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਸੁਖਮਨੀ ਸਾਹਿਬ ਦੇ ਪਾਠ ਆਰੰਭ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਛੇਵੇਂ ਮੁਖੀ ਅਤੇ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਜੋਂ ਨਿਰਭੈਤਾ ਨਾਲ ਸੇਵਾ ਨਿਭਾਉਣ ਵਾਲੇ ਅਕਾਲੀ ਬਾਬਾ ਫੂਲਾ ਸਿੰਘ ਜੀ ਦੀ ਦੂਜੀ ਸ਼ਹੀਦੀ ਸ਼ਤਾਬਦੀ ਦੇ ਗੁਰਮਤਿ ਸਮਾਗਮ ਦੇਸ਼ ਵਿਦੇਸ਼ਾਂ ਵਿੱਚ ਚੱਲ ਰਹੇ ਹਨ, ਦੀ ਸੰਪੂਰਨਤਾ 14 ਮਾਰਚ ਨੂੰ ਏਸੇ ਅਸਥਾਨ ਪੁਰ ਵਿਸ਼ਾਲ ਗੁਰਮਤਿ ਸਮਾਗਮਾਂ ਉਪਰੰਤ ਹੋਵੇਗੀ। ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਪ੍ਰੇਰਨਾ ਤੇ ਉਤਸ਼ਾਹ ਸਦਕਾ ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ, ਗੁ: ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਬੀਬੀਆਂ ਦੀਆਂ ਸੁਖਮਨੀ ਸੇਵਾ ਸੁਸਾਇਟੀਆਂ ਨੇ ਮੁੜ ਸੁਖਮਨੀ ਸਾਹਿਬ ਦਾ ਪਾਠ ਅਤੇ ਗੁਰਬਾਣੀ ਦੇ ਸ਼ਬਦ ਸੰਗਤੀ ਰੂਪ ਵਿੱਚ ਗਾਇਨ ਕਰਨੇ ਆਰੰਭ ਦਿੱਤੇ ਹਨ। ਬਾਬਾ ਬੋਤਾ ਸਿੰਘ ਬਾਬਾ ਗਰਜਾ ਸਿੰਘ ਸੁਖਮਨੀ ਸੇਵਾ ਸੁਸਾਇਟੀ ਦੀ ਮੁਖੀ ਬੀਬੀ ਹਰਪ੍ਰੀਤ ਕੌਰ ਅਤੇ ਬੀਬੀ ਤੇਜ ਕੌਰ ਦੀ ਅਗਵਾਈ ਵਿੱਚ ਸੁਖਮਨੀ ਸਾਹਿਬ ਪਾਠ ਦੇ ਜਾਪ ਅਤੇ ਸ਼ਬਦ ਕੀਰਤਨ ਕੀਤਾ ਗਿਆ। ਕੀਰਤਨ ਉਪਰੰਤ ਬੀਬੀ ਹਰਪ੍ਰੀਤ ਕੌਰ ਨੂੰ ਸਿਰੋਪਾਓ ਦੀ ਬਖਸ਼ਿਸ਼ ਬੁੱਢਾ ਦਲ ਵੱਲੋਂ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਦੇ ਕੇ ਸਨਮਾਨਿਤ ਕੀਤਾ ਗਿਆ।

## ਪ੍ਰੀਖਿਆਵਾਂ 'ਚ ਚੜ੍ਹਦੀ ਕਲਾ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਹਾਬਾਦ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਸਕੂਲ ਵਿੱਚ ਹਰ ਸਾਲ ਦੀ ਤਰ੍ਹਾਂ ਦਸਵੀਂ ਜਮਾਤ ਦੇ ਸਾਲਾਨਾ ਪੇਪਰ ਸ਼ੁਰੂ ਹੋਣ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲਿਆ ਗਿਆ। ਸੁਖਮਨੀ ਸਾਹਿਬ



ਜੀ ਦੇ ਪਾਠ ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਕੀਤੇ ਗਏ ਅਤੇ ਇਸ ਤੋਂ ਬਾਅਦ ਆਨੰਦ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਅਰਦਾਸ ਵਿੱਚ ਸਕੂਲ ਦੇ ਪ੍ਰਿੰਸੀਪਲ ਐਮਡੀ ਸੁਰਜੀਤ ਸਿੰਘ ਭਰੋਵਾਲ ਅਤੇ ਮੈਡਮ ਸੁਖਜੀਤ ਕੌਰ ਸਮੂਹ ਸਟਾਫ, ਵਿਦਿਆਰਥੀ ਅਤੇ ਵਿਦਿਆਰਥੀਆਂ ਦੇ ਮਾਤਾ-ਪਿਤਾ ਸ਼ਾਮਿਲ ਹੋਏ। ਸੁਰਜੀਤ ਸਿੰਘ ਭਰੋਵਾਲ ਨੇ ਵਿਦਿਆਰਥੀਆਂ ਨੂੰ ਮਿਹਨਤ ਕਰਕੇ ਚੰਗੇ ਅੰਕ ਪ੍ਰਾਪਤ ਕਰਨ ਦੀ ਸੇਧ ਦਿੱਤੀ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ -ਨਾਲ ਖੇਡਾਂ ਤੇ ਸੱਭਿਆਚਾਰਕ ਸਰਗਰਮੀਆਂ ਵਿੱਚ ਹਿੱਸਾ ਲੈਣਾ ਜ਼ਰੂਰੀ ਹੈ ਤਾਂ ਕਿ ਦਿਮਾਗੀ ਉੱਨਤੀ ਦੇ ਨਾਲ-ਨਾਲ ਸਰੀਰਕ ਉੱਨਤੀ ਵੱਲ ਪੂਰਾ ਧਿਆਨ ਦਿੱਤਾ ਜਾਵੇ। ਇਸ ਤੋਂ ਬਾਅਦ ਚਾਹ ਦੇ ਲੰਗਰ ਤਿਆਰ ਸੀ ਜਿਸ ਵਿੱਚ ਸਕੂਲ ਵਿੱਚ ਆਏ ਮਹਿਮਾਨਾਂ ਤੇ ਵਿਦਿਆਰਥੀਆਂ ਨੂੰ ਚਾਹ ਦਾ ਲੰਗਰ ਛਕਾਇਆ ਗਿਆ।

## ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗੀ ਮਾਰਨ ਵਾਲੇ ਏਜੰਟ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਇਹ ਮੁਕੱਦਮਾ ਦਰਖਾਸਤ ਨੰਬਰ 2648 ਐੱਸਪੀ (ਐੱਚਕਿਊ) 27.07.23 ਬਾਅਦ ਇਨਕੁਆਰੀ ਉਪ ਕਪਤਾਨ ਪੁਲਸ ਸਥਾਨਕ ਗੁਰਦਾਸਪੁਰ ਦਰਜ ਰਜਿਸਟਰ ਕੀਤਾ ਗਿਆ ਹੈ। ਪੁਲਸ ਨੇ ਜਾਂਚ ਦੌਰਾਨ ਪਾਇਆ ਕਿ ਮਨਿੰਦਰਜੀਤ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਗੋਹਤ ਪੋਖਰ ਨੇ ਫਰਾਂਸ ਭੇਜਣ ਲਈ ਬਿਕਰਮ ਸਿੰਘ ਪੁੱਤਰ ਸਤੀਲ ਸਿੰਘ ਵਾਸੀ ਗਿੱਦੜ ਪਿੰਡੀ ਕੋਲੋਂ 4 ਲੱਖ ਰੁਪਏ ਲਏ ਸਨ ਪਰ ਦੋਸ਼ੀ ਨੇ ਨਾ ਤਾਂ ਬਿਕਰਮ ਸਿੰਘ ਨੂੰ ਫਰਾਂਸ ਭੇਜਿਆ ਅਤੇ ਨਾ ਹੀ ਉਸ ਦੇ ਪੈਸੇ ਵਾਪਿਸ ਕੀਤੇ ਹਨ। ਪੁਲਸ ਨੇ ਮਨਜਿੰਦਰ ਸਿੰਘ ਦੇ ਖ਼ਿਲਾਫ਼ ਧਾਰਾ 420 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਸ਼ਹਿਰੀ ਖੇਤਰ 'ਚ ਐੱਨ ਓ ਸੀ ਦੀ ਸ਼ਰਤ ਖ਼ਤਮ ਕਰਨਾ ਸ਼ਲਾਘਾਯੋਗ ਫੈਸਲਾ : ਸੇਖਵਾਂ

**ਗੁਰਦਾਸਪੁਰ, (ਜਨਕ ਮਹਾਜਨ, ਦਿਨੇਸ਼ ਕੁਮਾਰ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਿੱਥੇ ਲਗਾਤਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ



ਇਤਿਹਾਸਿਕ ਫੈਸਲੇ ਕੀਤੇ ਜਾ ਰਹੇ ਹਨ ਉੱਥੇ ਰਾਜ ਨੂੰ ਸਿੱਖਿਆ, ਸਿਹਤ ਅਤੇ ਵਿਕਾਸ ਪੱਖੋਂ ਮੋਹਰੀ ਸੂਬਾ ਬਣਾਉਣ ਲਈ ਲਗਾਤਾਰ ਉਪਰਾਲੇ ਜਾਰੀ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਜਨਰਲ ਸਕੱਤਰ ਆਮ ਆਦਮੀ ਪਾਰਟੀ ਪੰਜਾਬ ਜਗਰੂਪ ਸਿੰਘ ਸੇਖਵਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ਹਿਰੀ ਖੇਤਰ ਵਿਚ ਹੋਣ ਵਾਲੀ ਰਜਿਸਟਰੀ ਲਈ ਐੱਨਓਸੀ ਦੀ ਸ਼ਰਤ ਹਟਾਉਣ ਦੇ ਫੈਸਲੇ ਨੂੰ ਲੈ ਕੇ ਖੁਸ਼ੀ ਜ਼ਾਹਿਰ ਕਰਦਿਆਂ ਕੀਤਾ। ਸੇਖਵਾਂ ਨੇ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਵੇਲੇ ਲੋੜਵੰਦ ਲੋਕਾਂ ਦੇ ਆਟਾ ਦਾਲ ਸਕੀਮ ਦੇ ਰਾਸ਼ਨ ਕਾਰਡਾਂ ਵਿਚ ਕੀਤੀ ਕਟੌਤੀ ਨੂੰ ਰਾਜ ਸਰਕਾਰ ਵਲੋਂ ਮੁੜ ਤੋਂ ਬਹਾਲ ਕਰਕੇ ਲੋੜਵੰਦਾਂ ਗਰੀਬਾਂ ਨੂੰ ਬਹੁਤ ਵੱਡਾ ਲਾਭ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਸੂਬੇ ਭਰ ਵਿਚ ਹਰੇਕ ਸਬ ਡਵੀਜ਼ਨ ਪੱਧਰ 'ਤੇ 4 ਕੈਂਪ ਲਗਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਕੈਂਪ ਲੋਕਾਂ ਲਈ ਲਾਹੇਵੰਦ ਸਾਬਿਤ ਹੋਣਗੇ ਅਤੇ ਪਿੰਡਾਂ ਅਤੇ ਸ਼ਹਿਰੀ ਖੇਤਰ ਦੇ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਰਾਜ ਸਰਕਾਰ ਦਾ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਧੰਨਵਾਦ ਕੀਤਾ ਹੈ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ ਵਿਖੇ 'ਕਿਸਮੇਂ ਕਿਤਨਾ ਹੈ ਦਮ' ਦਾ ਆਡੀਸ਼ਨ ਕਰਵਾਇਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ 'ਕਿਸਮੇਂ ਕਿਤਨਾ ਹੈ ਦਮ' ਮਲਟੀ ਟੇਲੈਂਟ ਟੀ. ਵੀ. ਰਿਐਲਿਟੀ ਸ਼ੋਅ ਦਾ ਆਡੀਸ਼ਨ ਕਰਵਾਇਆ। ਡੀ. ਡੀ. ਪੰਜਾਬੀ ਚੈਨਲ ਵੱਲੋਂ ਆਯੋਜਿਤ ਇਸ ਰਿਐਲਿਟੀ ਸ਼ੋਅ ਦੇ ਡਾਇਰੈਕਟਰ ਵਰੁਣ ਬੰਸਲ ਹਨ। ਇਸ ਆਡੀਸ਼ਨ ਦੌਰਾਨ ਡਰਾਇੰਗ, ਗੀਤ-ਸੰਗੀਤ, ਐਕਟਿੰਗ, ਮਾਡਲਿੰਗ, ਯੋਗਾ, ਸ਼ਬਦ, ਪੰਜਾਬੀ ਲੋਕ-ਨਾਚ ਆਦਿ ਦੇ ਆਡੀਸ਼ਨ ਕਰਵਾਏ ਗਏ। ਆਡੀਸ਼ਨ ਦੇਣ ਆਏ ਬੱਚਿਆਂ ਦੇ ਮਾਤਾ-ਪਿਤਾ ਨੇ ਸਕੂਲ ਦਾ ਦੌਰਾ ਕੀਤਾ ਸਕੂਲ ਦੀ ਪ੍ਰਸ਼ੰਸਾ ਕੀਤੀ। ਪ੍ਰਿੰ. ਕਿਰਨ ਕੇਸਰ ਨੇ ਬੱਚਿਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਸਭ ਦੇ ਅੰਦਰ ਅਲੱਗ -ਅਲੱਗ ਹੁਨਰ ਜ਼ਰੂਰ ਹੁੰਦਾ ਹੈ ਜਿਸ ਨੂੰ ਨਿਖਾਰਨ ਦੀ ਜ਼ਰੂਰਤ ਹੈ। ਇਸ ਤਰ੍ਹਾਂ ਦੇ ਪ੍ਰੋਗਰਾਮ ਆਯੋਜਿਤ ਕਰਦੇ ਰਹਿਣਾ ਚਾਹੀਦਾ ਤਾਂ ਜੋ ਬੱਚੇ ਇਨ੍ਹਾਂ ਵਿੱਚ ਭਾਗ ਲੈ ਕੇ ਆਪਣੇ ਹੁਨਰ ਨੂੰ ਹੋਰ ਨਿਖਾਰ ਸਕਣ ਅਤੇ ਜ਼ਿੰਦਗੀ ਵਿੱਚ ਸਫਲਤਾ ਪ੍ਰਾਪਤ ਕਰਨ।

## ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ 'ਚ ਸਾਲਾਨਾ ਅਰਦਾਸ ਸਮਾਗਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਖਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਸਮੂਹ ਵਿਦਿਆਰਥਣਾਂ ਵੱਲੋਂ ਸਾਲਾਨਾ ਪ੍ਰੀਖਿਆਵਾਂ 'ਚ ਬੈਠਣ ਤੋਂ ਪਹਿਲਾਂ ਜੁਗੋ ਜੁਗੋ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣ ਲਈ ਸਾਲਾਨਾ ਅਰਦਾਸ ਦਿਵਸ ਦਾ ਆਯੋਜਨ ਕੀਤਾ ਗਿਆ ਜਿਸ



'ਚ ਉਚੇਚੇ ਤੌਰ 'ਤੇ ਪੁੱਜੇ ਕੌਂਸਲ ਦੇ ਜੁਆਇੰਟ ਸਕੱਤਰ ਗੁਰਪ੍ਰੀਤ ਸਿੰਘ ਗਿੱਲ ਨੇ ਗੁਰ ਚਰਨਾਂ 'ਚ ਹਾਜ਼ਰੀ ਲਗਾਉਣ ਉਪਰੰਤ ਵਿਦਿਆਰਥਣਾਂ ਨੂੰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਕੇ ਚੰਗੇ ਨੰਬਰ ਲੈਣ ਲਈ ਉਤਸ਼ਾਹਿਤ ਕੀਤਾ। ਸਕੂਲ ਪ੍ਰਿੰ. ਪੁਨੀਤ ਕੌਰ ਨਾਗਪਾਲ ਦੀ ਦੇਖ ਹੇਠ ਆਯੋਜਿਤ ਇਸ ਧਾਰਮਿਕ ਸਮਾਗਮ 'ਚ ਸ੍ਰੀ ਜਪੁਜੀ ਸਾਹਿਬ ਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਵਿਦਿਆਰਥਣਾਂ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਮੌਕੇ ਖਾਲਸਾ ਕਾਲਜ (ਲੜਕੇ) ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਇੰਦਰਜੀਤ ਸਿੰਘ ਗੋਗੋਆਣੀ ਨੇ ਬੱਚਿਆਂ ਤੇ ਸਟਾਫ ਨੂੰ ਪ੍ਰਮਾਤਮਾ ਨਾਲ ਜੁੜੇ ਰਹਿਣ ਦਾ ਉਪਦੇਸ਼ ਦਿੰਦਿਆਂ ਇਮਤਿਹਾਨਾਂ 'ਚੋਂ ਚੰਗੇ ਨੰਬਰ ਲੈ ਕੇ ਪਾਸ ਹੋਣ ਲਈ ਸ਼ੁਭ ਇਛਾਵਾਂ ਦਿੱਤੀਆਂ। ਪ੍ਰੋਗਰਾਮ ਮੌਕੇ ਸ: ਗਿੱਲ ਨੇ ਪ੍ਰਿੰ: ਨਾਗਪਾਲ ਨਾਲ ਮਿਲ ਕੇ ਸ਼ਬਦ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਿੰ: ਨਾਗਪਾਲ ਨੇ ਸਮੂਹ ਸਖਸ਼ੀਅਤਾਂ ਦਾ ਸਮਾਗਮ 'ਚ ਪਹੁੰਚਣ ਲਈ ਧੰਨਵਾਦ ਕੀਤਾ। ਪ੍ਰੋਗਰਾਮ ਮੌਕੇ ਕੌਂਸਲ ਦੇ ਜੁਆਇੰਟ ਸਕੱਤਰ ਲਖਵਿੰਦਰ ਸਿੰਘ ਢਿੱਲੋਂ, ਮੈਂਬਰ ਡਾ. ਸੁਖਬੀਰ ਕੌਰ ਮਾਹਲ, ਸਰਬਜੀਤ ਸਿੰਘ ਹੁਸ਼ਿਆਰ ਨਗਰ, ਖ਼ਾਲਸਾ ਕਾਲਜ ਫ਼ਾਰ ਵੂਮੈਨ ਪ੍ਰਿੰ. ਡਾ. ਸੁਰਿੰਦਰ ਕੌਰ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਪ੍ਰਿੰ. ਡਾ. ਹਰਪ੍ਰੀਤ ਕੌਰ, ਖ਼ਾਲਸਾ ਕਾਲਜ ਪਬਲਿਕ ਸਕੂਲ, ਹੇਰ ਪ੍ਰਿੰ. ਗੁਰਿੰਦਰਜੀਤ ਕੌਰ ਕੰਬੋਜ ਆਦਿ ਤੋਂ ਇਲਾਵਾ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥਣਾਂ ਹਾਜ਼ਰ ਸਨ। ਇਸ ਮੌਕੇ ਵਿਦਿਆਰਥਣਾਂ ਵੱਲੋਂ ਗੁਰੂ ਕੇ ਲੰਗਰ ਦੀ ਸੇਵਾ ਨਿਭਾਈ ਗਈ।

## ਹਰਦੀਪ ਸਿੰਘ ਨੇ ਬਤੌਰ ਐੱਸ ਡੀ ਐੱਮ ਚਾਰਜ ਸੰਭਾਲਿਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਅਸ਼ਵਨੀ ਅਰੋੜਾ ਐੱਸਡੀਐੱਮ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦਾ ਤਬਾਦਲਾ ਹੋਣ ਉਪਰੰਤ ਉਨ੍ਹਾਂ ਦੀ ਜਗ੍ਹਾ ਉਪਰ ਹਰਦੀਪ ਸਿੰਘ ਨੇ ਬਤੌਰ ਐੱਸਡੀਐੱਮ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦਾ ਚਾਰਜ ਸੰਭਾਲ ਕੇ ਕੰਮ ਸ਼ੁਰੂ ਕਰ ਦਿੱਤਾ ਹੈ। ਦੱਸਣਯੋਗ ਹੈ ਕਿ ਹਰਦੀਪ ਸਿੰਘ ਪਹਿਲਾਂ ਬਤੌਰ ਜਾਇੰਟ ਕਮਿਸ਼ਨਰ ਕਾਰਪੋਰੇਸ਼ਨ ਅੰਮ੍ਰਿਤਸਰ ਵਿਖੇ ਤਾਇਨਾਤ ਸਨ। ਡੇਰਾ ਬਾਬਾ



ਨਾਨਕ ਦਾ ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਦੀਪ ਸਿੰਘ ਨੇ ਕਿਹਾ ਕਿ ਉਹ ਮਾਣ ਮਹਿਸੂਸ ਕਰ ਰਹੇ ਹਨ ਕਿ ਉਨ੍ਹਾਂ ਨੂੰ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਵਿਖੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਦਫ਼ਤਰ ਨਾਲ ਸਬੰਧਤ ਕੰਮ ਕਰਵਾਉਣ ਲਈ ਲੋਕਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ। ਉਨ੍ਹਾਂ ਕਿਸੇ ਕੋਈ ਵੀ ਵਿਅਕਤੀ ਆਪਣੀ ਮੁਸ਼ਕਿਲ ਲੈ ਕੇ ਉਨ੍ਹਾਂ ਨੂੰ ਦਫ਼ਤਰ ਵਿਖੇ ਮਿਲ ਸਕਦਾ ਹੈ, ਉਸ ਦੀ ਮੁਸ਼ਕਿਲ ਦਾ ਤੁਰੰਤ ਹੱਲ ਕੀਤਾ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਦਾ ਸਹਿਯੋਗ ਕਰਨ। ਇਸ ਮੌਕੇ ਬਾਰ ਐਸੋਸੀਏਸ਼ਨ ਬਟਾਲਾ ਦੇ ਫਾਇਨਾਂਸ ਸੈਕਟਰੀ ਮਨਜਿੰਦਰ ਸਿੰਘ ਗੋਰਾਇਆ, ਐਡਵੋਕੇਟ ਮਲਕੀਤ ਸਿੰਘ ਰੰਧਾਵਾ ਅਤੇ ਐਡਵੋਕੇ ਰਾਜੂ ਪੰਡਿਤ ਵੀ ਮੌਜੂਦ ਸਨ ਅਤੇ ਉਨ੍ਹਾਂ ਨੇ ਬਾਰ ਐਸੋਸੀਏਸ਼ਨ ਵੱਲੋਂ ਨਵੇਂ ਆਏ ਐੱਸਡੀਐੱਮ ਹਰਦੀਪ ਸਿੰਘ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਜੀ ਆਇਆਂ ਆਖਿਆ।

## 'ਸਰਕਾਰ ਆਪ ਕੇ ਦੁਆਰ ਸਕੀਮ' ਤਹਿਤ ਮਜੀਠਾ ਦੇ ਵੱਖ-ਵੱਖ ਪਿੰਡਾਂ 'ਚ ਲਗਾਏ ਕੈਂਪ

**ਮਜੀਠਾ (ਸੋਇਮ ਆਨੰਦ)**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨਾਗਰਿਕਾਂ ਨੂੰ ਘਰ-ਘਰ ਸਰਕਾਰੀ ਸਹੂਲਤਾਂ ਦਾ ਲਾਭ ਪਹੁੰਚਾਉਣ ਵਾਸਤੇ ਸਰਕਾਰ ਆਪ ਕੇ ਦੁਆਰ ਸਕੀਮ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ 6 ਫਰਵਰੀ ਤੋਂ ਮਜੀਠਾ ਹਲਕੇ ਦੇ ਪਿੰਡ



ਮੱਦੀਪੁਰਾ, ਦਾਦੂਪੁਰਾ, ਅਨਾਇਤਪੁਰਾ, ਗਾਲੋਵਾਲੀ ਵਿਖੇ ਇਸ ਸਕੀਮ ਤਹਿਤ ਵੱਖ-ਵੱਖ ਸਰਕਾਰੀ ਵਿਭਾਗਾਂ ਵੱਲੋਂ ਸਰਕਾਰੀ ਸਹੂਲਤਾਂ ਦੇਣ ਵਾਸਤੇ ਕੈਂਪ ਲਗਾਏ ਗਏ ਜਿਸ ਵਿਚ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਸੀਨੀਅਰ ਆਗੂ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਦੀ ਪਤਨੀ ਡਾ: ਸਤਿੰਦਰ ਕੌਰ ਗਿੱਲ, ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਆਕਾਸ਼ਦੀਪ ਸਿੰਘ ਮਜੀਠਾ, ਚੇਅਰਮੈਨ ਬਲਜੀਤ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੁੱਖ ਮਹਿਮਾਨ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਨੇ ਕੈਂਪਾਂ ਦਾ ਜਾਇਜ਼ਾ ਲੈਣ ਉਪਰੰਤ ਗੱਲਬਾਤ ਕਰਦਿਆਂ ਦੱਸਿਆ ਕਿ ਇਨ੍ਹਾਂ ਕੈਂਪਾਂ ਵਿਚ ਵੱਡੀ ਗਿਣਤੀ ਵਿਚ ਲਾਭਪਾਤਰੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਸਹੂਲਤਾਂ ਦਾ ਲਾਭ ਲਿਆ। ਅੱਜ ਦੇ ਵੱਖ-ਵੱਖ ਪਿੰਡਾਂ ਵਿਚ ਲੱਗੇ ਕੈਂਪਾਂ ਵਿੱਚ ਪਿੰਡ ਕੋਟਲਾ ਗੁੱਜਰਾਂ ਵਿਖੇ 50, ਪਿੰਡ ਗਾਲੋਵਾਲੀ ਵਿਖੇ 45, ਪਿੰਡ ਦਾਦੂਪੁਰਾ ਵਿਖੇ 30 ਅਤੇ ਪਿੰਡ ਮੱਦੀਪੁਰਾ ਵਿਖੇ 27 ਦਰਖਾਸਤਾਂ ਯੋਗ ਪਾਈਆਂ ਗਈਆਂ ਜਿਨ੍ਹਾਂ ਦਾ ਸਾਰਾ ਡਾਟਾ ਆਨ ਲਾਈਨ ਕਰਕੇ ਕੰਮ ਨਿਪਟਾ ਦਿੱਤਾ ਗਿਆ। ਬਾਕੀ ਰਹਿੰਦੇ ਕੰਮਾਂ ਦੀ ਪੜਤਾਲ ਕਰਕੇ ਮਿਥੇ ਸਮੇ ਅੰਦਰ ਉਨ੍ਹਾਂ ਦਾ ਵੀ ਨਿਪਟਾਰਾ ਕਰ ਦਿੱਤਾ ਜਾਵੇਗਾ। ਇਸ ਮੌਕੇ ਡਾ: ਹਰਨੂਰ ਕੌਰ ਢਿੱਲੋਂ ਦੇ ਨਾਲ ਆਪ ਦੇ ਨੌਜਵਾਨ ਆਗੂ ਆਕਾਸ਼ਦੀਪ ਸਿੰਘ ਮਜੀਠਾ, ਤਹਿਸੀਲਦਾਰ ਲਛਮਣ ਸਿੰਘ, ਬੀਡੀਪੀਓ ਦਿਲਬਾਗ ਸਿੰਘ, ਸੀਡੀਪੀਓ ਗਗਨਜੀਤ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ: ਸਤਨਾਮ ਸਿੰਘ, ਸਹਾਇਕ ਖੁਰਾਕ ਤੇ ਸਪਲਾਈਜ਼ ਅਫਸਰ ਮੈਡਮ ਮੀਨੂੰ ਸ਼ਰਮਾ, ਦਫਤਰ ਕਾਨੂੰਗੋ ਨਰਿੰਦਰ ਕੁਮਾਰ, ਐੱਸਡੀਓ ਪਾਵਰਕਾਮ ਲਖਬੀਰ ਸਿੰਘ, ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਲਿਆਸ ਮਸੀਹ, ਮੇਜਰ ਸਿੰਘ, ਅੰਮ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।

## ਡਰਾਈਵਰਾਂ ਨੂੰ ਟਰੈਫਿਕ ਨਿਯਮਾਂ ਸਬੰਧੀ ਜਾਗਰੂਕ ਕਰਨ ਹਿੱਤ ਲੱਗਾ ਸੈਮੀਨਾਰ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਗੁਰਪ੍ਰੀਤ ਸਿੰਘ ਭੁੱਲਰ ਆਈਪੀਐੱਸ ਪੁਲਸ ਕਮਿਸ਼ਨਰੇਟ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ ਹੇਠ ਏਡੀਸੀਪੀ ਟਰੈਫਿਕ ਹਰਪਾਲ ਸਿੰਘ ਦੀ ਰਹਿਨੁਮਾਈ ਹੇਠ ਟਰੈਫਿਕ ਐਜੂਕੇਸ਼ਨ ਸੈੱਲ ਦੇ ਇੰਚਾਰਜ ਐੱਸਆਈ ਦਲਜੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਐੱਚਸੀ ਸਲਵੰਤ ਸਿੰਘ ਅਤੇ ਕਾਂਸਟੇਬਲ ਲਵਪ੍ਰੀਤ ਕੌਰ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਟਰਾਂਸਪੋਰਟ ਡਰਾਈਵਰਾਂ ਨਾਲ ਟਰੈਫਿਕ ਨਿਯਮਾਂ ਸਬੰਧੀ ਇਕ ਸੈਮੀਨਾਰ ਆਯੋਜਿਤ ਕੀਤਾ ਜਿਸ ਵਿਚ ਉਨ੍ਹਾਂ ਨੂੰ ਟਰੈਫਿਕ ਦੌਰਾਨ ਹੋਣ ਵਾਲੇ ਹਾਦਸਿਆਂ ਤੋਂ ਜਾਗਰੂਕ ਕੀਤਾ ਤਾਂ ਜੋ ਸੜਕ 'ਤੇ ਹੋਣ ਵਾਲੇ ਹਾਦਸਿਆਂ ਨੂੰ ਘੱਟ ਕੀਤਾ ਜਾ ਸਕੇ। ਇਸ ਤੋਂ ਇਲਾਵਾ ਫੋਰ ਐੱਸ ਕਾਲਜ ਆਫ ਕਾਮਰਸ ਐਂਡ ਅਲਾਈਡ ਸਟੱਡੀ ਕਸ਼ਮੀਰ ਐਵਿਨਿਊ ਅੰਮ੍ਰਿਤਸਰ ਵਿਖੇ ਬੱਚਿਆ ਨਾਲ ਟਰੈਫਿਕ ਸੈਮੀਨਾਰ ਕੀਤਾ ਅਤੇ ਬੱਚਿਆ ਨੂੰ ਟਰੈਫਿਕ ਨਿਯਮਾ ਪ੍ਰਤੀ ਜਾਗਰੂਕ ਕੀਤਾ। ਇਸ ਮੌਕੇ ਪ੍ਰਿੰ. ਸਵਿਤਾ ਖੰਨਾ ਹਾਜ਼ਰ ਸਨ।

## ਡਾਇਰੈਕਟਰ ਸੁਰਸਿੰਘ ਨੇ ਪਾਵਰਕਾਮ ਦਫਤਰ ਹਰੀਕਾ ਦਾ ਦੌਰਾ ਕੀਤਾ

**ਪੱਟੀ, (ਬਲਦੇਵ ਸਿੰਘ ਸੰਧੂ/ ਸ਼ਮਸ਼ੇਰ ਸਿੰਘ ਯੋਧਾ)**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਦੇ ਪ੍ਰਬੰਧਕੀ ਡਾਇਰੈਕਟਰ ਜਸਬੀਰ ਸਿੰਘ ਸੁਰਸਿੰਘ ਨੇ ਹਰੀਕੇ ਦਫਤਰ ਦਾ ਦੌਰਾ ਕੀਤਾ। ਇਸ ਫੇਰੀ ਦੌਰਾਨ ਚੈਕਿੰਗ ਕਰਨ ਦੇ ਨਾਲ-ਨਾਲ ਮੁਲਾਜ਼ਮਾਂ ਨੂੰ ਪੇਸ਼ ਆਉਂਦੀਆਂ ਮੁਸ਼ਕਿਲਾਂ ਸੁਣੀਆਂ ਤੇ ਇਲਾਕੇ ਦੇ ਬਿਜਲੀ ਪ੍ਰਬੰਧਾਂ ਨੂੰ ਲੈ ਕੇ ਸੁਝਾਅ ਵੀ ਲਏ। ਮੀਟਿੰਗ ਦੌਰਾਨ ਉਪ ਮੰਡਲ ਅਫਸਰ ਇੰਜੀ. ਸਤਪਾਲ ਸਿੰਘ ਨੇ ਜਿਥੇ ਮੁਲਾਜ਼ਮਾਂ ਦੀ ਵੱਡੀ ਘਾਟ, ਖਸਤਾ ਹਾਲਤ ਇਮਾਰਤ ਨੂੰ ਨਵਿਆਉਣ ਦੀ ਮੰਗ ਕੀਤੀ ਉਥੇ ਹੀ ਉਨ੍ਹਾਂ ਬਿਜਲੀ ਚੋਰੀ ਦੇ ਕੇਸਾਂ ਅਤੇ ਖਪਤਕਾਰਾਂ ਵੱਲੋਂ ਬਕਾਇਆ ਰਾਸ਼ੀ ਦਾ ਗ੍ਰਾਫ ਘਟਣ ਦੀ ਚਰਚਾ ਵੀ ਕੀਤੀ। ਇਸ ਮੌਕੇ ਗਰਿੱਡ ਸਬ ਸਟੇਸ਼ਨ ਯੂਨੀਅਨ ਦੇ ਡਵੀਜ਼ਨ ਪ੍ਰਧਾਨ ਜਥੇਦਾਰ ਸ਼ਮਸ਼ੇਰ ਸਿੰਘ ਪੰਨੂ ਨੇ ਗੱਲਬਾਤ ਕਰਦਿਆਂ ਸਰਪਲੱਸ ਬਿਜਲੀ ਦੇਣ ਦਾ ਖਾਕਾ ਨਸ਼ਰ ਕੀਤਾ। ਉਨ੍ਹਾਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਗੱਲਬਾਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਇਰੈਕਟਰ ਜਸਬੀਰ ਸਿੰਘ ਨੇ ਕਿਹਾ ਕਿ ਪਾਵਰਕਾਮ ਦਫਤਰ ਹਰੀਕੇ ਵਿਖੇ ਖਾਲੀ ਪੋਸਟਾਂ ਜਲਦੀ ਹੀ ਭਰ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੀ ਗਾਰੰਟੀ ਤੇ ਖਰ੍ਹੀ ਉਤਰਦਿਆਂ ਬਿਨਾਂ ਭੇਦਭਾਵ 600 ਯੂਨਿਟ ਬਿਜਲੀ ਮੁਫਤ ਦੇ ਰਹੀ ਹੈ। ਇਸ ਤੋਂ ਇਲਾਵਾ ਖਸਤਾ ਹਾਲਤ ਤਾਰਾਂ ਨੂੰ ਨਵਿਆਉਣ ਦਾ ਕੰਮ ਵੀ ਚੱਲ ਰਿਹਾ ਹੈ ਤੇ ਬਿਜਲੀ ਘਰਾਂ ਦੀ ਜ਼ਰੂਰੀ ਮੁਰੰਮਤ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਤਾਂ ਜੋ ਗਰਮੀਆਂ ਵਿੱਚ ਪੰਜਾਬ ਵਾਸੀਆਂ ਨੂੰ ਕੋਈ ਮੁਸ਼ਕਿਲ ਨਾ ਆਵੇ। ਇਸ ਮੌਕੇ ਜੇਈ ਸੁਖਵਿੰਦਰ ਸਿੰਘ, ਜੇਈ ਮਲਕੀਤ ਰਾਮ, ਪ੍ਰਮਿੰਦਰਜੀਤ ਸਿੰਘ ਲਾਇਨਮੈਨ, ਲਖਬੀਰ ਸਿੰਘ ਲਾਡਾ, ਬਿਕਰਮਜੀਤ ਸਿੰਘ ਆਦਿ ਕਰਮਚਾਰੀ ਹਾਜ਼ਰ ਸਨ।



## ਯਸ਼ਪਾਲ ਕੁੰਡਲ ਦੂਸਰੀ ਵਾਰ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਭਾਜਪਾ ਹਾਈ ਕਮਾਨ ਵੱਲੋਂ ਯਸ਼ਪਾਲ ਕੁੰਡਲ ਨੂੰ ਭਾਜਪਾ ਦਾ ਦੂਜੀ ਵਾਰ ਜ਼ਿਲ੍ਹਾ ਜਨਰਲ ਸਕੱਤਰ ਬਣਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਯਸ਼ਪਾਲ ਕੁੰਡਲ ਨੇ ਭਾਜਪਾ ਹਾਈਕਮਾਨ, ਪੰਜਾਬ ਪ੍ਰਧਾਨ ਸੁਨੀਲ ਜਾਖੜ ਅਤੇ ਸ਼ਿਵਬੀਰ ਸਿੰਘ ਰਾਜਨ ਜ਼ਿਲ੍ਹਾ ਪ੍ਰਧਾਨ ਭਾਜਪਾ ਗੁਰਦਾਸਪੁਰ, ਜ਼ਿਲ੍ਹਾ ਗੁਰਦਾਸਪੁਰ ਦੇ ਇੰਚਾਰਜ ਸੂਰਜ ਭਾਰਦਵਾਜ ਅਤੇ ਪੰਜਾਬ ਭਾਜਪਾ ਦੇ ਜਨਰਲ ਸਕੱਤਰ ਰਾਕੇਸ਼ ਰਾਠੌਰ ਜ਼ੋਨ ਇੰਚਾਰਜ ਲੋਕਸਭਾ ਦਾ ਦਿਲ ਤੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਹਾਈ ਕਮਾਨ ਵੱਲੋਂ ਦੂਸਰੀ ਵਾਰ ਵਿਸ਼ਵਾਸ ਕਰਦੇ ਹੋਏ ਜੋ ਜ਼ਿੰਮੇਵਾਰੀ ਦਿੱਤੀ ਹੈ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਮੈਂ ਤਨਦੇਹੀ ਨਾਲ ਕੰਮ ਕਰਕੇ ਪਾਰਟੀ ਦਾ ਪੱਧਰ ਉੱਚਾ ਕਰਾਂਗਾ।



## ਜਲ ਸਪਲਾਈ ਤੇ ਸੈਨੀਟੇਸ਼ਨ (ਮ) ਇੰਪਲਾਈਜ਼ ਯੂਨੀਅਨ ਦਾ ਸਾਲਾਨਾ ਕੈਲੰਡਰ ਨੂੰ ਰਿਲੀਜ਼

**ਗੁਰਦਾਸਪੁਰ, (ਜਨਕ ਮਹਾਜਨ)**-ਜਲ ਸਪਲਾਈ ਤੇ ਸੈਨੀਟੇਸ਼ਨ (ਮ) ਇੰਪਲਾਈਜ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਤਿਆਰ ਕੀਤੇ ਗਏ ਸਾਲਾਨਾ ਕੈਲੰਡਰ 2024 ਨੂੰ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਰਿਲੀਜ਼ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਸੁਖਨੰਦਨ ਸਿੰਘ ਮੋਹਨੀਆ, ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਬਾਜਵਾ, ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਵੀ ਹਾਜ਼ਰ ਸਨ। ਇਸ ਮੌਕੇ ਯੂਨੀਅਨ ਦੇ ਆਗੂ ਵੱਲੋਂ ਆਪਣੀਆਂ ਕੁਝ ਮੰਗਾਂ ਚੇਅਰਮੈਨ ਬਹਿਲ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ। ਮੰਗਾਂ ਸੁਣਨ ਤੋਂ ਬਾਅਦ ਬਹਿਲ ਨੇ ਭਰੋਸਾ ਦਿੱਤਾ ਕਿ ਉਹ ਇਹ ਸਾਰੀਆਂ ਮੰਗਾਂ ਪੰਜਾਬ ਸਰਕਾਰ ਕੋਲ ਉਠਾਣਗੇ ਅਤੇ ਉਨ੍ਹਾਂ ਦੀ ਪੁਰਜ਼ੋਰ ਵਕਾਲਤ ਵੀ ਕਰਨਗੇ। ਇਸ ਮੌਕੇ ਸੁਖਜੀਤ ਕੁਮਾਰ, ਰਵਿੰਦਰ ਸਿੰਘ ਸੈਣੀ, ਨਰਬੀਰ ਸਿੰਘ, ਰਾਜਪਾਲ ਦਾਸ, ਜਗਜੀਤ ਸੈਣੀ, ਲੱਖਾ ਸਿੰਘ, ਸਰਬਜੀਤ ਸਿੰਘ ਠੱਠਾ, ਜਸਕਰਨ ਸਿੰਘ, ਰੇਸ਼ਮ ਸਿੰਘ, ਰਣਜੀਤ ਸਿੰਘ ਭਿੰਡਰ, ਗੁਰਮੀਤ ਸਿੰਘ, ਮਨਜੀਤ ਮਸੀਹ, ਵੀਰ ਸਿੰਘ, ਬਲਵਿੰਦਰ ਸਿੰਘ, ਵਰਿੰਦਰ ਕੁਮਾਰ, ਸੁਭਾਸ਼ ਚੰਦਰ, ਰੁਪਿੰਦਰ ਸਿੰਘ, ਜੀਤ ਪਾਲ, ਰਛਪਾਲ ਦਾਸ, ਰਾਜ ਕੁਮਾਰ ਅਤੇ ਕੁਲਭੂਸ਼ਨ ਕੁਮਾਰ ਵੀ ਹਾਜ਼ਰ ਸਨ।

ਨਵਾਂ ਜ਼ਮਾਨਾ

ਵੀਰਵਾਰ, 8 ਫਰਵਰੀ 2024

# ਗੈਰ-ਅਮਲੀ ਇਮਤਿਹਾਨ

ਦੇਸ਼ ਵਿਚ ਡਾਕਟਰਾਂ ਦੀ ਸਭ ਤੋਂ ਵੱਡੀ ਜਥੇਬੰਦੀ ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ ਐੱਮ ਏ) ਨੇ ਮੈਡੀਕਲ ਰੈਗੂਲੇਟਰੀ ਅਥਾਰਟੀ ਨੈਸ਼ਨਲ ਮੈਡੀਕਲ ਕਮਿਸ਼ਨ (ਐੱਨ ਐੱਮ ਸੀ) ਨੂੰ ਪੱਤਰ ਲਿਖ ਕੇ ਨੈਸ਼ਨਲ ਐਗਜ਼ਿਟ ਟੈੱਸਟ (ਨੈੱਕਸਟ) ਲੈਣ ਦਾ ਜ਼ੋਰਦਾਰ ਵਿਰੋਧ ਕੀਤਾ ਹੈ। ਐੱਨ ਐੱਮ ਸੀ ਦੀ ਯੋਜਨਾ ਮੁਤਾਬਕ ਦੇਸ਼ ਦੇ ਸਾਰੇ ਮੈਡੀਕਲ ਕਾਲਜਾਂ ਦੇ ਗ੍ਰੈਜੂਏਟਾਂ ਲਈ ਮੈਡੀਸਨ ਦੀ ਪ੍ਰੈਕਟਿਸ ਜਾਂ ਪੋਸਟ ਗ੍ਰੈਜੂਏਟ ਕਰਨ ਲਈ ਨੈੱਕਸਟ ਪਾਸ ਕਰਨਾ ਜ਼ਰੂਰੀ ਹੋਵੇਗਾ। ਆਈ ਐੱਮ ਏ ਨੇ ਕਿਹਾ ਹੈ ਕਿ ਮੈਡੀਕਲ ਕਾਲਜਾਂ ਦੇ ਢਾਂਚਿਆਂ ਦੇ ਮੱਦੇਨਜ਼ਰ ਸਾਰੇ ਗ੍ਰੈਜੂਏਟਾਂ ਲਈ ਇੱਕੋ ਦੇਸ਼ਵਿਆਪੀ ਟੈੱਸਟ ਗੈਰਵਾਜਬ ਹੋਵੇਗਾ। ਆਈ ਐੱਮ ਏ ਦੀ ਦਲੀਲ ਹੈ ਕਿ ਸਾਰੇ ਕਾਲਜਾਂ ਵਿਚ ਢਾਂਚਾ ਸੁਧਾਰਨ ਤੋਂ ਬਾਅਦ ਹੀ ਅਜਿਹਾ ਟੈੱਸਟ ਲੈਣਾ ਠੀਕ ਹੋਵੇਗਾ। ਨੈੱਕਸਟ ਡਾਕਟਰੀ ਦੇ ਲਸੰਸ ਦੇ ਇਮਤਿਹਾਨ ਅਤੇ ਪੋਸਟ ਗ੍ਰੈਜੂਏਟ ਦਾਖਲਾ ਇਮਤਿਹਾਨ ਦੋਹਾਂ 'ਤੇ ਲਾਗੂ ਨਹੀਂ ਹੋ ਸਕਦਾ। ਡਾਕਟਰੀ ਦਾ ਲਸੰਸ ਦੇਣ ਲਈ ਘੱਟੋ-ਘੱਟ ਸਟੈਂਡਰਡ ਦੇਖਿਆ ਜਾਂਦਾ ਹੈ, ਜਦਕਿ ਪੋਸਟ ਗ੍ਰੈਜੂਏਟ ਇਮਤਿਹਾਨ ਹੋਣਹਾਰ ਵਿਦਿਆਰਥੀ ਦੇ ਚੁਣਨ ਲਈ ਹੁੰਦਾ ਹੈ। ਮੈਡੀਕਲ ਕਾਲਜਾਂ ਦੀ ਹਾਲਤ ਦਾ ਜ਼ਿਕਰ ਕਰਦਿਆਂ ਆਈ ਐੱਮ ਏ ਨੇ ਕਿਹਾ ਹੈ ਕਿ 2023-24 ਵਿਚ ਦੇਸ਼ ਦੇ 349 ਮੈਡੀਕਲ ਕਾਲਜਾਂ ਨੂੰ ਐੱਨ ਐੱਮ ਸੀ ਨੇ ਖੁਦ ਵੱਖ-ਵੱਖ ਖਾਮੀਆਂ ਦੇ ਨੋਟਿਸ ਜਾਰੀ ਕੀਤੇ ਹਨ। ਇਸ ਨੇ ਪ੍ਰੋਫੈਸਰਾਂ ਦੀ ਕਮੀ ਵੱਲ ਧਿਆਨ ਦਿਵਾਇਆ ਹੈ। ਪਿਛਲੇ ਦੋ ਸਾਲਾਂ ਵਿਚ ਇਸ ਨੇ 40 ਮੈਡੀਕਲ ਕਾਲਜਾਂ ਦੀ ਮਾਨਤਾ ਇਸ ਕਰਕੇ ਖਤਮ ਕਰ ਦਿੱਤੀ ਕਿ ਉਹ ਮਾਪਦੰਡ 'ਤੇ ਖਰੇ ਨਹੀਂ ਉਤਰੇ। ਆਈ ਐੱਮ ਏ ਦੇ ਕੌਮੀ ਪ੍ਰਧਾਨ ਆਰ ਵੀ ਅਸ਼ੋਕਨ ਨੇ ਕਿਹਾ ਹੈ ਕਿ ਜਿਸ ਦੇਸ਼ ਦੇ ਮੈਡੀਕਲ ਕਾਲਜਾਂ ਵਿਚ ਪੜ੍ਹਾਈ ਦੀ ਕੁਆਲਿਟੀ ਵੱਖ-ਵੱਖ ਹੈ, ਉੱਥੇ ਨੈੱਕਸਟ ਲਾਗੂ ਕਰਨਾ ਗੈਰਵਾਜਬ ਹੋਵੇਗਾ। ਨੈੱਕਸਟ ਸਾਰਾ ਭਾਰ ਵਿਦਿਆਰਥੀਆਂ 'ਤੇ ਪਾਏਗਾ, ਜਦਕਿ ਇਹ ਭਾਰ ਮੈਡੀਕਲ ਕਾਲਜਾਂ ਵੱਲੋਂ ਵੀ ਚੁੱਕਿਆ ਜਾਣਾ ਚਾਹੀਦਾ ਹੈ। ਕਾਲਜਾਂ ਨੂੰ ਕੁਆਲਿਟੀ ਦੀ ਪੜ੍ਹਾਈ ਕਰਾਉਣ ਲਈ ਢਾਂਚਾ ਸੁਧਾਰਨਾ ਪਏਗਾ। ਆਈ ਐੱਮ ਏ ਨੇ ਇਸ ਅਹਿਮ ਨੁਕਤੇ ਵੱਲ ਵੀ ਧਿਆਨ ਦਿਵਾਇਆ ਹੈ ਕਿ ਨੈੱਕਸਟ ਲਈ ਪ੍ਰਸਤਾਵਤ ਸਵਾਲਨਾਮਾ ਵਿਦਿਆਰਥੀਆਂ ਦਾ ਧਿਆਨ ਜਮਾਤਾਂ ਤੇ ਕਲੀਨਿਕਾਂ ਵੱਲੋਂ ਹਟਾ ਕੇ ਕੋਚਿੰਗ ਸੈਂਟਰਾਂ ਵੱਲ ਕਰ ਦੇਵੇਗਾ। ਉਨ੍ਹਾਂ ਦੀ ਸਾਰੀ ਕੋਸ਼ਿਸ਼ ਨੈੱਕਸਟ ਪਾਸ ਕਰਨ ਦੀ ਹੋਵੇਗੀ ਤੇ ਉਹ ਅਸਲ ਪੜ੍ਹਾਈ ਵੱਲ ਪੂਰਾ ਧਿਆਨ ਨਹੀਂ ਦੇ ਸਕਣਗੇ।

ਮੋਦੀ ਸਰਕਾਰ ਦਾ ਕੰਮ ਕਰਨ ਦਾ ਢੰਗ ਹੀ ਇਹ ਹੈ ਕਿ ਉਹ ਕੋਈ ਵੀ ਸਕੀਮ ਲਾਗੂ ਕਰਨ ਤੋਂ ਪਹਿਲਾਂ ਉਸ 'ਤੇ ਸੰਸਦ ਤੇ ਸੰਸਦ ਤੋਂ ਬਾਹਰ ਵਿਆਪਕ ਚਰਚਾ ਨਹੀਂ ਕਰਾਉਂਦੀ ਤੇ ਹਰ ਸਕੀਮ ਧੱਕੇ ਨਾਲ ਹੀ ਲਾਗੂ ਕਰਦੀ ਹੈ, ਚਾਹੇ ਉਸ ਦਾ ਕਿੰਨਾ ਵੀ ਮਾੜਾ ਅਸਰ ਪਵੇ। ਸਭ ਜਾਣਦੇ ਹਨ ਕਿ ਮੈਡੀਕਲ ਕਾਲਜਾਂ, ਜਿਹੜੇ ਬਹੁਤੇ ਸਿਆਸਤਦਾਨਾਂ ਦੀ ਮਾਲਕੀ ਵਾਲੇ ਹਨ, ਵਿਚ ਨਾ ਪ੍ਰੋਫੈਸਰ ਪੂਰੇ ਹੁੰਦੇ ਹਨ ਤੇ ਨਾ ਹੀ ਸਟੈਂਡਰਡ ਦਾ ਢਾਂਚਾ ਹੁੰਦਾ ਹੈ। ਮੈਡੀਕਲ ਦੀ ਪੜ੍ਹਾਈ ਬਹੁਤ ਅਹਿਮ ਹੁੰਦੀ ਹੈ। ਐੱਨ ਐੱਮ ਸੀ ਨੂੰ ਆਪਣੀ ਯੋਜਨਾ ਲਾਗੂ ਕਰਨ ਤੋਂ ਪਹਿਲਾਂ ਇਸ 'ਤੇ ਵਿਆਪਕ ਚਰਚਾ ਕਰਾਉਣੀ ਚਾਹੀਦੀ ਹੈ।

# ਧਰਮ ਅਤੇ ਜਾਤੀਵਾਦ ਦੇ ਨਾਂਅ ਹੇਠ ਹੋ ਰਿਹਾ ਇਨਸਾਨੀਅਤ ਦਾ ਘਾਣ

ਕਸ਼ਮੀਰ ਸਿੰਘ ਕਾਦੀਆਂ

*ਮਨੁੱਖ ਦਾ ਸਭ ਤੋਂ ਪਹਿਲਾ ਧਰਮ ਤਾਂ ਇਨਸਾਨੀਅਤ ਹੀ ਹੈ, ਪਰ ਅੱਜ ਦਾ ਮਨੁੱਖ ਇਨਸਾਨੀਅਤ ਤੋਂ ਦੂਰ ਹੁੰਦਾ ਜਾ ਰਿਹਾ ਹੈ ਅਤੇ ਧਰਮ ਦੀ ਪੱਟੀ ਅੱਖਾਂ ਉੱਪਰ ਬੰਨ੍ਹ ਕੇ ਆਪਣੇ-ਆਪ ਨੂੰ ਪਰਉਪਕਾਰੀ ਸਮਝਦਿਆਂ ਹੋਇਆਂ ਧਰਮ ਦਾ ਠੇਕੇਦਾਰ ਬਣ ਕੇ ਇਨਸਾਨੀਅਤ ਨੂੰ ਮਿੱਟੀ ਵਿੱਚ ਮਿਲਾ ਕੇ ਸਮਾਜਿਕ ਕਦਰਾਂ-ਕੀਮਤਾਂ ਤੇ ਮਨੁੱਖੀ ਭਾਈਚਾਰੇ ਨੂੰ ਮਿੱਟੀ ਵਿੱਚ ਮਿਲਾਈ ਜਾ ਰਿਹਾ ਹੈ। ਅੱਜ ਜਦੋਂ ਸਾਮਰਾਜ ਆਪਣੇ ਆਖਰੀ ਸਾਹ ਵਰੋਲ ਰਿਹਾ ਹੈ ਅਤੇ ਸਾਮਰਾਜੀ ਸੋਚ ਵਾਲੇ ਲੋਕ ਇਸ ਸਾਮਰਾਜ ਦੇ ਢਾਂਚੇ ਨੂੰ ਬਚਾਉਣ ਲਈ ਕਈ ਤਰ੍ਹਾਂ ਦੀਆਂ ਠੁੰਮ੍ਹਣੀਆਂ ਦੇ ਕੇ ਹਰ ਯਤਨ ਕਰ ਰਹੇ ਹਨ, ਪਰ ਇਹ ਸਪੱਸ਼ਟ ਹੋ ਚੁੱਕਾ ਹੈ ਕਿ ਸਾਮਰਾਜ ਨੂੰ ਇਹ ਲੋਕ ਸਦਾ ਲਈ ਬਚਾਅ ਕੇ ਰੱਖ ਨਹੀਂ ਸਕਦੇ। ਭਾਵੇਂ ਕਿ ਹਰ ਚੀਜ਼ ਦੀ ਕੀਮਤ ਇੱਥੋਂ ਤੱਕ ਹੈ ਕਿ ਜ਼ਿੰਦਗੀ-ਮੌਤ ਦੀ ਕੀਮਤ ਵੀ ਪੈਸੇ 'ਤੇ ਹੀ ਨਿਰਭਰ ਹੈ, ਜਿਸ ਕੋਲ ਪੈਸਾ ਹੈ, ਉਸ ਕੋਲ ਦੁਨੀਆ ਦਾ ਹਰ ਐਸ਼ੋ-ਅਰਾਮ ਹੈ।*

ਇਤਿਹਾਸ ਵਿੱਚ ਪੱਥਰ ਕਾਲ ਤੋਂ ਲੈ ਕੇ ਅੱਜ ਤੱਕ ਜਿੰਨੀਆਂ ਵੀ ਲੜਾਈਆਂ, ਝਗੜੇ, ਦੰਗੇ-ਫਸਾਦ ਹੋਏ ਹਨ, ਉਹ ਧਰਮ ਅਤੇ ਜਾਤੀ ਦੇ ਆਧਾਰ ਉੱਪਰ ਹੀ ਹੋਏ ਹਨ । ਸਵਾਲ ਤਾਂ ਇਹ ਹੈ ਕਿ ਕੀ ਧਰਮ ਪਹਿਲਾਂ ਇਸ ਧਰਤੀ ਉੱਪਰ ਆਇਆ ਜਾਂ ਫਿਰ ਇਨਸਾਨ ਜਾਂ ਮਨੁੱਖ ? ਮਨੁੱਖ ਦਾ ਸਭ ਤੋਂ ਪਹਿਲਾ ਧਰਮ ਤਾਂ ਇਨਸਾਨੀਅਤ ਹੀ ਹੈ, ਪਰ ਅੱਜ ਦਾ ਮਨੁੱਖ ਇਨਸਾਨੀਅਤ ਤੋਂ ਦੂਰ ਹੁੰਦਾ ਜਾ ਰਿਹਾ ਹੈ ਅਤੇ ਧਰਮ ਦੀ ਪੱਟੀ ਅੱਖਾਂ ਉੱਪਰ ਬੰਨ੍ਹ ਕੇ ਆਪਣੇ-ਆਪ ਨੂੰ ਪਰਮਾਤਮਾ ਦਾ ਪਰਉਪਕਾਰੀ ਸਮਝਦਿਆਂ ਹੋਇਆਂ ਧਰਮ ਦਾ ਠੇਕੇਦਾਰ ਬਣ ਕੇ ਇਨਸਾਨੀਅਤ ਨੂੰ ਮਿੱਟੀ ਵਿੱਚ ਮਿਲਾ ਕੇ ਸਮਾਜਿਕ ਕਦਰਾਂ-ਕੀਮਤਾਂ ਤੇ ਮਨੁੱਖੀ ਭਾਈਚਾਰੇ ਨੂੰ ਮਿੱਟੀ ਵਿੱਚ ਮਿਲਾਈ ਜਾ ਰਿਹਾ ਹੈ। ਅੱਜ ਜਦੋਂ ਸਾਮਰਾਜ ਆਪਣੇ ਆਖਰੀ ਸਾਹ ਵਿਰੋਲ ਰਿਹਾ ਹੈ ਅਤੇ ਸਾਮਰਾਜੀ ਸੋਚ ਵਾਲੇ ਲੋਕ ਇਸ ਸਾਮਰਾਜ ਦੇ ਢਾਂਚੇ ਨੂੰ ਬਚਾਉਣ ਲਈ ਕਈ ਤਰ੍ਹਾਂ ਦੀਆਂ ਠੁੰਮਣੀਆਂ ਦੇ ਕੇ ਹਰ ਯਤਨ ਕਰ ਰਹੇ ਹਨ, ਪਰ ਇਹ ਸਪੱਸ਼ਟ ਹੋ ਚੁੱਕਾ ਹੈ ਕਿ ਸਾਮਰਾਜ ਨੂੰ ਇਹ ਲੋਕ ਸਦਾ ਲਈ ਬਚਾਅ ਕੇ ਰੱਖ ਨਹੀਂ ਸਕਦੇ। ਭਾਵੇਂ ਕਿ ਹਰ ਚੀਜ਼ ਦੀ ਕੀਮਤ ਇੱਥੋਂ ਤੱਕ ਹੈ ਕਿ ਜ਼ਿੰਦਗੀ-ਮੌਤ ਦੀ ਕੀਮਤ ਵੀ ਪੈਸੇ 'ਤੇ ਹੀ ਨਿਰਭਰ ਹੈ, ਜਿਸ ਕੋਲ ਪੈਸਾ ਹੈ, ਉਸ ਕੋਲ ਦੁਨੀਆ ਦਾ ਹਰ ਅਸ਼ੋ ਅਰਾਮ ਹੈ।

ਦੂਜੇ ਪਾਸੇ ਭ੍ਰਿਸ਼ਟਾਚਾਰੀ ਲੁੱਟ-ਮਾਰ, ਕਤਲੇਆਮ ਅਤੇ ਹੇਰਾ-ਫੇਰੀ ਹਰ ਮਹਿਕਮੇ ਵਿੱਚ ਇੰਨੀ ਬੁਰੀ ਤਰ੍ਹਾਂ ਪਸਾਰਾ ਕਰ ਚੁੱਕੀ ਹੈ, ਜਿਸ ਨਾਲ ਸਾਮਰਾਜ ਦੀਆਂ ਜੜ੍ਹਾਂ ਬੁਰੀ ਤਰ੍ਹਾਂ ਖੋਖਲੀਆਂ ਹੋ ਚੁੱਕੀਆਂ ਹਨ। ਲੁੱਟਾਂ-ਖੋਹਾਂ, ਚੋਰੀ, ਡਾਕੇ ਅਤੇ ਹੇਰਾ-ਫੇਰੀ ਇਹ ਸਭ ਸਾਮਰਾਜੀ ਸੋਚ ਦੀ ਹੀ ਉਪਜ ਹੈ। ਇਸ ਮਸ਼ੀਨੀ ਯੁੱਗ ਵਿੱਚ ਭਾਵੇਂ ਕਿ ਮਨੁੱਖ ਨੇ ਹਰ ਖੇਤਰ ਵਿਚ ਤਰੱਕੀ ਕਰਕੇ ਬੁਲੰਦੀਆਂ ਛੂੰਹਦਿਆਂ ਆਪਣਾ ਲੋਹਾ ਮਨਵਾਇਆ ਹੈ, ਉਥੇ ਇਸ ਮਸ਼ੀਨੀ ਯੁੱਗ ਨੇ ਬੇਰੁਜ਼ਗਾਰੀ ਵਿੱਚ ਵੀ ਅਥਾਹ ਵਾਧਾ ਕੀਤਾ ਹੈ। ਦਸਤੀ ਕੰਮ ਕਰਨ ਵਾਲੇ ਲੋਕਾਂ ਦੇ ਰੁਜ਼ਗਾਰ ਨੂੰ ਸਾਮਰਾਜੀ ਅਜਗਰ ਨਿਗਲ ਚੁੱਕਾ ਹੈ ਅਤੇ ਵਧ ਰਹੀ ਜਨਸੰਖਿਆ ਰੋਟੀ ਤੋਂ ਵੀ ਆਤਰ ਹੁੰਦੀ ਜਾ ਰਹੀ ਹੈ, ਪਰ ਸਰਮਾਏਦਾਰ ਲੋਕਾਂ ਵੱਲੋਂ ਇਨ੍ਹਾਂ ਬੇਰੁਜਗਾਰ ਲੋਕਾਂ ਨੂੰ ਧਰਮ, ਰੱਬ, ਜਨਮਾਂ, ਕਰਮਾਂ ਦੇ ਚੱਕਰ ਵਿੱਚ ਪਾ ਕੇ ਗੁੰਮਰਾਹ ਕੀਤਾ ਜਾ ਰਿਹਾ ਹੈ ਅਤੇ ਇਹਨਾਂ ਲੋਕਾਂ ਦੀਆਂ ਦੁੱਖ-ਤਕਲੀਫਾਂ ਅਤੇ ਆਰਥਿਕ ਮੁਸ਼ਕਲਾਂ ਦਾ ਹੱਲ ਬਰਕਰਾਰ ਰੱਖਣ ਲਈ ਧਰਮਾਂ ਦੇ ਨਾਂਅ 'ਤੇ ਕਈ ਤਰ੍ਹਾਂ ਦੇ ਢਕਵੰਜ ਰਚੇ ਜਾ ਰਹੇ ਹਨ।

ਇਸ ਸਾਮਰਾਜੀ ਤਾਣੇ-ਬਾਣੇ ਵੱਲੋਂ ਸਦੀਆਂ ਤੋਂ ਹੀ ਆਪਣੀ ਹੋਂਦ ਬਰਕਰਾਰ ਰੱਖਣ ਲਈ ਗੁੰਮਰਾਹ ਕੀਤੇ ਜਾ ਰਹੇ ਇਹ ਲੋਕ ਆਪਣੀਆਂ ਆਰਥਿਕ ਮੁਸ਼ਕਲਾਂ ਦਾ ਹੱਲ ਧਾਰਮਿਕ ਅਸਥਾਨਾਂ ਜਾਂ ਫਿਰ ਸਾਧਾਂ-ਸੰਤਾਂ ਤੋਂ ਆਸ ਰੱਖ ਕੇ ਦਿਨ ਭਰ ਦੀ ਖ਼ੂਨ-ਪਸੀਨੇ ਦੀ ਕਮਾਈ ਇਹਨਾਂ ਦੇ ਲੇਖੇ ਲਾ ਰਹੇ ਹਨ। ਬਹੁਤ ਸਾਰੇ ਚਤਰ ਤੇ ਚਲਾਕ ਸਾਮਰਾਜੀਆਂ ਦੇ ਚਮਚੇ ਭੋਲੇ-ਭਾਲੇ ਅਤੇ ਆਮ ਲੋਕਾਂ ਨੂੰ ਗੁੰਮਰਾਹ ਕਰਕੇ ਧਰਮਾਂ ਦੇ ਨਾਂਅ 'ਤੇ ਰੱਬ ਦੀਆਂ ਬਰਕਤਾਂ ਪਾਉਣ ਲਈ ਪੈਸਾ ਬਟੋਰਦੇ ਅਤੇ ਦੁਕਾਨਦਾਰੀਆਂ ਖੋਲ੍ਹੀ ਬੈਠੇ ਹਨ। ਜਦੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਬਾਬਾ ਬਕਾਲਾ ਵਿਖੇ ਤਪੱਸਿਆ ਕਰ ਰਹੇ ਸਨ ਤਾਂ ਉਸ ਵੇਲੇ ਵੀ 22 ਮਸੰਦ ਆਪਣੇ ਆਪ ਨੂੰ ਗੁਰੂ ਦੱਸ ਰਹੇ ਸਨ। ਅੱਜ ਸਮਾਂ ਬਦਲ ਚੁੱਕਾ ਹੈ। ਅੱਜ 22 ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਮੱਖਣ ਸਾਹ ਲੁਬਾਣੇ ਵਰਗੇ ਮਿਹਨਤੀ ਗਰੀਬ ਲੋਕਾਂ ਦੀ ਲੁੱਟ ਕਰ ਰਹੇ ਹਨ। ਇਸ ਧਰਤੀ ਉੱਪਰ ਜਿੰਨੇ ਵੀ ਪੀਰ, ਪੈਗੰਬਰ, ਗੁਰੂ ਆਏ, ਉਹਨਾਂ ਨੇ ਸਰਬ ਸਾਂਝੀਵਾਲਤਾ, ਭਾਈਚਾਰਕ ਸਾਂਝ, ਸੰਗਤ ਅਤੇ ਪੰਗਤ ਦੀ ਰੀਤ ਚਲਾਈ ਤਾਂ ਕਿ ਇਨਸਾਨੀਅਤ ਦੀਆਂ ਕਦਰਾਂ-ਕੀਮਤਾਂ ਵਿੱਚ ਰਹਿੰਦਿਆਂ ਇੱਕ ਵਧੀਆ ਮਨੁੱਖੀ ਸਮਾਜ ਦੀ ਸਿਰਜਣਾ ਹੋ ਸਕੇ ਅਤੇ ਜ਼ੁਲਮ ਦੇ ਖਿਲਾਫ ਆਵਾਜ਼ ਬੁਲੰਦ ਕਰਕੇ ਜ਼ੁਲਮ ਦਾ ਨਾਸ ਕੀਤਾ ਜਾਵੇ। ਕਿਸੇ ਵੀ ਗੁਰੂ, ਪੀਰ, ਪੈਗੰਬਰ ਨੇ ਇਹ ਤਾਂ ਨਹੀਂ ਸੀ ਕਿਹਾ ਕਿ ਮਨੁੱਖ ਆਪਸ ਵਿੱਚ ਸਾਡੇ ਨਾਂਅ 'ਤੇ ਵੰਡੀਆਂ ਪਾ ਕੇ ਵੱਖ-ਵੱਖ ਧਰਮ ਬਣਾ ਲਵੇ। ਇਹ ਸਭ ਮਸੰਦ ਰੂਪੀ ਲੋਕ ਆਪਣੇ ਨਿੱਜੀ ਹਿੱਤਾਂ ਖਾਤਿਰ ਧਰਮ ਦੇ ਨਾਂਅ 'ਤੇ ਦੰਗੇ-ਫਸਾਦ ਅਤੇ ਆਪਣੀਆਂ ਦੁਕਾਨਦਾਰੀਆਂ ਚਲਾ ਕੇ ਹਜ਼ਾਰਾਂ ਮਨੁੱਖੀ ਜਾਨਾਂ ਦੀ ਬਲੀ ਦੇ ਚੁੱਕੇ ਹਨ। ਅੱਜ ਤੱਕ ਦੇ ਲੀਡਰ ਆਪਣੀਆਂ ਕੁਰਸੀਆਂ ਦੀ ਖਾਤਰ ਵੋਟਾਂ ਬਟੋਰਨ ਲਈ ਲੋਕਾਂ ਨੂੰ ਧਰਮ ਦੇ ਨਾਂਅ ਲੜਾ ਕੇ ਦੰਗੇ-ਫਸਾਦ ਕਰਵਾ ਕੇ ਆਪਣੀ ਹੋਂਦ ਨੂੰ ਮਜ਼ਬੂਤ ਕਰਨ ਲਈ ਆਪਣੇ-ਆਪ ਨੂੰ ਲੋਕਾਂ ਦੇ ਧਰਮ ਦੇ ਹਮਦਰਦ ਸਿੱਧ ਕਰਨ ਲਈ ਜਾਤੀਵਾਦ ਅਤੇ ਧਰਮ ਦੀ ਵਰਤੋਂ ਕਰ ਰਹੇ ਹਨ।

ਹਿੰਦੁਸਤਾਨ ਅੰਦਰ ਹਜ਼ਾਰਾਂ ਧਰਮ ਤੇ ਅਣਗਿਣਤ ਜਾਤਾਂ-ਪਾਤਾਂ ਹਨ, ਜਿਹੜੀਆਂ ਸਿੱਧੇ ਤੌਰ 'ਤੇ ਸਾਮਰਾਜੀ ਸੋਚ ਦੇ ਹਿੱਤ ਵਿੱਚ ਜਾਂਦੀਆਂ ਹਨ। ਅੱਜ ਇਨਸਾਨੀਅਤ ਦੇ ਨਾਂਅ 'ਤੇ ਨਹੀਂ ਸਗੋਂ ਧਰਮ ਅਤੇ ਜਾਤੀ ਦੇ ਨਾਂਅ 'ਤੇ ਵੋਟਾਂ ਲਈਆਂ ਜਾ ਰਹੀਆਂ ਹਨ। ਪੰਜਾਬ ਤਾਂ ਕੀ, ਹਰ ਸੂਬੇ ਵਿੱਚ ਧਰਮ ਤੇ ਜਾਤੀ ਦੇ ਨਾਂਅ 'ਤੇ ਦੰਗੇ ਹੋ ਰਹੇ ਹਨ, ਕਿਉਂਕਿ ਲੀਡਰ ਆਪਣੀਆਂ ਕੁਰਸੀਆਂ ਇਸੇ ਵਿੱਚ ਹੀ ਸਲਾਮਤ ਸਮਝਦੇ ਹਨ। ਗੋਦੀ ਮੀਡੀਆ ਵੱਲੋਂ ਵੀ ਸਾਮਰਾਜੀ ਹਿੱਤ ਪੂਰਦਿਆਂ ਹੋਇਆਂ ਲੋਕਾਂ ਨੂੰ ਵੱਖ-ਵੱਖ ਧਰਮਾਂ, ਰੱਬ ਅਤੇ ਕਰਮਕਾਂਡਾਂ ਦੇ ਚੱਕਰਾਂ 'ਚ ਪ੍ਰਫੁੱਲਤ ਕੀਤਾ ਜਾ ਰਿਹਾ ਹੈ, ਤਾਂ ਕਿ ਲੋਕ ਆਪਣੀ ਗਰੀਬੀ, ਭੁੱਖਮਰੀ ਅਤੇ ਕੰਗਾਲੀ ਦੇ ਕਾਰਨਾਂ ਤੋਂ ਦੂਰ ਜਾ ਸਕਣ ਅਤੇ ਸਿਰਫ ਆਪਣੇ ਕਰਮਾਂ ਅਤੇ ਰੱਬ ਨੂੰ ਹੀ ਆਪਣੀਆਂ ਆਰਥਿਕ ਮੁਸ਼ਕਲਾਂ ਦਾ ਕਾਰਨ ਸਮਝਣ। ਧਰਮ ਅਤੇ ਜਾਤੀਵਾਦ ਤੋਂ ਉੱਪਰ ਉੱਠ ਕੇ ਅੱਜ ਹਰ ਅਗਾਂਹਵਧੂ ਸੂਝਵਾਨ ਅਤੇ ਪੜ੍ਹੇ-ਲਿਖੇ ਇਨਸਾਨਾਂ ਨੂੰ ਅੱਗੇ ਆਉਣ ਦੀ ਲੋੜ ਹੈ, ਤਾਂ ਕਿ ਧਰਮ, ਜਾਤੀ ਦੇ ਤੰਦੂਆ ਜਾਲ ਦੀਆਂ ਅਸਲ ਕੀਮਤਾਂ ਲੋਕਾਂ ਸਾਹਮਣੇ ਰੱਖ ਕੇ ਸਿਰਫ ਇਨਸਾਨੀਅਤ ਅਤੇ ਮਨੁੱਖੀ ਭਾਈਚਾਰੇ ਦਾ ਸੰਦੇਸ਼ ਦੇ ਕੇ ਦੇਸ਼ ਭਰ ਵਿੱਚ ਧਰਮ ਦੇ ਨਾਂਅ 'ਤੇ ਕਰਵਾ ਰਹੇ ਦੰਗੇ-ਫਸਾਦਾਂ ਵਾਲੇ ਲੀਡਰਾਂ ਦੀ ਅਸਲੀਅਤ ਲੋਕਾਂ ਸਾਹਮਣੇ ਨੰਗੀ ਕਰਕੇ ਭਾਰਤੀ ਸਮਾਜਵਾਦੀ ਸਮਾਜਿਕ ਕਦਰਾਂ-ਕੀਮਤਾਂ ਅਤੇ ਇੱਕ ਚੰਗੇ ਸਮਾਜ ਦੀ ਸਿਰਜਣਾ ਕਰਕੇ ਇਨਸਾਨੀਅਤ ਦਾ ਖਾਤਮਾ ਹੋਣ ਤੋਂ ਬਚਾਇਆ ਜਾ ਸਕੇ।

*# ਸੰਪਰਕ : 78379-17054*

# ਗਦਰੀ ਰਾਮ ਸ਼ਰਨ ਦਾਸ ਨੂੰ ਚੇਤੇ ਕਰਦਿਆਂ...

ਪ੍ਰਿਥੀਪਾਲ ਸਿੰਘ ਮਾੜੀਮੇਘਾ

ਗ਼ਦਰੀ ਰਾਮ ਸ਼ਰਨ ਦਾਸ ਨੇ ਕ੍ਰਾਂਤੀਕਾਰੀ ਦਲ, ਗ਼ਦਰ ਪਾਰਟੀ ਤੇ ਨੌਜਵਾਨ ਭਾਰਤ ਸਭਾ ਵਿੱਚ ਸਰਗਰਮੀ ਨਾਲ ਕੰਮ ਕੀਤਾ। ਇਨਕਲਾਬੀ ਰਾਮ ਸ਼ਰਨ ਦਾਸ ਤਲਵਾੜ ਦਾ ਜਨਮ 24 ਅਗਸਤ 1888 ਨੂੰ ਇੱਕ ਗਰੀਬ ਪਰਵਾਰ ਦੇ ਘਰ ਕਪੂਰਥਲਾ ਵਿਖੇ ਹੋਇਆ । ਉਹ ਗ਼ਦਰ ਪਾਰਟੀ ਬਣਨ ਤੋਂ ਪਹਿਲਾਂ ਹੀ ਦੇਸ਼ ਦੀ ਆਜ਼ਾਦੀ ਦੇ ਸੰਗਰਾਮ ਵਿੱਚ ਕੁੱਦ ਚੁੱਕੇ ਸਨ । ਜਦੋਂ ਅੰਗਰੇਜ਼ ਹਾਕਮਾਂ ਨੇ 1905 ਵਿੱਚ ਬੰਗਾਲ ਨੂੰ ਦੋ ਹਿੱਸਿਆਂ ਵਿੱਚ ਵੰਡ ਦਿੱਤਾ ਤਾਂ ਉਨ੍ਹਾ ਦੇ ਹਿਰਦੇ 'ਤੇ ਗਹਿਰੀ ਚੋਟ ਲੱਗੀ ਤੇ ਉਹ ਅੰਗਰੇਜ਼ਾਂ ਦੇ ਕੱਟੜ ਵਿਰੋਧੀ ਹੋ ਗਏ । ਉਨ੍ਹਾਂ ਦੇ ਸਹਿਪਾਠੀਆਂ ਨੇ ਕਪੂਰਥਲੇ ਵਿੱਚ ਇੱਕ ਸੁਸਾਇਟੀ ਬਣਾਈ ਤੇ ਉਹ ਉਸ ਦੇ ਮੈਂਬਰ ਬਣ ਗਏ ।

1907 ਵਿੱਚ ਅੰਗਰੇਜ਼ਾਂ ਦੀ ਕਿਸਾਨ ਮਾਰੂ ਨੀਤੀ ਵਿਰੁੱਧ ਸ਼ਹੀਦ ਭਗਤ ਸਿੰਘ ਦੇ ਚਾਚਾ ਅਜੀਤ ਸਿੰਘ ਨੇ ਕਿਸਾਨ ਲਹਿਰ ਜਥੇਬੰਦ ਕੀਤੀ । ਬਾਅਦ ਵਿੱਚ ਲਾਲਾ ਲਾਜਪਤ ਰਾਏ ਵੀ ਲਹਿਰ ਨਾਲ ਜੁੜ ਗਏ । ਇਸ ਲਹਿਰ ਨੇ ਹੀ 'ਪਗੜੀ ਸੰਭਾਲ ਜੱਟਾ' ਗੀਤ ਮਸ਼ਹੂਰ ਕੀਤਾ। ਇਹ ਗੀਤ 'ਝੰਗ ਸਿਆਲ' ਅਖਬਾਰ ਦੇ ਸੰਪਾਦਕ ਬਾਂਕੇ ਦਿਆਲ ਨੇ ਗਾਇਆ ਸੀ। ਲਾਲਾ ਰਾਮ ਸ਼ਰਨ ਦਾਸ ਤੇ ਉਸ ਦੇ ਨਾਲ ਦਿਆਂ ਨੇ ਕਿਸਾਨ ਲਹਿਰ ਦੀ ਹਮਾਇਤ ਵਿੱਚ ਹਿੰਦੂ ਕਮਿਊਨਿਟੀ ਨੂੰ ਲਹਿਰ ਨਾਲ ਜੋੜਨ ਵਾਸਤੇ ਕਪੂਰਥਲਾ ਇਲਾਕੇ 'ਚ 'ਭਾਰਤ ਮਾਤਾ ਸਭਾ' ਕਾਇਮ ਕੀਤੀ।

ਅੰਗਰੇਜ਼ਾਂ ਨੇ ਲਾਲਾ ਲਾਜਪਤ ਰਾਏ ਤੇ ਅਜੀਤ ਸਿੰਘ ਨੂੰ ਗ੍ਰਿਫਤਾਰ ਕਰ ਕੇ ਮਾਂਡਲੇ ਜੇਲ੍ਹ ਵਿੱਚ ਭੇਜ ਦਿੱਤਾ । ਇਨ੍ਹਾਂ ਗ੍ਰਿਫਤਾਰੀਆਂ ਨਾਲ ਰਾਮ ਸ਼ਰਨ ਦਾਸ ਦਾ ਆਜ਼ਾਦੀ ਦੇ ਸੰਗਰਾਮ ਵਿੱਚ ਕੁੱਦਣ ਲਈ ਇਰਾਦਾ ਹੋਰ ਦ੍ਰਿੜ੍ਹ ਹੋ ਗਿਆ । ਓਧਰ ਲਾਲਾ ਹਰਦਿਆਲ ਦੀਆਂ ਲਿਖਤਾਂ ਨੇ ਰਾਮ ਸ਼ਰਨ ਦਾਸ ਦੇ ਵਿਚਾਰਾਂ ਨੂੰ ਸਾਣ 'ਤੇ ਲਾਉਣ ਦਾ ਕੰਮ ਕੀਤਾ ਤੇ ਉਨ੍ਹਾਂ ਦੀ ਬੁੱਧੀ ਤਿੱਖੀ ਹੋਈ ।

ਅੰਗਰੇਜ਼ੀ ਹਕੂਮਤ ਵਿਰੁੱਧ ਲਹਿਰ ਦਿਨੋਂ-ਦਿਨ ਜ਼ੋਰ ਫੜ ਰਹੀ ਸੀ ਤੇ ਓਧਰ ਰਾਮ ਸ਼ਰਨ ਦਾਸ ਦੇ ਮਾਪਿਆਂ ਨੇ ਉਨ੍ਹਾ ਦਾ 1908 ਵਿੱਚ ਜਬਰਨ ਵਿਆਹ ਕਰ ਦਿੱਤਾ । ਵਿਆਹ ਹੋਣ ਦੇ ਬਾਵਜੂਦ ਉਹ ਘਰ ਨਾ ਰੁਕੇ ਤੇ ਲਾਲਾ ਹਰਦਿਆਲ ਨੂੰ ਮਿਲਣ ਲਾਹੌਰ ਚਲੇ ਗਏ। ਲਾਹੌਰ ਵਿਖੇ ਉਹ ਪਰਮਾਨੰਦ, ਦਰਿਆਈ ਲਾਲ ਅਤੇ ਰਾਜ ਕੁਮਾਰ ਨਾਲ ਹਰਦਿਆਲ ਨੂੰ ਮਿਲੇ । ਰਾਮ ਸ਼ਰਨ ਦਾਸ ਨੇ ਲਾਲਾ ਹਰਦਿਆਲ ਨੂੰ ਕਿਹਾ-ਨੌਜਵਾਨ ਪੜ੍ਹਾਈ ਛੱਡ ਕੇ ਦੇਸ਼ ਦੀ ਆਜ਼ਾਦੀ ਦੇ ਅੰਦੋਲਨ ਵਿੱਚ ਕੁੱਦਣਾ ਚਾਹੁੰਦੇ ਹਨ, ਪਰ ਘਰ ਦੇ ਉਨ੍ਹਾਂ ਨੂੰ ਛੱਡਣ ਨਹੀਂ ਦੇਂਦੇ । ਲਾਲਾ ਹਰਦਿਆਲ ਨੇ ਕਿਹਾ-ਉਹ ਮੇਰੇ ਕੋਲ ਆ ਜਾਣ, ਮੈਂ ਉਨ੍ਹਾਂ ਨੂੰ ਉਹ ਸਿੱਖਿਆ ਦੇਵਾਂਗਾ, ਜਿਸ ਨਾਲ ਉਨ੍ਹਾਂ ਦਾ ਨਾਂਅ ਇਤਿਹਾਸ ਵਿੱਚ ਲਿਖਿਆ ਜਾਵੇਗਾ।

ਝੱਟ ਹੀ ਰਾਮ ਸ਼ਰਨ ਦਾਸ ਪੱਕੇ ਤੌਰ 'ਤੇ ਲਾਲਾ ਹਰਦਿਆਲ ਕੋਲ ਚਲੇ ਗਏ। ਉਥੇ ਉਨ੍ਹਾਂ ਲਾਲਾ ਹਰਦਿਆਲ ਤੇ ਅਜੀਤ ਸਿੰਘ ਨਾਲ ਸਕੀਮ ਬਣਾਈ ਕਿ ਇੱਕ ਆਸ਼ਰਮ ਖੋਲ੍ਹਿਆ ਜਾਵੇ, ਜਿਸ ਦਾ ਨਾਂਅ ਤਿਲਕ ਆਸ਼ਰਮ ਹੋਵੇ । ਇਸ ਆਸ਼ਰਮ ਵਿੱਚ 70 ਹਜ਼ਾਰ ਰਾਜਨੀਤਕ ਬੁਲਾਰੇ ਪੈਦਾ ਕੀਤੇ ਜਾਣ, ਜੋ ਹਿੰਦੁਸਤਾਨ ਦੇ 7 ਲੱਖ ਪਿੰਡਾਂ ਦੇ ਲੋਕਾਂ ਵਿੱਚ ਦੇਸ਼ ਦੀ ਆਜ਼ਾਦੀ ਪ੍ਰਤੀ ਜਾਗ੍ਰਿਤੀ ਪੈਦਾ ਕਰਨ।

ਲਾਲਾ ਹਰਦਿਆਲ ਦੀ ਗ੍ਰਿਫਤਾਰੀ ਨੂੰ ਵੇਖਦਿਆਂ ਹੋਇਆਂ ਉਨ੍ਹਾ ਨੂੰ ਵਿਦੇਸ਼ ਭੇਜ ਦਿੱਤਾ ਗਿਆ ਤੇ ਮਗਰ ਰਾਮ ਸ਼ਰਨ ਦਾਸ ਤੇ ਅਜੀਤ ਸਿੰਘ ਰਹਿ ਗਏ। ਲਾਹੌਰ ਵਿਖੇ ਅਜੀਤ ਸਿੰਘ ਨੇ ਰਾਮ ਸ਼ਰਨ ਦਾਸ ਨੂੰ ਬੰਗਾਲੀ ਕ੍ਰਾਂਤੀਕਾਰੀਆਂ ਨਾਲ ਮਿਲਾ ਦਿੱਤਾ । ਇਨ੍ਹਾਂ ਕ੍ਰਾਂਤੀਕਾਰੀਆਂ ਨੇ ਆਪਣੇ ਦਲਾਂ ਦੀਆਂ ਬ੍ਰਾਂਚਾਂ ਲਾਹੌਰ ਤੇ ਦਿੱਲੀ ਕਾਇਮ ਕਰ ਲਈਆਂ । ਉਸ ਵਕਤ ਦਲ ਦੀ ਕਮਾਂਡ ਮੁੱਖ ਰੂਪ ਵਿੱਚ ਮਾਸਟਰ ਅਮੀਰ ਚੰਦ ਦੇ ਹੱਥ ਸੀ।

ਰਾਮ ਸ਼ਰਨ ਦਾਸ ਹਮੇਸ਼ਾ ਹੀ ਦੇਸ਼ ਤੇ ਕੌਮ ਲਈ ਮਰ ਮਿਟਣ ਖਾਤਰ ਤਤਪਰ ਰਹਿੰਦੇ ਸਨ । ਪਾਰਟੀ ਦਾ ਗੁਪਤ ਲਿਟਰੇਚਰ ਛਾਪਣ ਤੇ ਵੰਡਣ ਵਿੱਚ ਰਾਮ ਸ਼ਰਨ ਦਾਸ ਦਾ ਅਹਿਮ ਰੋਲ ਹੁੰਦਾ ਸੀ । ਰਾਮ ਸ਼ਰਨ ਦਾਸ ਹੁਰਾਂ ਕਪੂਰਥਲਾ ਵਿਖੇ 1910 ਵਿੱਚ ਇੱਕ ਛਾਪਾਖਾਨਾ ਖੋਲਿਆ, ਜਿਸ ਵਿੱਚ ਪੰਜਾਬੀ, ਅੰਗਰੇਜ਼ੀ, ਉਰਦੂ ਤੇ ਹਿੰਦੀ ਵਿੱਚ ਲਿਖਤਾਂ ਛਪਦੀਆਂ ਸਨ । ਰਾਮ ਸ਼ਰਨ ਦਾਸ ਅੰਗਰੇਜ਼ੀ ਦੀ ਕੰਪੋਜ਼ਿੰਗ ਦਾ ਕੰਮ ਕਰਦੇ ਸਨ। ਕ੍ਰਾਂਤੀਕਾਰੀਆਂ ਦਾ ਇਹ ਛਾਪਾਖਾਨਾ 4 ਵਰ੍ਹਿਆਂ ਤੱਕ ਚਲਦਾ ਰਿਹਾ। ਅਖੀਰ ਅੰਗਰੇਜ਼ਾਂ ਨੇ 1914 ਵਿੱਚ ਇਹ ਛਾਪਾਖਾਨਾ ਬੰਦ ਕਰ ਦਿੱਤਾ।

ਜਦੋਂ ਅੰਗਰੇਜ਼ਾਂ ਨੇ ਕਲਕੱਤੇ ਤੋਂ ਰਾਜਧਾਨੀ ਬਦਲ ਕੇ ਦਿੱਲੀ ਲਿਆਂਦੀ ਤਾਂ ਅੰਗਰੇਜ਼ ਹਾਕਮ ਹਾਰਡਿੰਗ ਹਾਥੀ 'ਤੇ ਬੈਠ ਕੇ ਇੱਕ ਜਲੂਸ ਦੀ ਸ਼ਕਲ ਵਿੱਚ ਲਾਲ ਕਿਲ੍ਹੇ ਨੂੰ ਜਾ ਰਿਹਾ ਸੀ ਤਾਂ ਇਨਕਲਾਬੀਆਂ ਨੇ ਉਸ 'ਤੇ ਬੰਬ ਸੁੱਟਿਆ ਤੇ ਉਹ ਸਖ਼ਤ ਘਾਇਲ ਹੋ ਗਿਆ। ਇਸ ਘਟਨਾ ਨੇ ਦੇਸ਼ ਦੇ ਸਾਰੇ ਕ੍ਰਾਂਤੀਕਾਰੀਆਂ ਵਿੱਚ ਜੋਸ਼ ਭਰ ਦਿੱਤਾ। ਇਸੇ ਤਰਜ਼ 'ਤੇ ਪੰਜਾਬ ਦੇ ਕ੍ਰਾਂਤੀਕਾਰੀਆਂ ਨੇ 1913 ਵਿੱਚ ਲਾਰੰਸ ਗਾਰਡਨ ਜਿਥੇ ਅੰਗਰੇਜ਼ ਨਾਚ ਕਰਾਉਂਦੇ ਸਨ, ਉਥੇ ਬੰਬ ਸੁੱਟਣ ਦੀ ਸਕੀਮ ਬਣਾਈ । ਬੰਬ ਸੁੱਟਣ ਵਾਲਿਆਂ ਵਿੱਚ ਮੁੱਖ ਨਾਂਅ ਰਾਮ ਸ਼ਰਨ ਦਾਸ ਦਾ ਸੀ, ਪਰ ਉਸ ਨੂੰ ਰੋਕ ਲਿਆ ਗਿਆ ।

ਦੋਵੇਂ ਬੰਬ ਸੁੱਟਣ ਵਾਲੇ ਕ੍ਰਾਂਤੀਕਾਰੀਆਂ ਦੀ ਅੰਗਰੇਜ਼ਾਂ ਨੂੰ ਕੋਈ ਉੱਘ-ਸੁੱਘ ਨਾ ਲੱਗੀ । ਇਸ ਕੇਸ ਵਿੱਚ ਦੀਨਾ ਨਾਥ ਨੇ ਇਹ ਗਵਾਹੀ ਦਿੱਤੀ ਕਿ ਮੈਂ ਕਪੂਰਥਲੇ ਮਈ 1913 ਨੂੰ 'ਲਿਬਰਟੀ' ਦਾ ਪਰਚਾ ਛਪਵਾਉਣ ਲਈ ਗਿਆ । ਉਥੇ ਰਾਮ ਸ਼ਰਨ ਦਾਸ ਤੇ ਉਸ ਦੇ ਜਿਗਰੀ ਦੋਸਤ ਜਗਨ ਨਾਥ ਨੂੰ ਪਰਚਾ ਛਾਪਣ ਲਈ ਕਿਹਾ । ਰਾਮ ਸਰਨ ਦਾਸ ਨੇ ਛਾਪ ਕੇ ਲੈ ਆਇਆ ਤੇ ਮੈਂ ਤੇ ਸ਼ਰਨ ਦਾਸ ਬਾਲ ਮੁਕੰਦ ਦੇ ਘਰ ਦੇ ਕੇ ਆਏ। ਉਥੇ ਫੈਸਲਾ ਹੋਇਆ ਕਿ ਉਹ ਆਦਮੀ ਬੰਬ ਨਾ ਸੁੱਟੇ, ਜਿਹੜਾ ਅਵਧ ਬਿਹਾਰੀ ਤੇ ਰਾਸ ਬਿਹਾਰੀ ਨੂੰ ਜਾਣਦਾ ਹੈ । ਇਸ ਕਰਕੇ ਸ਼ਰਨ ਦਾਸ ਦੀ ਥਾਂ ਬੰਬ ਸੁੱਟਣ ਦੀ ਡਿਊਟੀ ਬਸੰਤ ਕੁਮਾਰ ਦੀ ਲਾਈ ਗਈ।

ਜਦੋਂ ਗਦਰੀ ਵਿਦੇਸ਼ਾਂ 'ਚੋਂ ਗ਼ਦਰ ਭਾਵ ਇਨਕਲਾਬ ਕਰਨ ਹਿੰਦ ਆਏ ਤਾਂ ਗ਼ਦਰੀ ਲਾਹੌਰ ਵਿਖੇ ਭਾਈ ਪਰਮਾਨੰਦ ਨੂੰ ਮਿਲੇ। ਉਸ ਨੇ ਕਿਹਾ ਕਿ ਭਾਰਤ ਮਾਤਾ ਸੁਸਾਇਟੀ ਦੇ ਰਾਮ ਸ਼ਰਨ ਦਾਸ ਕਪੂਰਥਲਾ, ਮਹਿਤਾ ਨੰਦ ਕਿਸ਼ੋਰ ਤੇ ਲਾਲਾ ਕਿਦਾਰ ਨਾਥ ਸਹਿਗਲ ਨੂੰ ਮਿਲਿਆ ਜਾਵੇ। ਉਹ ਅੱਗੇ ਬੰਗਾਲੀ ਕ੍ਰਾਂਤੀਕਾਰੀਆਂ ਨੂੰ ਮਿਲਾ ਦੇਣਗੇ ।

ਰਾਸ ਬਿਹਾਰੀ ਬੋਸ ਜਦੋਂ ਪੰਜਾਬ ਆਇਆ ਤੇ ਪਹਿਲਾਂ ਅੰਮ੍ਰਿਤਸਰ ਠਹਿਰਿਆ ਤੇ ਫਿਰ ਹਾਲਾਤ ਨੂੰ ਵਾਚਦਿਆਂ ਉਸ ਨੂੰ ਗ਼ਦਰੀਆਂ ਦੇ ਹੈੱਡਕੁਆਰਟਰ ਲਾਹੌਰ ਖੜਿਆ ਗਿਆ । ਲਾਹੌਰ ਕੋਈ ਛੜੇ ਬੰਦੇ ਨੂੰ ਮਕਾਨ ਨਹੀਂ ਸੀ ਦਿੰਦਾ। ਰਾਮ ਸ਼ਰਨ ਦਾਸ ਆਪਣੀ ਪਤਨੀ ਸੱਤਿਆਵਤੀ ਨੂੰ ਲੈ ਕੇ ਆਇਆ ਤੇ ਉਸ ਦੀ ਮਦਦ ਨਾਲ ਰਾਸ ਬਿਹਾਰੀ ਬੋਸ ਨੂੰ ਮਕਾਨ ਲੈ ਕੇ ਦਿੱਤਾ ।

ਗ਼ਦਰ ਦੀ ਅਸਫ਼ਲਤਾ ਤੋਂ ਬਾਅਦ ਗ਼ਦਰੀਆਂ ਦੀਆਂ ਗ੍ਰਿਫਤਾਰੀਆਂ ਦਾ ਦੌਰ ਤੇਜ਼ੀ ਨਾਲ ਚੱਲ ਪਿਆ । ਅੰਗਰੇਜ਼ਾਂ ਨੇ ਰਾਮ ਸ਼ਰਨ ਦਾਸ ਨੂੰ 23 ਫਰਵਰੀ 1915 ਨੂੰ ਗ੍ਰਿਫਤਾਰ ਕਰ ਲਿਆ। ਪਹਿਲੇ ਲਾਹੌਰ ਸਾਜ਼ਿਸ਼ ਕੇਸ ਵਿੱਚ ਪਹਿਲਾਂ ਉਨ੍ਹਾਂ ਨੂੰ ਫਾਂਸੀ ਦੀ ਸਜ਼ਾ ਹੋਈ, ਫਿਰ ਬਦਲ ਕੇ ਉਮਰ ਕੈਦ ਕਰ ਦਿੱਤੀ ਗਈ । ਆਪ 14 ਵਰ੍ਹੇ ਕੈਦ ਕੱਟ ਕੇ ਸਤੰਬਰ 1927 ਵਿੱਚ ਰਿਹਾਅ ਹੋਏ ।

ਅੰਗਰੇਜ਼ਾਂ ਦਾ ਹੁਕਮ ਸੀ ਕਿ ਰਿਹਾਈ ਤੋਂ ਬਾਅਦ ਰਾਮ ਸ਼ਰਨ ਦਾਸ ਤਿੰਨ ਸਾਲ ਕਪੂਰਥਲੇ ਤੋਂ ਬਾਹਰ ਨਹੀਂ ਜਾ ਸਕਦੇ, ਪਰ ਆਪ 23 ਫਰਵਰੀ 1929 ਨੂੰ ਨੌਜਵਾਨ ਭਾਰਤ ਸਭਾ ਦੀ ਕਾਨਫਰੰਸ 'ਤੇ ਲਾਹੌਰ ਪਹੁੰਚ ਗਏ ਤੇ ਸਟੇਜ 'ਤੇ ਆਪਣੀ ਜੇਲ੍ਹ ਯਾਤਰਾ ਬਾਰੇ ਲੈਕਚਰ ਦਿੱਤਾ। ਅੰਗਰੇਜ਼ਾਂ ਨੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਤੇ ਉਨ੍ਹਾਂ ਜੇਲ੍ਹ ਵਿੱਚ ਲਗਾਤਾਰ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ। ਅਖੀਰ ਅੰਗਰੇਜ਼ਾਂ ਨੂੰ ਰਿਹਾਅ ਕਰਨਾ ਪਿਆ।

ਅਖੀਰ ਅੰਗਰੇਜ਼ਾਂ ਨੇ ਰਾਮ ਸ਼ਰਨ ਦਾਸ ਨੂੰ ਜੂਨ 1929 ਵਿੱਚ ਮੁੜ ਗ੍ਰਿਫਤਾਰ ਕਰ ਲਿਆ ਤੇ ਪੰਜ ਸਾਲ ਦੀ ਸਜ਼ਾ ਹੋਈ। ਜੇਲ੍ਹ ਵਿੱਚ ਉਨ੍ਹਾ ਡਰੀਮ ਲੈਂਡ, ਪੁਸਤਕ ਲਿਖੀ, ਜਿਸ ਦੀ ਭੂਮਿਕਾ ਭਗਤ ਸਿੰਘ ਨੇ ਲਿਖੀ ਸੀ । ਇਸ ਮਹਾਨ ਦੇਸ਼ ਭਗਤ ਦੀ ਮੌਤ 8 ਫਰਵਰੀ 1963 ਹੋਈ ਸੀ।

**# ਜਨਰਲ ਸਕੱਤਰ, ਦੇਸ਼ ਭਗਤ ਯਾਦਗਾਰ ਕਮੇਟੀ, ਜਲੰਧਰ, 98760-78731**

# ਪਾਠਕ-ਸੱਥ

## ਮਹਿੰਗਾਈ ਦੀ ਮਾਰ

ਅੱਜਕੱਲ੍ਹ ਮਹਿੰਗਾਈ ਨੇ ਹਰ ਵਰਗ ਦਾ ਕਚੂੰਬਰ ਕੱਢ ਕੇ ਰੱਖ ਛੱਡਿਆ ਹੈ। ਮੱਧ ਵਰਗ ਤੇ ਨਿਮਨਵਰਗ 'ਤੇ ਇਸ ਦੀ ਮਾਰ ਸਭ ਤੋਂ ਵੱਧ ਪੈ ਰਹੀ ਹੈ। ਖਾਣ-ਪੀਣ, ਪਹਿਨਣ ਤੋਂ ਲੈ ਕੇ ਰੋਜ਼ਮਰ੍ਹਾ ਦੀ ਵਰਤੋਂ ਵਿੱਚ ਆਉਣ ਵਾਲੀਆਂ ਸਾਰੀਆਂ ਵਸਤਾਂ ਦੇ ਭਾਅ ਅਸਮਾਨੀ ਚੜ੍ਹੇ ਹੋਏ ਹਨ। ਲੋਕਾਂ ਦਾ ਜਿਉਣਾ ਮੁਹਾਲ ਹੋਇਆ ਪਿਆ ਹੈ। ਗਰੀਬੀ ਰੇਖਾ ਤੋਂ ਹੇਠਾਂ ਜ਼ਿੰਦਗੀ ਬਸਰ ਕਰ ਰਹੇ ਲੋਕਾਂ ਨੂੰ ਅੱਜ ਤਰ੍ਹਾਂ-ਤਰ੍ਹਾਂ ਦੀਆਂ ਸਰੀਰਕ ਬਿਮਾਰੀਆਂ ਤੇ ਅਨੇਕਾਂ ਹੋਰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੂਸਰੇ ਪਾਸੇ ਹਵਾ,ਪਾਣੀ,ਮਿੱਟੀ ਆਦਿ ਸਭ ਕੁਝ ਜ਼ਹਿਰੀਲਾ ਹੋਣ ਤੇ ਸਹੀ ਖੁਰਾਕ ਦੀ ਕਮੀ ਕਾਰਨ ਲੋਕਾਂ ਨੂੰ ਭਿਆਨਕ ਤੇ ਲਾਇਲਾਜ ਬਿਮਾਰੀਆਂ ਲੱਗ ਰਹੀਆਂ ਹਨ, ਜਿਨ੍ਹਾਂ ਦਾ ਇਲਾਜ ਮਹਿੰਗਾ ਹੋਣ ਕਾਰਨ ਕੀਮਤੀ ਜਾਨਾਂ ਅਣਿਆਈ ਮੌਤ ਦੇ ਮੂੰਹ ਵਿੱਚ ਜਾ ਰਹੀਆਂ ਹਨ। ਦੇਸ਼ ਦੀਆਂ ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਇਸ ਨਿੱਤ ਵਧ ਰਹੀ ਮਹਿੰਗਾਈ 'ਤੇ ਨਿਯੰਤਰਣ ਪਾਉਣ ਲਈ ਬੇਲੋੜੇ ਟੈਕਸਾਂ ਦੇ ਭਾਰ ਨੂੰ ਘੱਟ ਕਰਨ ਤੇ ਮਹਿੰਗਾਈ ਦੇ ਸਭ ਤੋਂ ਵੱਡੇ ਰੋਗ ਜਮ੍ਹਾਖੋਰੀ ਨੂੰ ਖਤਮ ਕਰਨ ਲਈ ਸਖਤ ਕਦਮ ਚੁੱਕਣ, ਤਾਂ ਕਿ ਜਨ-ਸਾਧਾਰਨ ਨੂੰ ਕੁੱਝ ਸੁੱਖ ਦਾ ਸਾਹ ਆ ਸਕੇ।

**-ਲਾਭ ਸਿੰਘ ਸ਼ੇਰਗਿੱਲ, ਬਡਰੁੱਖਾਂ (ਸੰਗਰੂਰ)**

## ਨਸ਼ਾ ਨਾਸ਼ ਕਰਦੈ

ਮਨੁੱਖਾਂ ਦੁਆਰਾ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਸ਼ਾ ਅਖਵਾਉਂਦੀ ਹੈ। ਨਸ਼ੀਲੇ ਪਦਾਰਥਾਂ ਦੀ ਵਰਤੋਂ ਮਨੁੱਖ ਦੇ ਨਾੜੀ ਤੰਤਰ ਉੱਤੇ ਅਸਰ ਕਰਦੀ ਹੈ। ਜਦੋਂ ਮਨੁੱਖ ਨਸ਼ਾ ਕਰਦਾ ਹੈ ਤਾਂ ਕੁਝ ਸਮੇਂ ਲਈ ਉਹ ਆਨੰਦ ਅਨੁਭਵ ਕਰਦਾ ਹੈ, ਪਰ ਜਦੋਂ ਉਸ ਦਾ ਨਸ਼ਾ ਉੱਤਰ ਜਾਂਦਾ ਹੈ ਤਾਂ ਫਿਰ ਉਸ ਨੂੰ ਨਸ਼ੀਲੇ ਪਦਾਰਥਾਂ ਦੀ ਲੋੜ ਮਹਿਸੂਸ ਹੁੰਦੀ ਹੈ। ਇਸ ਤਰਾਂ ਉਹ ਨਸ਼ਾ ਕਰਨ ਦਾ ਆਦੀ ਹੋ ਜਾਂਦਾ ਹੈ। ਫਿਰ ਨਸ਼ੇ ਤੋਂ ਬਿਨਾਂ ਨਹੀਂ ਰਹਿ ਸਕਦਾ। ਅਸੀਂ ਹਰ ਰੋਜ਼ ਅਖਬਾਰਾਂ ਵਿੱਚ ਪੜ੍ਹਦੇ ਅਤੇ ਟੀ ਵੀ ਵਿੱਚ ਜਾਂ ਰੇਡੀਓ ਤੋਂ ਨਸ਼ੀਲੇ ਪਦਾਰਥਾਂ ਦੇ ਫੜੇ ਜਾਣ ਦੀਆਂ ਖਬਰਾਂ ਸੁਣਦੇ-ਵੇਖਦੇ ਹਾਂ। ਇਹ ਪਦਾਰਥ ਕਰੋੜਾਂ ਰੁਪਏ ਦੇ ਮੁੱਲ ਦੇ ਹੁੰਦੇ ਹਨ। ਪੁਰਾਣੇ ਸਮਿਆਂ ਵਿੱਚ ਅਫੀਮ, ਪੋਸਤ, ਭੁੱਕੀ ਜਾਂ ਸ਼ਰਾਬ ਦੀ ਨਸ਼ੇ ਵਜੋਂ ਵਰਤੋ ਕੀਤੀ ਜਾਂਦੀ ਸੀ, ਪਰ ਹੁਣ ਤਾਂ ਚਰਸ, ਗਾਂਜਾ, ਸਮੈਕ, ਸੁਲਫਾ, ਕੋਕੀਨ, ਤੰਬਾਕੂ ਅਤੇ ਸਿਗਰਟਾਂ ਆਦਿ ਅਨੇਕ ਤਰ੍ਹਾਂ ਦੇ ਨਸ਼ੇ ਆਮ ਵਰਤੇ ਜਾਣ ਲੱਗੇ ਹਨ। ਕੁਝ ਮੈਡੀਕਲ ਨਸ਼ੇ ਵੀ ਹਨ, ਜਿਹੜੇ ਕਿ ਵਿਗਿਆਨੀਆਂ ਦੁਆਰਾ ਬਣਾਏ ਤਾਂ ਮਨੁੱਖਾਂ ਦੇ ਭਲੇ ਲਈ ਦਵਾਈ ਦੇ ਰੂਪ ਵਿੱਚ ਸਨ, ਪਰ ਬੇਸਮਝ ਮਨੁੱਖਾਂ ਨੇ ਇਹਨਾਂ ਦੀ ਵਰਤੋਂ ਸਰੀਰ ਨੂੰ ਨਸ਼ਾ ਪੂਰਤੀ ਲਈ ਕਰਨੀ ਸ਼ੁਰੂ ਕਰ ਦਿੱਤੀ। ਕੁਝ ਦੇਸ਼ ਨਸ਼ੀਲੇ ਪਦਾਰਥਾਂ ਦੀ ਖੇਤੀ ਵੀ ਕਰਦੇ ਹਨ ਅਤੇ ਇਹਨਾਂ ਨਸ਼ੀਲੇ ਪਦਾਰਥਾਂ ਵਿੱਚ ਹੋਰ ਨਸ਼ੀਲੇ ਰਸਾਇਣ ਮਿਲਾ ਕੇ ਇਹਨਾਂ ਦਾ ਅਸਰ ਵਧਾ ਦਿੱਤਾ ਜਾਂਦਾ ਹੈ। ਨਸ਼ੇ ਦੇ ਵਪਾਰੀਆਂ ਦਾ ਜਾਲ ਨਸ਼ਾ ਤਿਆਰ ਕਰਨ ਤੋਂ ਲੈ ਕੇ ਵੇਚਣ ਤੱਕ ਫੈਲਿਆ ਹੋਇਆ ਹੈ। ਨਸ਼ੇ ਦਾ ਵਧੇਰੀ ਮਾਤਰਾ ਵਿੱਚ ਕੀਤਾ ਹੋਇਆ ਸੇਵਨ ਮਨੁੱਖ ਦੀ ਮੱਤ,ਅਕਲ, ਬੁੱਧੀ ਨੂੰ ਨਸ਼ਟ ਕਰ ਦਿੰਦਾ ਹੈ। ਜਿਹੜਾ ਵਿਅਕਤੀ ਨਸ਼ੇ ਦਾ ਆਦੀ ਹੋ ਜਾਂਦਾ ਹੈ ਉਸ ਨੂੰ ਚੰਗੇ-ਬੁਰੇ ਦੀ ਸਮਝ ਨਹੀਂ ਰਹਿੰਦੀ। ਤਾਹੀਓਂ ਤਾਂ ਕਿਹਾ ਜਾਂਦਾ ਹੈ ਕਿ ਨਸ਼ਾ ਨਾਸ਼ ਕਰਦਾ ਹੈ।

**-ਗਗਨਦੀਪ ਕੌਰ**

# ਮਾਰਲੇ-ਮਿੰਟੋ ਸੁਧਾਰਾਂ ਤੋਂ ਸੰਵਿਧਾਨ ਤੱਕ ਵੋਟ ਅਧਿਕਾਰ

ਐਡਵੋਕੇਟ ਰਵਿੰਦਰ ਸਿੰਘ ਧਾਲੀਵਾਲ

ਸੰਵਿਧਾਨ ਨੇ ਨਾਗਰਿਕਾਂ ਨੂੰ ਸ਼ਕਤੀਸ਼ਾਲੀ ਅਧਿਕਾਰ ਦਿੱਤੇ ਹਨ, ਜਿਹਨਾ ਵਿਚ ਵੋਟ ਦਾ ਅਧਿਕਾਰ ਵੀ ਸ਼ਾਮਲ ਹੈ। ਵੋਟਿੰਗ ਸ਼ਾਮਲ ਬਹੁਤ ਪ੍ਰਭਾਵਸ਼ਾਲੀ ਮਾਧਿਅਮ ਹੈ, ਜਿਸ ਨਾਲ ਅਸੀਂ ਸਰਕਾਰ ਚੁਣ/ਬਦਲ ਸਕਦੇ ਹਾਂ । ਨਾਗਰਿਕ 18 ਸਾਲ ਦੀ ਉਮਰ ਤੋਂ ਹੀ ਦੇਸ਼ ਦਾ ਨੇਤਾ ਚੁਣ ਸੱਚਮੁੱਚ ਕਿੰਗ ਮੇਕਰ ਦੀ ਭੂਮਿਕਾ ਨਿਭਾਉਂਦੇ ਹਨ। 19 ਨਵੰਬਰ 1863 ਨੂੰ ਅਮਰੀਕਾ ਦੇ ਰਾਸ਼ਟਰਪਤੀ ਅਬਰਾਹਿਮ ਲਿੰਕਨ ਨੇ ਲੋਕਤੰਤਰ ਸੰਬੰਧੀ ਆਖਿਆ ਕਿ ਜਮਹੂਰੀਅਤ ਵਿੱਚ ਲੋਕਾਂ ਦੀ ਸਰਕਾਰ, ਲੋਕਾਂ ਦੁਆਰਾ, ਲੋਕਾਂ ਲਈ ਹੋਵੇਗੀ, ਜਿਸ ਦਾ ਧਰਤੀ ਤੋਂ ਖਤਮ ਹੋਣਾ ਅਸੰਭਵ ਹੈ। ਇਹ ਵਿਸ਼ਵ ਇਤਿਹਾਸ ਵਿੱਚ ਸਭ ਤੋਂ ਮਸ਼ਹੂਰ ਭਾਸ਼ਣਾਂ ਵਿੱਚੋਂ ਇੱਕ ਹੈ। ਵੋਟ ਪਾਉਣਾ ਜ਼ਰੂਰੀ ਨਹੀਂ, ਪਰ ਲਾਜ਼ਮੀ ਫਰਜ਼ ਸਮਝਣਾ ਚਾਹੀਦਾ ਹੈ ਤਾਂ ਜੋ ਇਤਿਹਾਸਕ ਸੰਘਰਸ਼ ਪਿਛੋਂ ਮਿਲੇ ਅਧਿਕਾਰ ਦਾ ਸਨਮਾਨ ਬਰਕਰਾਰ ਰਹੇ।

ਬ੍ਰਿਟਿਸ਼ ਪਾਰਲੀਮੈਂਟ ਨੇ ਇੰਡੀਅਨ ਕੌਂਸਲ ਐਕਟ 1901 ਦੁਆਰਾ ਮਾਰਲੇ -ਮਿੰਟੋ ਸੁਧਾਰਾਂ ਦੀ ਪੈਰਵੀ ਕੀਤੀ, ਜਿਸ ਨਾਲ ਵਿਧਾਨਿਕ ਤਬਦੀਲੀਆਂ ਲਈ ਰਾਹ ਪੱਧਰਾ ਹੋਇਆ, ਪਰ ਪ੍ਰਤੀਨਿਧੀ ਚੁਣਨ ਦਾ ਅਧਿਕਾਰ ਬਹੁਤ ਘੱਟ ਵਿਅਕਤੀਆਂ ਨੂੰ ਦਿੱਤਾ। ਇਸ ਐਕਟ ਵਿੱਚ 1919 ਤੋਂ ਬਾਅਦ ਵੱਡੀਆਂ ਤਬਦੀਲੀਆਂ ਆਈਆਂ। ਸਰਕਾਰੀ ਕੰਮਕਾਜ ਦੋ ਸੰਸਥਾਵਾਂ ਕੇਂਦਰ ਵਿੱਚ ਉੱਚ ਤੇ ਹੇਠਲੇ ਸਦਨ ਅਤੇ ਰਾਜਾਂ ਨੂੰ ਸਟੇਟ ਕੌਂਸਲ ਅਤੇ ਕੇਂਦਰੀ ਵਿਧਾਨ ਸਭਾ ਵਿੱਚ ਵੰਡਿਆ ਗਿਆ। ਵੋਟਿੰਗ ਅਧਿਕਾਰ ਦੀ ਯੋਗਤਾ ਜਾਇਦਾਦ ਦੀ ਮਾਲਕੀ, ਆਮਦਨ ਦਾ ਭੁਗਤਾਨ ਅਤੇ ਮਿਉਂਸਪਲ ਟੈਕਸ ਆਦਿ ਨਾਲ ਜੋੜ ਦਿੱਤਾ। ਇਸ ਨਾਲ ਜ਼ਮੀਨ ਮਾਲਕਾਂ ਅਤੇ ਅਮੀਰ ਘਰਾਣਿਆਂ ਨੂੰ ਪ੍ਰਸ਼ਾਸਨੀ ਬਲ ਮਿਲਿਆ। ਬ੍ਰਿਟਿਸ਼ ਸ਼ਾਸਨ ਅਧੀਨ ਹੀ ਔਰਤਾਂ ਨੂੰ ਵੋਟ ਦੇ ਅਧਿਕਾਰ ਦੀ ਲਹਿਰ ਉਭਰਨ ਲੱਗੀ। 1918 ਵਿੱਚ ਔਰਤਾਂ ਦੇ ਜਾਇਦਾਦ ਅਧਿਕਾਰਾਂ ਨੂੰ ਸੀਮਤ ਕਰ ਦਿੱਤਾ । ਇਹ ਨਿਯਮ ਦੁਨੀਆ ਦੇ ਹੋਰ ਹਿੱਸਿਆਂ ਵਿੱਚ ਬ੍ਰਿਟਿਸ਼ ਨਾਗਰਿਕਾਂ 'ਤੇ ਲਾਗੂ ਨਹੀਂ ਹੋਇਆ । 1919 ਵਿੱਚ ਹਾਊਸ ਆਫ ਲਾਰਡਜ਼ ਐਂਡ ਕਾਮਨਜ਼ ਦੀ ਸਾਂਝੀ ਕਮੇਟੀ ਨੇ ਵੀ ਔਰਤਾਂ ਨੂੰ ਵੋਟ ਜਾਂ ਚੋਣਾਂ ਲੜਨ ਦਾ ਅਧਿਕਾਰ ਨਹੀਂ ਦਿੱਤਾ । ਉਸ ਸਮੇਂ ਭਾਰਤ ਸਰਕਾਰ ਦੇ ਐਕਟ ਦੁਆਰਾ ਸੂਬਾਈ ਕੌਂਸਲ ਨੇ ਜਾਇਦਾਦ ਤੇ ਵਿਦਿਅਕ ਯੋਗਤਾ ਪੂਰੀਆਂ ਕਰਨ ਵਾਲੀਆ ਔਰਤਾਂ ਨੂੰ ਵੋਟ ਲਈ ਯੋਗ ਸਮਝਿਆ । ਕੁਝ ਔਰਤਾਂ ਨੂੰ 1920 ਵਿੱਚ ਬ੍ਰਿਟਿਸ਼ ਸਰਕਾਰ ਦੁਆਰਾ ਪਾਸ ਕੀਤੇ ਗਏ ਸੁਧਾਰਾਂ ਨਾਲ ਵੋਟ ਅਧਿਕਾਰ ਹਾਸਿਲ ਹੋਇਆ । 1919 ਅਤੇ 1929 ਦੇ ਵਿਚਕਾਰ ਸਾਰੇ ਬ੍ਰਿਟਿਸ਼ ਸੂਬਿਆਂ ਅਤੇ ਰਿਆਸਤਾਂ ਨੇ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਦਿੱਤਾ ਅਤੇ ਸਥਾਨਕ ਪੱਧਰ ਤੋਂ ਚੋਣ ਲੜਨ ਦੀ ਇਜਾਜ਼ਤ ਦਿੱਤੀ। ਇਸ ਸੰਬੰਧ ਵਿਚ ਪਹਿਲੀ ਜਿੱਤ ਮਦਰਾਸ ਵਿਚ ਹੋਈ, ਉਸ ਤੋਂ ਬਾਅਦ 1920 ਵਿਚ ਤ੍ਰਾਵਣਕੋਰ ਰਾਜ ਅਤੇ ਝਾਲਾਵਾੜ ਰਿਆਸਤ ਨੇ ਜਿੱਤ ਪ੍ਰਾਪਤ ਕੀਤੀ। ਮਦਰਾਸ ਪ੍ਰੈਜ਼ੀਡੈਂਸੀ ਅਤੇ ਬੰਬਈ ਪ੍ਰੈਜ਼ੀਡੈਂਸੀ ਨੇ 1921 ਵਿਚ ਅਤੇ ਰਾਜਕੋਟ ਰਾਜ ਨੇ ਸਾਲ 1923 ਵਿਚ ਪੂਰਾ ਮਤਾ ਪਾਸ ਕਰ ਦਿੱਤਾ । 1927 ਵਿੱਚ ਨਿਊ ਇੰਡੀਆ ਐਕਟ ਨੂੰ ਵਿਕਸਤ ਕਰਨ ਲਈ ਸਾਈਮਨ ਕਮਿਸ਼ਨ ਨਿਯੁਕਤ ਕੀਤਾ ਗਿਆ ਸੀ, ਇਸ ਦਾ ਰਾਸ਼ਟਰਵਾਦੀਆਂ ਨੇ ਬਾਈਕਾਟ ਕੀਤਾ, ਕਿਉਂਕਿ ਕਮਿਸ਼ਨ ਵਿੱਚ ਕੋਈ ਭਾਰਤੀ ਨਹੀਂ ਸੀ ਪਰੰਤੂ ਕਮਿਸਨ ਨੇ ਵੋਟਿੰਗ ਅਧਿਕਾਰ ਨੂੰ ਵਧਾਉਣ 'ਤੇ ਚਰਚਾ ਕੀਤੀ। ਵੋਟਿੰਗ ਦੀ ਉਮਰ ਘਟਾ ਕੇ 21 ਸਾਲ ਕਰਨ ਦੀ ਸਿਫਾਰਸ਼ ਕੀਤੀ, ਪਰ ਔਰਤ ਦੀ ਯੋਗਤਾ ਅਜੇ ਵੀ ਵਿਆਹੁਤਾ ਸਥਿਤੀ ਅਤੇ ਵਿਦਿਅਕ ਪਿਛੋਕੜ 'ਤੇ ਨਿਰਭਰ ਕਰਦੀ ਹੈ। ਹਾਲਾਂਕਿ ਇਸ ਐਕਟ ਨੇ ਚੋਣ ਯੋਗਤਾ ਨੂੰ ਵਧਾਇਆ, ਫਿਰ ਵੀ ਭਾਰਤ ਦੀਆਂ ਸਿਰਫ 2.5 ਫੀਸਦੀ ਔਰਤਾਂ ਨੂੰ ਹੀ ਇਜਾਜ਼ਤ ਮਿਲੀ।

1946 ਵਿੱਚ ਜਦੋਂ ਭਾਰਤ ਦੀ ਸੰਵਿਧਾਨ ਸਭਾ ਚੁਣੀ ਗਈ ਤਾਂ 15 ਸੀਟਾਂ ਔਰਤਾਂ ਨੂੰ ਦਿੱਤੀਆਂ ਗਈਆਂ। ਉਨ੍ਹਾਂ ਨੇ ਨਵੇਂ ਸੰਵਿਧਾਨ ਦਾ ਖਰੜਾ ਤਿਆਰ ਕਰਨ ਵਿੱਚ ਮਦਦ ਕੀਤੀ । 1946 ਤੱਕ ਭਾਰਤ ਦੇ ਮੂਲ ਨਿਵਾਸੀਆਂ ਦੀ ਕੁੱਲ ਵੋਟ ਪ੍ਰਤੀਸ਼ਤਤਾ ਬਹੁਤ ਘੱਟ ਸੀ। 1947 ਵਿੱਚ ਪਾਰਲੀਮੈਂਟ ਸਰਬ-ਵਿਆਪੀ ਮੱਤ ਅਧਿਕਾਰ ਬਾਰੇ ਸਿਧਾਂਤਕ ਤੌਰ 'ਤੇ ਸਹਿਮਤੀ ਹੋ ਗਈ। 26 ਜਨਵਰੀ, 1950 ਨੂੰ ਸੰਵਿਧਾਨ ਲਾਗੂ ਦੇ ਹੋਣ ਨਾਲ ਵੋਟ ਜਾਂ ਚੋਣ ਲੜਨ ਦਾ ਅਧਿਕਾਰ ਭਾਰਤੀ ਨਾਗਰਿਕਾਂ ਨੂੰ ਬਿਨਾਂ ਕਿਸੇ ਵਿਤਕਰੇ ਦੇ ਪ੍ਰਾਪਤ ਹੋਇਆ। 1951 ਦੀਆਂ ਪਹਿਲੀਆਂ ਆਮ ਚੋਣਾਂ ਨਾਲ ਭਾਰਤ ਵਿਸ਼ਵ ਨਕਸ਼ੇ ਉਪਰ ਆਉਣ ਦਾ ਐਲਾਨ ਕੀਤਾ। ਇਹ ਸਿਰਫ ਦੱਖਣੀ ਏਸ਼ੀਆ ਵਿੱਚ ਹੀ ਨਹੀਂ, ਸਗੋਂ ਵਿਸ਼ਵ ਵਿੱਚ ਭਾਰਤ ਦੇ ਜਮਹੂਰੀ ਕਦਰਾਂ-ਕੀਮਤਾਂ ਦਾ ਅਸਲੀ ਝੰਡਾ ਬਰਦਾਰ ਬਣਨ ਦੀ ਸ਼ੁਰੂਆਤ ਸੀ। ਪਹਿਲੇ ਕੁਝ ਦਹਾਕਿਆਂ ਵਿੱਚ ਔਰਤਾਂ ਮਰਦਾਂ ਨਾਲੋਂ ਬਹੁਤ ਘੱਟ ਵੋਟ ਪਾਉਂਦੀਆਂ ਸਨ ਅਤੇ ਇਹ ਅੰਤਰ ਲੱਗਭਗ 14.15% ਹੁੰਦਾ ਸੀ, ਪਰ ਹੌਲੀ-ਹੌਲੀ ਇਹ ਪਾੜਾ ਘਟਣਾ ਸ਼ੁਰੂ ਹੋ ਗਿਆ ਅਤੇ 90 ਦੇ ਦਹਾਕੇ ਦੇ ਆਸ-ਪਾਸ ਇਹ ਪਾੜਾ 10% ਦੇ ਆਸ-ਪਾਸ ਰਹਿ ਗਿਆ। 2014 ਵਿੱਚ ਇਹ ਅੰਤਰ 1.6% ਸੀ। 2019 ਵਿੱਚ ਪੁਰਸ਼ਾਂ ਅਤੇ ਔਰਤਾਂ ਵਿੱਚ ਸ਼ਾਇਦ ਹੀ ਕੋਈ ਅੰਤਰ ਸੀ। ਸੰਵਿਧਾਨ ਖਰੜਾ ਕਮੇਟੀ ਦੇ ਚੇਅਰਮੈਨ ਬੀ.ਆਰ ਅੰਬੇਡਕਰ ਦੀ ਦਲੀਲ ਸੀ ਕਿ ਵੋਟਿੰਗ ਨਾਗਰਿਕਤਾ ਲਈ ਜ਼ਰੂਰੀ ਇਹ ਇਤਿਹਾਸਕ ਤੌਰ 'ਤੇ ਵਾਂਝੇ ਵਰਗਾਂ ਲਈ ਰਾਜਨੀਤਿਕ ਸਿੱਖਿਆ ਦੇ ਸਾਧਨ ਵਜੋਂ ਕੰਮ ਕਰਦੀ ਹੈ, ਭਾਰਤ ਦੀ ਵੋਟ ਪ੍ਰਣਾਲੀ ਅਧਿਕਾਰਾਂ ਦੀ ਕੁੰਜੀ ਤੋਂ ਘੱਟ ਨਹੀਂ। 26 ਜਨਵਰੀ, 1950 ਨੂੰ ਸੰਵਿਧਾਨ ਨੇ ਵਿਤਕਰਾ ਖਤਮ ਕਰ ਦਿੱਤਾ, ਇਕ ਲੰਮੀ ਜੱਦੋ-ਜਹਿਦ ਮਗਰੋਂ ਸੰਵਿਧਾਨ ਦੇ ਪੰਨਿਆਂ ਵਿੱਚ ਦਰਜ ਹੋ ਗਿਆ । ਵਿਡੰਬਨਾ ਇਹ ਹੈ ਕਿ ਨੌਜਵਾਨ ਅਠਾਰਾਂ ਸਾਲ ਪੂਰਾ ਹੋਣ 'ਤੇ ਵੋਟ ਨੂੰ ਪਹਿਲ ਨਹੀਂ ਦਿੰਦੇ, ਸਗੋਂ ਬਾਲਗ ਹੁੰਦਿਆਂ ਡਰਾਇਵਿੰਗ ਲਾਇਸੰਸ ਜਾਂ ਪਾਸਪੋਰਟ ਬਣਵਾਉਣ ਲਈ ਕਾਹਲ ਕਰਦੇ ਹਨ । ਇਹ ਸਾਡਾ ਫਰਜ਼ ਹੈ ਕਿ ਅਸੀਂ ਆਪਣਾ ਨਾਂਅ ਵਿਧਾਨ ਸਭਾ ਖੇਤਰ ਦੀ ਵੋਟਰ ਸੂਚੀ ਵਿਚ ਦਰਜ ਕਰਵਾਈਏ। ਹਰ ਨਾਗਰਿਕ ਨੈਤਿਕ ਜ਼ਿੰਮੇਵਾਰੀ ਸਮਝਦੇ ਹੋਏ ਬਤੌਰ ਵੋਟਰ ਜ਼ਰੂਰ ਭਾਗ ਲੈਣਾ ਚਾਹੀਦਾ ਹੈ। ਇਹ ਤਦ ਹੀ ਸੰਭਵ ਹੈ ਜਦੋਂ ਸਭ ਵੋਟਰ ਸੂਚੀ ਵਿੱਚ ਦਰਜ ਹੋਣਗੇ। ਕੇਂਦਰੀ ਚੋਣ ਕਮਿਸ਼ਨ ਵੱਲੋਂ ਹਰ ਸਾਲ 1 ਜਨਵਰੀ ਦੇ ਮੁਤਾਬਕ ਫੋਟੋ ਵੋਟਰ ਸੂਚੀਆਂ ਦੀ ਸੁਧਾਈ ਕੀਤੀ ਜਾਂਦੀ ਹੈ, ਤਾਂ ਜੋ ਮਿਤੀ ਦੇ ਆਧਾਰ ਮੁਤਾਬਕ 18 ਸਾਲ ਜਾਂ ਵੱਧ ਉਮਰ ਦੇ ਲੋਕ ਵੋਟ ਬਣਵਾ ਸਕਣ । ਜਿਸ ਨਾਲ ਦੇਸ਼ ਨੂੰ ਸਹੀ ਦਿਸ਼ਾ ਵਾਲੀ ਕਾਨੂੰਨ ਵਿਵਸਥਾ ਮਿਲਦੀ ਹੈ । ਸੰਵਿਧਾਨ ਦੀ ਧਾਰਾ 325 ਅਤੇ 326 ਰਾਹੀਂ ਦੇਸ਼ ਦੇ ਹਰ ਵਿਅਕਤੀ ਨੂੰ ਵੋਟ ਦਾ ਅਧਿਕਾਰ ਪ੍ਰਾਪਤ ਹੈ। ਕਿਸੇ ਵੀ ਨਾਗਰਿਕ ਨੂੰ ਧਰਮ, ਜਾਤੀ, ਵਰਗ, ਫਿਰਕੇ ਜਾਂ ਲਿੰਗ-ਭੇਦ ਕਾਰਨ ਵੋਟ ਦੇ ਅਧਿਕਾਰ ਤੋਂ ਵਾਂਝਾ ਨਹੀਂ ਕੀਤਾ ਜਾ ਸਕਦਾ।

ਬਸ਼ਰਤੇ ਉਹ ਵਿਅਕਤੀ ਪਾਗਲ ਜਾਂ ਅਪਰਾਧੀ ਨਾ ਹੋਵੇ । 1935 ਤੋਂ ਪਹਿਲਾਂ ਦੇ ਗਵਰਨਮੈਂਟ ਆਫ ਇੰਡੀਆ ਐਕਟ ਅਨੁਸਾਰ ਸਿਰਫ 13 ਫੀਸਦੀ ਵੋਟਰਾਂ ਨੂੰ ਹੀ ਅਧਿਕਾਰ ਪ੍ਰਾਪਤ ਸੀ, ਜੋ ਸਿਰਫ ਸਿੱਖਿਆ, ਆਰਥਿਕ ਅਤੇ ਸਮਾਜਿਕ ਆਧਾਰ ਅਨੁਸਾਰ ਮਿਲਦਾ ਸੀ। ਆਗਾਮੀ ਲੋਕ ਸਭਾ ਚੋਣਾਂ 2024 ਵਿਚ ਵੋਟਰ ਦੀ ਭਾਈਵਾਲੀ ਨੂੰ ਯਕੀਨੀ ਬਣਾਉਣਾ ਸਰਕਾਰ ਦਾ ਮੁੱਖ ਉਦੇਸ਼ ਹੈ, ਜਿਸ ਲਈ ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਵਿਚ ਯੋਗਤਾ ਦੇ ਆਧਾਰ 'ਤੇ ਫੋਟੋ ਵੋਟਰ ਸੂਚੀਆਂ ਦੀ ਸਪੈਸ਼ਲ ਸਮਰੀ ਰਵੀਜ਼ਨ ਦਾ ਕੰਮ ਕੀਤਾ ਜਾ ਰਿਹਾ ਹੈ । ਇਸ ਦੌਰਾਨ ਬੀ.ਐੱਲ.ਓਜ਼ ਵੱਲੋਂ ਨਵੀਂ ਵੋਟ ਬਣਾਉਣ ਲਈ ਫਾਰਮ ਨੰਬਰ 6, ਕਿਸੇ ਵੋਟਰ ਦੀ ਮੌਤ ਹੋਣ ਜਾਂ ਸਿਫਟ ਹੋਣ ਦੀ ਸੂਰਤ ਵਿਚ ਉਸ ਦੀ ਵੋਟ ਕੱਟਣ ਲਈ ਫਾਰਮ ਨੰਬਰ 7, ਫੋਟੋ ਵੋਟਰ ਸ਼ਨਾਖਤੀ ਕਾਰਡ ਵਿਚ ਦਰੁੱਸਤੀ ਲਈ ਫਾਰਮ ਨੰਬਰ 8 ਅਤੇ ਵਿਧਾਨ ਸਭਾ ਹਲਕੇ ਵਿਚ ਇਕ ਥਾਂ ਤੋਂ ਦੂਜੀ ਥਾਂ 'ਤੇ ਸਿਫਟ ਹੋਣ ਲਈ ਫਾਰਮ ਨੰਬਰ 8 (ੳ) ਭਰਨਗੇ। ਇਸ ਪ੍ਰੋਗਰਾਮ ਦੌਰਾਨ ਬੀ.ਐੱਲ.ਓਜ਼ ਦਾਅਵੇ ਅਤੇ ਇਤਰਾਜ਼ ਵੀ ਪ੍ਰਾਪਤ ਕਰਨਗੇ । ਸਾਨੂੰ ਇਸ ਸੁਧਾਈ ਕਾਰਜ ਵਿੱਚ ਲੋੜੀਂਦੇ ਬਦਲਾਅ ਕਰਵਾਉਣੇ ਚਾਹੀਦੇ ਹਨ। ਜੇਕਰ ਰਾਸ਼ਟਰ-ਨਿਰਮਾਣ ਵਿੱਚ ਯੋਗਦਾਨ ਪਾਉਣਾ ਚਾਹੁੰਦੇ ਹੋ ਤਾਂ ਵੋਟ ਜ਼ਰੂਰ ਪਾਓ। ਵਿਰੋਧ ਪ੍ਰਦਰਸ਼ਨਾਂ ਦੇ ਨਾਲੋ-ਨਾਲ ਵੋਟਿੰਗ ਵੀ ਇੱਕ ਬਹੁਤ ਪ੍ਰਭਾਵਸ਼ਾਲੀ ਮਾਧਿਅਮ ਹੈ। ਛੁੱਟੀ ਦਾ ਆਨੰਦ ਮਾਨਣ ਦੀ ਬਜਾਏ ਸਾਨੂੰ ਸੰਵਿਧਾਨ ਦੁਆਰਾ ਦਿੱਤੇ ਗਏ ਵੋਟ ਦੇ ਅਧਿਕਾਰ ਦਾ ਸਨਮਾਨ ਕਰਨਾ ਚਾਹੀਦਾ ਹੈ । ਕੁਝ ਨੌਜਵਾਨ 18 ਸਾਲ ਦੇ ਹੁੰਦੇ ਹੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਬਹੁਤ ਉਤਸ਼ਾਹਿਤ ਹੁੰਦੇ ਹਨ। ਵੋਟ ਪਾਉਣ ਤੋਂ ਬਾਅਦ ਇੱਕ ਜ਼ਿੰਮੇਵਾਰ ਨਾਗਰਿਕ ਹੋਣ 'ਤੇ ਮਾਣ ਦੀ ਭਾਵਨਾ ਪੈਦਾ ਹੁੰਦੀ ਹੈ। ਜਿਵੇਂ ਕਿ ਸੋਸ਼ਲ ਮੀਡੀਆ 'ਤੇ ਸਿਆਹੀ ਵਾਲੀ ਉਂਗਲੀ ਨੂੰ ਸਾਂਝਾ ਕਰਨ ਤੋਂ ਦੇਖਿਆ ਜਾ ਸਕਦਾ ਹੈ। ਭਾਵੇਂ ਸੋਸ਼ਲ ਮੀਡੀਆ ਵੋਟਰਾਂ ਵਿੱਚ ਉਤਸ਼ਾਹ ਭਰਨ ਲਈ ਚੰਗਾ ਸਾਧਨ ਹੈ, ਪਰ ਅਜੋਕੀ ਪੀੜ੍ਹੀ ਨੂੰ ਆਪਣੇ ਭਵਿੱਖ ਦੀ ਸੁਰੱਖਿਆ ਲਈ ਇਤਿਹਾਸਕ ਅਧਿਕਾਰ ਦੀ ਵਰਤੋਂ ਕਰਨੀ ਲਾਜ਼ਮੀ ਹੈ । ਅਮਰੀਕਾ ਦੀ ਮਨੁੱਖੀ ਅਧਿਕਾਰਾ ਦੀ ਪੈਰਵੀ ਕਰਨ ਵਾਲੀ ਪ੍ਰੋਫੈਸਰ ਲਾਂਗਅਨ ਨੇ ਕਿਹਾ, "ਜਿਸ ਦਾ ਅਸਰ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਤੈਅ ਕਰਦਾ ਹੈ।"

*# ਸੰਪਰਕ : 78374-90309*

CMYK

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਲੱਗਿਆ ਮੋਰਚਾ 32 ਵੇਂ ਦਿਨ 'ਚ ਦਾਖਲ



**ਬੁਢਲਾਡਾ ( ਅਸ਼ੋਕ ਲਾਕੜਾ)**-ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬੁਢਲਾਡਾ ਡੀ ਐਸ ਪੀ ਦਫਤਰ ਸਾਹਮਣੇ ਲੱਗਿਆ ਹੋਇਆ ਮੋਰਚਾ ਅੱਜ 32ਵੇ ਦਿਨ ਵਿੱਚ ਦਾਖਲ ਹੋ ਗਿਆ। ਅੱਜ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ ਤੇ ਮਰਦ ਔਰਤਾਂ ਨੇ ਸ਼ਮੂਲੀਅਤ ਕੀਤੀ ਕਿਉਂਕਿ ਕੁੱਲਰੀਆਂ ਦੇ ਆਬਾਦਕਾਰ ਕਿਸਾਨਾਂ ਵੱਲੋਂ ਜੋ ਜ਼ਮੀਨ ਦੀ ਲੜਾਈ ਲੜੀ ਜਾ ਰਹੀ ਹੈ ਜਿਸ 'ਚ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਜ਼ਮੀਨਾਂ ਖੋਹਣ ਦੀਆਂ ਨੀਤੀਆਂ ਦੇ ਤਹਿਤ ਕਿਸਾਨਾਂ ਨੂੰ ਜ਼ਮੀਨ ਤੋਂ ਬੇਦਖਲ ਕੀਤਾ ਜਾ ਰਿਹਾ। ਕਾਸ਼ਤਕਾਰ ਅਤੇ ਆਬਾਦਕਾਰ ਕਿਸਾਨਾਂ ਨੂੰ ਜ਼ਮੀਨ ਤੋਂ ਬੇਦਖਲ ਹੀ ਨਹੀਂ ਕੀਤਾ ਗਿਆ ਸਗੋਂ ਉਨ੍ਹਾਂ ਉੱਤੇ ਗੁੰਡਾ ਢਾਣੀ ਵੱਲੋਂ ਪੁਲਸ ਅਤੇ ਪੰਜਾਬ ਸਰਕਾਰ ਦੀ ਸ਼ਹਿ 'ਤੇ ਗੱਡੀਆਂ ਚੜ੍ਹਾ ਕੇ ਗੰਭੀਰ ਫੱਟੜ ਕੀਤਾ ਗਿਆ ਅਤੇ ਲਗਾਤਾਰ ਕਿਸਾਨਾਂ 'ਤੇ ਹਮਲੇ ਕੀਤੇ ਜਾ ਰਹੇ ਹਨ। ਪੁਲਸ ਪ੍ਰਸ਼ਾਸਨ ਨੇ ਕਿਸਾਨਾਂ ਦੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਬਜਾਏ ਚੁੱਪ ਧਾਰੀ ਹੋਈ ਹੈ ਅਤੇ ਕਿਸਾਨਾਂ ਉੱਤੇ ਹੀ ਝੂਠੇ ਮੁਕੱਦਮੇ ਦਰਜ ਕੀਤੇ ਹੋਏ ਹਨ ਜਿਸ ਨੂੰ ਲੈ ਕੇ ਕਿਸਾਨ ਜਥੇਬੰਦੀ ਵੱਲੋਂ 15 ਦਸੰਬਰ ਨੂੰ ਲਗਾਤਾਰ ਮੋਰਚਾ ਲਾਉਣ ਦਾ ਐਲਾਨ ਕੀਤਾ ਹੋਇਆ ਸੀ ਪ੍ਰੰਤੂ ਜ਼ਿਲ੍ਹਾ ਪੁਲਸ ਮੁਖੀ ਵੱਲੋਂ ਕਿਸਾਨਾਂ ਨਾਲ ਹੋਈਆਂ ਮੀਟਿੰਗਾਂ ਤੋਂ ਬਾਅਦ ਇਹ ਮੋਰਚਾ ਮੁਲਤਵੀ ਕਰ ਦਿੱਤਾ ਸੀ ਕਿਉਂਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਮਸਲੇ ਇੱਕ ਹਫਤੇ ਦੇ ਵਿੱਚ ਵਿੱਚ ਹੱਲ ਕਰਨ ਦਾ ਭਰੋਸਾ ਦਿੱਤਾ ਸੀ। ਪ੍ਰੰਤੂ ਜਦੋਂ ਤਿੰਨ ਹਫਤੇ ਬੀਤਣ 'ਤੇ ਵੀ ਮਸਲੇ ਹੱਲ ਨਾ ਹੋਏ ਤਾਂ ਮਜਬੂਰ ਕਿਸਾਨਾਂ ਨੂੰ ਡੀ ਐਸ ਪੀ ਦਫਤਰ ਸਾਹਮਣੇ ਪੱਕਾ ਮੋਰਚਾ ਲਾਉਣ ਲਈ ਮਜਬੂਰ ਹੋਣਾ ਪਿਆ। ਅੱਜ 32ਵੇ ਦਿਨ ਮੋਰਚੇ ਨੂੰ ਸੰਬੋਧਨ ਕਰਨ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਲਕਾਰ ਸਿੰਘ ਚਹਿਲਾਂਵਾਲੀ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸ਼ਰਮਾ ਖਿਆਲਾਂ, ਬੁਢਲਾਡਾ ਬਲਾਕ ਜਨਰਲ ਸਕੱਤਰ ਤਾਰਾ ਚੰਦ ਬਰੇਟਾ, ਬੁਢਲਾਡਾ ਬਲਾਕ ਪ੍ਰਧਾਨ ਸੱਤਪਾਲ ਸਿੰਘ ਬਰੇ, ਜ਼ਿਲ੍ਹਾ ਖਜ਼ਾਨਚੀ ਦੇਵੀ ਰਾਮ ਰੰਗਿਆਲ ਅਤੇ ਹੋਰ ਬਹੁਤ ਸਾਰੇ ਬੁਲਾਰਿਆਂ ਨੇ ਸੰਬੋਧਨ ਕੀਤਾ। ਐਲਾਨ ਕੀਤਾ ਕਿ ਸਾਰੀਆਂ ਮੰਗਾਂ ਮੰਨਣ ਤੱਕ ਮੋਰਚਾ ਜਾਰੀ ਰਹੇਗਾ। ਧਰਨੇ ਨੂੰ ਹੋਰਨਾਂ ਤੋਂ ਇਲਾਵਾ ਮਹਿਲਾ ਆਗੂ ਹਰਦੇਵ ਕੌਰ ਕਿਸ਼ਨਗੜ੍ਹ, ਸੁਰਜੀਤ ਕੌਰ ਕਿਸ਼ਨਗੜ੍ਹ ਜਗਜੀਵਨ ਸਿੰਘ ਹਸਨਪੁਰ, ਪਾਲ ਸਿੰਘ ਕੁਲਰੀਆਂ, ਤੇਜ ਰਾਮ ਅਹਿਮਦਪੁਰ,ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ ।

# ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਰਜਿ. ਪੰਜਾਬ ਬ੍ਰਾਂਚ ਸੁਨਾਮ ਦੀ ਮਹੀਨਾਵਾਰ ਜਨਰਲ ਬਾਡੀ ਮੀਟਿੰਗ

**ਦਿੜ੍ਹਬਾ ( ਜਸਵੀਰ ਲਾਡੀ )**-ਪੀ ਡਬਲਯੂ ਡੀ ਦੇ ਤਿੰਨਾਂ ਵਿੰਗਾਂ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਘਰਸ਼ਸ਼ੀਲ ਜਥੇਬੰਦੀ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਰਜਿ ਪੰਜਾਬ ਬ੍ਰਾਂਚ ਸੁਨਾਮ ਦੀ ਮਹੀਨਾਵਾਰ ਜਨਰਲ ਬਾਡੀ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਉਜਾਗਰ ਸਿੰਘ ਜੱਗਾ ਦੀ ਪ੍ਰਧਾਨਗੀ ਹੇਠ ਆਈ ਟੀ ਆਈ ਸੁਨਾਮ ਦੇ ਟਿਊਬਵੈੱਲ ਦੇ ਪਾਰਕ 'ਚ ਹੋਈ। ਜਿਸ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਜਨਰਲ ਸਕੱਤਰ ਨਛੱਤਰ ਸਿੰਘ ਚੱਠਾ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਟਾਲਮਟੋਲ ਦੀ ਨੀਤੀ ਅਪਨਾ ਰਹੀ ਹੈ, ਇਸ ਸਰਕਾਰ ਨੂੰ ਹੋਂਦ ਵਿੱਚ ਆਇਆ 2 ਸਾਲ ਦਾ ਸਮਾਂ ਹੋ ਚੁੱਕਾ ਹੈ, ਪਰ ਅੱਜ ਤੱਕ ਮੁਲਾਜ਼ਮਾਂ ਅਤੇ ਪੈਨਸ਼ਨਰਜ਼ ਦੀਆਂ ਮੰਗਾਂ ਵੱਲ ਕੋਈ ਹਾਂ ਪੱਖੀ ਹੁੰਗਾਰਾ ਨਹੀਂ ਦਿੱਤਾ। ਮੰਗਾਂ ਲਈ ਪੰਜਾਬ ਸਰਕਾਰ ਵੱਲੋਂ ਕਈ ਵਾਰ ਮੀਟਿੰਗਾਂ ਦਾ ਸਮਾਂ ਦਿੱਤਾ ਗਿਆ ਪਰ ਮੌਕੇ 'ਤੇ ਆ ਕੇ ਮੀਟਿੰਗਾਂ ਰੱਦ ਕਰ ਦਿੱਤੀਆਂ ਗਈਆਂ, ਜਿਸ ਕਾਰਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਸੁਨਾਮ, ਅਮਰਜੀਤ ਸਿੰਘ ਢੰਡੋਲੀ ਖੁਰਦ, ਸਹਾਇਕ ਜਨਰਲ ਸਕੱਤਰ ਬਲਵਿੰਦਰ ਸਿੰਘ ਬੱਬੂ, ਦਰਸ਼ਨ ਸਿੰਘ ਜਨਾਲ ਨੇ ਕਿਹਾ ਕਿ ਜੇਕਰ ਹੁਣ ਵੀ ਇਹ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕਰ ਦਿੱਤਾ ਜਾਵੇਗਾ ਅਤੇ ਆਉਣ ਵਾਲੀਆਂ ਲੋਕ ਸਭਾ ਦੀਆਂ ਚੋਣਾਂ ਵਿੱਚ ਸਰਕਾਰ ਦਾ ਪਰਦਾਫਾਸ਼ ਕੀਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੁਖਚੈਨ ਸਿੰਘ ਚੱਠਾ, ਭੂਰਾ ਸਿੰਘ ਭੰਗੂ ਨੇ ਦੱਸਿਆ ਕਿ ਮੁਲਾਜ਼ਮ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਵੱਲੋਂ 10 ਫਰਵਰੀ ਨੂੰ ਲਹਿਰਾਗਾਗਾ ਦੇ ਵਿਧਾਇਕ ਦੀ ਕੋਠੀ ਅੱਗੇ ਅਤੇ 23 ਫਰਵਰੀ ਨੂੰ ਮੁੱਖ ਮੰਤਰੀ ਦੇ ਹਲਕੇ ਧੂਰੀ ਵਿਖੇ ਰੋਸ ਮਾਰਚ ਅਤੇ ਧਰਨੇ ਦਿੱਤੇ ਜਾਣਗੇ। ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਬੈਨਰ ਹੇਠ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਬ੍ਰਾਂਚ ਸੁਨਾਮ ਆਪਣੀ ਪੂਰੀ ਮੈਂਬਰਸ਼ਿਪ ਲੈ ਕੇ ਇਸ ਰੋਸ ਧਰਨੇ ਵਿੱਚ ਸ਼ਮੂਲੀਅਤ ਕਰੇਗੀ। ਇਸ ਮੀਟਿੰਗ ਵਿੱਚ ਜਥੇਬੰਦੀ ਦਾ ਸਾਲ 2024 ਦਾ ਕੈਲੰਡਰ ਵੀ ਜਾਰੀ ਕੀਤਾ ਗਿਆ।

# ਆਪ ਵੱਲੋਂ ਲੋਕ ਸੁਵਿਧਾ ਕੈਂਪ ਲੋਕਾਂ ਲਈ ਹੋਏ ਵਰਦਾਨ ਸਾਬਿਤ

**ਫਾਜ਼ਿਲਕਾ ( ਨਿਸ਼ਾ ਸ਼ਰਮਾ )** - ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਆਪ ਦੀ ਸਰਕਾਰ ਆਪ ਦੇ ਦੁਆਰ ਮੁਹਿੰਮ ਦੇ ਪਹਿਲੇ ਦਿਨ ਹੀ ਸਾਰਥਕ ਨਤੀਜੇ ਨਿਕਲੇ । ਵੱਡੀ ਗਿਣਤੀ ਵਿੱਚ ਲੋਕਾਂ ਨੂੰ ਇਸ ਮੁਹਿੰਮ ਤਹਿਤ ਲੱਗੇ ਕੈਂਪਾਂ ਵਿੱਚ ਮੌਕੇ 'ਤੇ ਹੀ ਸਰਕਾਰੀ ਸਕੀਮਾਂ ਦਾ ਲਾਭ ਮਿਲਿਆ। ਪਿੰਡ ਢੰਡੀ ਕਦੀਮ ਵਿਖੇ ਲੱਗੇ ਕੈਂਪ ਵਿੱਚ ਮਨਪ੍ਰੀਤ ਸਿੰਘ ਨੇ ਸ਼ਿਕਾਇਤ ਦਰਜ ਕਰਾਈ ਸੀ ਕਿ ਉਸ ਦਾ ਬਿਜਲੀ ਮੀਟਰ ਸੜਿਆ ਹੋਇਆ ਹੈ ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਬਿਜਲੀ ਨਿਗਮ ਵੱਲੋਂ ਦੋ ਘੰਟੇ ਵਿੱਚ ਹੀ ਉਸ ਦੇ ਮੀਟਰ ਲਗਾ ਦਿੱਤਾ ਗਿਆ। ਇਸੇ ਤਰ੍ਹਾਂ ਲਗਭਗ ਹਰੇਕ ਕੈਂਪ ਵਿੱਚ ਦਰਜਨਾਂ ਲੋਕਾਂ ਨੂੰ ਮੌਕੇ 'ਤੇ ਹੀ ਸਰਕਾਰੀ ਸੇਵਾਵਾਂ ਦਾ ਲਾਭ ਮਿਲ ਰਿਹਾ ਹੈ ਅਤੇ ਵੱਖ-ਵੱਖ ਸਰਟੀਫਿਕੇਟ ਹੱਥੋ ਹੱਥ ਬਣਾ ਕੇ ਦਿੱਤੇ ਜਾ ਰਹੇ ਹਨ । ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਉਨ੍ਹਾਂ ਨੇ ਖੁਦ ਜਾ ਕੇ ਵੇਖਿਆ ਹੈ ਕਿ ਮੌਕੇ 'ਤੇ ਹੀ ਲੋਕਾਂ ਨੂੰ ਸੇਵਾਵਾਂ ਮਿਲ ਰਹੀਆਂ ਹਨ। ਇਸ ਸਬੰਧੀ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ 6 ਫਰਵਰੀ ਨੂੰ ਪਹਿਲੇ ਦਿਨ ਜ਼ਿਲੇ ਵਿੱਚ 12 ਥਾਵਾਂ 'ਤੇ ਲੋਕ ਸੁਵਿਧਾ ਕੈਂਪ ਇਸ ਮੁਹਿੰਮ ਤਹਿਤ ਲਗਾਏ ਗਏ ਜਿਸ ਦੌਰਾਨ ਵੱਖ-ਵੱਖ ਪ੍ਰਕਾਰ ਦੀਆਂ 570 ਸ਼ਿਕਾਇਤਾਂ ਪ੍ਰਾਪਤ ਹੋਈਆਂ ਜਿਨਾਂ ਵਿੱਚੋਂ 350 ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ। ਇਸੇ ਤਰ੍ਹਾਂ 1116 ਅਰਜ਼ੀਆਂ ਵਿੱਚੋਂ 482 ਦਾ ਮੌਕੇ 'ਤੇ ਹੀ ਨਿਪਟਾਰਾ ਕਰਦਿਆਂ ਇਹ ਸੇਵਾਵਾਂ ਮੌਕੇ 'ਤੇ ਮੁਹਈਆ ਕਰਵਾ ਦਿੱਤੀਆਂ ਗਈਆਂ। ਕੁਝ ਸੇਵਾਵਾਂ ਵਿੱਚ ਵੇਰੀਫਿਕੇਸ਼ਨ ਕਰਨੀ ਹੁੰਦੀ ਹੈ ਜਿਸ ਕਰਕੇ ਬਕਾਇਆ ਸੇਵਾਵਾਂ ਪ੍ਰਕ੍ਰੀਆ ਪੂਰੀ ਕਰਕੇ ਸਰਕਾਰ ਵੱਲੋਂ ਤੈਅ ਸਮਾਂ ਹੱਦ ਦੇ ਅੰਦਰ ਅੰਦਰ ਉਪਲਬਧ ਕਰਵਾ ਦਿੱਤੀਆਂ ਜਾਣਗੀਆਂ। ਸਿਰਫ ਦੋ ਘੰਟੇ ਵਿੱਚ ਮੀਟਰ ਲੱਗਣ 'ਤੇ ਖੁਸ਼ੀ ਜ਼ਾਹਰ ਕਰਦਿਆਂ ਮਨਪ੍ਰੀਤ ਸਿੰਘ ਵਾਸੀ ਪਿੰਡ ਢੰਡੀ ਕਦੀਮ ਨੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਜੇਕਰ ਇਸ ਤਰ੍ਹਾਂ ਕੰਮ ਹੋਣ ਲੱਗੇਗਾ ਤਾਂ ਲੋਕਾਂ ਨੂੰ ਹੋਰ ਬਹੁਤ ਸਹੂਲਤ ਹੋਵੇਗੀ। ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਵੱਲੋਂ ਲੋਕ ਸੁਵਿਧਾ ਕੈਂਪਾਂ ਵਿੱਚ ਆਉਣ ਵਾਲੇ ਲੋਕਾਂ ਵੱਲੋਂ ਕੈਂਪ ਵਿੱਚ ਦਰਜ ਕਰਾਏ ਫੋਨ ਨੰਬਰਾਂ 'ਤੇ ਕਾਲ ਕਰਕੇ ਉਨ੍ਹਾਂ ਤੋਂ ਫੀਡਬੈਕ ਲਿਆ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਤਾਂ ਨਹੀਂ ਆਈ ।

# ਗਦਰੀ ਬਾਬਾ ਰੂੜ ਸਿੰਘ ਚੂਹੜ ਚੱਕ ਦੀ 74ਵੀਂ ਬਰਸੀ 15 ਨੂੰ ਪਿੰਡ ਚੂਹੜਚੱਕ ਵਿਖੇ



**ਮੋਗਾ**-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਮੋਗਾ 1 ਵੱਲੋਂ ਗਦਰੀ ਬਾਬਾ ਰੂੜ ਸਿੰਘ ਚੂਹੜ ਚੱਕ ( ਸਾਬਕਾ ਐਮ.ਐਲ. ਏ. ) ਦੀ 74ਵੀਂ ਬਰਸੀ 15 ਫਰਵਰੀ ਨੂੰ ਸਵੇਰੇ 11 ਵਜੇ ਯਾਦਗਾਰ ਹਾਲ ਪਿੰਡ ਚੂਹੜਚੱਕ ਵਿਖੇ ਮਨਾਈ ਜਾ ਰਹੀ ਹੈ। ਇਸ ਦੀ ਜਾਣਕਾਰੀ ਸੀ.ਪੀ ਆਈ. ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਅਤੇ ਬਲਾਕ ਸਕੱਤਰ ਸਵਰਾਜ ਸਿੰਘ ਢੁੱਡੀਕੇ ਨੇ ਸਾਂਝੇ ਤੌਰ 'ਤੇ ਪ੍ਰੈਸ ਨੂੰ ਦਿੱਤੀ। ਉਨ੍ਹਾ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਕਾਮਰੇਡ ਬਿਕਰਮ ਸਿੰਘ ਕਰਨਗੇ ਅਤੇ ਇਸ ਮੌਕੇ ਲੋਕ ਕਲਾ ਮੰਚ ਮੁੱਲਾਂਪੁਰ ਦੀ ਟੀਮ ਵੱਲੋਂ ਲੋਕ ਪੱਖੀ ਨਾਟਕ, ਗੀਤ, ਕਵਿਤਾਵਾਂ ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਜਾਣਗੀਆਂ। ਆਗੂਆਂ ਦੱਸਿਆ ਕਿ ਬਾਬਾ ਰੂੜ ਸਿੰਘ ਚੂਹੜਚੱਕ ਵਰਗੇ ਦੇਸ਼ ਭਗਤਾਂ ਨੇ ਆਜ਼ਾਦੀ ਤੋਂ ਬਾਅਦ ਇੱਕ ਖੁਸ਼ਹਾਲੀ ਵਾਲੇ ਦੇਸ਼ ਦਾ ਸੁਪਨਾ ਲਿਆ ਸੀ ਜੋ ਕਿ ਆਜ਼ਾਦੀ ਤੋਂ ਬਾਅਦ ਵਾਲੇ ਹਾਕਮਾਂ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਅਧੂਰਾ ਹੈ, ਜਿਸ ਨੂੰ ਪੂਰਾ ਕਰਨਾ ਬਾਬਾ ਜੀ ਦੇ ਵਾਰਸਾਂ ਦੇ ਜ਼ਿੰਮੇ ਹੈ। ਇਸ ਮੌਕੇ ਲੋਕਾਂ ਦੇ ਮਸਲਿਆਂ ਜਿਵੇਂ ਰੁਜ਼ਗਾਰ ਦੀ ਗਾਰੰਟੀ ਲਈ ਭਗਤ ਸਿੰਘ ਰੁਜ਼ਗਾਰ ਗਰੰਟੀ ਐਕਟ ( ਬਨੇਗਾ) ਬਣੇ, ਖੇਤੀ ਸੰਕਟ ਤੋਂ ਛੁਟਕਾਰੇ ਲਈ ਸਾਂਝੀ, ਸਹਿਯੋਗੀ ਤੇ ਲਾਹੇਵੰਦ ਨੀਤੀ ਬਣੇ, ਸਾਰੀਆਂ ਫਸਲਾਂ ਅਤੇ ਫਲਾਂ 'ਤੇ ਐਮ.ਐਸ.ਪੀ. ਲਾਗੂ ਹੋਵੇ। ਨਰੇਗਾ ਤਹਿਤ ਦਿਹਾੜੀ ਰੇਟ 1000 ਰੁਪਏ ਅਤੇ ਕੰਮ ਦਿਨਾਂ ਦੀ ਗਾਰੰਟੀ 200 ਦਿਨ ਹੋਵੇ। ਹਰੇਕ ਲਈ ਘਰ, ਇਲਾਜ, ਵਿੱਦਿਆ, ਬਿਜਲੀ ਅਤੇ ਪੀਣ ਯੋਗ ਪਾਣੀ ਮੁਫਤ ਤੇ ਲਾਜ਼ਮੀ ਹੋਵੇ ਲਈ ਆਵਾਜ ਬੁਲੰਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਬਰਸੀ ਨੂੰ ਸੰਬੋਧਨ ਕਰਨ ਲਈ ਸੀ.ਪੀ.ਆਈ. ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ, ਸਰਵ ਭਾਰਤ ਨੌਜਵਾਨ ਸਭਾ ਦੇ ਕੌਮੀ ਪ੍ਰਧਾਨ ਸੁਖਜਿੰਦਰ ਮਹੇਸਰੀ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ (ਏਟਕ) ਦੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੂਰਤ ਸਿੰਘ, ਪੰਜਾਬ ਇਸਤਰੀ ਸਭਾ ਦੇ ਸਕੱਤਰ ਨਰਿੰਦਰ ਕੌਰ ਸੋਹਲ ਅਤੇ ਜ਼ਿਲ੍ਹਾ ਸਕੱਤਰ ਕਰਮਵੀਰ ਕੌਰ ਬੱਧਨੀ ਆਦਿ ਆਗੂ ਪਹੁੰਚ ਰਹੇ ਹਨ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਇਸ ਬਰਸੀ 'ਤੇ ਪਹੁੰਚਣ ਦੀ ਅਪੀਲ ਕੀਤੀ।

## ਕਾਤਰਾਂ

### ਰਾਣਾ ਸੋਢੀ ਨੇ ਵਰਕਰਾਂ ਨਾਲ ਕੀਤੀ ਮੀਟਿੰਗ

**ਗੁਰੂਹਰਸਹਾਏ (ਫ਼ਕੀਰ ਚੰਦ ਸਿਕਰੀ )**- ਅੱਜ ਪਿੰਡ ਮੋਹਨ ਕੇ ਉਤਾੜ ਵਿਖੇ ਬਣੀ ਕੋਠੀ ਰਾਜਗੜ੍ਹ ਵਿਖੇ ਭਾਜਪਾ ਆਗੂ ਰਾਣਾ ਸੋਢੀ ਵਲੋਂ ਵਰਕਰਾਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਬੀ ਜੇ ਪੀ ਇੰਚਾਰਜ ਲੋਕ ਸਭਾ ਫਿਰੋਜ਼ਪੁਰ ਵਿਸ਼ਨੂੰ ਭਗਵਾਨ, ਅਮਨਦੀਪ ਗਿਰਧਰ ਜ਼ਿਲ੍ਹਾ ਜਨਰਲ ਸਕੱਤਰ, ਸਾਗਰ ਸਚਦੇਵਾ ਮੰਡਲ ਪ੍ਰਧਾਨ, ਕ੍ਰਿਸ਼ਨ ਨਰੂਲਾ ਸਾਬਕਾ ਜ਼ਿਲ੍ਹਾ ਪ੍ਰਧਾਨ ਭਾਜਪਾ, ਸੁਰਿੰਦਰ ਵੋਹਰਾ, ਸਤਵਿੰਦਰ ਭੰਡਾਰੀ, ਵਿੱਕੀ ਸਿੱਧੂ, ਦਵਿੰਦਰ ਜੰਗ, ਹੀਰਾ ਸੋਢੀ, ਰਾਧਾ ਭਾਈ, ਗੁਰਮੀਤ ਕੌਰ, ਸਰਪੰਚ ਬਿਸ਼ੰਭਰ ਸਿੰਘ ਬਿੱਲੀ ਮਾਰ, ਵਿੱਕੀ ਸੇਠੀ, ਰਾਜਵੀਰ ਮੌਂਟੀ ਆਦਿ ਵੱਖ ਵੱਖ ਭਾਜਪਾ ਆਗੂ ਹਾਜ਼ਰ ਸਨ। ਇਸ ਮੌਕੇ ਭਾਜਪਾ ਆਗੂ ਰਾਣਾ ਸੋਢੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਲੋਕਾਂ ਨੂੰ ਕਈ ਸੁਵਿਧਾਵਾਂ ਦਿੱਤੀਆਂ ਜਿਵੇ ਕੇ ਨਵੀਆਂ ਸੜਕਾਂ, ਸਿਹਤ ਸੁਵਿਧਾ, ਬੇਹਤਰ ਸਿੱਖਿਆ ਦਿੱਤੀ ਅਤੇ ਸਿੱਖਾਂ ਲਈ ਕਈ ਫੈਸਲੇ ਲਏ। ਉਨ੍ਹਾਂ ਕਿਹਾ ਕੀ ਜੇਕਰ ਲੋਕਾਂ ਦਾ ਕੋਈ ਭਲਾ ਕਰ ਸਕਦਾ ਹੈ ਤਾਂ ਉਹ ਸਿਰਫ ਭਾਜਪਾ ਸਰਕਾਰ ਹੀ ਕਰ ਸਕਦੀ ਹੈ।

### ਵਿਦਿਆਰਥੀਆਂ 'ਸਵੱਛ ਵਾਤਾਵਰਣ' ਮੁਕਾਬਲਿਆਂ 'ਚ ਮਾਰੀ ਬਾਜ਼ੀ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ.ਏ.ਵੀ ਕਾਲਜ ਦੇ ਪ੍ਰਿੰਸੀਪਲ ਸੁਭਾਸ਼ ਗੁਪਤਾ ਦੀ ਅਗਵਾਈ ਵਿਚ ਅਤੇ ਵਿਗਿਆਨ ਵਿਭਾਗ ਦੇ ਪ੍ਰੋ. ਸੁਦੇਸ਼ ਗਰੋਵਰ, ਡਾ. ਮੁਕਤਾ ਮੁਟਨੇਜਾ ਅਤੇ ਮੈਡਮ ਦੀਪਾਲੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਦਿਆਰਥੀਆਂ ਨੇ 5 ਅਤੇ 6 ਫਰਵਰੀ ਨੂੰ ਡੀ.ਏ.ਵੀ. ਕਾਲਜ, ਅਬੋਹਰ ਵਿਖੇ ਵਾਤਾਵਰਨ ਸਿੱਖਿਆ ਪ੍ਰੋਗਰਾਮ ਅਧੀਨ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿਚ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਵਿਚੋਂ ਗੁਰਬੀਰ ਸਿੰਘ, ਟੀਸ਼ਾ, ਤਨੂੰ ਅਤੇ ਖੁਸ਼ਦੀਪ ਨੇ ਕੁਇਜ਼ ਮੁਕਾਬਲੇ ਵਿਚ ਦੂਜਾ ਸਥਾਨ, ਟੀਸ਼ਾ ਨੇ ਭਾਸ਼ਣ ਪ੍ਰਤੀਯੋਗਤਾ ਵਿਚ ਤੀਜਾ ਸਥਾਨ ਅਤੇ ਦੀਪਕ ਅਤੇ ਜਸ਼ਨਦੀਪ ਨੇ ਪੋਸਟਰ ਮੇਕਿੰਗ ਵਿਚ ਤੀਜਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਸੁਭਾਸ਼ ਗੁਪਤਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ । ਕਾਲਜ ਦੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੰਦੇ ਹੋਏ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

### ਬੀ ਏ ਪਹਿਲੇ ਸਮੈਸਟਰ 'ਚ ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ



**ਚੀਮਾਂ ਮੰਡੀ, (ਰਵਿੰਦਰ ਚੀਮਾ)** ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਬੀ.ਏ. ਸਾਲ ਪਹਿਲਾ ਸਮੈਸਟਰ ਦੂਜਾ ਦੇ ਨਤੀਜਿਆਂ ਵਿੱਚ ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਦੇ ਪ੍ਰਿੰਸੀਪਲ ਡਾ. ਵੀ.ਕੇ.ਰਾਏ ਨੇ ਦੱਸਿਆ ਕਿ ਪਹਿਲੇ 10 ਸਥਾਨਾ ਵਿੱਚੋਂ ਵਿਦਿਆਰਥਣ ਕੁਲਦੀਪ ਕੌਰ ਨੇ 438 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਵਿਦਿਆਰਥਣ ਸਹਿਜਪ੍ਰੀਤ ਕੌਰ ਨੇ 419 ਅੰਕ ਲੈ ਕੇ ਦੂਜਾ ਅਤੇ ਸੁਖਪ੍ਰੀਤ ਕੌਰ ਨੇ 412 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ, ਜੈਸਮੀਨ ਕੌਰ ਨੇ 399 ਅੰਕ ਹਾਸਲ ਕਰਕੇ ਚੌਥਾ ਸਥਾਨ, ਕੁਲਵਿੰਦਰ ਕੌਰ ਨੇ 397 ਅੰਕਾ ਨਾਲ ਪੰਜਵਾਂ ਸਥਾਨ, ਰਮਨਦੀਪ ਕੌਰ ਨੇ 392 ਅੰਕਾਂ ਨਾਲ ਛੇਵਾਂ ਸਥਾਨ, ਮਨਪ੍ਰੀਤ ਕੌਰ ਨੇ 383 ਅੰਕਾਂ ਨਾਲ ਸੱਤਵਾਂ, ਅਰਸ਼ਦੀਪ ਸਿੰਘ ਨੇ 382 ਅੰਕਾਂ ਨਾਲ ਅੱਠਵਾਂ, ਸਿਮਰਨਜੀਤ ਕੌਰ ਨੇ 381 ਅੰਕਾਂ ਨਾਲ ਨੌਵਾਂ ਸਥਾਨ ਅਤੇ ਗਗਨਪ੍ਰੀਤ ਕੌਰ ਨੇ 378 ਅੰਕ ਪ੍ਰਾਪਤ ਕਰਕੇ ਦਸਵੇਂ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਾਪਤੀ ਤੇ ਸੰਸਥਾ ਦੇ ਚੇਅਰਮੈਨ ਰਵਿੰਦਰ ਬਾਂਸਲ ਨੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਕਾਮਨਾ ਕੀਤੀ।

# 16 ਦੇ ਪੇਂਡੂ ਤੇ ਸ਼ਹਿਰੀ ਭਾਰਤ ਬੰਦ 'ਚ ਨਰੇਗਾ ਕਾਮੇ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ : ਗਦਾਈਆ, ਖੋਸਾ



**ਨਾਭਾ (ਵਰਿੰਦਰ ਵਰਮਾ)**-ਸੰਯੁਕਤ ਕਿਸਾਨ ਮੋਰਚੇ ਤੇ ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸਾਂਝੇ ਸੱਦੇ 'ਤੇ ਪੇਂਡੂ ਤੇ ਸ਼ਹਿਰੀ ਭਾਰਤ ਬੰਦ ਦੇ ਦਿੱਤੇ ਸੱਦੇ 'ਤੇ ਪੰਜਾਬ ਦੇ ਨਰੇਗਾ ਕਾਮੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ ਏਟਕ ਦੀ ਅਗਵਾਈ ਵਿੱਚ ਪੰਜਾਬ ਭਰ ਵਿੱਚ ਹੋਣ ਵਾਲੇ ਇੱਕਠਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਅੱਜ ਨਾਭਾ ਤੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਤੇ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਮੋਦੀ ਸਰਕਾਰ ਮੁੱਠੀ ਭਰ ਕਾਰਪੋਰੇਟ ਘਰਾਣਿਆਂ ਦੇ ਇਸ਼ਾਰਿਆਂ 'ਤੇ ਚੱਲ ਰਹੀ ਹੈ, ਕਾਰਪੋਰੇਟੀ ਪੱਖੀ ਨੀਤੀਆਂ ਦੇ ਨਾਲ ਬੇਰੁਜ਼ਗਾਰੀ ਵਿੱਚ ਓੜਕਾਂ ਦੇ ਵਾਧੇ ਨੇ ਦੇਸ਼ ਦੀ ਜਵਾਨੀ ਨੂੰ ਨਿਰਾਸ਼ਾ ਵੱਲ ਧੱਕ ਦਿੱਤਾ, ਵਿੱਦਿਅਕ ਖੇਤਰ ਵੀ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰ ਦਿੱਤਾ ਹੈ, ਸਿਹਤ ਸਹੂਲਤਾਂ ਏਨੀਆਂ ਮਹਿੰਗੀਆਂ ਕਰ ਦਿੱਤੀਆਂ ਹਨ ਕਿ ਗਰੀਬ ਵਰਗ ਬੇਇਲਾਜਾ ਹੀ ਮਰ ਰਿਹਾ, ਨਰੇਗਾ 2005 ਜੋ ਪੇਂਡੂ ਲੋਕਾਂ ਦੀ ਆਰਥਿਕਤਾ ਨੂੰ ਠੁੰਮਣਾ ਦੇਣ ਲਈ ਬਣਾਇਆ ਗਿਆ ਹੈ, ਮੋਦੀ ਹਕੂਮਤ ਇਸ ਦਾ ਵੀ ਭੋਗ ਪਾਉਣ ਦੀਆਂ ਤਿਆਰੀਆਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਰੁਜ਼ਗਾਰ ਦੇਣ ਦੇ ਵਸੀਲੇ ਰੇਲਵੇ, ਬੈਂਕ, ਬੀਮਾ ਤੇ ਅਨੇਕਾਂ ਅਦਾਰੇ ਪੂੰਜੀਪਤੀਆਂ ਦੇ ਹਵਾਲੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਖੇਤੀ ਖੇਤਰ ਨੂੰ ਵੀ ਹੜੱਪਣ ਲਈ ਤਰਲੋ ਮੱਛੀ ਹੋ ਰਹੀ ਮੋਦੀ ਹਕੂਮਤ ਦਾ ਰਾਹ ਰੋਕਣ ਲਈ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਨੌਜਵਾਨਾਂ, ਆੜ੍ਹਤੀਆਂ, ਮੁਲਾਜ਼ਮਾਂ, ਦੁਕਾਨਦਾਰਾਂ, ਰੇਹੜੀਆਂ, ਰਿਕਸ਼ਾ, ਆਂਗਣਵਾੜੀ ਵਰਕਰਜ਼ , ਆਸ਼ਾ ਵਰਕਰਜ਼, ਮਿਡ ਡੇ ਮੀਲ ਕਾਮੇ, ਪੱਲੇਦਾਰ, ਫੈਕਟਰੀ ਕਾਮੇਂ ਦੇ ਮੋਰਚੇ ਵੱਲੋਂ ਦਿੱਤੇ ਬੰਦ ਦੇ ਸੱਦੇ ਨੂੰ ਭਰਪੂਰ ਹੁੰਗਾਰਾ ਮਿਲੇਗਾ।

# ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਮੀਟਿੰਗ



**ਜਲਾਲਾਬਾਦ, (ਜੀਤ ਕੁਮਾਰ)** ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਦੇ ਵਲੋਂ ਦਿੱਤੇ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਜ਼ੋਰਦਾਰ ਤਿਆਰੀਆਂ ਵਿੱਢਣ ਖਾਤਰ ਮਾਰਕਿਟ ਕਮੇਟੀ ਦਫ਼ਤਰ ਦੇ ਵੱਖ-ਵੱਖ ਵਰਗਾਂ ਨਾਲ ਸਬੰਧਤ ਜਥੇਬੰਦੀਆਂ ਦੀ ਮੀਟਿੰਗ ਹੋਈ।

ਮੀਟਿੰਗ ਵਿੱਚ ਮੁਲਾਜ਼ਮ ਜਥੇਬੰਦੀਆਂ, ਵਿਦਿਆਰਥੀ ਜਥੇਬੰਦੀ,ਅਧਿਆਪਕ, ਸਮੁੱਚਾ ਵਪਾਰ ਮੰਡਲ, ਪੇਂਡੂ ਮਜ਼ਦੂਰ ਯੂਨੀਅਨ ਤੇ ਨੌਜਵਾਨਾਂ ਦੀਆਂ ਦਰਜਨਾਂ ਦੇ ਲਗਭਗ ਜੱਥੇਬੰਦੀਆਂ ਨੇ ਮੀਟਿੰਗ ਵਿੱਚ ਸ਼ਮੂਲੀਅਤ ਕਰਕੇ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਦਿਨ-ਰਾਤ ਇੱਕ ਕਰ ਦੇਣ ਦਾ ਅਹਿਦ ਲਿਆ। ਸਾਰੀਆਂ ਜਥੇਬੰਦੀਆਂ ਸਾਹਮਣੇ ਅਜੰਡਾ ਪੇਸ਼ ਕਰਦਿਆਂ ਕਿਹਾ ਕਿ 16 ਫਰਵਰੀ ਦਾ ਭਾਰਤ ਬੰਦ ਦੇਸ਼ ਦੇ ਖੇਤੀ ਖੇਤਰ ਸਿੱਖਿਆ, ਟਰਾਂਸਪੋਰਟ, ਬਿਜਲੀ ਸਮੇਤ ਪਬਲਿਕ ਸੈਕਟਰ ਉੱਪਰ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਕਾਰਪੋਰੇਟ ਪੱਖੀ ਅਤੇ ਤਾਨਾਸ਼ਾਹ ਨੀਤੀਆਂ ਵਿਰੁੱਧ ਸਖਤ ਰੋਹ ਦਾ ਪ੍ਰਗਟਾਵਾ ਕਰਨ ਲਈ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੀਤੇ ਵਿੱਚ ਮੋਦੀ ਸਰਕਾਰ ਕਿਸਾਨਾਂ ਦੀਆਂ ਐਮ ਐਸ ਪੀ ਅਤੇ ਕਰਜ਼ਾ ਮੁਕਤੀ ਅਤੇ ਹੋਰ ਮੰਗਾਂ ਨਾਲ ਸਬੰਧਤ ਮਾਮਲਿਆਂ ਨੂੰ ਮੰਨਣ ਦਾ ਲਿਖਤੀ ਵਾਅਦਾ ਕਰਕੇ ਮੁੱਕਰ ਗਈ ਹੈ।

ਉਨ੍ਹਾਂ ਸਾਰੀਆਂ ਜੱਥੇਬੰਦੀਆਂ ਹਰੇਕ ਵਰਗ ਤੋਂ 16 ਫਰਵਰੀ ਦੇ ਭਾਰਤ ਬੰਦ ਲਈ ਸਹਿਯੋਗ ਤੇ ਸਮਰਥਨ ਦੀ ਅਪੀਲ ਕੀਤੀ।

ਮੀਟਿੰਗ ਵਿੱਚ ਹਾਜ਼ਰ ਜਥੇਬੰਦੀਆਂ ਵਿੱਚੋਂ ਬਿਜਲੀ ਨਾਲ ਸਬੰਧਤ ਜਥੇਬੰਦੀਆਂ ਨੇ ਜਾਣਕਾਰੀ ਦਿੱਤੀ ਕਿ ਉਹ 16 ਨੂੰ ਮੁਕੰਮਲ ਹੜਤਾਲ ਲਈ ਤਿਆਰੀ ਸ਼ੁਰੂ ਕਰ ਚੁੱਕੇ ਹਨ। ਇਸ ਸਬੰਧੀ ਮਹਿਕਮੇ ਨੂੰ ਨੋਟਿਸ ਦੇ ਚੁੱਕੇ ਹਨ। ਇਸੇ ਤਰ੍ਹਾਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਾਂਝੇ ਫੋਰਮ ਨੇ ਦੱਸਿਆ ਕਿ ਉਨ੍ਹਾਂ ਨੇ 27 ਜਨਵਰੀ ਨੂੰ ਪੰਜਾਬ ਦੇ ਪ੍ਰਮੁੱਖ ਸਕੱਤਰ ਨੂੰ ਹੜਤਾਲ ਕਰਨ ਸਬੰਧੀ ਨੋਟਿਸ ਭੇਜ ਦਿੱਤਾ ਹੈ। ਜ਼ਿਲ੍ਹਿਆਂ ਵਿੱਚ 2 ਫਰਵਰੀ ਨੂੰ ਡਿਪਟੀ ਕਮਿਸ਼ਨਰਾਂ ਰਾਹੀਂ ਵੀ ਪੰਜਾਬ ਸਰਕਾਰ ਨੂੰ ਹੜਤਾਲ ਕਰਨ ਸਬੰਧੀ ਨੋਟਿਸ ਭੇਜੇ।

ਪੰਜਾਬ ਦੀਆਂ ਦੋਵੇਂ ਵੱਡੀਆਂ ਆੜਤੀ ਐਸੋਸੀਏਸ਼ਨਾਂ ਨੇ ਉਸ ਦਿਨ ਸਾਰੀਆਂ ਮੰਡੀਆਂ ਬੰਦ ਕਰਨ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਰੇ ਖਰੀਦ ਕੇਂਦਰ, ਉਨ੍ਹਾਂ ਦੇ ਮੁਨੀਮ ਅਤੇ ਮਜ਼ਦੂਰ ਭਾਰਤ ਬੰਦ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਦੇਣਗੇ। ਵਿਦਿਆਰਥੀ ਜਥੇਬੰਦੀਆਂ ਨੇ ਕੌਮੀ ਸਿੱਖਿਆ ਨੀਤੀ 2020 ਨੂੰ ਰੱਦ ਕਰਨ ਦੀ ਮੰਗ ਨੂੰ ਮੰਗਾਂ ਵਿਚ ਜੋੜਿਆ ਗਿਆ ਹੈ। ਉਸਾਰੀ ਅਤੇ ਨਿਰਮਾਣ ਖੇਤਰ ਦੀਆਂ ਜੱਥੇਬੰਦੀਆਂ ਨੇ 16 ਨੂੰ ਸਾਰੇ ਕੰਮ ਠੱਪ ਰੱਖ ਕੇ ਕਿਸਾਨਾਂ ਦੇ ਇਕੱਠਾਂ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਨੇ ਪਿੰਡਾਂ ਵਿੱਚ ਬੰਦ ਦੇ ਪ੍ਰਚਾਰ ਨੂੰ ਲੈ ਕੇ ਜਾਣ ਦਾ ਭਰੋਸਾ ਦਿਵਾਇਆ।

ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੰਜਾਬ ਦੀਆਂ ਟਰਾਂਸਪੋਰਟ ਖੇਤਰ ਨਾਲ ਜੁੜੀਆਂ ਹੋਈਆਂ ਸਾਰੀਆਂ ਜੱਥੇਬੰਦੀਆਂ ਤੇ ਸਮੁੱਚੇ ਵਪਾਰ ਮੰਡਲਾਂ ਤੱਕ ਪਹੁੰਚ ਕਰਕੇ ਬੰਦ ਵਿੱਚ ਸ਼ਾਮਲ ਹੋਣ ਲਈ ਅਪੀਲ ਕੀਤੀ ਜਾਵੇ। ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਸਾਰੀਆਂ ਜੱਥੇਬੰਦੀਆਂ ਨੂੰ ਆਪਣੇ ਵਲੋਂ 16 ਫਰਵਰੀ ਨੂੰ ਕੀਤੇ ਜਾ ਰਹੇ ਜਾਮ ਅਤੇ ਬਾਕੀ ਗਤੀਵਿਧੀਆਂ ਦੀ ਜਾਣਕਾਰੀ ਸਾਂਝੀ ਕੀਤੀ। ਪ੍ਰਬੰਧਾ ਸਬੰਧੀ ਵੱਖ ਵੱਖ ਜਥੇਬੰਦੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

# ਐੱਮ ਐੱਡ ਪ੍ਰੀਖਿਆਵਾਂ 'ਚ ਸੁਧਾਰ ਕਾਲਜ ਦੀ ਵਿਦਿਆਰਥਣ ਨੂੰ ਸੋਨ ਤਮਗਾ

**ਲੁਧਿਆਣਾ (ਐਮ ਐਸ ਭਾਟੀਆ)**-ਜੀ.ਐਚ.ਜੀ. ਖਾਲਸਾ ਕਾਲਜ ਆਫ ਐਜੂਕੇਸ਼ਨ, ਗੁਰੂਸਰ ਸਧਾਰ, ਲੁਧਿਆਣਾ ਦੇ ਐਮ.ਐਡ ਸਮੈਸਟਰ ਚੌਥਾ (2021-23) ਦੇ ਵਿਦਿਆਰਥੀਆਂ ਨੇ ਪੰਜਾਬ ਯੂਨਿਵਰਸਿਟੀ, ਚੰਡੀਗੜ੍ਹ ਵਲੋਂ ਲਈਆਂ ਗਈਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪਰਦਰਸ਼ਨ ਕਰਕੇ ਕਾਲਜ ਦਾ ਨਾਂ ਰੌਸ਼ਨ ਕੀਤਾ ਹੈ। ਇਹ ਪ੍ਰੀਖਿਆਵਾਂ 2023 ਵਿੱਚ ਲਈਆਂ ਗਈਆਂ ਸਨ। ਜਸਕਰਨ ਕੌਰ ਨੇ 2000 ਅੰਕਾਂ ਵਿੱਚੋਂ 1798 ਅੰਕਾਂ (89.9%) ਨਾਲ ਯੂਨੀਵਰਸਿਟੀ ਦੀ ਮੈਰਿਟ ਲਿਸਟ ਵਿੱਚੋਂ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ, ਜਦੋਂ ਕਿ ਕਿਰਨਪਰੀਤ ਕੌਰ ਨੇ 1772 ਅੰਕਾਂ (88.60%) ਨਾਲ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਚੌਥੇ ਸਥਾਨ 'ਤੇ ਅਤੇ ਕਾਲਜ ਵਿੱਚੋਂ ਦੂਜੇ ਸਥਾਨ 'ਤੇ ਰਹੀ। ਕਾਲਜ ਦੇ ਵਿਦਿਆਰਥੀ ਹਿਮਾਂਸ਼ੂ ਨੇ 1738 ਅੰਕ (86.90%) ਪ੍ਰਾਪਤ ਕਰਕੇ ਯੂਨੀਵਰਸਿਟੀ ਦੀ ਮੈਰਿਟ ਲਿਸਟ ਵਿੱਚੋਂ ਛੇਵਾਂ ਅਤੇ ਕਾਲਜ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਸਾਰੇ ਵਿਦਿਆਰਥੀ ਪਹਿਲੀ ਡਵੀਜ਼ਨ ਨਾਲ ਪਾਸ ਹੋਏ। ਕਾਲਜ ਦੀ ਗਵਰਨਰਗਿੰਗ ਕੌਂਸਲ ਦੇ ਪ੍ਰਧਾਨ ਮਨਜੀਤ ਸਿੰਘ ਗਿਲ ਅਤੇ ਸਕੱਤਰ ਐਸ. ਐਸ. ਥਿੰਦ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਪ੍ਰਿੰਸੀਪਲ ਡਾ. ਪਰਗਟ ਸਿੰਘ ਗਰਚਾ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿਤੀ। ਡਾ. ਗਰਚਾ ਨੇ ਕਿਹਾ ਕਿ ਭਵਿੱਖ ਵਿਚ ਵੀ ਵਿਦਿਆਰਥੀਆਂ ਤੋਂ ਚੰਗੇ ਨਤੀਜਿਆਂ ਦੀ ਉਮੀਦ ਕਰਦੇ ਹਾਂ।

# ਕਿਸਾਨ ਮਜ਼ਦੂਰ ਮੋਰਚਾ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੀਤਾ ਗਿਆ ਟਰੈਕਟਰ ਮਾਰਚ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)** : ਕਿਸਾਨ ਮਜ਼ਦੂਰ ਮੋਰਚਾ ਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਵੱਲੋਂ ਪਿਛਲੇ ਦਿੱਲੀ ਅੰਦੋਲਨ ਦੌਰਾਨ ਰਹਿ ਗਈਆਂ ਮੰਗਾਂ ਨੂੰ ਮਨਵਾਉਣ ਲਈ 13 ਫਰਵਰੀ ਦੇ ਸੱਦੇ 'ਤੇ ਦਿੱਲੀ ਮੋਰਚਾ 2 ਲਾਉਣ ਦਾ ਐਲਾਨ ਕੀਤਾ ਹੈ। ਇਸ ਸੱਦੇ ਤਹਿਤ ਪਿੰਡਾਂ ਵਿੱਚ ਵੱਡੀ ਲਾਮਬੰਦੀ ਕਰਨ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਵੱਲੋਂ ਬਲਾਕ ਸੰਗਰੂਰ ਦੇ ਪਿੰਡਾਂ ਵਿੱਚ 13 ਫਰਵਰੀ ਦੇ ਦਿੱਲੀ ਕੂਚ ਦਾ ਹੋਕਾ ਦੇਣ ਲਈ ਸੈਂਕੜੇ ਟਰੈਕਟਰਾਂ ਨਾਲ ਮਾਰਚ ਕੀਤਾ ਗਿਆ।

ਮਾਰਚ ਵਿੱਚ ਸੂਬਾ ਕਾਰਜਕਾਰੀ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਲੌਂਗੋਵਾਲ ਨੇ ਬੋਲਦਿਆਂ ਕਿਹਾ ਕਿ ਪਿਛਲੇ ਇਤਿਹਾਸਕ ਦਿੱਲੀ ਅੰਦੋਲਨ ਦੌਰਾਨ ਕੇਂਦਰ ਸਰਕਾਰ ਨਾਲ ਰਹਿੰਦੀਆਂ ਮੰਗਾਂ ਜਿਵੇਂ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਸੀ-2 ਦੇ ਫਾਰਮੂਲੇ ਤਹਿਤ ਕਿਸਾਨਾਂ ਨੂੰ ਫਸਲਾਂ ਦੇ ਭਾਅ ਦੇਣ, ਕਿਸਾਨਾਂ ਮਜ਼ਦੂਰਾਂ ਦੀ ਸੰਪੂਰਨ ਕਰਜ਼ਾ ਮੁਕਤੀ, ਅੰਦੋਲਨ ਦੌਰਾਨ ਸ਼ਹੀਦ ਕਿਸਾਨਾਂ ਮਜ਼ਦੂਰਾਂ ਦੇ ਪਰਿਵਾਰਾਂ ਨੂੰ ਨੌਕਰੀਆਂ ਤੇ ਮੁਆਵਜ਼ੇ ਦੀ ਮੰਗ, ਬਿਜਲੀ ਬਿੱਲ 2020 ਨੂੰ ਸਰਕਾਰ ਟੇਢੇ ਢੰਗ ਨਾਲ ਲਾਗੂ ਕਰ ਰਹੀ ਹੈ ਉਸ ਨੂੰ ਰੱਦ ਕਰਾਉਣ ਦੀ ਮੰਗ, ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਮੰਗ, ਫਸਲਾਂ ਦੇ ਭਾਅ ਦਾ ਐਮ ਐਸ ਪੀ ਗਰੰਟੀ ਕਨੂੰਨ ਬਣਾਉਣ ਦੀ ਮੰਗ, ਪ੍ਰਦੂਸ਼ਣ ਕਨੂੰਨ ਵਿੱਚੋਂ ਕਿਸਾਨੀ ਨੂੰ ਬਾਹਰ ਰੱਖਣ ਦੀ ਮੰਗ ਇਸ ਤਰ੍ਹਾਂ ਪਿਛਲੇ ਦਿੱਲੀ ਅੰਦੋਲਨ ਦੌਰਾਨ ਬਹੁਤ ਸਾਰੀਆਂ ਰਹਿੰਦੀਆਂ ਮੰਗਾਂ ਤੇ ਦਿੱਲੀ ਮੋਰਚਾ ਦੁਬਾਰਾ ਲਾਉਣ ਲਈ ਵੱਡੀ ਗਿਣਤੀ ਕਿਸਾਨਾਂ ਮਜ਼ਦੂਰਾਂ ਨੌਜਵਾਨਾਂ ਨੂੰ ਟਰੈਕਟਰ-ਟਰਾਲੀਆਂ ਲੈ ਕੇ 13 ਫਰਵਰੀ ਵੱਡੀ ਗਿਣਤੀ ਦਿੱਲੀ ਜਾਣ ਦੀ ਅਪੀਲ ਕੀਤੀ।

ਪਿੰਡਾਂ ਵਿੱਚੋਂ ਦਿੱਲੀ ਜਾਣ ਲਈ ਟਰੈਕਟਰ ਟਰਾਲੀਆਂ ਦੀਆਂ ਲਿਸਟਾਂ ਤਿਆਰ ਕੀਤੀਆਂ ਜਾ ਰਹੀਆਂ ਹਨ।

# ਰਜਿਸਟਰੀਆਂ 'ਤੇ ਐੱਨ ਓ ਸੀ ਦੀ ਸ਼ਰਤ ਖਤਮ ਦੇ ਫ਼ੈਸਲੇ ਦਾ ਸਵਾਗਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਜ਼ਿਲ੍ਹਾ ਵਾਸੀਆਂ ਨਾਲ ਖ਼ੁਸ਼ੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਵੱਡਾ ਐਲਾਨ ਕੀਤਾ ਗਿਆ ਹੈ ਕਿ ਪੰਜਾਬ 'ਚ ਹਰ ਤਰ੍ਹਾਂ ਦੀਆਂ ਰਜਿਸਟਰੀਆਂ ਤੇ ਐਨਓਸੀ ਦੀ ਸ਼ਰਤ ਖਤਮ ਕੀਤੀ ਜਾ ਰਹੀ ਹੈ।ਇਸ ਦਾ ਵੱਡਾ ਫ਼ਾਇਦਾ ਸਮੁੱਚੇ ਪੰਜਾਬ ਦੀ ਜਨਤਾ ਨੂੰ ਮਿਲੇਗਾ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਹੁਣ ਪੰਜਾਬ ਵਿੱਚ ਰਜਿਸਟਰੀਆਂ ਕਰਵਾਉਣ ਲਈ ਐਨਓਸੀ ਦੀ ਲੋੜ ਨਹੀਂ ਪਵੇਗੀ।ਉਨ੍ਹਾਂ ਕਿਹਾ ਕਿ ਪਹਿਲੋਂ ਰਜਿਸਟਰੀ ਵਿੱਚ ਐਨਓਸੀ ਦੀ ਸ਼ਰਤ ਕਾਰਨ ਲੋਕਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਤੇ ਇਹ ਮਾਮਲਾ ਕਾਫੀ ਸਮੇਂ ਤੋਂ ਸਰਕਾਰ ਦੇ ਵਿਚਾਰ ਅਧੀਨ ਸੀ। ਇਸ ਦੇ ਨਾਲ ਹੀ ਇਸ ਕਾਰਨ ਸਰਕਾਰ ਨੂੰ ਮਾਲੀਏ ਦਾ ਵੀ ਨੁਕਸਾਨ ਹੋ ਰਿਹਾ ਸੀ।

ਮੁੱਖ ਮੰਤਰੀ ਵੱਲੋਂ ਇਸ ਅਹਿਮ ਮਸਲੇ ਦਾ ਹੱਲ ਕਰਨ ਨਾਲ ਰਾਜ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਦੇ ਨਾਲ ਹੀ ਰੀਅਲ ਅਸਟੇਟ ਬਾਜ਼ਾਰ 'ਚ ਵਾਧਾ ਹੋਵੇਗਾ।ਵਿਧਾਇਕ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਜੋ ਕਿਹਾ ਸੀ, ਉਹ ਕਰਕੇ ਦਿਖਾਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਵਿਕਾਸ, ਤਰੱਕੀ, ਸਿੱਖਿਆ ਤੇ ਸਿਹਤ ਪੱਖੋਂ ਵਿਕਾਸ ਦੀਆਂ ਲੀਹਾਂ 'ਤੇ ਪੁਚਾਉਣ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਹਨ।

# ਵਿਧਾਇਕ ਬੱਗਾ ਵੱਲੋਂ ਨਵੇਂ ਟਿਊਬਵੈੱਲ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)** ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ 'ਹਰ ਘਰ ਨਲ ਤੇ ਹਰ ਘਰ ਜਲ' ਦੀ ਸੁਵਿਧਾ ਤਹਿਤ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਮਦਨ ਲਾਲ ਬੱਗਾ ਵੱਲੋਂ ਸਥਾਨਕ ਵਾਰਡ ਨੰਬਰ 1 ਅਧੀਨ ਊਧੋ ਰਾਮ ਦਾ ਡੇਰੇ ਵਿਖੇ 25 ਹਾਰਸ ਪਾਵਰ ਟਿਊਬਵੈਲ ਦਾ ਉਦਘਾਟਨ ਕਰਦਿਆਂ ਕੀਤਾ। ਵਿਧਾਇਕ ਬੱਗਾ ਨੇ ਕਿਹਾ ਕਿ ਵਾਰਡ ਨੰਬਰ 1 ਦੇ ਵਸਨੀਕਾਂ ਨੂੰ ਬੀਤੇ ਸਮੇਂ ਦੌਰਾਨ ਪਾਣੀ ਦੀ ਕਾਫੀ ਕਿੱਲਤ ਸੀ ਅਤੇ ਉਨ੍ਹਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਵਾਰਡ ਵਿੱਚ ਨਵਾਂ ਟਿਊਬਵੈਲ ਲਾਇਆ ਗਿਆ ਹੈ ਤਾਂ ਜੁ ਵਸਨੀਕਾਂ ਨੂੰ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਸ ਟਿਊਬਵੈਲ ਦੀ ਸਪਲਾਈ ਹੁਣ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਆਸ-ਪਾਸ ਦੇ ਇਲਾਕਿਆਂ ਨੂੰ ਵੀ ਇਸਦਾ ਲਾਭ ਮਿਲੇਗਾ। ਵਿਧਾਇਕ ਬੱਗਾ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਸੂਬੇ ਦੇ ਵਸਨੀਕਾਂ ਨੂੰ ਆਉਣ ਵਾਲੀਆਂ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ, ਜਿਸ ਤਹਿਤ ਚੋਣਾਂ ਦੌਰਾਨ ਵੋਟਰਾਂ ਨਾਲ ਕੀਤੇ ਵਾਅਦਿਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।

# ਆਦਰਸ਼ ਸਕੂਲ ਖੰਬਾ ਦੇ ਵਿਦਿਆਰਥੀਆਂ ਨੂੰ ਰੋਡ ਸੁਰੱਖਿਆ ਬਾਰੇ ਕੀਤਾ ਜਾਗਰੂਕ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**- ਸੀਨੀਅਰ ਕਪਤਾਨ ਪੁਲਸ ਮੋਗਾ ਦੇ ਦਿਸ਼ਾ ਨਿਰਦੇਸ਼ ਹੇਠ ਅਤੇ ਜੋਰਾ ਸਿੰਘ ਕਾਂਗੜਾ ਡੀ ਐੱਸ ਪੀ ਟ੍ਰੈਫਿਕ ਮੋਗਾ ਦੀ ਰਹਿਨੁਮਾਈ ਹੇਠ ਰਾਸ਼ਟਰੀ ਰੋਡ ਸੁਰੱਖਿਆ ਮਹੀਨਾ 15 ਜਨਵਰੀ ਤੋਂ 14 ਫਰਵਰੀ ਨੂੰ ਮੁੱਖ ਰੱਖਦਿਆਂ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਖੰਬਾ ਦੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ। ਏ ਐਸ ਆਈ ਕੇਵਲ ਸਿੰਘ ਇੰਚਾਰਜ ਟਰੈਫਿਕ ਐਜੂਕੇਸ਼ਨ ਸੈੱਲ ਮੋਗਾ ਅਤੇ ਹੈਡ ਕਾਂਸਟੇਬਲ ਸੁਖਜਿੰਦਰ ਸਿੰਘ ਟਰੈਫਿਕ ਐਜੂਕੇਸ਼ਨ ਸੈਲ ਮੋਗਾ ਨੇ ਸੰਬੋਧਨ ਕੀਤਾ । ਏ ਐਸ ਆਈ ਕੇਵਲ ਸਿੰਘ ਇੰਚਾਰਜ ਟਰੈਫਿਕ ਐਜੂਕੇਸ਼ਨ ਸੈੱਲ ਮੋਗਾ ਨੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਵਹੀਕਲਾਂ ਦੇ ਦਸਤਾਵੇਜ਼ ਪੂਰੇ ਰੱਖਣ, ਓਵਰ ਸਪੀਡ ਵਹੀਕਲ ਨਾ ਚਲਾਉਣ, ਨਸ਼ਾ ਕਰਕੇ ਵਹੀਕਲ ਨਾ ਚਲਾਉਣ, ਦੋ ਪਹੀਆ ਵਾਹਨ ਚਲਾਉਣ ਵੇਲੇ ਹੈਲਮਟ ਦੀ ਵਰਤੋਂ ਕਰਨ, ਗੱਡੀ ਚਲਾਉਂਦੇ ਸਮੇਂ ਸੀਟ ਬੈਲਟ ਦੀ ਵਰਤੋਂ ਕਰਨ, ਵਹੀਕਲ ਚਲਾਉਂਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਾ ਕਰਨ, ਲੇਨ ਡਰਾਈਵਿੰਗ ਸੰਬੰਧੀ ਅਤੇ ਵਹੀਕਲਾਂ 'ਤੇ ਹਾਈ ਸਕਿਉਰਿਟੀ ਨੰਬਰ ਪਲੇਟਾਂ ਲਗਵਾਉਣ ਦੀ ਅਪੀਲ ਕੀਤੀ। ਸਿਲੇਸੀਅਨ ਫੰਡ ਮੁਆਵਜ਼ਾ ਲੈਣ ਸਬੰਧੀ ਵੀ ਜਾਗਰੂਕ ਕੀਤਾ ਗਿਆ । ਧੁੰਦ ਦੇ ਮੌਸਮ ਨੂੰ ਮੁੱਖ ਰੱਖਦਿਆਂ ਵਹੀਕਲਾਂ 'ਤੇ ਰਿਫਲੈਕਟਰ ਵੀ ਲਗਾਏ ਗਏ। ਹੈਡ ਕਾਂਸਟੇਬਲ ਸੁਖਜਿੰਦਰ ਸਿੰਘ ਟਰੈਫਿਕ ਐਜੂਕੇਸ਼ਨ ਸੈਲ ਮੋਗਾ ਨੇ ਨਸ਼ਿਆਂ ਤੋਂ ਦੂਰ ਰਹਿਣ ਸਬੰਧੀ ਅਤੇ ਸਾਈਬਰ ਸੈਲ ਸਾਈਬਰ ਕ੍ਰਾਈਮ ਰਾਹੀਂ ਹੋ ਰਹੀਆਂ ਠੱਗੀਆਂ ਤੋਂ ਬਚਣ ਸੰਬੰਧੀ ਜਾਗਰੂਕ ਕੀਤਾ। ਸਾਈਬਰ ਕ੍ਰਾਈਮ ਹੈਲਪਲਾਈਨ ਨੰਬਰ 1930 ਦੀ ਜਾਣਕਾਰੀ ਵੀ ਦਿੱਤੀ । ਇਸ ਮੌਕੇ ਪ੍ਰਿੰਸੀਪਲ ਮਨਿੰਦਰ ਕੌਰ, ਕੁਲਵਿੰਦਰ ਕੌਰ, ਕੁਮਾਰੀ ਸ਼ਬਨਮ, ਮਿਨਾਕਸ਼ੀ, ਰਾਣੀ ਮੋਂਗਲਾ, ਨਵਜੋਤ ਕੌਰ, ਰਮਨਦੀਪ ਕੌਰ, ਗਗਨਦੀਪ ਕੌਰ, ਅੰਜਲੀ ਅਰੋੜਾ, ਰਾਜੀਵ ਕੁਮਾਰ, ਸਰਬਜੀਤ ਸਿੰਘ, ਜਗਮਿੰਦਰ ਸਿੰਘ ਅਤੇ ਸੁਭਾਸ਼ ਚੰਦਰ ਅਧਿਆਪਕ ਸਾਹਿਬਾਨ ਹਾਜ਼ਰ ਸਨ।

# ਜਲਾਲਾਬਾਦ ਸਬ ਡਵੀਜ਼ਨ 'ਚ ਕੈਂਪਾਂ ਦੀ ਸ਼ੁਰੂਆਤ



**ਜਲਾਲਾਬਾਦ (ਜੀਤ ਕੁਮਾਰ)** ਉਪ ਮੰਡਲ ਜਲਾਲਾਬਾਦ ਅਧੀਨ ਆਪ ਦੀ ਸਰਕਾਰ ਆਪ ਦੇ ਦੁਆਰ ਸਕੀਮ ਤਹਿਤ ਕੈਂਪ ਲਾਉਣ ਦੀ ਪ੍ਰਕਿਰਿਆ ਸ਼ੁਰੂ ਹੋ ਗਈ। ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪਿੰਡ ਢੰਡੀ ਕਦੀਮ ਤੋਂ ਇਸਦੀ ਸ਼ੁਰੂਆਤ ਕਰਾਈ। ਇਸ ਤੋਂ ਬਿਨਾਂ ਅੱਜ ਚੱਕ ਰੂਮ ਵਾਲਾ, ਢਾਬ ਖੁਸ਼ਹਾਲ ਜੋਈਆਂ ਅਤੇ ਬੱਗੇ ਕੇ ਉਤਾੜ ਵਿਖੇ ਵੀ ਕੈਂਪ ਲਾਏ ਗਏ। ਇਨ੍ਹਾਂ ਕੈਂਪਾਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਦਾ ਲਾਭ ਲਿਆ।

ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਲੋਕਾਂ ਨੂੰ ਉਨ੍ਹਾਂ ਦੀਆਂ ਘਰਾਂ ਦੀਆਂ ਬਰੂਹਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਮਿਲੇ। ਉਨ੍ਹਾਂ ਆਖਿਆ ਕਿ ਇਸ ਕੈਂਪ ਦਾ ਉਦੇਸ਼ ਇਹ ਹੈ ਕਿ ਲੋਕਾਂ ਨੂੰ ਦਫ਼ਤਰਾਂ ਤੱਕ ਨਾ ਜਾਣਾ ਪਵੇ, ਸਗੋਂ ਮੌਕੇ 'ਤੇ ਹੀ ਲੋਕਾਂ ਦੇ ਕੰਮ ਹੋਣ, ਜਿਸ ਦੀ ਪ੍ਰਤੱਖ ਉਦਾਹਰਣ ਵੀ ਵੇਖਣ ਨੂੰ ਮਿਲੀ। ਇਸ ਸ਼ਗਨ ਲਾਲ ਨਾਂਅ ਦੇ ਇੱਕ ਵਿਅਕਤੀ ਦਾ ਮੀਟਰ ਸੜ ਗਿਆ ਸੀ, ਜਿਸ ਨੇ ਇਸ ਕੈਂਪ ਵਿੱਚ ਅਰਜ਼ੀ ਦਿੱਤੀ ਤੇ ਉਸ ਦਾ ਨਵਾਂ ਮੀਟਰ ਲੱਗ ਗਿਆ।

ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਇਸ ਤਰ੍ਹਾਂ ਦੇ ਕੈਂਪ ਆਉਣ ਵਾਲੇ ਦਿਨਾਂ ਵਿੱਚ ਸਾਰੇ ਪਿੰਡਾਂ ਵਿੱਚ ਲੱਗ ਰਹੇ ਹਨ ਅਤੇ ਇਹਨਾਂ ਕੈਂਪਾਂ ਵਿੱਚ ਸਰਕਾਰ ਦੀਆਂ ਸਾਰੀਆਂ ਮਹੱਤਵਪੂਰਨ ਸਕੀਮਾਂ ਦਾ ਲਾਭ ਮੌਕੇ ਤੇ ਦਿੱਤਾ ਜਾ ਰਿਹਾ ਹੈ। ਉਨਾਂ ਅਪੀਲ ਕੀਤੀ ਕਿ ਇਹਨਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ। ਉਹਨਾਂ ਦੱਸਿਆ ਕਿ ਇਹਨਾਂ ਕੈਂਪਾਂ ਵਿੱਚ ਸਰਟੀਫਿਕੇਟ ਬਣਾਉਣ ਸਮੇਤ ਵੱਖ-ਵੱਖ ਵਿਭਾਗੀ ਸਕੀਮਾਂ ਲਈ ਮੌਕੇ ਤੇ ਅਪਲਾਈ ਕੀਤਾ ਜਾ ਸਕਦਾ ਹੈ ਅਤੇ ਜੇਕਰ ਕਿਸੇ ਵਿਭਾਗ ਨਾਲ ਕੋਈ ਸ਼ਿਕਾਇਤ ਹੋਵੇ ਤਾਂ ਉਹ ਵੀ ਮੌਕੇ ਤੇ ਆਨਲਾਈਨ ਦਰਜ ਕਰਵਾਈ ਜਾ ਸਕਦੀ।

ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ ਪ੍ਰਸ਼ਾਸਨ ਮੁਹਈਆ ਕਰਾਉਣ ਦੇ ਨੀਅਤ ਨਾਲ ਲੋਕਾਂ ਲਈ ਕੰਮ ਕਰ ਰਹੀ ਹੈ ਤਾਂ ਜੋ ਲੋਕਾਂ ਨੂੰ ਦਫਤਰਾਂ ਦੇ ਚੱਕਰ ਨਾ ਲਗਾਉਣੇ ਪੈਣ ਅਤੇ ਸਰਕਾਰ ਚੱਲ ਕੇ ਲੋਕਾਂ ਵਿੱਚ ਜਾਵੇ। ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਡਾ ਸੇਨੂ ਦੁੱਗਲ ਨੇ ਵੀ ਢੰਡੀ ਕਦੀਮ ਵਿਖੇ ਲੱਗੇ ਕੈਂਪ ਦਾ ਦੌਰਾ ਕੀਤਾ ਤੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ। ਇਸ ਮੌਕੇ ਐਸਡੀਐਮ ਬਲਕਰਨ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ : ਸਰਾਰੀ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰਾਂ ਦੇ ਨੇੜੇ ਜਾ ਕੇ ਕਰਨ ਲਈ ਵਿੱਢੀ ਗਈ ਮੁਹਿੰਮ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਸਬ ਡਵੀਜ਼ਨ ਗੁਰੂਹਰਸਹਾਏ ਦੇ ਫ਼ਤਿਹਗੜ੍ਹ ਗਹਿਰੀ, ਚੁੱਘਾ, ਚੱਕ ਕੰਧੇਸ਼ਾਹ, ਚੱਕ ਮਾਦੀਕੇ ਪਿੰਡਾਂ ਵਿੱਚ ਕੈਂਪ ਲਾਏ ਗਏ। ਇਨ੍ਹਾਂ ਕੈਂਪਾਂ ਦੌਰਾਨ ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਅਤੇ ਐਸ.ਡੀ.ਐਮ. ਗਗਨਦੀਪ ਸਿੰਘ ਵਲੋਂ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ ਤੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦੇ ਹੱਲ ਕਰਨ ਦੇ ਨਿਰਦੇਸ਼ ਦਿੱਤੇ।

ਵਿਧਾਇਕ ਫੌਜਾ ਸਿੰਘ ਸਰਾਰੀ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮੰਤਵ ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਇੱਕੋ ਛੱਤ ਥੱਲੇ ਵੱਖ-ਵੱਖ ਲੋਕ ਭਲਾਈ ਸਕੀਮਾਂ ਦਾ ਲਾਭ ਮੁਹੱਈਆ ਕਰਾਉਣਾ, ਲੋਕਾਂ ਦੀਆਂ ਮੁਸ਼ਕਲਾਂ ਸੁਣਨਾ ਅਤੇ ਉਨ੍ਹਾਂ ਦਾ ਮੌਕੇ 'ਤੇ ਹੀ ਹੱਲ ਕਰਨਾ ਹੈ। ਉਨ੍ਹਾਂ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲਾਏ ਜਾਣ ਵਾਲੇ ਇਨ੍ਹਾਂ ਸਪੈਸ਼ਲ ਕੈਂਪਾਂ ਦੌਰਾਨ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨਾ ਯਕੀਨੀ ਬਣਾਉਣ ਤਾਂ ਜੁ ਵੱਧ ਤੋਂ ਵੱਧ ਲੋਕਾਂ ਤੱਕ ਇਨ੍ਹਾਂ ਕੈਂਪਾਂ ਦਾ ਲਾਹਾ ਲੈ ਸਕਣ ਅਤੇ ਕੋਈ ਵੀ ਯੋਗ ਲਾਭਪਾਤਰੀ ਲੋਕ ਭਲਾਈ ਸਕੀਮਾਂ ਤੋਂ ਵਾਂਝਾ ਨਾ ਰਹਿ ਸਕੇ।

ਐਸ.ਡੀ.ਐਮ. ਗਗਨਦੀਪ ਸਿੰਘ ਨੇ ਇਨ੍ਹਾਂ ਕੈਂਪਾਂ ਦਾ ਲਾਹਾ ਲੈਣ ਵਾਲੇ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਕੈਂਪ 'ਚ ਆਉਣ ਸਮੇਂ ਆਪਣੇ ਨਾਲ 2 ਪਾਸਪੋਰਟ ਸਾਈਜ਼ ਫੋਟੋਆਂ ਤੋਂ ਇਲਾਵਾ ਆਧਾਰ ਕਾਰਡ/ਪੈਨ ਕਾਰਡ/ਰਾਸ਼ਨ ਕਾਰਡ/ਵੋਟ ਕਾਰਡ/ਜਨਮ ਸਰਟੀਫ਼ਿਕੇਟ/ਡਰਾਈਵਿੰਗ ਲਾਇਸੰਸ ਆਦਿ ਦੀ ਕੋਈ ਇੱਕ ਫੋਟੋ ਕਾਪੀ ਬਤੌਰ ਸ਼ਨਾਖਤ ਲਈ ਜ਼ਰੂਰ ਲੈ ਕੇ ਆਉਣ ਤਾਂ ਜੁ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ।

# ਪੰਜਾਬ ਸਰਕਾਰ ਪ੍ਰਸ਼ਾਸਨਕ ਸੇਵਾਵਾਂ ਘਰ-ਘਰ ਪੁਚਾਉਣ ਲਈ ਵਚਨਬੱਧ : ਵਿਧਾਇਕ



**ਲੁਧਿਆਣਾ, (ਰਾਜ ਸਿੰਗਲਾ)** ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਵਿਖੇ 'ਆਪ' ਦੀ ਸਰਕਾਰ ਆਪ ਦੇ ਦੁਆਰ ਮੁਹਿੰਮ ਤਹਿਤ ਲੱਗੇ ਵਿਸ਼ੇਸ਼ ਕੈਂਪ ਦੌਰਾਨ ਵੱਖ-ਵੱਖ 44 ਤਰ੍ਹਾਂ ਦੀਆਂ ਪ੍ਰਸ਼ਾਸਨਿਕ ਸੇਵਾਵਾਂ ਦਾ ਵਸਨੀਕਾਂ ਨੇ ਭਰਪੂਰ ਲਾਹਾ ਲਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ ਇੱਕ ਅਧੀਨ ਪਿੰਡ ਭੋਰੇ ਵਿਖੇ ਕੈਂਪ ਦਾ ਦੌਰਾ ਕਰਦਿਆਂ ਕੀਤਾ। ਸ੍ਰੀ ਗੁਰੂ ਰਵਿਦਾਸ ਜੀ ਧਰਮਸ਼ਾਲਾ ਵਿੱਚ ਲੱਗੇ ਕੈਂਪ ਮੌਕੇ ਵਿਧਾਇਕ ਬੱਗਾ ਦੇ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਉਨ੍ਹਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਹਿੱਤ ਵਿੱਚ ਐਨ.ਓ.ਸੀ. ਦੀ ਸ਼ਰਤ ਹਟਾਉਣ ਵਾਲੇ ਫੈਸਲੇ ਦੀ ਸ਼ਲਾਘਾ ਕਰਦਿਆਂ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਫੈਸਲੇ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮਾਲ, ਸੇਵਾ ਕੇਂਦਰ, ਸਮਾਜਿਕ ਨਿਆਂ, ਸ਼ਸ਼ਕਤੀਕਰਨ ਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ ਅਤੇ ਔਰਤਾਂ ਅਤੇ ਬੱਚਿਆਂ ਦੇ ਵਿਕਾਸ, ਖੇਤੀਬਾੜੀ ਅਤੇ ਕਿਸਾਨ ਭਲਾਈ, ਸਿਹਤ, ਜਲ ਸਪਲਾਈ ਅਤੇ ਸੈਨੀਟੇਸ਼ਨ, ਪੀ.ਐਸ.ਪੀ.ਸੀ.ਐਲ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਫੂਡ ਸਪਲਾਈ, ਲੇਬਰ, ਪੁਲਿਸ ਤੇ ਹੋਰ ਵਿਭਾਗਾਂ ਵਲੋਂ ਵੀ ਸ਼ਮੂਲੀਅਤ ਕੀਤੀ ਗਈ, ਜਿੱਥੇ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਐਫੀਡੇਵਿਟ ਤਸਦੀਕ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਜਾਤੀ ਸਰਟੀਫਿਕੇਟ, ਉਸਾਰੀ ਕਾਮਿਆਂ ਦੀ ਰਜਿਸਟਰੇਸ਼ਨ, ਬੁਢਾਪਾ ਪੈਨਸ਼ਨ, ਬੀ.ਸੀ. ਸਰਟੀਫਿਕੇਟ, ਬਿਜਲੀ ਬਿੱਲਾਂ ਦੀ ਅਦਾਇਗੀ, ਜਨਮ ਸਰਟੀਫਿਕੇਟ 'ਚ ਨਾਂਅ ਦਰਜ ਕਰਾਉਣ, ਮਾਲ ਰਿਕਾਰਡ ਬਾਰੇ ਜਾਣਕਾਰੀ, ਮੈਰਿਜ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀਆਂ ਲੋੜ ਅਨੁਸਾਰ ਕਾਪੀਆਂ, ਉਸਾਰੀ ਕਾਮਿਆਂ ਦੀ ਰਜਿਸਟ੍ਰੇਸ਼ਨ ਨਵਿਆਉਣ, ਰਜਿਸਟਰਡ ਅਤੇ ਗੈਰ-ਰਜਿਸਟਰਡ ਦਸਤਾਵੇਜ਼ਾਂ ਨੂੰ ਤਸਦੀਕ ਕਰਨਾ, ਦਿਹਾਤੀ ਖੇਤਰ ਦੇ ਸਰਟੀਫਿਕੇਟ, ਜਨਰਲ ਜਾਤੀ ਸਰਟੀਫਿਕੇਟ, ਵਿਧਵਾ/ਆਸ਼ਰਿਤ ਬੱਚਿਆਂ ਦੀ ਪੈਨਸ਼ਨ, ਭਾਰ ਮੁਕਤ ਸਰਟੀਫਿਕੇਟ, ਜਨਮ ਸਰਟੀਫਿਕੇਟ ਦੀ ਲੇਟ ਐਂਟਰੀ, ਦਿਵਿਆਂਗ ਸਰਟੀਫਿਕੇਟ, ਸ਼ਗਨ ਸਕੀਮ ਦੇ ਕੇਸ, ਸਰਹੱਦੀ ਖੇਤਰ ਦੇ ਸਰਟੀਫ਼ਿਕੇਟ, ਜ਼ਮੀਨ ਦੀ ਹੱਦਬੰਦੀ, ਐਨ.ਆਰ.ਆਈਜ਼ ਦੇ ਦਸਤਾਵੇਜ਼ਾਂ ਦੇ ਕਾਊਂਟਰ ਸਾਈਨ, ਪੀ.ਸੀ.ਸੀ., ਮੌਤ ਦੇ ਸਰਟੀਫਿਕੇਟ ਸੋਧ, ਕੰਢੀ ਖੇਤਰ ਸਰਟੀਫਿਕੇਟ ਆਦਿ ਸੇਵਾਵਾਂ ਦਿੱਤੀਆਂ ਗਈਆਂ।

# ਆਸ਼ਾ ਵਰਕਰ ਯੂਨੀਅਨ ਨੇ ਮੰਗਾਂ ਨੂੰ ਲੈ ਕੇ ਡੀ ਸੀ ਨੂੰ ਸੌਂਪਿਆ ਮੰਗ ਪੱਤਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਆਸ਼ਾ ਵਰਕਰ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਰਜਵੰਤ ਕੌਰ ਦੀ ਅਗਵਾਈ ਹੇਠ ਜੋ ਪਿਛਲੇ ਦਿਨੀਂ ਕੇਂਦਰ ਸਰਕਾਰ ਦੇ ਵਿੱਤ ਮੰਤਰੀ ਨਿਰਮਲਾ ਸੀਤਾ ਰਮਨ ਵੱਲੋਂ ਜੋ ਬੱਜਟ ਪੇਸ਼ ਕੀਤਾ ਗਿਆ, ਉਸ ਦੀਆਂ ਕਾਪੀਆਂ ਡੀਸੀ ਦਫ਼ਤਰ ਵਿਖੇ ਸਾੜੀਆਂ ਗਈਆਂ।ਇਸ ਮੌਕੇ ਮੀਤ ਪ੍ਰਧਾਨ ਪੰਜਾਬ ਸੰਤੋਸ਼ ਕਮਾਰੀ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਜੋ ਬਜਟ ਪੇਸ਼ ਕੀਤਾ ਗਿਆ, ਉਸ ਵਿੱਚ ਆਸ਼ਾ ਵਰਕਰ ਨੂੰ ਆਯੂਸ਼ਮਾਨ ਸਕੀਮ ਅੰਦਰ ਲਿਆਉਣ ਦੀ ਗੱਲ ਕਹੀ ਜਾ ਰਹੀ ਹੈ, ਪਰ ਆਸ਼ਾ ਵਰਕਰ ਦੀਆਂ ਜੋ ਮੇਨ ਮੰਗਾਂ ਹਨ, ਜਿਸ ਵਿੱਚ ਆਸ਼ਾ ਵਰਕਰ ਦੀ ਤਨਖਾਹ 21000 ਕੀਤੀ ਜਾਵੇ, ਆਸ਼ਾ ਵਰਕਰ ਨੂੰ ਸਰਕਾਰੀ ਸਿਹਤ ਸਹੂਲਤਾਂ ਦਿੱਤੀਆਂ ਜਾਣ ਤੇ ਆਸ਼ਾ ਵਰਕਰ ਨੂੰ 70 ਸਾਲ ਦੀ ਰਿਟਾਇਰਮੈਂਟ ਤੋਂ ਬਾਅਦ ਪੈਨਸ਼ਨ ਦਿੱਤੀ ਜਾਵੇ, ਇਨ੍ਹਾਂ ਮੰਗਾਂ ਦੇ ਸਬੰਧ ਵਿੱਚ ਆਸ਼ਾ ਵਰਕਰਾਂ ਵੱਲੋਂ ਬਹੁਤ ਵਾਰ ਮੰਗ ਪੱਤਰ ਵੀ ਦਿੱਤੇ ਗਏ ਅਤੇ ਸੈਂਟਰ ਸਰਕਾਰ ਅਤੇ ਪੰਜਾਬ ਸਰਕਾਰ ਤੋਂ ਮੰਗ ਵੀ ਕੀਤੀ ਗਈ, ਪਰ ਅੱਜ ਤੱਕ ਕਿਸੇ ਵੀ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਅਣਦੇਖਾ ਕਰਕੇ ਉਨ੍ਹਾਂ ਦੀ ਕੋਈ ਵੀ ਮੰਗ ਪੂਰੀ ਨਹੀਂ ਕੀਤੀ ਗਈ, ਜਿਸ ਦੇ ਰੋਸ ਵਜੋਂ ਅੱਜ ਪੂਰੇ ਪੰਜਾਬ ਵਿੱਚ ਡੀਸੀ ਦਫਤਰਾਂ ਦੇ ਮੂਹਰੇ ਬਜਟ ਦੀਆਂ ਕਾਪੀਆਂ ਸਾੜ ਕੇ ਡੀਸੀ ਨੂੰ ਮੰਗ ਪੱਤਰ ਦਿੱਤੇ ਜਾ ਰਹੇ ਹਨ, ਜਿਸ ਦੀ ਲੜੀ ਵਜੋਂ ਅੱਜ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਡੀਸੀ ਨੂੰ ਮੰਗ ਪੱਤਰ ਦੇ ਕੇ ਸਰਕਾਰ ਤੋਂ ਮੰਗ ਕੀਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਜਲਦੀ ਤੋਂ ਜਲਦੀ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਪੂਰੇ ਭਾਰਤ ਅਤੇ ਪੂਰੇ ਪੰਜਾਬ ਦੀਆਂ ਆਸ਼ਾ ਇਕੱਤਰ ਹੋ ਕੇ ਕੇਂਦਰ ਸਰਕਾਰ ਦੇ ਮੂਹਰੇ ਰੋਸ ਪ੍ਰਦਰਸ਼ਨ ਕਰਨਗੀਆਂ।



ਉਨ੍ਹਾਂ ਦੱਸਿਆ ਕਿ ਆਸ਼ਾ ਵਰਕਰ ਦੇ ਨਾਲ ਪੂਰੇ ਪੰਜਾਬ ਦੇ ਵਿੱਚ ਸਿਹਤ ਸਹੂਲਤਾਂ ਨੂੰ ਗਰਾਊਂਡ ਲੈਵਲ ਤੇ ਲੋਕਾਂ ਤੱਕ ਪਚਾਇਆ ਜਾਂਦਾ ਹੈ, ਪਰ ਆਸ਼ਾ ਵਰਕਰਾਂ ਨੂੰ ਉਨ੍ਹਾਂ ਦੀਆਂ ਤਨਖਾਹ ਅਤੇ ਬਣਦੇ ਭੱਤੇ ਨਹੀਂ ਦਿੱਤੇ ਜਾਂਦੇ, ਜਿਸ ਦੇ ਰੋਸ ਵਜੋਂ ਪੂਰੇ ਆਸ਼ਾ ਵਰਕਰ ਕੇਡਰ ਵਿੱਚ ਰੋਸ ਪਾਇਆ ਜਾ ਰਿਹਾ।ਇਸੇ ਲੜੀ ਦੇ ਤਹਿਤ ਪੈਰਾ ਮੈਡੀਕਲ ਤੇ ਸਿਹਤ ਕ੍ਰਮਚਾਰੀ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਦੇ ਆਗੂ ਅਤੇ ਮਲਟੀ ਪਰਪਜ਼ ਹੈਲਥ ਵਰਕਰ ਯੂਨੀਅਨ ਮੇਲ ਫੀਮੇਲ ਦੇ ਮੀਤ ਪ੍ਰਧਾਨ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਹੈੱਲਥ ਡਿਪਾਰਟਮੈਂਟ ਵਿੱਚ ਆਸ਼ਾ ਵਰਕਰ ਮਲਟੀ ਪਰਪ ਫੀਮੇਲ ਅਤੇ ਹੋਰ ਕੱਚੇ ਕਾਮੇ ਜਿਨ੍ਹਾਂ ਨੇ ਕੋਰੋਨਾ ਦੌਰਾਨ ਸਭ ਤੋਂ ਵੱਧ ਆਪਣੀ ਜਾਮ ਨੂੰ ਜ਼ੋਖ਼ਮ ਵਿੱਚ ਪਾ ਕੇ ਕੰਮ ਕੀਤਾ, ਜਿਸ ਦੀ ਮਿਸਾਲ ਪੂਰੀ ਦੁਨੀਆਂ ਵਿੱਚ ਕਾਇਮ ਕੀਤੀ ਸਰਕਾਰ ਨੂੰ ਚਾਹੀਦਾ ਸੀ ਕਿ ਇਨ੍ਹਾਂ ਨੂੰ ਪਹਿਲ ਦੇ ਅਧਾਰ 'ਤੇ ਪੂਰੀ ਤਨਖ਼ਾਹ ਦਿੰਦੀ ਜਾਂਦੀ ਅਤੇ ਕੱਚੇ ਕਾਮਿਆਂ ਨੂੰ ਪਹਿਲ ਦੇ ਅਧਾਰ ਤੇ ਪੱਕੇ ਕੀਤਾ ਜਾਂਦਾ, ਪਰ ਸਰਕਾਰਾਂ ਨੇ ਇਨ੍ਹਾਂ ਨੂੰ ਪੱਕੇ ਕਰਨ ਦੀ ਬਜਾਏ ਮੁਲਾਜ਼ਮਾਂ ਦੇ ਹੱਕਾਂ 'ਤੇ ਹੀ ਡਾਕੇ ਮਰਨੇ ਸ਼ੁਰੂ ਕਰ ਦਿੱਤੇ ਹਨ, ਜਿਸ ਵਜੋਂ ਪੂਰੀ ਮੁਲਾਜ਼ਮ ਮੂਵਮੈਂਟ ਵਿੱਚ ਰੋਸ ਪਾਇਆ ਜਾ ਰਿਹਾ ਹੈ। ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਇਹ ਮੰਗਾਂ ਨੂੰ ਜਲਦੀ ਪ੍ਰਵਾਨ ਨਾ ਕੀਤਾ ਗਿਆ ਤੇ ਪੂਰਾ ਸਿਹਤ ਵਿਭਾਗ ਆਪਣਾ ਕੰਮ ਬੰਦ ਕਰਕੇ ਸੜਕਾਂ ਤੇ ਉਤਰ ਆਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਹੋਵੇਗੀ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਸ਼ਲਾਘਾਯੋਗ : ਡਾ. ਅਨਵਰ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਅਤੇ ਵਕਫ਼ ਬੋਰਡ ਪੰਜਾਬ ਦੇ ਮੈਂਬਰ ਡਾ. ਅਨਵਰ ਭਸੌੜ ਨੇ ਪੰਜਾਬ ਵਾਸੀਆਂ ਨੂੰ ਉਨ੍ਹਾਂ ਦੇ ਬੂਹੇ ਉਤੇ ਜਾ ਕੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਇਕ ਹੋਰ ਨਾਗਰਿਕ ਕੇਂਦਰਿਤ ਉਪਰਾਲਾ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ੁਰੂ ਕੀਤੀ ਗਈ 'ਆਪ ਦੀ ਸਰਕਾਰ, ਆਪ ਦੇ ਦੁਆਰ' ਸਕੀਮ ਦੀ ਸ਼ਲਾਘਾ ਕਰਦਿਆਂ ਇਸ ਨੂੰ ਲੋਕ ਹਿੱਤ ਫ਼ੈਸਲਾ ਦੱਸਿਆ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਦਾ ਆਗ਼ਾਜ਼ ਹੋਣ ਨਾਲ ਹੁਣ ਲੋਕਾਂ ਨੂੰ ਆਪਣੇ ਆਮ ਪ੍ਰਸ਼ਾਸਕੀ ਕਾਰਜਾਂ ਲਈ ਸਰਕਾਰੀ ਦਫਤਰਾਂ ਵਿੱਚ ਨਹੀਂ ਜਾਣਾ ਪਵੇਗਾ, ਸਗੋਂ ਸਰਕਾਰੀ ਅਧਿਕਾਰੀ ਖ਼ੁਦ ਲੋਕਾਂ ਕੋਲ ਜਾ ਕੇ ਸੇਵਾਵਾਂ ਮੁਹੱਈਆ ਕਰਵਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਨਾਗਰਿਕ ਕੇਂਦਰ ਉਪਰਾਲੇ ਦੀ ਸ਼ੁਰੂਆਤ ਕਰ ਕੇ ਪੰਜਾਬ ਨੇ ਇਕ ਵਾਰ ਫੇਰ ਦੇਸ਼ ਭਰ ਵਿੱਚ ਬਾਜ਼ੀ ਮਾਰ ਲਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੱਖ-ਵੱਖ ਸੂਬੇ ਵੀ ਇਸ ਸਕੀਮ ਨੂੰ ਲਾਗੂ ਕਰਨਗੇ। ਉਨ੍ਹਾਂ ਕਿਹਾ ਇਸ ਸਕੀਮ ਤਹਿਤ ਕੋਈ ਵੀ ਨਾਗਰਿਕ 1076 ਨੰਬਰ ਉਤੇ ਕਾਲ ਕਰਕੇ ਆਪਣੀ ਸਹੂਲਤ ਮੁਤਾਬਕ ਸਮਾਂ ਤੈਅ ਕਰ ਸਕਦਾ ਹੈ। ਜਿਸ ਤੋਂ ਬਾਅਦ ਮੁਲਾਜ਼ਮ ਉਸ ਨਾਗਰਿਕ ਦੇ ਘਰ ਜਾ ਕੇ ਸਬੰਧਤ ਸੇਵਾ ਦਾ ਪ੍ਰਮਾਣ ਪੱਤਰ ਮੁਹੱਈਆ ਕਰਵਾਏਗਾ। ਉਨ੍ਹਾਂ ਦੱਸਿਆ ਕਿ ਹਰੇਕ ਤਹਿਸੀਲ ਵਿੱਚ ਹਰ ਰੋਜ਼ ਚਾਰ ਕੈਂਪ ਲਗਾਏ ਜਾ ਰਹੇ ਹਨ ਅਤੇ ਕੈਂਪ ਦੇ ਸਥਾਨ, ਤਰੀਕ ਅਤੇ ਸਮੇਂ ਬਾਰੇ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਲਈ ਬਣਦੇ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਲੋਕ ਹੁਣ ਅੱਜ ਦੇ ਕੈਂਪਾਂ ਜਾਂ ਆਉਣ ਵਾਲੇ ਕੈਂਪਾਂ ਬਾਰੇ ਪੋਰਟਲ ਰਾਹੀਂ ਵੀ ਜਾਣਕਾਰੀ ਹਾਸਲ ਕਰ ਸਕਦੇ ਹਨ। ਅਤੇ ਜੇ ਕੋਈ ਹਲਫੀਆ ਬਿਆਨ ਜਾਂ ਕੋਈ ਹੋਰ ਦਸਤਾਵੇਜ਼ ਵੀ ਤਸਦੀਕ ਕਰਵਾਉਣਾ ਚਾਹੁੰਦਾ ਹੈ ਤਾਂ ਅਫ਼ਸਰ ਕੈਂਪ ਵਿੱਚ ਬੈਠਾ ਹੋਵੇਗਾ ਅਤੇ ਉਹ ਉਸੇ ਵੇਲੇ ਤਸਦੀਕ ਕਰਕੇ ਮੌਕੇ ਉਤੇ ਹੀ ਸਬੰਧਤ ਵਿਅਕਤੀ ਨੂੰ ਸੌਂਪ ਦੇਵੇਗਾ।

## ਦੜਾ-ਸੱਟਾ ਲਗਵਾਉਣ ਵਾਲਾ ਕਾਬੂ

**ਮੂਨਕ (ਰਾਜਪਾਲ ਸਿੰਗਲਾ)**-ਸ਼ਹਿਰ ਦੀ ਪੁਲਸ ਨੇ ਦੜਾ ਸੱਟਾ ਲਗਵਾਉਣ ਵਾਲੇ ਵਿਅਕਤੀ ਨੂੰ ਕਾਬੂ ਕਰ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਮੁਖੀ ਇੰਸਪੈਕਟਰ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਸਮੇਤ ਸਾਥੀ ਪੁਲਸ ਕਰਮਚਾਰੀ ਟੀ ਪੁਆਇੰਟ ਟੋਹਣਾ ਬੈਰੀਅਰ ਰੋਡ ਮੂਨਕ ਮੌਜੂਦ ਸੀ ਤਾਂ ਰਾਮ ਕੁਮਾਰ ਉਰਫ ਮਰਦਾਨਾ ਪੁੱਤਰ ਮਾਮੂ ਰਾਮ ਵਾਸੀ ਵਾਰਡ ਨੰਬਰ 6 ਮੂਨਕ ਅਨਾਜ ਮੰਡੀ ਮੂਨਕ ਦੂਸਰੇ ਗੇਟ ਪਾਸ ਲਾਇਟਾਂ ਦੀ ਰੋਸ਼ਨੀ ਵਿਚ ਸਰੇਆਮ ਜਨਤਕ ਜਗ੍ਹਾ 'ਤੇ ਦੜਾ ਸੱਟਾ ਲਗਵਾ ਰਿਹਾ ਹੈ। ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਕਾਰਵਾਈ ਕਰਦਿਆਂ ਉਕਤ ਰਾਮ ਕੁਮਾਰ ਪਾਸੋਂ ਦੜਾ ਸੱਟਾ ਕਰੰਸੀ ਨੋਟ 2000 ਰੁਪਏ, ਇੱਕ ਗੱਤਾ ਟੁਕੜਾ ਤੇ ਪਰਚਾ ਦੜਾ ਸੱਟਾ ਤੇ ਦੜਾ ਸੱਟਾ ਲਗਾਉਣ ਲਈ ਵਰਤੀ ਗਈ ਸਮੱਗਰੀ ਦੇ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਧਾਰਾ 13/ 3/ 67 ਗੈਂਮਬਲਿੰਗ ਐਕਟ ਅਧੀਨ ਮੁਕੱਦਮਾ ਦਰਜ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

## ਮੰਡੀ ਕਾਲਾਂਵਾਲੀ 'ਚ ਅੱਜ ਹੋਵੇਗੀ ਕਿਸਾਨ ਮਹਾਂ ਪੰਚਾਇਤ

**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)** - ਭਾਰਤੀ ਕਿਸਾਨ ਯੂਨੀਅਨ ਏਕਤਾ (ਬੀ ਕੇ ਈ) ਦੇ ਸਰਗਰਮ ਆਗੂ ਗੁਰਦਾਸ ਸਿੰਘ ਲੱਕੜਵਾਲੀ ਦੀ ਅਗਵਾਈ ਹੇਠ ਮੰਡੀ ਕਾਲਾਂਵਾਲੀ ਦੀ ਪੁਰਾਣੀ ਅਨਾਜ ਮੰਡੀ ਵਿਚ ਅੱਜ ਵਿਸ਼ਾਲ ਕਿਸਾਨ ਮਹਾਂ ਪੰਚਾਇਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਕਿਸਾਨ ਆਗੂ ਗੁਰਦਾਸ ਸਿੰਘ ਲੱਕੜਵਾਲੀ ਨੇ ਪੱਤਰਕਾਰ ਵਾਰਤਾ ਦੌਰਾਨ ਦੱਸਿਆ ਕਿ ਇਸ ਕਿਸਾਨ ਮਹਾਂ ਪੰਚਾਇਤ ਵਿੱਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ, ਜਰਨੈਲ ਸਿੰਘ ਚਹਿਲ, ਅਭਿਮੰਨਿਊ, ਇੰਦਰਜੀਤ ਸਿੰਘ ਅਤੇ ਆਤਮਾ ਰਾਮ ਝੋਰੜ, ਕੌਰ ਸਿੰਘ ਔਢਾਂ ਸਮੇਤ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਪੁੱਜ ਰਹੇ ਹਨ। ਉਨ੍ਹਾਂ ਕਿਹਾ ਕਿ ਚਿਰਾਂ ਤੋਂ ਲਟਕਦੀਆਂ ਆ ਰਹੀਆਂ 11 ਸੂਤਰੀ ਕਿਸਾਨੀ ਮੰਗਾਂ ਨੂੰ ਮਨਵਾਉਣ ਹਿੱਤ ਦਿੱਲੀ ਕੂਚ ਪ੍ਰੋਗਰਾਮ ਹਿਤ ਕਿਸਾਨਾਂ ਦੀਆਂ ਵੱਖ-ਵੱਖ ਟੀਮਾਂ ਦਿੱਲੀ ਕੂਚ ਦੀ ਤਿਆਰੀਆਂ ਵਿੱਚ ਜੁਟੀਆਂ ਹੋਈਆਂ ਹਨ। ਕਿਸਾਨ ਆਗੂ ਲੱਕੜਵਾਲੀ ਦਾ ਕਹਿਣਾ ਸੀ ਕਿ ਬੇਸ਼ੱਕ ਸਰਕਾਰ ਵਲੋਂ ਉਨ੍ਹਾਂ ਦੇ ਘਰਾਂ 'ਤੇ ਨੋਟਿਸ ਲਾ ਦਿੱਤੇ ਗਏ ਹਨ ਪਰ ਉਹ ਸਾਰੀਆਂ ਰੋਕਾਂ ਦੇ ਚਲਦੇ 13 ਫਰਵਰੀ ਨੂੰ ਹਰਿਆਣਾ ਵਿੱਚੋਂ ਵੱਡੀ ਮਾਤਰਾ ਵਿੱਚ ਆਪਣੇ ਟਰੈਕਟਰ ਟਰਾਲੀਆਂ ਲੈ ਕੇ ਦਿੱਲੀ ਵੱਲ ਕੂਚ ਕਰਨਗੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਕਿਸਾਨਾਂ ਦੀਆਂ ਇਨ੍ਹਾਂ ਮੰਗਾਂ ਵੱਲ ਧਿਆਨ ਨਹੀਂ ਦਿੰਦੀ ਤਾਂ ਇਸ ਤੋਂ ਵੀ ਵੱਡੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ।

## ਪੰਜਾਬ 'ਚ 9 ਤੱਕ ਰੇਲ ਗੱਡੀਆਂ ਰਹਿਣਗੀਆਂ ਪ੍ਰਭਾਵਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਵਿੱਚ ਫ਼ਿਰੋਜ਼ਪੁਰ ਡਵੀਜ਼ਨ ਰੇਲਵੇ ਅਧੀਨ ਆਉਂਦੀਆਂ ਸੱਤ ਟਰੇਨਾਂ 7 ਤੋਂ 9 ਫਰਵਰੀ ਤੱਕ ਪ੍ਰਭਾਵਤ ਹੋਣਗੀਆਂ।ਰੇਲਵੇ ਦੇ ਟ੍ਰੈਫਿਕ ਬਲਾਕ ਕਾਰਨ ਫ਼ਿਰੋਜ਼ਪੁਰ ਵਿਚਕਾਰ ਚੱਲਣ ਵਾਲੀਆਂ ਚਾਰ ਐਕਸਪ੍ਰੈਸ ਟਰੇਨਾਂ ਨੂੰ ਰੱਦ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ।ਬੱਦੋਵਾਲ ਅਤੇ ਮੁੱਲਾਪੁਰ ਯਾਰਡਾਂ ਵਿੱਚ ਮੁਰੰਮਤ ਦੇ ਕੰਮ ਕਾਰਨ ਇਹ ਫ਼ੈਸਲਾ ਲਿਆ ਗਿਆ ਹੈ ਤਾਂ ਜੁ ਉਕਤ ਦੋਵੇਂ ਯਾਰਡਾਂ ਵਿੱਚ ਮੁਰੰਮਤ ਦਾ ਕੰਮ ਮੁਕੰਮਲ ਕੀਤਾ ਜਾ ਸਕੇ।ਰੇਲਵੇ ਅਧਿਕਾਰੀਆਂ ਅਨੁਸਾਰ ਇਸ ਸਮੇਂ ਰੇਲਵੇ ਤੇਜ਼ੀ ਨਾਲ ਵਿਕਾਸ ਦੀ ਪਟੜੀ 'ਤੇ ਚੱਲ ਰਿਹਾ ਹੈ, ਅਜਿਹੇ 'ਚ ਜੋ ਵੀ ਤਕਨੀਕੀ ਬਦਲਾਅ ਦੀ ਲੋੜ ਹੈ, ਉਸ ਨੂੰ ਪੂਰਾ ਕੀਤਾ ਜਾ ਰਿਹਾ ਹੈ, ਜਿਸ ਦਾ ਨਤੀਜਾ ਹੈ ਕਿ ਫ਼ਿਰੋਜ਼ਪੁਰ ਡਿਵੀਜ਼ਨ ਰੇਲਵੇ ਦੇ ਜ਼ਿਆਦਾਤਰ ਰੂਟਾਂ 'ਤੇ ਰਫ਼ਤਾਰ ਜ਼ਿਆਦਾ ਹੈ।

## ਰੀਚਾ ਗੋਇਲ ਦਾ ਕੀਤਾ ਸਵਾਗਤ



**ਸਮਾਣਾ (ਇਕਬਾਲ ਸਿੰਘ ਬੱਲ ,ਗੁਰਪਿਆਰ ਸਿੰਘ ਬੱਲ)**-ਅੱਜ ਸ਼ਿਵ ਸੈਨਾ ਅਨੁਸ਼ਾਸਨ ਕਮੇਟੀ ਸ਼ਿੰਦੇ ਗਰੁੱਪ ਚੰਡੀਗੜ੍ਹ ਦੇ ਚੈਅਰਮੈਨ ਤੇ ਸ੍ਰੀ ਹਿੰਦੂ ਤਖਤ ਕਾਲੀ ਮਾਤਾ ਮੰਦਿਰ ਪਟਿਆਲਾ ਉੱਤਰ ਭਾਰਤ ਚੇਅਰਮੈਨ ਬਾਵਾ ਅਸ਼ਵਨੀ ਅਰੋੜਾ ਨੇ ਨਵਨਿਯੁਕਤ ਐਸ ਡੀ ਐਮ ਸਮਾਣਾ ਰੀਚਾ ਗੋਇਲ ਨੂੰ ਸਮਾਣਾ ਲੱਗਣ 'ਤੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਆਰ ਐਸ ਐਸ ਦੇ ਸੰਘ ਚਾਲਕ ਚਿਮਨ ਲਾਲ ਧਨੇਠਾ, ਅਕਸ਼ੈ ਸੱਚਦੇਵਾ, ਸ਼ੁਭਮ ਗੋਇਲ, ਬਲਜਿੰਦਰ ਸਿੰਘ ਆਦਿ ਹਾਜ਼ਰ ਰਹੇ।

# ਤਰਕਸ਼ੀਲ ਸਥਾਨਕ ਇਕਾਈ ਵੱਲੋਂ ਸਰਗਰਮੀਆਂ ਸ਼ੁਰੂ



**ਰਾਮਪੁਰਾਫੂਲ (ਦਰਸ਼ਨ ਜਿੰਦਲ)**-ਸਥਾਨਕ ਇਕਾਈ ਨੇ ਅੱਤ ਦੀ ਸਰਦੀ ਤੋਂ ਥੋੜ੍ਹੀ ਰਾਹਤ ਮਿਲਣ 'ਤੇ ਪੰਜਵੀਂ ਤਰਕਸ਼ੀਲ ਪਰਖ ਪ੍ਰੀਖਿਆ ਨਾਲ ਸਬੰਧਤ ਮਾਣ ਸਨਮਾਨ ਤੇ ਸਰਟੀਫਿਕੇਟ ਵੰਡਣ ਦੀ ਸ਼ੁਰੂਆਤ ਕਰ ਦਿੱਤੀ ਹੈ।

ਜਥੇਬੰਦਕ ਮੁਖੀ ਜੰਟਾ ਸਿੰਘ ਤੇ ਸੀਨੀਅਰ ਮੈਂਬਰ ਮੇਜਰ ਸਿੰਘ ਨੇ ਲਹਿਰਾ ਧੂਰਕੋਟ, ਲਹਿਰਾ ਸੌਂਦਾ ਤੇ ਲਹਿਰਾ ਮੁਹੱਬਤ ਦੇ ਸਕੂਲਾਂ ਵਿੱਚ ਜਾ ਕੇ ਸਕੂਲ ਮੁਖੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਤਰਕਸ਼ੀਲਤਾ ਬਾਰੇ ਵਿਚਾਰ ਸਾਂਝੇ ਕੀਤੇ ਤੇ ਪੰਜਵੀਂ ਤਰਕਸ਼ੀਲ ਪਰਖ ਪ੍ਰੀਖਿਆ ਵਿੱਚ ਬੈਠਣ ਲਈ ਸਰਟੀਫਿਕੇਟ ਦੇ ਕੇ ਹੌਸਲਾ ਵਧਾਇਆ ਗਿਆ। ਸਕੂਲਾਂ ਵੱਲੋਂ ਇਸ ਟੀਮ ਨੂੰ ਅਗਾਮੀ ਹੋਣ ਵਾਲੀ ਛੇਵੀਂ ਤਰਕਸ਼ੀਲ ਪਰਖ ਪਰੀਖਿਆ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਦਾ ਵਿਸ਼ਵਾਸ ਦੁਆਇਆ। ਇਕਾਈ ਦੀਆਂ ਬਾਕੀ ਟੀਮਾਂ ਨੇ ਆਪੋ-ਆਪਣੇ ਹਿੱਸੇ ਦੇ ਅਦਾਰਿਆਂ ਵਿੱਚ ਸਰਟੀਫਿਕੇਟ ਤੇ ਮਾਣ ਸਨਮਾਨ ਦੇਣ ਦਾ ਸਿਲਸਲਾ ਅਰੰਭ ਦਿੱਤਾ ਹੈ। 14 ਫਰਵਰੀ ਨੂੰ ਸੁਸਾਇਟੀ ਦੇ ਨਾਇਕ ਪਹਿਲੇ ਸਵੈ-ਇੱਛਤ ਸਰੀਰ-ਦਾਨੀ ਕ੍ਰਿਸ਼ਨ ਬਰਗਾੜੀ ਦੀ 22ਵੀਂ ਬਰਸੀ 'ਤੇ ਪੰਜਾਬ ਭਰ ਦੇ ਤਰਕਸ਼ੀਲ ਇਕੱਠੇ ਹੋ ਕੇ ਉਨ੍ਹਾ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਦੁਹਰਾਉਣਗੇ। ਪ੍ਰੈੱਸ ਨਾਲ ਇਹ ਜਾਣਕਾਰੀ ਇਕਾਈ ਦੇ ਮੀਡੀਆ ਮੁਖੀ ਮਾਸਟਰ ਸੁਰਿੰਦਰ ਨੇ ਸਾਂਝੀ ਕੀਤੀ ਅਤੇ ਕਿਹਾ 20 ਤੋਂ 29 ਫਰਵਰੀ ਤੱਕ ਸਥਾਨਕ ਐਮ ਐਲ ਏ ਨੂੰ ਯਾਦ ਪੱਤਰ ਦੇਣ 'ਤੇ ਵੀ ਵਿਚਾਰ ਕੀਤੀ ਤੇ ਮਿਲ ਕੇ ਮੈਮੋਰੈਂਡਮ ਦੇਣ ਦਾ ਪ੍ਰੋਗਰਾਮ ਉਲੀਕਿਆ ਜਾਣਾ ਹੈ।

# ਓ ਬੀ ਸੀ ਵੈਲਫੇਅਰ ਫਰੰਟ ਪੰਜਾਬ ਨੇ ਕੰਬੋਜ ਮਹਾਂਸੰਮੇਲਨ ਨੂੰ ਦਿੱਤਾ ਸਮਰਥਨ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਓਬੀਸੀ ਵੈਲਫੇਅਰ ਫਰੰਟ ਪੰਜਾਬ ਤੇ ਅੰਤਰਰਾਸ਼ਟਰੀ ਸਰਵ ਕੰਬੋਜ ਸਮਾਜ ਇੰਪਲਾਈਜ ਵਿੰਗ ਵੱਲੋਂ ਪ੍ਰੈਸ ਕਾਨਫਰੰਸ ਕੀਤੀ ਗਈ। ਪ੍ਰੈਸ ਕਾਨਫਰੰਸ ਮੌਕੇ ਪੰਜਾਬ ਭਰ ਤੋਂ ਕੰਬੋਜ ਇੰਪਲਾਈਜ ਆਗੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਅੰਤਰਰਾਸ਼ਟਰੀ ਸਰਵ ਕੰਬੋਜ ਸਮਾਜ ਇੰਪਲਾਈਜ ਵਿੰਗ ਦੇ ਕੌਮੀ ਪ੍ਰਧਾਨ ਤੇ ਓਬੀਸੀ ਵੈਲਫੇਅਰ ਫਰੰਟ ਪੰਜਾਬ ਦੇ ਪ੍ਰਧਾਨ ਹਰਜਿੰਦਰ ਹਾਂਡਾ ਨੇ ਕਿਹਾ ਕਿ ਪੰਜਾਬ ਵਿੱਚ ਪੱਛੜੀਆਂ ਸ਼੍ਰੇਣੀਆਂ ਨੂੰ ਲੰਮੇ ਸਮੇਂ ਤੋਂ ਅਣਗੌਲਿਆ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਆਪਣੇ ਵਿਭਾਗਾਂ ਵਿੱਚ ਨੌਕਰੀਆਂ ਅਤੇ ਭਰਤੀਆਂ ਵਿੱਚ ਪਛੜੀਆਂ ਸ਼੍ਰੇਣੀਆਂ ਨੂੰ 27% ਰਿਜ਼ਰਵੇਸ਼ਨ ਦੇ ਰਹੀ ਹੈ, ਜਦੋਂ ਕਿ ਪੰਜਾਬ ਵਿੱਚ ਦਾਖਲਿਆਂ ਵਿੱਚ ਸਿਰਫ 10 ਪ੍ਰਤੀਸਤ ਅਤੇ ਨੌਕਰੀਆਂ ਵਿੱਚ ਸਿਰਫ 12 ਪ੍ਰਤੀਸ਼ਤ ਰਿਜ਼ਰਵ ਕੋਟਾ ਹੀ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪ੍ਰਮੋਸ਼ਨਾਂ ਵਿੱਚ ਪਛੜੀਆਂ ਸ਼੍ਰੇਣੀਆਂ ਨੂੰ ਬਿਲਕੁਲ ਕੋਈ ਵੀ ਕੋਟਾ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਦੀ ਤਰਜ਼ 'ਤੇ ਪੰਜਾਬ ਵਿੱਚ ਵੀ ਪਛੜੀਆਂ ਸ਼੍ਰੇਣੀਆਂ ਨੂੰ 27 ਪ੍ਰਤੀਸ਼ਤ ਰਿਜ਼ਰਵ ਕੋਟਾ ਦਿੱਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਜਿਸ ਤਰ੍ਹਾਂ ਪੰਜਾਬ ਵਿੱਚ ਐਸ.ਸੀ ਭਾਈਚਾਰੇ ਨੂੰ ਹਰ ਖੇਤਰ ਵਿੱਚ ਰਿਜ਼ਰਵੇਸ਼ਨ ਦਿੱਤੀ ਜਾ ਰਹੀ ਹੈ, ਉਸੇ ਤਰ੍ਹਾਂ ਹੀ ਪੱਛੜੀਆਂ ਸ਼੍ਰੇਣੀਆਂ ਨੂੰ ਵੀ ਹਰ ਖੇਤਰ ਵਿੱਚ ਰਿਜ਼ਰਵੇਸ਼ਨ ਦਿੱਤੀ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜਾਤੀਗਤ ਜਨਗਣਨਾ ਕਰਾਈ ਜਾਵੇ। ਉਨ੍ਹਾਂ ਕਿਹਾ ਕਿ 16 ਫਰਵਰੀ ਨੂੰ ਪਿੰਡ ਬਾਜੇਕੇ ਵਿਖੇ ਕੰਬੋਜ ਹਸਤਾਖਰ ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ, ਜਿਸ ਮੌਕੇ ਬਾਬਾ ਬ੍ਰਹਮਦਾਸ ਜੀ ਆਪ ਸੰਗਤਾਂ ਨੂੰ ਆਸ਼ੀਰਵਾਦ ਦੇਣਗੇ ਅਤੇ ਇੱਕ ਦਿਨ ਦੇ ਵਿੱਚ ਇੱਕ ਲੱਖ ਕੰਬੋਜ ਭਾਈਚਾਰਾ ਇਸ ਹਸਤਾਖਰ ਮੁਹਿੰਮ ਵਿੱਚ ਦਸਤਖਤ ਕਰੇਗਾ। ਇਸ ਤੋਂ ਇਲਾਵਾ ਉਨਾਂ ਨੇ ਕਿਹਾ ਕਿ 18 ਫਰਵਰੀ ਨੂੰ ਗੋਲੂ ਕਾ ਮੋੜ ਵਿਖੇ ਜੋ ਵਿਸ਼ਾਲ ਕੰਬੋਜ ਸੰਮੇਲਨ ਕੀਤਾ ਜਾ ਰਿਹਾ ਹੈ, ਉਸ ਵਿੱਚ ਰਿਕਾਰਡਤੋੜ ਇਕੱਠ ਕੀਤਾ ਜਾਵੇਗਾ।



ਇਸ ਮੌਕੇ ਆਸ਼ੂਤੋਸ਼ ਕੰਬੋਜ ਕੌਮੀ ਜਨਰਲ ਸਕੱਤਰ ਓਬੀਸੀ ਵੈਲਫੇਅਰ ਫਰੰਟ ਪੰਜਾਬ, ਕ੍ਰਾਂਤੀ ਕੰਬੋਜ ਸੀਨੀਅਰ ਮੀਤ ਪ੍ਰਧਾਨ ਅੰਤਰਰਾਸ਼ਟਰੀ ਸਰਵ ਕੰਬੋਜ ਸਮਾਜ ਇੰਪਲਾਈਜ ਵਿੰਗ ਅਤੇ ਸੀਨੀਅਰ ਮੀਤ ਪ੍ਰਧਾਨ ਓਬੀਸੀ ਵੈਲਫੇਅਰ ਫਰੰਟ ਪੰਜਾਬ, ਕੌਮੀ ਆਗੂ ਅਮਰਜੀਤ ਕੰਬੋਜ ਬਹਾਦਰ ਕੇ, ਰਮੇਸ ਕੰਬੋਜ, ਭਗਵਾਨ ਦਾਸ ਕੰਬੋਜ, ਸਤਪਾਲ ਕੰਬੋਜ, ਜਸਵੰਤ ਕੰਬੋਜ, ਕੇਵਲ ਕ੍ਰਿਸਨ ਕੰਬੋਜ ਕਾਨੂੰਗੋ, ਅਸ਼ੋਕ ਕੰਬੋਜ ਮੋਤੀ ਵਾਲ, ਤਿਲਕ ਰਾਜ ਕੰਬੋਜ, ਮਨਜਿੰਦਰ ਪਾਲ ਕੰਬੋਜ, ਪ੍ਰਿਤਪਾਲ ਸੰਧਾ, ਵਿਜੇ ਕੰਬੋਜ, ਮਨਦੀਪ ਥਿੰਦ, ਸੰਦੀਪ ਕੰਬੋਜ ਗੋਲੂ ਕਾ ਮੋੜ, ਪ੍ਰਵੀਨ ਕੰਬੋਜ ਜੰਡਵਾਲਾ ਨੇ ਸ਼ਿਰਕਤ ਕੀਤੀ।

## ਪੰਜਾਬ ਨੂੰ ਲੁੱਟਣ ਤੇ ਕੁੱਟਣ ਵਾਲੇ ਕਰ ਰਹੇ ਨੇ 'ਪੰਜਾਬ ਬਚਾਓ ਯਾਤਰਾ' : ਹੈਪੀ ਗਰਗ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**- ਆਮ ਆਦਮੀ ਪਾਰਟੀ ਦੇ ਸ਼ਹਿਰੀ ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ ਨੇ ਕਿਹਾ ਕਿ ਅਕਾਲੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਤੇ ਸੂਬੇ ਵਿੱਚ ਕਈ ਤਰ੍ਹਾਂ ਦੇ ਮਾਫ਼ੀਆ ਦੀ ਪੁਸ਼ਤਪਨਾਹੀ ਕਰ ਕੇ ਪੰਜਾਬੀਆਂ ਦੀ ਮਾਨਸਿਕਤਾ ਉਤੇ ਡੂੰਘੇ ਜ਼ਖ਼ਮ ਦਿੱਤੇ ਹਨ। ਉਨ੍ਹਾਂ ਕਿਹਾ ਕਿ ਲੋਕ ਅਕਾਲੀ ਆਗੂਆਂ ਦੇ ਸ਼ੱਕੀ ਕਿਰਦਾਰ ਤੋਂ ਚੰਗੀ ਤਰ੍ਹਾਂ ਵਾਕਫ਼ ਹਨ ਅਤੇ ਬਾਦਲ ਪਰਵਾਰ ਦੀਆਂ ਇਹ ਡਰਾਮੇਬਾਜ਼ੀਆਂ ਕੰਮ ਨਹੀਂ ਆਉਣਗੀਆਂ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਸੂਬਾ ਸਰਕਾਰ ਨੇ ਪੰਜਾਬ ਵਿੱਚ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਹਨ। ਹੁਣ ਤੱਕ ਇਨ੍ਹਾਂ ਕਲੀਨਿਕਾਂ ਵਿੱਚੋਂ ਤਕਰੀਬਨ ਇਕ ਕਰੋੜ ਲੋਕ ਇਲਾਜ ਸਹੂਲਤਾਂ ਹਾਸਲ ਕਰ ਚੁੱਕੇ ਹਨ। ਇਹ ਸਿਹਤ ਸੰਭਾਲ ਖ਼ੇਤਰ ਵਿੱਚ ਨਵੀਂ ਕ੍ਰਾਂਤੀ ਹੈ ਅਤੇ ਇਸ ਖ਼ੇਤਰ ਦੀ ਕਾਇਆ-ਕਲਪ ਕਰਨ ਲਈ ਕੋਸ਼ਿਸ਼ਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਪੰਜਾਬ ਵਿਰੋਧੀ ਖ਼ਬਤ ਦੀ ਸ਼ਿਕਾਰ ਹੈ, ਜਿਸ ਕਾਰਨ ਉਹ ਸੂਬੇ ਨੂੰ ਤਬਾਹ ਕਰਨ 'ਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਕਿ ਜੇ ਭਾਜਪਾ ਦੀ ਅਗਵਾਈ ਵਾਲੀ ਐਨ.ਡੀ.ਏ. ਸਰਕਾਰ ਦੀ ਇੱਛਾ ਪੂਰੀ ਹੋਵੇ ਤਾਂ ਉਹ ਕੌਮੀ ਗੀਤ ਵਿੱਚੋਂ ਵੀ ਪੰਜਾਬ ਦਾ ਨਾਂ ਕੱਟ ਦੇਣਗੇ। ਉਨ੍ਹਾਂ ਕਿਹਾ ਕਿ ਭਾਜਪਾ ਨੇ ਚੰਡੀਗੜ੍ਹ ਦੇ ਮੇਅਰ ਦੀ ਚੋਣ ਵਿੱਚ ਜਮਹੂਰੀਅਤ ਦਾ ਕਤਲ ਕੀਤਾ ਪਰ ਹੁਣ ਸੁਪਰੀਮ ਕੋਰਟ ਦੀ ਟਿੱਪਣੀ ਨਾਲ ਜਮਹੂਰੀਅਤ ਦੀ ਜਿੱਤ ਹੋਈ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀਆਂ ਸਾਰੀਆਂ ਧੱਕੇਸ਼ਾਹੀਆਂ ਦਾ 'ਆਪ' ਵੱਲੋਂ ਢੁਕਵਾਂ ਜਵਾਬ ਦਿੱਤਾ ਜਾਵੇਗਾ ਅਤੇ ਉਨ੍ਹਾਂ ਨੂੰ ਜਮਹੂਰੀ ਪ੍ਰਕਿਰਿਆ ਦਾ ਘਾਣ ਕਰਨ ਦੀ ਖੁੱਲ੍ਹ ਨਹੀਂ ਦਿੱਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਪਰੀਮ ਕੋਰਟ ਦੀ ਟਿੱਪਣੀ ਲੋਕਾਂ ਅਤੇ ਜਮਹੂਰੀਅਤ ਦੀ ਜਿੱਤ ਹੈ।

# ਭਾਰਤੀਯ ਅੰਬੇਡਕਰ ਮਿਸ਼ਨ ਦੀਆਂ ਬਣਾਈਆਂ ਜਾਣਗੀਆਂ ਜ਼ਿਲ੍ਹਾ ਤੇ ਬਲਾਕ ਇਕਾਈਆਂ

**ਸੰਗਰੂਰ (ਪ੍ਰਵੀਨ ਸਿੰਘ )**- ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ (ਭਾਰਤ) ਵੱਲੋਂ ਸਾਲ 2024 ਲਈ ਸੂਬਾ ਕਮੇਟੀ ਬਣਾਉਣ ਤੋਂ ਬਾਅਦ ਹੁਣ ਸੂਬੇ ਵਿੱਚ ਜ਼ਿਲ੍ਹਾ ਤੇ ਬਲਾਕ ਇਕਾਈਆਂ ਗਠਿਤ ਕੀਤੀਆਂ ਜਾ ਰਹੀਆਂ ਹਨ ਜਿਸ ਸਬੰਧੀ ਮਿਸ਼ਨ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਆਦਰਸ਼ ਨੂੰ ਘਰ ਘਰ ਲੈ ਕੇ ਜਾਣ ਦੇ ਮੰਤਵ ਨੂੰ ਲੈ ਕੇ ਮਿਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਵਧਾਉਣ ਲਈ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਜ਼ਿਲ੍ਹਾ ਤੇ ਬਲਾਕ ਇਕਾਈਆਂ ਗਠਿਤ ਕੀਤੀਆਂ ਜਾ ਰਹੀਆਂ ਹਨ। ਦਰਸ਼ਨ ਸਿੰਘ ਕਾਂਗੜਾ ਮਿਸ਼ਨ ਦੇ ਮੁੱਖ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਭਾਰਤੀਯ ਅੰਬੇਡਕਰ ਮਿਸ਼ਨ ਦੇ ਸਾਰੇ ਜ਼ਿਲ੍ਹਾ ਪ੍ਰਧਾਨਾਂ, ਮਹਿਲਾ ਵਿੰਗ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨਾਂ ਨੂੰ ਨਿਰਦੇਸਸ਼ ਦਿੱਤੇ ਗਏ ਹਨ ਕਿ ਉਹ ਆਪਣੇ - ਆਪਣੇ ਜ਼ਿਲ੍ਹੇ ਵਿੱਚ ਸਮਾਜ ਸੇਵਾ ਦਾ ਜਜ਼ਬਾ ਰੱਖਣ ਵਾਲੇ ਚਾਹੇ ਉਹ ਕਿਸੇ ਵੀ ਜਾਤੀ ਜਾਂ ਵਰਗ ਨਾਲ ਸਬੰਧਤ ਹੋਣ 2 ਜ਼ਿਲ੍ਹਾ ਸਲਾਹਕਾਰ, 2 ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, 3 ਜ਼ਿਲ੍ਹਾ ਮੀਤ ਪ੍ਰਧਾਨ, 5 ਜ਼ਿਲ੍ਹਾ ਜਨਰਲ ਸਕੱਤਰ, 7 ਜ਼ਿਲ੍ਹਾ ਸਕੱਤਰ, 1 ਜ਼ਿਲ੍ਹਾ ਕੈਸ਼ੀਅਰ ਅਤੇ 2 ਜ਼ਿਲ੍ਹਾ ਸੋਸ਼ਲ ਮੀਡੀਆ ਕੋਆਰਡੀਨੇਟਰ ਸਣੇ ਸਾਰੇ ਬਲਾਕ ਪ੍ਰਧਾਨ ਨਿਯੁਕਤ ਕਰਕੇ ਇਸ ਦੀ ਸੂਚੀ 17 ਫਰਵਰੀ ਤੱਕ ਮਿਸ਼ਨ ਦੇ ਮੁੱਖ ਦਫਤਰ ਵਿਖੇ ਭੇਜਣ। ਕੌਮੀ ਪ੍ਰਧਾਨ ਨੇ ਕਿਹਾ ਕਿ ਸਭ ਤੋਂ ਪਹਿਲਾਂ ਜ਼ਿਲ੍ਹਾ ਟੀਮ ਤੇ ਆਪਣੇ ਜ਼ਿਲ੍ਹੇ ਵਿੱਚ ਸਾਰੇ ਬਲਾਕ ਪ੍ਰਧਾਨ ਨਿਯੁਕਤ ਕਰਨ ਵਾਲੇ ਪਹਿਲੇ ਤਿੰਨ ਜ਼ਿਲ੍ਹਾ ਪ੍ਰਧਾਨਾਂ ਦਾ ਮਿਸ਼ਨ ਦੇ ਸਲਾਨਾ ਪ੍ਰੋਗਰਾਮ ਵਿੱਚ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।

# ਪੰਜਾਬ ਸਰਕਾਰ ਦਾ ਮਕਸਦ ਨੌਜਵਾਨੀ ਨੂੰ ਬਚਾਉਣਾ : ਚੇਅਰਮੈਨ ਗਿੱਲ

**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਪਿਛਲੇ ਦਿਨੀਂ ਸ਼ਹੀਦ ਸਰਦਾਰ ਊਧਮ ਸਿੰਘ ਪਾਰਕ ਦਾ ਉਦਘਾਟਨ ਕਰਨ ਪਹੁੰਚੇ ਵਿਧਾਇਕ ਨਰੇਸ਼ ਕਟਾਰੀਆ ਅਤੇ ਜ਼ਿਲ੍ਹਾ ਯੋਜਨਾ ਬੋਰਡ ਫਿਰੋਜ਼ਪੁਰ ਦੇ ਚੇਅਰਮੈਨ ਚੰਦ ਸਿੰਘ ਗਿੱਲ ਵੱਲੋਂ ਹਲਕਾ ਜ਼ੀਰਾ ਦੇ ਪਿੰਡ ਬਹਿਕ ਫੱਤੂ ਦੇ ਨੌਜਵਾਨਾਂ ਨਾਲ ਵਾਅਦਾ ਕੀਤਾ ਸੀ ਕਿ ਉਨ੍ਹਾਂ ਨੂੰ ਬਹੁਤ ਜਲਦੀ ਓਪਨ ਜਿੰਮ ਲਈ ਚੈੱਕ ਦਿੱਤਾ ਜਾਏਗਾ। ਉਸ ਵਾਅਦੇ ਨੂੰ ਪੂਰਾ ਕਰਦੇ ਹੋਏ ਅੱਜ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੰਦ ਸਿੰਘ ਗਿੱਲ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਫਿਰੋਜ਼ਪੁਰ ਵੱਲੋਂ ਅਮਰਜੀਤ ਸਿੰਘ ਧੰਜੂ ਆਪ ਆਗੂ ਰਿਟਾਇਰਡ ਜੇ ਈ ਦੇ ਗ੍ਰਹਿ ਬਹਿਕ ਫੱਤੂ ਵਿਖੇ ਪਹੁੰਚ ਕੇ ਨੌਜਵਾਨਾਂ ਲਈ ਓਪਨ ਜਿੰਮ ਬਣਾਉਣ ਲਈ ਡੇਢ ਲੱਖ ਦਾ ਚੈੱਕ ਨਗਰ ਪੰਚਾਇਤ ਨੂੰ ਸੌਂਪਿਆ। ਇਸ ਦੌਰਾਨ ਹਾਜ਼ਰ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚੰਦ ਸਿੰਘ ਗਿੱਲ ਨੇ ਕਿਹਾ ਕਿ ਸਭ ਤੋਂ ਵੱਡੀ ਗੱਲ ਇਹ ਹੈ ਕਿ ਤੁਸੀਂ ਵਧਾਈ ਦੇ ਹੱਕਦਾਰ ਹੋ ਕਿਉਂਕਿ ਸੁਣਨ ਵਿੱਚ ਆਇਆ ਹੈ ਕਿ ਬਹਿਕ ਫੱਤੂ ਦਾ ਕੋਈ ਵੀ ਨੌਜਵਾਨ ਨਸ਼ੇ ਦੀ ਲਪੇਟ ਵਿੱਚ ਨਹੀਂ ਆਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਗਵੰਤ ਮਾਨ ਮੁੱਖ ਮੰਤਰੀ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਖੇਡਾਂ ਵਿੱਚ ਪੰਜਾਬ ਦਾ ਨਾਂ ਰੋਸ਼ਨ ਕਰਨ ਲਈ ਪਿੰਡ ਪਿੰਡ ਜਿੰਮਾਂ ਤਿਆਰ ਕਰਵਾਉਣ ਦਾ ਵਧੀਆ ਉਪਰਾਲਾ ਕੀਤਾ ਜਾ ਰਿਹਾ ਹੈ ਅਤੇ ਅਮਰਜੀਤ ਸਿੰਘ ਧੰਜੂ ਸੀਨੀਅਰ ਆਪ ਆਗੂ ਵੱਲੋਂ ਚੇਅਰਮੈਨ ਸਾਹਿਬ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਅਸੀਂ ਓਪਨ ਜਿੰਮ ਲਈ ਸਮਾਨ ਬਹੁਤ ਜਲਦੀ ਲੈ ਕੇ ਆਵਾਂਗੇ ਅਤੇ ਓਪਨ ਜਿੰਮ ਦਾ ਉਦਘਾਟਨ ਵੀ ਚੇਅਰਮੈਨ ਚੰਦ ਸਿੰਘ ਗਿੱਲ ਤੋਂ ਕਰਾਵਾਂਗੇ। ਇਸ ਮੌਕੇ ਚੰਦ ਸਿੰਘ ਗਿੱਲ ਚੇਅਰਮੈਨ ਪਲੈਨਿੰਗ ਯੋਜਨਾ ਕਮੇਟੀ ਫਿਰੋਜ਼ਪੁਰ ਸਮੇਤ ਬਲਜੀਤ ਸਿੰਘ ਭਲੂਰੀਆ ਜੁਆਇੰਟ ਸੈਕਟਰੀ ਪੰਜਾਬ ਏ ਐਸ ਆਈ ਕਸ਼ਮੀਰ ਸਿੰਘ, ਕੁਲਵੰਤ ਸਿੰਘ, ਜਗਦੀਪ ਸਿੰਘ, ਗੁਰਪ੍ਰੀਤ ਸਿੰਘ, ਅਮਰਜੀਤ ਸਿੰਘ ਧੰਜੂ ਆਪ ਆਗੂ ਰਿਟਾਇਰਡ ਜੇ ਈ, ਭੁਪਿੰਦਰ ਸਿੰਘ ਧੰਜੂ, ਪਰਵਿੰਦਰ ਸਿੰਘ ਸਰਪੰਚ, ਮਨਜੀਤ ਸਿੰਘ, ਬਖ਼ਸ਼ੀਸ਼ ਸਿੰਘ, ਸਤਨਾਮ ਸਿੰਘ ਧੰਜੂ ਕੰਪਿਊਟਰ ਟੀਚਰ, ਗੁਰਪਾਲ ਸਿੰਘ, ਤਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਜਸਵੰਤ ਸਿੰਘ, ਸੁਖਦੇਵ ਸਿੰਘ, ਪਰਮਜੀਤ ਸਿੰਘ ਧੰਜੂ ਆਦਿ ਹਾਜ਼ਰ ਸਨ ।



## ਸਾਹੀਵਾਲ ਮੈਗਾ ਕਾਫ ਰੈਲੀ ਭਲਕੇ

**ਫਾਜ਼ਿਲਕਾ (ਨਿਸ਼ਾ ਸ਼ਰਮਾ)** -ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਸਾਹੀਵਾਲ ਮੈਗਾ ਕਾਫ ਰੈਲੀ ਦਾ ਆਯੋਜਨ 9 ਫਰਵਰੀ ਨੂੰ ਦੁਪਹਿਰ 2 ਵਜੇ ਦਾਨਾ ਮੰਡੀ ਸੀਤੋ ਗੁਨੋ ਵਿਖੇ ਕੀਤਾ ਜਾ ਰਿਹਾ ਹੈ। ਇਸ ਰੈਲੀ ਵਿੱਚ ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਪਸ਼ੂ ਪਾਲਣ ਮੱਛੀ ਪਾਲਣ ਅਤੇ ਡੇਅਰੀ ਵਿਕਾਸ, ਖੇਤੀਬਾੜੀ ਤੇ ਕਿਸਾਨ ਭਲਾਈ, ਫੂਡ ਪ੍ਰੋਸੈਸਿੰਗ ਮੁੱਖ ਮਹਿਮਾਨ ਹੋਣਗੇ ਅਤੇ ਅਮਨਦੀਪ ਸਿੰਘ ਗੋਲਡੀ ਮੁਸਾਫਰ ਐਮ ਐਲ ਏ ਹਲਕਾ ਬੱਲੂਆਣਾ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਸ ਸਬੰਧੀ ਤਿਆਰੀਆਂ ਦਾ ਜਾਇਜ਼ਾ ਲੈਂਦੇ ਹੋਏ ਰਾਜੀਵ ਛਾਬੜਾ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਫਾਜ਼ਲਿਕਾ ਨੇ ਦੱਸਿਆ ਕਿ ਇਸ ਰੈਲੀ ਵਿੱਚ ਪਸ਼ੂ ਪਾਲਣ ਵਿਭਾਗ ਦੁਆਰਾ ਮਸਨੂਈ ਗਰਭਦਾਨ ਨਾਲ ਪੈਦਾ ਕੀਤੇ ਸਾਹੀਵਾਲ ਨਸਲ ਦੇ ਵੱਛੇ ਵੱਛੀਆਂ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ ਅਤੇ ਉਨ੍ਹਾਂ ਦੇ ਮਾਲਕਾਂ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਮਾਹਿਰ ਡਾਕਟਰਾਂ ਵੱਲੋਂ ਪਸ਼ੂਆਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਵੱਖ-ਵੱਖ ਕੰਪਨੀਆਂ ਤੇ ਵਿਭਾਗਾਂ ਵੱਲੋਂ ਖੇਤੀਬਾੜੀ ਅਤੇ ਪਸ਼ੂ ਪਾਲਣ ਦੀਆਂ ਉੱਤਮ ਤਕਨੀਕਾਂ ਬਾਰੇ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ । ਪ੍ਰੋਗਰਾਮ ਦੇ ਅਖੀਰ 'ਤੇ ਹਾਜ਼ਰ ਪਸ਼ੂ ਪਾਲਕਾਂ ਵਿੱਚੋਂ ਲੱਕੀ ਡਰਾਅ ਕੱਢਿਆ ਜਾਵੇਗਾ। ਇਸ ਮੌਕੇ ਡਾ. ਗੁਰਚਰਨ ਸਿੰਘ ਸਹਾਇਕ ਨਿਰਦੇਸ਼ਕ ਪਸ਼ੂ ਪਾਲਣ ਫਾਜ਼ਿਲਕਾ, ਡਾ. ਮਨਦੀਪ ਸਿੰਘ ਸੀਨੀਅਰ ਵੈਟਰਨਰੀ ਅਫਸਰ ਅਬੋਹਰ, ਡਾ. ਅਮਿਤ ਨੈਨ ਪ੍ਰੋਜੈਕਟ ਕੋਆਰਡੀਨੇਟਰ ਸਾਹੀਵਾਲ ਪ੍ਰੋਜੈਕਟ, ਡਾ. ਮਾਨਵ ਬਿਸ਼ਨੋਈ ਜ਼ਿਲ੍ਹਾ ਕੋਆਰਡੀਨੇਟਰ ਸਾਹੀਵਾਲ ਪ੍ਰੋਜੈਕਟ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਦੇਸ ਭਗਤ ਕੈਂਪਸ ਵਿਖੇ ਲਵਾਇਆ ਕੈਰੀਅਰ ਕਾਊਂਸਲਿੰਗ ਸੈਸ਼ਨ



**ਸ੍ਰੀ ਮੁਕਤਸਰ ਸਾਹਿਬ ( ਸਮਿੰਦਰ ਪਾਲ / ਪਰਮਜੀਤ ਸਿੰਘ/ ਚਾਵਲਾ / ਪੂਜਾ)** -ਦੇਸ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ ਭਗਤ ਯੂਨਾਈਟਿਡ ਗਰੁੱਪ ਦੇ ਚਾਂਸਲਰ ਡਾਕਟਰ ਜੋਰਾ ਸਿੰਘ, ਚਾਂਸਲਰ ਡਾਕਟਰ ਤੇਜਿੰਦਰ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੈਸੀ ਦੇ ਪ੍ਰਿੰਸੀਪਲ ਮੁਨੀਸ਼ ਜੋਸੀ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼ ਦੇ ਪ੍ਰਿੰ. ਰੁਪਿੰਦਰ ਕੌਰ ਬੁੱਟਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੁਕੇਰੀਆਂ ਸਕੂਲ ਤੋਂ ਆਏ ਹੋਏ ਬੱਚਿਆਂ ਦਾ ਕੈਰੀਅਰ ਕਾਊਂਸਲਿੰਗ ਸੈਸ਼ਨ ਲਗਾਇਆ। ਇਸ ਸੈਸ਼ਨ ਵਿੱਚ ਪ੍ਰਿੰ. ਮੁਨੀਸ ਜੋਸ਼ੀ ਨੇ ਫਾਰਮੇਸੀ ਵਿੱਚ ਆਪਣਾ ਚੰਗਾ ਭਵਿੱਖ ਬਣਾਉਣ ਦੀ ਸਲਾਹ ਦਿੱਤੀ ਤੇ ਬੱਚਿਆਂ ਨੂੰ ਦਵਾਈਆਂ ਬਣਾਉਣ ਦੀ ਵਿਧੀ, ਉਨ੍ਹਾਂ ਦੀ ਟੈਸਟਿੰਗ ਅਤੇ ਪ੍ਰਯੋਗ ਕਰਨ ਦਾ ਸੌਖਾ ਅਤੇ ਨਿਵੇਕਲਾ ਤਰੀਕਾ ਦੱਸਿਆ। ਉਨ੍ਹਾਂ ਵਿਦਿਆਰਥੀਆਂ ਨੂੰ ਅੱਜ ਦੇ ਸਮੇਂ ਵਿੱਚ ਆਤਮ ਨਿਰਭਰ ਹੋਣ ਲਈ ਪ੍ਰੇਰਿਤ ਕੀਤਾ। ਪ੍ਰਿੰ. ਰੁਪਿੰਦਰ ਕੌਰ ਬੁੱਟਰ ਨੇ ਬੱਚਿਆਂ ਨੂੰ ਨਸ਼ਿਆਂ ਦੇ ਪ੍ਰਭਾਵ ਤੋਂ ਬਚਣ ਲਈ ਕਿਹਾ। ਇਸ ਮੌਕੇ ਸਰਕਾਰੀ ਸਕੂਲ, ਨੁਕੇਰੀਆਂ ਦੇ ਪ੍ਰਿੰਸੀਪਲ ਹੰਸ ਰਾਜ, ਅਧਿਆਪਕ ਸੁਖਵਿੰਦਰ ਸਿੰਘ, ਮੋਨਿਕਾ ਰਾਣੀ, ਸਰੋਜ ਰਾਣੀ ਨੇ ਇਸ ਸੈਸ਼ਨ ਦੀ ਸ਼ਲਾਘਾ ਕੀਤੀ ਅਤੇ ਯਕੀਨ ਦਿਵਾਇਆ ਕਿ ਸਕੂਲ ਦੇ ਵਿਦਿਆਰਥੀ ਦੱਸੇ ਹੋਏ ਰਾਹ 'ਤੇ ਚੱਲ ਕੇ ਆਪਣਾ ਵਧੀਆ ਭਵਿੱਖ ਬਣਾਉਣ ਲਈ ਵਚਨਬੱਧ ਹੋਣਗੇ। ਇਸ ਮੌਕੇ ਦੇਸ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼ ਦੇ ਵਾਈਸ ਪ੍ਰਿੰਸੀਪਲ ਮਨਜਿੰਦਰ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੇਸੀ ਦੇ ਲੈਕਚਰਾਰ ਜੋਫੀ ਵਧਵਾ, ਦੇਸ ਭਗਤ ਕੈਂਪਸ ਦੇ ਸੁਪ੍ਰਿੰਟੈਂਡੈਂਟ ਮੇਜਰ ਸਿੰਘ, ਅਕਾਊਂਟੈਂਟ ਨਵਦੀਪ ਸਿੰਘ, ਸੁਪਰਵਾਈਜ਼ਰ ਦਿਲਬਾਗ ਸਿੰਘ ਅਤੇ ਸਮੂਹ ਸਟਾਫ ਮੈਂਬਰ ਮੌਜੂਦ ਸਨ।

# 15 ਪਿੰਡਾਂ ਦੇ ਕਿਸਾਨ ਸਰਕਾਰ ਖ਼ਿਲਾਫ਼ ਕਰ ਰਹੇ ਹਨ ਨਾਅਰੇਬਾਜ਼ੀ

**ਸਿਰਸਾ (ਸੁਰਿੰਦਰ ਪਾਲ ਸਿੰਘ)** -ਸਿਰਸਾ ਦੇ ਮਿੰਨੀ ਸੱਕਤਰੇਤ ਵਿਖੇ ਢਿੰਗਟਾਨੀਆ ਭੰਭੂਰ-ਸਲਾਰਪੁਰ ਚੈਨਲ ਬਣਾਉਣ ਦੀ ਮੰਗ ਨੂੰ ਲੈ ਕੇ 15 ਪਿੰਡਾਂ ਦੇ ਕਿਸਾਨ ਪਿਛਲੇ 10 ਦਿਨ ਤੋ ਡੇਰੇ ਲਾ ਕੇ ਖੱਟਰ ਸਰਕਾਰ ਖ਼ਿਲਾਫ਼ ਲਗਾਤਾਰ ਨਾਅਰੇਬਾਜ਼ੀ ਕਰ ਰਹੇ ਹਨ। ਕਿਸਾਨ ਸੰਘਰਸ਼ ਸਮਿਤੀ ਦੇ ਪ੍ਰਧਾਨ ਹੀਰਾ ਸਿੰਘ, ਸਕੱਤਰ ਕਾ: ਜਗਰੂਪ ਸਿੰਘ ਅਤੇ ਸਹਿ ਸਕੱਤਰ ਵਿਜੈ ਕੁਮਾਰ ਦਾ ਕਹਿਣਾ ਹੈ ਕਿ ਜਦੋਂ ਤੱਕ ਸਰਕਾਰ ਢਿੰਗਟਾਨੀਆ ਅਤੇ ਭੰਭੂਰ-ਸਲਾਰਪੁਰ ਸਾਉਣੀ ਚੈਨਲ ਦਾ ਨਿਰਮਾਣ ਸ਼ੁਰੂ ਨਹੀਂ ਕਰਦੀ ਉਦੋਂ ਤੱਕ ਧਰਨਾ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਨੋਹਰ ਲਾਲ ਨੇ 2019 ਵਿੱਚ ਢਿੰਗਟਾਨੀਆ ਅਤੇ ਭੰਭੂਰ-ਸਲਾਰਪੁਰ ਸਾਉਣੀ ਚੈਨਲ ਬਣਾਉਣ ਦਾ ਐਲਾਨ ਕੀਤਾ ਸੀ ਪਰ ਹੁਣ ਤੱਕ ਚੈਨਲ ਦੀ ਉਸਾਰੀ ਦਾ ਕੰਮ ਸ਼ੁਰੂ ਨਹੀਂ ਹੋਇਆ। ਪਿੰਡ ਖਾਜਾ ਖੇੜਾ, ਰੰਗੜੀ ਖੇੜਾ, ਟੀਟੂ ਖੇੜਾ, ਰਾਮਨਗਰੀਆ, ਢਿੰਗਟਾਨੀਆ, ਮੋੜੀਆ ਖੇੜਾ, ਨਾਨਕਪੁਰ, ਰੰਗੀ ਖੇੜਾ, ਢਾਣੀ ਜੱਸਾ ਰਾਮ, ਚੌਬੁਰਜਾ ਅਤੇ ਭੰਭੂਰ ਪਿੰਡਾਂ ਦੇ ਵਾਸੀਆਂ ਦਾ ਕਹਿਣਾ ਹੈ ਕਿ ਸਾਲ 2019 ਵਿੱਚ ਸਾਉਣੀ ਦੇ ਨਾਲੇ ਦੀ ਉਸਾਰੀ ਲਈ ਬਜਟ ਫੰਡ ਜਾਰੀ ਕੀਤਾ ਗਿਆ ਸੀ, ਪਰ ਅੱਗੇ ਕੁਝ ਨਹੀਂ ਹੋਇਆ।ਪਿੰਡਾਂ ਦੇ ਵਾਸੀਆਂ ਦਾ ਕਹਿਣਾ ਹੈ ਕਿ ਨਾਲੇ ਬਣਨ ਨਾਲ 15 ਪਿੰਡਾਂ ਦੇ ਕਿਸਾਨਾਂ ਨੂੰ ਫਾਇਦਾ ਹੋਵੇਗਾ।ਕਿਉਂਕਿ 15 ਪਿੰਡਾਂ ਦੀ ਜ਼ਮੀਨ ਸਿੰਚਾਈ ਲਈ ਪਾਣੀ ਨਾ ਮਿਲਣ ਕਾਰਨ ਬੰਜਰ ਹੁੰਦੀ ਜਾ ਰਹੀ ਹੈ। ਧਰਤੀ ਹੇਠਲਾ ਪਾਣੀ ਦੂਸ਼ਿਤ ਹੋ ਕੇ 500 ਫੁੱਟ ਡੂੰਘਾ ਹੋ ਗਿਆ ਹੈ।ਅਜਿਹੀ ਸਥਿਤੀ ਵਿੱਚ ਪਿੰਡ ਵਾਸੀਆਂ ਨੂੰ ਸਿੰਚਾਈ ਲਈ ਨਹਿਰ ਦੀ ਉਸਾਰੀ ਦੀ ਬਹੁਤ ਲੋੜ ਹੈ। ਕਿਸਾਨ ਸੰਘਰਸ਼ ਸਮਿਤੀ ਦੇ ਮੁਖੀ ਹੀਰਾ ਸਿੰਘ ਦਾ ਕਹਿਣਾ ਹੈ ਕਿ ਜਦੋਂ ਤੱਕ ਸਰਕਾਰ ਢੀਂਗਟਾਨੀਆ ਅਤੇ ਭੰਭੂਰ-ਸਲਾਰਪੁਰ ਸਾਉਣੀ ਚੈਨਲ ਦਾ ਨਿਰਮਾਣ ਸ਼ੁਰੂ ਨਹੀਂ ਕਰਦੀ ਉਦੋਂ ਤੱਕ ਧਰਨਾ ਜਾਰੀ ਰਹੇਗਾ।ਕਿਸਾਨ ਸੰਘਰਸ਼ ਸਮਿਤੀ ਦੇ ਮੁਖੀ ਹੀਰਾ ਸਿੰਘ ਦਾ ਕਹਿਣਾ ਹੈ ਕਿ ਮੁੱਖ ਮੰਤਰੀ ਮਨੋਹਰ ਲਾਲ ਨੇ 2019 ਵਿੱਚ ਢਿੰਗਟਾਨੀਆ ਅਤੇ ਭੰਭੂਰ-ਸਲਾਰਪੁਰ ਸਾਉਣੀ ਚੈਨਲ ਬਣਾਉਣ ਦਾ ਐਲਾਨ ਕੀਤਾ ਸੀ।ਇਸ ਐਲਾਨ ਤੋਂ ਬਾਅਦ ਹੁਣ ਤੱਕ ਚੈਨਲ ਦੀ ਉਸਾਰੀ ਦਾ ਕੰਮ ਸ਼ੁਰੂ ਨਹੀਂ ਹੋਇਆ। ਪਿੰਡਾਂ ਦੇ ਵਾਸੀਆਂ ਦਾ ਕਹਿਣਾ ਹੈ ਕਿ ਅਜਿਹੀ ਸਥਿਤੀ ਵਿੱਚ ਪਿੰਡ ਵਾਸੀਆਂ ਨੂੰ ਸਿੰਚਾਈ ਲਈ ਨਹਿਰ ਦੀ ਉਸਾਰੀ ਦੀ ਬਹੁਤ ਲੋੜ ਹੈ।ਧਰਨਾ ਦੇ ਰਹੇ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਹੀਰਾ ਸਿੰਘ, ਸਕੱਤਰ ਜਗਰੂਪ ਸਿੰਘ, ਜਸਕਰਨ ਸਿੰਘ, ਰਮੇਸ਼ਵਰ ਸਾਬਕਾ ਸਰਪੰਚ, ਸਹਿ ਸਕੱਤਰ ਵਿਜੈ ਕੁਮਾਰ, ਸੁਖਦੇਵ ਸਿੰਘ ਸਾਬਕਾ ਸਰਪੰਚ, ਸਿੰਦਰਪਾਲ ਚੌਬੁਰਜਾ, ਆਤਮਾ ਸਿੰਘ ਸ਼ਹੀਦਾਂ ਵਾਲੀ, ਮੋਹਰ ਸਿੰਘ ਭੰਗੂ, ਸਤਨਾਮ ਸਿੰਘ ਨੰਬਰਦਾਰ ਅਤੇ ਹੀਰਾ ਸਿੰਘ ਦਾ ਕਹਿਣਾ ਹੈ ਕਿ ਉਹ ਆਪਣੀਆਂ ਮੰਗਾਂ ਨੂੰ ਲੈ ਕੇ ਉਦੋਂ ਤੱਕ ਹੜਤਾਲ 'ਤੇ ਬੈਠੇ ਹਨ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪ੍ਰਵਾਨ ਨਹੀ ਹੋ ਜਾਂਦੀਆਂ।



## ਡਿਪਟੀ ਕਮਿਸ਼ਨਰ ਵੱਲੋਂ ਢੰਡੀ ਕਦੀਮ ਸਕੂਲ ਦਾ ਦੌਰਾ

**ਜਲਾਲਾਬਾਦ (ਜੀਤ ਕੁਮਾਰ)** ਡਿਪਟੀ ਕਮਿਸ਼ਨਰ ਡਾ ਸੇਨੂੰ ਦੁੱਗਲ ਨੇ ਜਲਾਲਾਬਾਦ ਉਪਮੰਡਲ ਦੇ ਪਿੰਡ ਢੰਡੀ ਕਦੀਮ ਦੇ ਸਰਕਾਰੀ ਪ੍ਰਾਇਮਰੀ ਸਕੂਲ ਦਾ ਦੌਰਾ ਕੀਤਾ ਅਤੇ ਇੱਥੇ ਬੱਚਿਆਂ ਦੇ ਨਾਲ ਬੈਠ ਕੇ ਸਕੂਲ ਵਿੱਚ ਤਿਆਰ ਵਿਦਿਆਰਥੀਆਂ ਲਈ ਬਣਿਆ ਹੋਇਆ ਮਿਡ ਡੇਅ ਮੀਲ ਵਾਲਾ ਭੋਜਨ ਖਾਧਾ।ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਤੋਂ ਭੋਜਨ ਦੀ ਗੁਣਵੱਤਾ ਅਤੇ ਪੜ੍ਹਾਈ ਸਬੰਧੀ ਵੀ ਪੁੱਛਿਆ ਅਤੇ ਅਧਿਆਪਕਾਂ ਤੋਂ ਵੀ ਸਕੂਲ ਦੀਆਂ ਜ਼ਰੂਰਤਾਂ ਬਾਰੇ ਜਾਣਕਾਰੀ ਲਈ । ਡਿਪਟੀ ਕਮਿਸ਼ਨਰ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਤ ਕੀਤਾ। ਡਿਪਟੀ ਕਮਿਸ਼ਨਰ ਨੇ ਸਕੂਲ ਵਿੱਚ ਤਿਆਰ ਮਿਡ ਡੇ ਮੀਲ ਭੋਜਨ ਦੀ ਗੁਣਵੱਤਾ ਤੇ ਸੰਤੁਸ਼ਟੀ ਜਾਹਰ ਕਰਦਿਆਂ ਕਿਹਾ ਕਿ ਹਮੇਸ਼ਾ ਇਹ ਯਕੀਨੀ ਬਣਾਇਆ ਜਾਵੇ ਕਿ ਉੱਚ ਗੁਣਵੱਤਾ ਦਾ ਭੋਜਨ ਵਿਦਿਆਰਥੀਆਂ ਨੂੰ ਪਰੋਸਿਆ ਜਾਵੇ। ਉਨ੍ਹਾਂ ਨੇ ਸਕੂਲ ਦੇ ਕਿਚਨ ਦਾ ਵੀ ਮੁਆਇਨਾ ਕੀਤਾ। ਇਸ ਮੌਕੇ ਐਸਡੀਐਮ ਬਲਕਰਨ ਸਿੰਘ ਅਤੇ ਡੀਟੀਸੀ ਮਨੀਸ਼ ਠੁਕਰਾਲ ਵੀ ਹਾਜ਼ਰ ਸਨ।

# ਸੜਕ ਦੁਰਘਟਨਾਵਾਂ ਘਟਾਉਣ ਲਈ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ : ਏ ਡੀ ਸੀ



**ਧੂਰੀ, (ਬਿੰਨੀ ਗਰਗ)** ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ ਦੀਆਂ ਹਦਾਇਤਾਂ 'ਤੇ ਵਧੀਕ ਡਿਪਟੀ ਕਮਿਸ਼ਨਰ (ਜ) ਆਕਾਸ਼ ਬਾਂਸਲ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚਲੇ ਆਪਣੇ ਦਫ਼ਤਰ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਸਬੰਧੀ ਕਰਾਏ ਜਾ ਰਹੇ ਪ੍ਰੋਗਰਾਮਾਂ ਦੀ ਸਮੀਖਿਆ ਲਈ ਬੈਠਕ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕ ਸੁਰੱਖਿਆ ਮਹੀਨੇ ਤਹਿਤ ਕਰਾਏ ਜਾਣ ਵਾਲੇ ਪ੍ਰੋਗਰਾਮਾਂ ਵਿੱਚ ਸੜਕੀ ਦੁਰਘਟਨਾਵਾਂ ਘਟਾਉਣ ਲਈ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ।

ਏ.ਡੀ.ਸੀ. (ਜ) ਆਕਾਸ਼ ਬਾਂਸਲ ਨੇ ਕਿਹਾ ਕਿ ਸੜਕ ਸੁਰੱਖਿਆ ਮਹੀਨੇ ਦੌਰਾਨ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਲਈ ਨਿਯਮਤ ਤੌਰ 'ਤੇ ਜਾਗਰੂਕਤਾ ਸੈਮੀਨਾਰ ਕਰਾਏ ਜਾਣ। ਉਨ੍ਹਾਂ ਕਿਹਾ ਕਿ ਰਾਹਗੀਰਾਂ ਨੂੰ ਹੈਲਮਟ ਅਤੇ ਸੀਟ ਬੈਲਟ ਦੀ ਵਰਤੋਂ ਕਰਨ ਲਈ ਪ੍ਰੇਰਤ ਕੀਤਾ ਜਾਵੇ ਤਾਂ ਜੁ ਸੜਕ ਦੁਰਘਟਨਾਵਾਂ ਦੌਰਾਨ ਜਾਨੀ ਨੁਕਸਾਨ ਨੂੰ ਘੱਟ ਤੋਂ ਘੱਟ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਕੂਲਾਂ, ਕਾਲਜਾਂ ਅਤੇ ਹੋਰਨਾਂ ਵਿੱਦਿਅਕ ਸੰਸਥਾਵਾਂ ਵਿੱਚ ਵੀ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਸਬੰਧੀ ਸੈਮੀਨਾਰ ਕਰਵਾ ਕੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੜਕ ਸੁਰੱਖਿਆ ਮਹੀਨੇ ਦੌਰਾਨ ਸਕੂਲੀ ਵਿਦਿਆਰਥੀਆਂ ਨੂੰ ਲੈ ਕੇ ਜਾਣ ਵਾਲੇ ਵਾਹਨਾਂ ਦੀ ਵੀ ਵਿਸ਼ੇਸ਼ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਵਾਹਨਾਂ ਉੱਪਰ ਰਿਫਲੈਕਟਰ ਲਾਉਣ ਲਈ ਵੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਰ ਟੀ ਓ ਕੁਲਦੀਪ ਬਾਵਾ, ਡੀ.ਐਸ.ਪੀ. ਭਰਪੂਰ ਸਿੰਘ, ਸਹਾਇਕ ਸਿਵਲ ਸਰਜਨ ਡਾ. ਸੰਜੇ ਮਾਥੁਰ ਅਤੇ ਟ੍ਰੈਫ਼ਿਕ ਇੰਚਾਰਜ ਜਸਵਿੰਦਰ ਸਿੰਘ ਵੀ ਹਾਜ਼ਰ ਸਨ।

# ਕੌਮਾਂਤਰੀ ਪੀ ਡੀ ਐੱਫ ਏ ਐਕਸਪੋ ਦੀ ਸਫ਼ਲਤਾ ਦੇ ਸਹਿਯੋਗੀਆਂ ਦਾ ਧੰਨਵਾਦ

**ਜਗਰਾਉਂ, (ਅਮਿਤ ਖੰਨਾ)** ਤਿੰਨ ਰੋਜ਼ਾ 17ਵੇਂ ਕੌਮਾਂਤਰੀ ਪੀਡੀਐਫਏ ਡੇਅਰੀ ਤੇ ਖੇਤੀ ਐਕਸਪੋ 2024 ਦੀ ਸਫ਼ਲਤਾ ਦੀ ਖੁਸ਼ੀ ਵਿੱਚ ਪੀਡੀਐਫਏ ਦੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਦੀ ਅਗਵਾਈ ਹੇਠ ਸਮੂਹ ਮੈਂਬਰਾਂ ਦੀ ਇਕੱਤਰਤਾ ਹੋਈ। ਇਸ ਇਕੱਤਰਤਾ ਵਿੱਚ ਕੌਮਾਂਤਰੀ ਪੀਡੀਐਫਏ ਐਕਸਪੋ ਨੂੰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੁਲੰਦੀਆਂ 'ਤੇ ਪੁਚਾਉਣ ਵਾਲੇ ਸਹਿਯੋਗੀਆਂ ਦੇ ਯੋਗਦਾਨ ਦੀ ਰੱਜ ਕੇ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਨੇ ਕਿਹਾ ਕਿ ਸੰਸਥਾ ਦੇ ਸਮੂਹ ਮੈਂਬਰਾਂ ਤੋਂ ਇਲਾਵਾ ਸੰਸਥਾ ਨਾਲ ਜੁੜੇ ਹਰ ਇੱਕ ਸ਼ਖ਼ਸ ਨੇ ਪਿਛਲੇ ਕਈ ਮਹੀਨਿਆਂ ਤੋਂ ਦਿਨ-ਰਾਤ ਇੱਕ ਕਰਦਿਆਂ ਇਸ ਤਿੰਨ ਰੋਜ਼ਾ ਐਕਸਪੋ ਨੂੰ ਸਫ਼ਲਤਾ 'ਤੇ ਪੁਚਾਇਆ। ਸਮੂਹ ਮੈਂਬਰਾਂ ਨਾਲ ਖ਼ੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਐਕਸਪੋ ਦੇ ਉਦਘਾਟਨੀ ਸਮਾਗਮ ਵਿੱਚ ਪੁੱਜੇ ਕੇਂਦਰੀ ਮੰਤਰੀ ਪ੍ਰਸ਼ੋਤਮ ਰੁਪਾਲਾਂ ਅੱਗੇ ਪੀਡੀਐਫਏ ਵੱਲੋਂ ਪਾਕਿਸਤਾਨ ਤੋਂ ਨੀਲੀ ਰਾਵੀ ਦਾ ਸੀਮਨ ਮੰਗਵਾਉਣ ਵਿਦੇਸ਼ਾਂ ਤੋਂ ਡੈਰੀ ਮਸ਼ੀਨੀ ਅਤੇ ਹੋਰ ਪ੍ਰੋਡਕਟ ਮੰਗਵਾਉਣ ਲਈ ਲੱਗਦੇ ਕਸਟਮ ਅਤੇ ਜੀਐਸਟੀ ਨੂੰ ਘਟਾਉਣ ਦੀ ਰੱਖੀ ਮੰਗ 'ਤੇ ਉਨ੍ਹਾਂ ਨੇ 15 ਦਿਨਾਂ ਬਾਅਦ ਮੀਟਿੰਗ ਲਈ ਸੱਦ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਮੀਟਿੰਗ ਤੋਂ ਬਾਅਦ ਕੇਂਦਰੀ ਮੰਤਰੀ ਦੀ ਅਗਵਾਈ ਹੇਠ ਸਬੰਧਤ ਵਿਭਾਗਾਂ ਦੇ ਮੁਖੀਆਂ ਨਾਲ ਮਿਲ ਕੇ ਇਸ ਮੰਗ ਦੀ ਪੂਰਤੀ ਲਈ ਕਾਰਵਾਈ ਸ਼ੁਰੂ ਕਰਾਈ ਜਾਵੇਗੀ।




ਇਹ ਦੋਵੇਂ ਮੰਗਾਂ ਲਾਗੂ ਹੋਣ ਤੇ ਸੂਬੇ ਦੀ ਡੇਅਰੀ ਨੂੰ ਇੱਕ ਹੋਰ ਵੱਡਾ ਹੁੰਗਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੀਡੀਐਫਏ ਪਿਛਲੇ 17 ਸਾਲਾਂ ਵਾਂਗ ਹੀ ਸੰਸਥਾ ਨਾਲ ਜੁੜੇ ਇੱਕ-ਇੱਕ ਮੈਂਬਰ ਦੇ ਡੇਅਰੀ ਕਿੱਤੇ ਨੂੰ ਹੋਰ ਆਧੁਨਿਕ ਤਕਨੀਕ ਨਾਲ ਲੈੱਸ ਕਰਨ ਅਤੇ ਮੁਨਾਫੇ ਵੱਲ ਲੈ ਕੇ ਜਾਣ ਲਈ ਦਿਨ-ਰਾਤ ਮਿਹਨਤ ਕਰਦਾ ਰਹੇਗਾ। ਉਹਨਾਂ ਸਮੂਹ ਮੈਂਬਰਾਂ ਤੋਂ ਇਲਾਵਾ ਦੇਸ ਵਿਦੇਸ ਤੋਂ ਵੱਡੀ ਗਿਣਤੀ 'ਚ ਆਏ ਡੇਅਰੀ ਫਾਰਮਰਜ਼ ਦਾ ਵੀ ਧੰਨਵਾਦ ਕੀਤਾ।

# ਅਮਨ ਅਰੋੜਾ ਨੇ ਹਾਈ ਲੈਵਲ ਬਰਿੱਜ ਦਾ ਨੀਂਹ ਪੱਥਰ ਰੱਖਿਆ

**ਸੰਗਰੂਰ/ਸੁਨਾਮ ਊਧਮ ਸਿੰਘ ਵਾਲਾ, (ਪ੍ਰਵੀਨ ਸਿੰਘ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਸੁਨਾਮ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਪੁਲਾਂਘ ਪੁੱਟਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕੋਟੜਾ ਅਮਰੂ ਤੋਂ ਘਾਸੀਵਾਲਾ ਸੜਕ 'ਤੇ ਸਥਿਤ ਸਰਹਿੰਦ ਚੋਅ 'ਤੇ ਕਰੀਬ 2.77 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਹਾਈ ਲੈਵਲ ਬ੍ਰਿਜ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਪੁਲ ਦੇ ਨਿਰਮਾਣ ਨਾਲ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਕਿਉਂਕਿ ਇਹ ਇਥੋਂ ਦੇ ਨਿਵਾਸੀਆਂ ਦੀ ਬਹੁਤ ਅਹਿਮ ਤੇ ਵੱਡੀ ਮੰਗ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਬਰਸਾਤੀ ਦਿਨਾਂ ਦੌਰਾਨ ਇਸ ਪੁਲ ਦੀ ਕਮੀ ਕਾਰਨ ਲੋਕਾਂ ਨੂੰ ਪਾਣੀ ਦੀ ਮਾਰ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਪੁਲ ਦੇ ਨਿਰਮਾਣ ਨਾਲ ਲੋਕ ਵੱਡੀ ਰਾਹਤ ਮਹਿਸੂਸ ਕਰਨਗੇ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਪੁਲ ਦੀ ਲੰਬਾਈ ਕਰੀਬ 42 ਮੀਟਰ ਹੋਵੇਗੀ। ਉਨ੍ਹਾਂ ਕਿਹਾ ਕਿ ਪਾਰਟੀਬਾਜ਼ੀ ਦੇ ਪੱਧਰ ਤੋਂ ਉੱਪਰ ਉੱਠ ਕੇ ਸਮੁੱਚੇ ਹਲਕੇ ਦੇ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਤੋਂ ਕਰਵਾਏ ਜਾ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇਹ ਸਾਂਝੇ ਕੰਮ ਹਨ ਅਤੇ ਪਿਛਲੇ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਹਨ ਜਿਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਨੇਪਰੇ ਚੜ੍ਹਾਉਣ ਲਈ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੀ ਦ੍ਰਿੜ੍ਹਤਾ, ਮਿਹਨਤ ਤੇ ਇਮਾਨਦਾਰੀ ਨਾਲ ਲੱਗੀ ਹੋਈ ਹੈ। ਇਸ ਮੌਕੇ ਮੋਹਿਤ ਕੁਮਾਰ ਐਸ.ਡੀ.ਓ, ਸੁਖਪਾਲ ਸਿੰਘ, ਗੁਰਚਰਨ ਸਿੰਘ ਬਲਾਕ ਪ੍ਰਧਾਨ, ਲਖਵਿੰਦਰ ਸਿੰਘ ਸਰਪੰਚ, ਲਾਭ ਸਿੰਘ ਨੀਲੋਵਾਲ, ਦੇਵ ਸਿੰਘ ਮੈਂਬਰ, ਡਾ. ਪ੍ਰੀਤਮ ਸਿੰਘ, ਗੁਰਿੰਦਰਪਾਲ ਖੇੜੀ, ਦੀਪ ਸਰਪੰਚ, ਨਰਿੰਦਰ ਠੇਕੇਦਾਰ, ਗੁਰਪਿਆਰ ਸਿੰਘ ਵੀ ਹਾਜ਼ਰ ਸਨ।



# ਸਰਕਾਰੀ ਹਸਪਤਾਲਾਂ 'ਚ ਟੈਸਟ, ਦਵਾਈ ਤੇ ਇਲਾਜ ਦੀ ਸਹੂਲਤ 'ਚ ਹੋਇਆ ਚੋਖਾ ਸੁਧਾਰ : ਬੈਂਸ

**ਭਲਾਣ (ਹਰਭਜਨ ਢਿੱਲੋਂ)**

ਸਰਕਾਰੀ ਹਸਪਤਾਲਾ ਵਿੱਚ ਹਰ ਤਰ੍ਹਾਂ ਦੇ ਟੈਸਟ, ਦਵਾਈ, ਇਲਾਜ ਦੀ ਸਹੂਲਤ ਵਿੱਚ ਚੋਖਾ ਸੁਧਾਰ ਹੋਇਆ ਹੈ, ਅਲਟਰਾਸਾਊਂਡ ਵਰਗੇ ਟੈਸਟ ਹੁਣ ਸਰਕਾਰੀ ਰੇਟਾਂ 'ਤੇ ਹੋਣਗੇ, ਐਕਸ-ਰੇ ਅਤੇ ਹੋਰ ਸਹੂਲਤਾਂ, ਦਵਾਈਆਂ ਵੀ ਹੁਣ ਸਰਕਾਰੀ ਹਸਪਤਾਲਾਂ ਤੋਂ ਮਿਲਣਗੀਆਂ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਥਲੂਹ, ਜਿੰਦਵੜੀ, ਭਨੂਪਲੀ, ਨੰਗਲੀ ਵਿੱਚ "ਆਪ ਦੀ ਸਰਕਾਰ ਆਪ ਦੇ ਦੁਆਰ" ਯੋਜਨਾ ਤਹਿਤ ਲਗਾਏ ਕੈਂਪ ਵਿੱਚ ਸ਼ਿਰਕਤ ਕਰਨ ਉਪਰੰਤ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਨੇ ਕਿਹਾ ਕਿ ਸੜਕ ਸੁਰੱਖਿਆ ਫੋਰਸ ਸੜਕਾਂ 'ਤੇ ਤੈਨਾਤ ਕਰ ਦਿੱਤੀ ਹੈ, ਹੁਣ ਸੜਕ ਹਾਦਸਿਆਂ ਵਿੱਚ ਕੀਮਤੀ ਜਾਨਾਂ ਨੂੰ ਨਹੀਂ ਗਵਾਇਆ ਜਾਵੇਗਾ, ਫਰਿਸ਼ਤੇ ਹੁਣ ਸੜਕਾਂ 'ਤੇ ਜਖਮੀ ਹੋਏ ਲੋਕਾਂ ਨੂੰ ਹਸਪਤਾਲ ਪਹੁੰਚਾਉਣ ਦਾ ਕੰਮ ਕਰਨਗੇ। ਇਹ ਉਪਰਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀ ਸਹੂਲਤ ਲਈ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਅੱਜ 92 ਪ੍ਰਤੀਸ਼ਤ ਘਰੇਲੂ ਬਿਜਲੀ ਖਪਤਕਾਰਾ ਦਾ ਬਿਜਲੀ ਬਿੱਲ ਜੀਰੋ ਆ ਰਿਹਾ ਹੈ, ਜੋ ਗਰੀਬ ਅਤੇ ਮੱਧ ਵਰਗ ਦੇ ਲੋਕਾਂ ਲਈ ਆਰਥਿਕ ਤੌਰ 'ਤੇ ਇੱਕ ਚੰਗਾ ਫੈਸਲਾ ਹੈ। ਸਰਕਾਰੀ ਸਕੂਲਾਂ ਵਿੱਚ ਵਾਈਫਾਈ ਦੀ ਸਹੂਲਤ, ਬੁਨਿਆਦੀ ਢਾਚੇ ਦਾ ਵਿਕਾਸ, ਕਲਾਸਰੂਮ ਦਾ ਨਿਰਮਾਣ, ਪਖਾਨੇ, ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾ ਲਈ ਟ੍ਰਾਂਸਪੋਰਟ ਦੀ ਸਹੂਲਤ, ਸਕੂਲਾਂ ਵਿਚ ਸੁਰੱਖਿਆ ਗਾਰਡ ਦੀ ਤੈਨਾਤੀ, ਕੈਂਪਸ ਮੈਨੇਜਰ, ਸਕੂਲ ਆਫ ਐਮੀਨੈਂਸ, ਸਕੂਲਾਂ ਦੇ ਖੇਡ ਮੈਦਾਨਾਂ ਦਾ ਨਵੀਨੀਕਰਨ ਵਰਗੇ ਵੱਡੇ ਫੈਸਲੇ ਸਿੱਖਿਆ ਕ੍ਰਾਂਤੀ ਦੀ ਦਿਸ਼ਾ ਵਿੱਚ ਪੁੱਟੀਆਂ ਪੁਲਾਘਾਂ ਹਨ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਮਿਆਰੀ ਸਿਹਤ ਸਹੂਲਤਾਂ ਇਲਾਜ, ਦਵਾਈ ਤੇ ਟੈਸਟ ਮੁਫਤ ਮੁਹੱਈਆ ਕਰਵਾ ਰਹੇ ਹਨ। ਸਾਡੇ ਹਲਕੇ ਵਿੱਚ 10 ਆਮ ਆਦਮੀ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਨਾਲ ਹਰ ਵਰਗ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਮਿਲੀ ਹੈ। ਉਨ੍ਹਾਂ ਨੇ ਦੱਸਿਆ ਕਿ ਜਿੰਦਗੀ ਦੇ ਜਰੂਰੀ ਰੁਝੇਵਿਆਂ ਕਾਰਨ ਜਾਂ ਆਰਥਿਕ ਸਥਿਤੀ ਨਾਲ ਬਹੁਤ ਸਾਰੇ ਲੋਕ ਇਨ੍ਹਾਂ



ਧਾਰਮਿਕ ਯਾਤਰਾਵਾਂ ਤੋਂ ਵਾਂਝੇ ਰਹਿ ਗਏ ਸਨ, ਜਿਨ੍ਹਾਂ ਲਈ ਸਰਕਾਰ ਨੇ ਹੁਣ ਯਾਤਰਾ ਦੀ ਸਹੂਲਤ ਦਾ ਉਪਰਾਲਾ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਅੱਜ 44 ਸੇਵਾਵਾਂ ਕੇਵਲ 1076 ਟੈਲੀਫੋਨ 'ਤੇ ਤੁਹਾਡੇ ਘਰ ਵਿਚ ਮਿਲ ਰਹੀਆਂ ਹਨ। ਅਸੀ ਪਿੰਡਾਂ ਵਿੱਚ ਆ ਕੇ "ਆਪ ਦੀ ਸਰਕਾਰ ਆਪ ਦੇ ਦੁਆਰ" ਯੋਜਨਾ ਸ਼ੁਰੂ ਕੀਤੀ ਹੈ। ਜ਼ਿਲ੍ਹੇ ਦੇ ਅਧਿਕਾਰੀ ਇਨ੍ਹਾਂ ਕੈਂਪਾਂ ਵਿੱਚ ਆਏ ਹਨ, ਲੋਕਾਂ ਦੀਆਂ ਮੁਸ਼ਕਿਲਾਂ/ਸਮੱਸਿਆਵਾਂ ਹੱਲ ਹੋ ਰਹੀਆਂ ਹਨ, ਸਾਂਝੇ ਵਿਕਾਸ ਦੇ ਕੰਮ ਸਾਂਝੀ ਸੱਥ ਵਿਚ ਬੈਠ ਕੇ ਵਿਚਾਰੇ ਜਾ ਰਹੇ ਹਨ। ਦੂਰ ਦੁਰਾਡੇ ਪਿੰਡਾਂ ਵਿਚ ਬਰੂਹਾਂ ਨੇੜੇ ਸਮੱਸਿਆਵਾਂ ਹੱਲ ਕਰਨ ਦਾ ਉਪਰਾਲਾ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਹੁਣ ਇਹ ਕੈਂਪ ਲਗਾਤਾਰ ਇੱਕ ਮਹੀਨਾ ਲਗਾਏ ਜਾਣਗੇ, ਹਰ ਪਿੰਡ ਵਿੱਚ ਅਧਿਕਾਰੀ ਪਹੁੰਚ ਕੇ ਸਮੱਸਿਆਵਾਂ ਹੱਲ ਕਰਨਗੇ, ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਯੋਗ ਲੋੜਵੰਦਾਂ ਤੱਕ ਪਹੁੰਚਾਇਆ ਜਾਵੇਗਾ, ਜਿਸ ਦੇ ਲਈ ਵੱਖ ਵੱਖ ਵਿਭਾਗਾਂ ਨੂੰ ਆਪਣੇ ਨਾਲ ਸੰਬੰਧਿਤ ਯੋਜਨਾਵਾਂ ਦੇ ਫਾਰਮ ਯੋਗ ਵਿਅਕਤੀਆਂ ਲਈ ਭਰ ਕੇ ਲਾਭ ਪਹੁੰਚਾਉਣ ਦੇ ਨਿਰਦੇਸ਼ ਦਿੱਤੇ ਗਏ ਹਨ, ਅਕਸਰ ਹੀ ਜਾਣਕਾਰੀ ਦੀ ਅਣਹੋਂਦ ਜਾਂ ਦਫਤਰਾਂ ਵਿੱਚ ਹੋਣ ਵਾਲੀ ਬੇਲੋੜੀ ਖੱਜਲ ਖੁਆਰੀ ਅਤੇ ਸਮੇਂ ਦੀ ਬਰਬਾਦੀ ਕਾਰਨ ਬਹੁਤ ਸਾਰੇ ਲੋਕ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕਪੱਖੀ ਸਕੀਮਾਂ ਦਾ ਲਾਭ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ ਜੋ ਹੁਣ ਸਾਡੀ ਸਰਕਾਰ ਨੇ ਹਰ ਆਖਰੀ ਯੋਗ ਵਿਅਕਤੀ ਤੱਕ ਲਾਭਕਾਰੀ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਇਹ ਕੈਂਪ ਲਗਾਉਣ ਦਾ ਫੈਸਲਾ ਲਿਆ ਹੈ। ਉਨ੍ਹਾ ਨੇ ਆਪਣੇ ਵਰਕਰਾਂ ਤੇ ਸਹਿਯੋਗੀਆਂ ਨੂੰ ਕਿਹਾ ਕਿ ਕੈਂਪਾ ਦੀ ਸਫਲਤਾ ਲਈ ਭਰਪੂਰ ਯੋਗਦਾਨ ਪਾਉਣ। ਇਸ ਮੌਕੇ ਅਨਮਜੋਤ ਕੌਰ ਐਸ.ਡੀ.ਐਮ, ਅਜੇ ਸਿੰਘ ਡੀ.ਐਸ.ਪੀ, ਸੰਦੀਪ ਕੁਮਾਰ ਤਹਿਸੀਲਦਾਰ, ਡਾ.ਸੰਜੀਵ ਗੌਤਮ ਸੂਬਾ ਪ੍ਰਧਾਨ ਡਾਕਟਰ ਵਿੰਗ, ਚੇਅਰਮੈਨ ਰਾਮ ਕੁਮਾਰ ਮੁਕਾਰੀ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਸਪਾਲ ਸਿੰਘ ਢਾਹੇ ਬਲਾਕ ਪ੍ਰਧਾਨ, ਪ੍ਰਿੰਸ ਉੱਪਲ ਸੂਬਾ ਸਕੱਤਰ ਸਪੋਰਟਸ ਵਿੰਗ, ਓਕਾਰ ਸਿੰਘ ਮੇਘਪੁਰ, ਕਮਲਜੀਤ ਸਿੰਘ ਡੀ.ਐਮ ਸੇਵਾ ਕੇਂਦਰ, ਅਜੀਤਪਾਲ ਦੜੋਲੀ ਜ਼ਿਲ੍ਹਾ ਪ੍ਰਧਾਨ ਐਕਸ ਸਰਵਿਸਮੈਨ ਵਿੰਗ, ਪੱਪੂ ਢਿੱਲੋ ਬਲਾਕ ਪ੍ਰਧਾਨ, ਸੁੱਚਾ ਸਿੰਘ ਚੇਅਰਮੈਨ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਬੱਬੂ ਖਾਨ ਜ਼ਿਲ੍ਹਾ ਸਕੱਤਰ ਮਨਿਊਰਿਟੀ ਵਿੰਗ, ਸ਼ਾਮ ਲਾਲ ਦੋਨਾਲ ਜ਼ਿਲ੍ਹਾ ਸਕੱਤਰ ਐਕਸ ਇੰਪਲਾਈ ਵਿੰਗ, ਪ੍ਰਿੰ.ਰਾਮ ਗੋਪਾਲ, ਖੁਸ਼ੀ ਰਾਮ, ਕਮਲੇਸ਼ ਨੱਡਾ, ਪਿਤਾਬਰ ਨੱਡਾ, ਮਹਾ ਸਿੰਘ, ਗੋਲਡੀ, ਸੁਮਿਤ, ਰਿੰਕੂ, ਮਿੰਟੂ, ਸ਼ਿੰਦਾ, ਅਟਵਾਲ ਥਲੂਹ, ਮਨੂੰ ਪੁਰੀ, ਸੋਰਵ ਸੋਨੀ, ਗੁਰਨਾਮ ਰਾਣਾ, ਦਲਜੀਤ ਸਿੰਘ ਕਾਕਾ ਨਾਨਗਰਾ, ਨਿਤਿਨ ਸ਼ਰਮਾ, ਜੱਗਾ ਬਹਿਲੂ, ਦੀਪਕ ਨੱਡਾ, ਨੀਰਜ ਨੱਡਾ, ਪਿਆਰਾ ਲਾਲ, ਰਸ਼ਪਾਲ ਸ਼ਰਮਾ, ਰਮਾ ਪਾਲ ਸ਼ਰਮਾ ਆਦਿ ਹਾਜ਼ਰ ਸਨ।

# ਸੂਬੇ ਦੀਆਂ ਸੜਕਾਂ ਦਾ ਨਵੀਨੀਕਰਨ ਕਰਨਾ ਸਰਕਾਰ ਦੀ ਮੁੱਖ ਤਰਜੀਹ : ਈ ਟੀ ਓ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਲੋਕ ਨਿਰਮਾਣ ਮੰਤਰੀ ਅਤੇ ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਸੂਬੇ ਦੀਆਂ ਸੜਕਾਂ ਦਾ ਨਵੀਨੀਕਰਨ ਕਰਨਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਰੋਡ ਨੈਟਵਰਕ ਨੂੰ ਮਜ਼ਬੂਤ ਕਰਨ ਲਈ ਬਹੁਤ ਗੰਭੀਰਤਾ ਨਾਲ ਕੰਮ ਕਰ ਰਹੀ ਹੈ ਅਤੇ ਸੂਬੇ ਵਿਚ ਕੋਈ ਵੀ ਬਲੈਕ ਸਪਾਟ ਨਹੀਂ ਛੱਡਿਆ ਜਾਵੇਗਾ। ਉਹ ਦਸੂਹਾ ਵਿਖੇ ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਦੀ ਮੌਜੂਦਗੀ ਵਿਚ 9.50 ਕਰੋੜ ਰੁਪਏ ਦੀ ਲਾਗਤ ਨਾਲ 20.23 ਕਿਲੋਮੀਟਰ ਲੰਬੀ ਬਣਨ ਵਾਲੀ ਦਸੂਹਾ-ਕਮਾਹੀ ਦੇਵੀ ਰੋਡ ਨੂੰ ਮਜ਼ਬੂਤ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਦੌਰਾਨ ਇਲਾਕਾ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਵਿਧਾਇਕ ਉੜਮੁੜ ਜਸਵੀਰ ਸਿੰਘ ਰਾਜਾ ਗਿੱਲ, ਹਲਕਾ ਇੰਚਾਰਜ ਮੁਕੇਰੀਆਂ ਪ੍ਰੋ. ਜੀ. ਐਸ ਮੁਲਤਾਨੀ, ਐਸ.ਡੀ.ਐਮ ਦਸੂਹਾ ਪ੍ਰਦੀਪ ਸਿੰਘ ਬੈਂਸ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ। ਲੋਕ ਨਿਰਮਾਣ ਮੰਤਰੀ ਨੇ ਇਸ ਮੌਕੇ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸੜਕ ਕੰਢੀ ਖੇਤਰ ਦੀ ਕਾਫੀ ਮਹੱਤਵਪੂਰਨ ਸੜਕ ਹੈ ਅਤੇ ਇਹ ਨੈਸ਼ਨਲ ਹਾਈਵੇਅ ਜਲੰਧਰ-ਪਠਾਨਕੋਟ (ਐਨ.ਐਚ-44) ਦਸੂਹਾ ਤੋਂ ਤਲਵਾੜਾ, ਢੋਲਵਾਹਾ, ਹਰਿਆਣਾ ਸੜਕ ਨੂੰ ਕਮਾਹੀ ਦੇਵੀ ਨਾਲ ਮਿਲਾਉਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ 'ਤੇ ਹੀ ਧਾਰਮਿਕ ਸਥਾਨ ਜਿਵੇਂ ਕਿ ਪਾਂਡਵ ਸਰੋਵਰ ਮੰਦਿਰ, ਮੰਦਿਰ ਬਾਬਾ ਲਾਲ ਦਿਆਲ ਜੀ ਅਤੇ ਕਮਾਹੀ ਦੇਵੀ ਮੰਦਿਰ ਸਥਿਤ ਹਨ, ਜਿਨ੍ਹਾਂ ਦੀ ਪੂਰੇ ਖੇਤਰ ਵਿਚ ਕਾਫੀ ਮਾਨਤਾ ਹੈ। ਇਸ ਤੋਂ ਇਲਾਵਾ ਇਸ ਸੜਕ 'ਤੇ ਕਰੀਬ 30-40 ਪਿੰਡਾਂ ਦਾ ਆਉਣਾ-ਜਾਣਾ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਪਿਛਲੀ ਰਿਪੇਅਰ ਪ੍ਰਧਾਨ ਮੰਤਰੀ ਸੜਕ ਯੋਜਨਾ ਤਹਿਤ ਸਾਲ 2013 ਵਿਚ ਹੋਈ ਸੀ ਅਤੇ ਨਿਯਮਾਂ ਦੇ ਮੁਤਾਬਿਕ ਸਾਲ 2018 ਵਿਚ ਇਸ ਦੀ ਰਿਪੇਅਰ ਹੋਣੀ ਸੀ ਪਰ ਪਿਛਲੀਆਂ ਸਰਕਾਰ ਨੇ ਇਸ ਸੜਕ ਦੀ ਕੋਈ ਸੁਧ ਨਹੀਂ ਲਈ ਅਤੇ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿਚ ਸੜਕ ਨੈਟਵਰਕ ਮਜ਼ਬੂਤ ਕਰ ਰਹੀ ਹੈ ਅਤੇ ਇਸੇ ਲੜੀ ਵਿਚ ਇਸ ਸੜਕ ਦਾ ਵੀ ਨਿਰਮਾਣ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੜਕ ਦਾ ਨਿਰਮਾਣ ਕਾਰਜ 26 ਸਤੰਬਰ 2024 ਤੱਕ ਪੂਰਾ ਕਰ ਲਿਆ ਜਾਵੇਗਾ। ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ ਕਿ ਸੜਕ ਨਿਰਮਾਣ ਦੇ ਨਾਲ-ਨਾਲ ਸੂਬੇ ਵਿਚ ਬਿਜਲੀ ਨੈਟਵਰਕ ਨੂੰ ਵੀ ਮਜ਼ਬੂਤ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜਦੋਂ ਸੂਬੇ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ ਤਾਂ ਪਾਵਰ ਕਾਰਪੋਰੇਸ਼ਨ 1880 ਕਰੋੜ ਰੁਪਏ ਦੇ ਘਾਟੇ ਵਿਚ ਸੀ ਅਤੇ ਸਾਡੀ ਸਰਕਾਰ ਬਣਨ ਤੋਂ ਬਾਅਦ ਲੋਕਾਂ ਨੂੰ 600 ਯੂਨਿਟ ਫਰੀ ਬਿਜਲੀ ਦੇਣ ਤੋਂ ਬਾਅਦ ਵੀ ਪਾਵਰ ਕਾਰਪੋਰੇਸ਼ਨ 564 ਕਰੋੜ ਰੁਪਏ ਮੁਨਾਫੇ ਵਿਚ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਬਿਜਲੀ ਦੀ ਸਥਿਤੀ ਕਾਫੀ ਮਜ਼ਬੂਤ ਹੈ ਅਤੇ ਪੰਜਾਬ ਸਰਕਾਰ ਨੇ ਆਪਣੀ ਗਰੰਟੀ ਨੂੰ ਪੂਰਾ ਕਰਦੇ ਹੋਏ ਲੋਕਾਂ ਤੱਕ 600 ਯੂਨਿਟ ਮੁਫ਼ਤ ਬਿਜਲੀ ਪਹੁੰਚਾਈ ਹੈ, ਜਿਸ ਸਦਕਾ ਮੌਜੂਦਾ ਸਮੇਂ ਵਿਚ ਸੂਬੇ ਦੇ 90 ਫੀਸਦੀ ਤੋਂ ਵੱਧ ਲੋਕਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ। ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ ਨੇ ਲੋਕ ਨਿਰਮਾਣ ਮੰਤਰੀ ਦੇ ਇਸ ਕਾਰਜ 'ਤੇ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਲਾਕੇ ਵਿਚ ਉਨ੍ਹਾਂ ਦੇ ਯਤਨਾਂ ਨਾਲ ਸੜਕ ਨੈਟਵਰਕ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਦਸੂਹਾ ਵਿਧਾਨ ਸਭਾ ਹਲਕੇ ਦੀ ਹਰ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਹੈ। ਇਸ ਮੌਕੇ ਐਕਸੀਅਨ ਲੋਕ ਨਿਰਮਾਣ ਵਿਭਾਗ ਮਨਜੀਤ ਸਿੰਘ, ਐਸ.ਡੀ.ਈ ਦਵਿੰਦਰ ਪਾਲ, ਜੇ.ਈ ਯਾਦਵਿੰਦਰ ਸੋਢੀ, ਬਲਦੇਵ ਰਾਜ, ਅਸ਼ੋਕ ਕੁਮਾਰ ਅਤੇ ਹੋਰ ਪਤਵੰਤੇ ਮੌਜੂਦ ਸਨ।

# ਗੁਰੂ ਨਾਨਕ ਨੈਸ਼ਨਲ ਕਾਲਜ 'ਚ ਵਿਦਾਇਗੀ ਸਮਾਗਮ ਕਰਵਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਗੁਰੂ ਨਾਨਕ ਨੈਸ਼ਨਲ ਕਾਲਜ ਕੋਇਡ ਨਕੋਦਰ 'ਚ ਵਿਦਾਇਗੀ ਸਮਾਗਮ ਕਰਵਾਇਆ ਗਿਆ। ਕਾਲਜ ਦੇ ਸਾਇੰਸ ਵਿਭਾਗ ਵਿਚ ਫਿਜਿਕਸ ਵਿਸ਼ਾ ਦੇ ਮੁਖੀ ਪ੍ਰੋਫੈਸਰ ਇੰਦਰਜੀਤ ਕੌਰ ਤੇ ਸੇਵਾ ਨਿਭਾ ਚੁੱਕੇ ਕਰਮਚਾਰੀ ਸੁਰਜੀਤ ਕੌਰ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਕਾਲਜ ਦੀ ਪ੍ਰਬੰਧਕ ਕਮੇਟੀ 'ਚੋਂ ਪ੍ਰਧਾਨ ਜਗੀਰ ਸਿੰਘ ਸੋਹੀ,ਸੱਕਤਰ ਗੁਰਪ੍ਰੀਤ ਸਿੰਘ ਸੰਧੂ ,ਖ਼ਜਾਨਚੀ ਸੁਖਵੀਰ ਸਿੰਘ ਸੰਧੂ ਤੇ ਬਲਰਾਜ ਸਿੰਘ ਸਿਆਣੀਵਾਲ ਪਹੁੰਚੇ। ਪ੍ਰੋਫੈਸਰ ਇੰਦਰਜੀਤ ਕੌਰ ਆਪਣੇ ਪਤੀ ਬਲਜਿੰਦਰ ਸਿੰਘ ਕੰਗ ,ਬੇਟੀ ਅਮੀਤੋਜ ਕੌਰ,ਭਰਾ ਗੁਰਮੀਤ ਸਿੰਘ ਗਰੇਵਾਲ ਭਰਜਾਈ ਜਸਵੀਰ ਕੌਰ ਭਰਾ ਹਰਪਿੰਦਰ ਸਿੰਘ ਭਰਜਾਈ ਕੁਲਵਿੰਦਰ ਕੌਰ ਸਿੱਧੂ ,ਕੁਲਵੰਤ ਸਿੰਘ ਪਨੂੰ ,ਮਨਜੀਤ ਕੌਰ ਪਨੂੰ , ਸੁਰਿੰਦਰ ਸਿੰਘ ,ਕਿਰਨ ਬਾਲਾ ,ਡਾਕਟਰ ਸਿਮਰਨ ਸਿੱਧੂ ਆਦਿ ਨਾਲ ਪਹੁੰਚੇ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰਬਲ ਕੁਮਾਰ ਜੋਸ਼ੀ ਤੇ ਕਾਲਜ ਕਮੇਟੀ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਕਾਲਜ ਦੇ ਵਿਦਿਆਰਥੀਆਂ ਨੇ ਆਪਣੀਆਂ ਭਾਵਨਾਵਾਂ ਕਵਿਤਾਵਾਂ,ਗੀਤਾਂ ਰਾਹੀਂ ਸਾਂਝੀਆਂ ਕੀਤੀਆਂ। ਸਾਇੰਸ ਵਿਭਾਗ ਵਲੋ ਪ੍ਰੋਫੈਸਰ ਜਸਪ੍ਰੀਤ ਕੌਰ ਨੇ ਮੈਡਮ ਨਾਲ ਬਿਤਾਏ ਪਲਾਂ ਨੂੰ ਆਪਣੇ ਵਿਚਾਰਾਂ ਰਾਹੀਂ ਸਾਂਝਾ ਕੀਤਾ। ਪ੍ਰੋਫੈਸਰ ਇੰਦਰਜੀਤ ਕੌਰ ਨੇ ਵੀ ਆਪਣੀਆਂ ਦਿਲੀ ਭਾਵਨਾਵਾਂ ਸਾਂਝੀਆਂ ਕੀਤੀਆਂ। ਪ੍ਰੋਫੈਸਰ ਇੰਦਰਜੀਤ ਤੇ ਕਰਮਚਾਰੀ ਸੁਰਜੀਤ ਕੌਰ ਦਾ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋਫੈਸਰ ਮਨਪ੍ਰੀਤ ਕੌਰ ਤੇ ਪ੍ਰੋਫੈਸਰ ਮਨਿੰਦਰ ਕੌਰ ਵਲੋਂ ਨਿਭਾਈ ਗਈ।



# 16 ਦੇ ਭਾਰਤ ਬੰਦ ਦੀ ਸਫਲਤਾ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ : ਸੀ ਟੀ ਯੂ

**ਜਲੰਧਰ (ਕੇਸਰ, ਰਾਜੇਸ਼ ਥਾਪਾ)**

ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਦੇ ਪ੍ਰਧਾਨ ਕਾਮਰੇਡ ਦੇਵ ਰਾਜ ਵਰਮਾ ਅਤੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ ਨੇ ਪ੍ਰੈਸ ਦੇ ਨਾਂਅ ਜਾਰੀ ਬਿਆਨ ਵਿਚ ਕਿਹਾ ਕਿ ਸੀ ਟੀ ਯੂ ਪੰਜਾਬ ਨਾਲ ਸਬੰਧਤ ਜਥੇਬੰਦੀਆਂ ਵੱਲੋਂ 16 ਫਰਵਰੀ ਦੇਸ਼ ਵਿਆਪੀ ਹੜਤਾਲ ਤੇ ਭਾਰਤ ਬੰਦ ਦੀ ਸਫਲਤਾ ਲਈ ਸੀ ਟੀ ਯੂ ਪੰਜਾਬ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਅਤੇ ਹਰ ਵਰਗ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਸੰਸਾਰੀਕਰਨ, ਉਦਾਰੀਕਰਨ ਅਤੇ ਨਿੱਜੀਕਰਨ ਦੀਆਂ ਲੋਕ ਵਿਰੋਧੀ ਤੇ ਦੇਸ਼ ਵਿਰੋਧੀ ਨੀਤੀਆਂ ਤਹਿਤ ਹਰ ਵਰਗ ਦੀ ਆਰਥਿਕਤਾ ਉਪਰ ਜੋ ਲੁੱਟ ਦਾ ਹਮਲਾ ਸ਼ੁਰੂ ਕੀਤਾ ਹੋਇਆ ਹੈ, ਉਸ ਨਾਲ ਮਜ਼ਦੂਰਾਂ ਦੇ ਹੱਕ ਖੋਹਣ ਲਈ 44 ਲੇਬਰ ਕਾਨੂੰਨ ਖਤਮ ਕਰਕੇ ਲੇਬਰ ਵਿਰੋਧੀ 4 ਲੇਬਰ ਕੋਡ ਬਣਾਉਣੇ, ਘੱਟੋ-ਘੱਟ ਉਜਰਤਾਂ 26000 ਰੁਪਏ ਪ੍ਰਤੀ ਮਹੀਨਾ ਨਾ ਕਰਨੀਆਂ, ਨਿਗੂਣੀਆਂ ਤਨਖਾਹਾਂ ਬਦਲੇ ਠੇਕੇਦਾਰੀ ਸਿਸਟਮ ਰਾਹੀਂ ਨੌਜਵਾਨ ਸ਼ਕਤੀ ਦਾ ਘੋਰ ਅਪਰਾਧ ਵਰਗਾ ਆਰਥਿਕ ਸ਼ੋਸ਼ਣ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕਰਨਾ, ਪਬਲਿਕ ਸੈਕਟਰ ਦਾ ਅੰਨ੍ਹੇਵਾਹ ਨਿੱਜੀਕਰਨ ਅਤੇ ਕੌਡੀਆਂ ਦੇ ਭਾਅ ਵੇਚਣ ਦਾ ਸਿਲਸਿਲਾ ਬਾਦਸਤੂਰ ਜਾਰੀ ਰੱਖਣਾ, ਸਕੀਮ ਵਰਕਰਾਂ ਜੋ ਵੱਡੀ ਗਿਣਤੀ ਵਿੱਚ ਔਰਤਾਂ ਹਨ, ਉਹਨਾਂ ਨੂੰ ਘੱਟੋ-ਘੱਟ ਉਜਰਤਾਂ ਦੇ ਦਾਇਰੇ ਵਿੱਚ ਨਾ ਲਿਆਉਣਾ, ਸਮਾਜਿਕ ਸੁਰੱਖਿਆ ਸਕੀਮ ਦੇ ਬੱਜਟ ਵਿੱਚ ਕਟੌਤੀਆਂ ਕਰਨਾ, ਨਰੇਗਾ ਕਾਮਿਆਂ ਦੇ ਬੱਜਟ ਵਿੱਚ ਭਾਰੀ ਕੱਟ, ਡਰਾਈਵਰਾਂ ਵਿਰੁੱਧ ਨਫਰਤੀ ਵਾਤਾਵਰਣ ਪੈਦਾ ਕਰਨਾ। ਇਸੇ ਤਰ੍ਹਾਂ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦੇ ਮੰਦ ਮਨਸੂਬੇ, ਐੱਮ.ਐੱਸ.ਪੀ. ਦੀ ਕਾਨੂੰਨੀ ਗਰੰਟੀ ਨਾ ਦੇਣਾ, ਖੇਤੀ ਲਾਗਤਾਂ ਵਿੱਚ ਬੇਸ਼ੁਮਾਰ ਵਾਧਾ, ਕਿਸਾਨਾਂ-ਮਜ਼ਦੂਰਾਂ ਨੂੰ ਕਰਜ਼ਾ ਮੁਕਤ ਕਰਨ ਦੀ ਬਜਾਏ ਕਰਜ਼ਜਾਲ ਵਿੱਚ ਫਸਾਉਣਾ, ਕਿਸਾਨਾਂ ਦੇ ਸੰਘਰਸ਼ਾਂ ਨੂੰ ਕੁਚਲਣ ਲਈ ਪ੍ਰਸ਼ਾਸਨਕ ਅਤੇ ਗੁੰਡਾਗਰਦੀ ਵਰਗੇ ਤਰੀਕੇ ਅਖਤਿਆਰ ਕਰਨਾ, ਲਖੀਮਪੁਰ ਖੀਰੀ ਦੇ ਸ਼ਹੀਦ ਕਿਸਾਨਾਂ ਦੇ ਮੁਜਰਮਾਂ ਨੂੰ ਸਜ਼ਾਵਾਂ ਨਾ ਦੇਣੀਆਂ ਆਦਿ ਮਸਲੇ ਚੁਣੌਤੀ ਬਣੇ ਹੋਏ ਹਨ। ਮੋਦੀ ਸਰਕਾਰ ਦੇ ਇਹਨਾਂ ਲੋਕ ਵਿਰੋਧੀ ਫੈਸਲਿਆਂ ਵਿਰੁੱਧ ਤਿੱਖਾ ਸੰਘਰਸ਼ ਸਮੇਂ ਦੀ ਅਹਿਮ ਲੋੜ ਹੈ। ਭਾਜਪਾ ਦੀ ਮੋਦੀ ਸਰਕਾਰ ਵੱਲੋਂ ਸਮਾਜ ਵਿੱਚ ਨਫਰਤ ਫੈਲਾਉਣ ਅਤੇ ਡਰ-ਭੈਅ ਦਾ ਮਾਹੌਲ ਪੈਦਾ ਕਰਨ ਦੇ ਵਿਰੁੱਧ ਵੀ ਆਵਾਜ਼ ਬੁਲੰਦ ਕੀਤੀ ਜਾਵੇਗੀ। ਨੱਥਾ ਸਿੰਘ ਢਡਵਾਲ ਅਤੇ ਦੇਵ ਰਾਜ ਵਰਮਾ ਨੇ ਅੱਗੇ ਕਿਹਾ ਕਿ ਸੀ ਟੀ ਯੂ ਪੰਜਾਬ ਨਾਲ ਸਬੰਧਤ ਜਥੇਬੰਦੀਆਂ ਦੇ ਆਗੂ ਸੰਯੁਕਤ ਕਿਸਾਨ ਮੋਰਚੇ ਅਤੇ ਟਰੇਡ ਯੂਨੀਅਨਾਂ ਦੀਆਂ ਧਿਰਾਂ ਨਾਲ ਜ਼ਿਲ੍ਹਾ ਤੇ ਸਥਾਨਕ ਪੱਧਰ 'ਤੇ ਰਾਬਤਾ ਕਾਇਮ ਕਰਕੇ ਇਸ ਸਾਂਝੇ ਸੱਦੇ ਦੀ ਕਾਮਯਾਬੀ ਲਈ ਵਿਉਤਬੰਦੀ ਕਰ ਰਹੇ ਹਨ। ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਅਤੇ ਹਰ ਵਰਗ ਦੇ ਕਾਰੋਬਾਰੀ ਲੋਕਾਂ ਦਾ 16 ਫਰਵਰੀ ਭਾਰਤ ਬੰਦ ਇਤਿਹਾਸਕ ਤੌਰ 'ਤੇ ਜਾਣਿਆ ਜਾਵੇਗਾ।

# ਟਰਾਂਸਪੋਰਟ ਮੁਲਾਜ਼ਮਾਂ ਵੱਲੋਂ ਤਿੰਨ ਰੋਜ਼ਾ ਮੁਕੰਮਲ ਹੜਤਾਲ ਦੀ ਚਿਤਾਵਨੀ

**ਨੰਗਲ (ਸੁਰਜੀਤ ਸਿੰਘ)**

ਪੰਜਾਬ ਰੋਡਵੇਜ/ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ 25/11 ਵੱਲੋਂ ਸਮੂਹ ਪੰਜਾਬ ਦੇ ਡਿੱਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ ਨੰਗਲ ਡਿਪੂ ਦੇ ਗੇਟ 'ਤੇ ਜਰਨਲ ਸਕੱਤਰ ਰਾਮ ਦਿਆਲ ਮਾਹੀ ਨੇ ਕਿਹਾ ਕਿ ਪੰਜਾਬ ਵਿੱਚ ਸੂਬਾ ਸਰਕਾਰ ਵਲੋਂ ਕੱਚੇ ਮੁਲਾਜਮਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ ਮੁਲਾਜਮਾਂ ਨੂੰ ਮੰਗਾਂ ਪੂਰੀਆਂ ਕਰਨ ਦੀ ਬਜਾਏ ਝੂਠ ਅਤੇ ਕਾਮੇਡੀ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਅਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜਮਾਂ ਦੀ ਕਿਸੇ ਵੀ ਸਰਕਾਰ ਨੇ ਵੋਟਾਂ ਤੋਂ ਬਾਅਦ ਸਾਰ ਨਹੀਂ ਲਈ ਸੂਬੇ ਅੰਦਰ ਆਮ ਆਦਮੀ ਪਾਰਟੀ ਸਰਕਾਰ ਵੀ ਮਾਰੂ ਨੀਤੀਆਂ ਲਿਆ ਰਹੀ ਹੈ ਅਤੇ ਹੜਤਾਲ ਦੇ ਸਬੰਧ ਵਿੱਚ ਇੱਕ ਮਹੀਨਾ ਪਹਿਲਾਂ ਭੇਜੇ ਨੋਟਿਸ 'ਤੇ ਵੀ ਹੁਣ ਤੱਕ ਟਰਾਂਸਪੋਰਟ ਮੰਤਰੀ ਨੇ ਕੋਈ ਮੀਟਿੰਗ ਜਾ ਸਾਰਥਿਕ ਹੱਲ ਨਹੀਂ ਕੱਢਿਆ ਉਲਟਾ ਮੁਲਾਜਮਾਂ ਨੂੰ ਬਦਨਾਮ ਕੀਤਾ ਜਾ ਰਿਹਾ ਹੈ, 52 ਸਵਾਰੀਆਂ ਹੋਣ ਤੇ ਸਰਕਾਰ ਵਲੋਂ ਬੱਸਾਂ ਪਾਉਣ ਜਾਂ ਲੋਕਾਂ ਨੂੰ ਕੋਈ ਠੋਸ ਹੱਲ ਦੇਣ ਦੀ ਬਜਾਏ ਉਲਟਾ ਮੁਲਾਜਮਾਂ ਦੀ ਬਦਨਾਮੀ ਅਤੇ ਮੀਡੀਆ ਵਿੱਚ ਚੋਰ ਬਲੈਕਮੇਲ ਦੱਸਿਆ ਗਿਆ, ਜਦੋਂ ਕੀ ਵੋਟਾਂ ਤੋਂ ਪਹਿਲਾਂ ਇਹ ਮੰਤਰੀ ਧਰਨਿਆਂ ਵਿੱਚ ਜਾ ਕੇ ਕੱਚੇ ਮੁਲਾਜਮਾਂ ਨੂੰ ਪੱਕਾ ਕਰਨ,ਠੇਕੇਦਾਰਾਂ ਨੂੰ ਬਾਹਰ ਕੱਢਣ,ਤਨਖਾਹ ਵਾਧਾ ਕਰਨ,ਮੁਲਾਜਮਾਂ ਨੂੰ ਸਰਵਿਸ ਰੂਲ ਬਣਾ ਕੇ ਬਹਾਲ ਕਰਨ ਦੇ ਵਾਅਦੇ ਕਰਦਾ ਸੀ। ਇਸ ਤੋਂ ਸਿੱਧ ਹੁੰਦਾ ਹੈ ਕਿ ਕੁਰਸੀ 'ਤੇ ਬੈਠਣ ਤੋਂ ਬਾਅਦ ਸਭ ਕੁੱਝ ਭੁੱਲ ਚੁੱਕੇ ਹਨ ਅਤੇ ਮੁਲਾਜਮਾਂ ਨੂੰ ਸੰਘਰਸ ਕਰਨ ਲਈ ਮਜਬੂਰ ਕਰ ਰਹੇ ਹਨ ਅਤੇ ਕੇਂਦਰ ਦੀ ਭਾਜਪਾ ਸਰਕਾਰ ਵਲੋ ਟ੍ਰੈਫਿਕ ਨਿਯਮਾਂ ਵਿੱਚ ਸੋਧ ਦੇ ਨਾਂਅ 'ਤੇ ਪੂਰੇ ਭਾਰਤ ਦੇ ਡਰਾਈਵਰਾਂ ਅਤੇ ਆਮ ਵਰਗ ਤੇ ਮਾਰੂ ਕਾਨੂੰਨ ਲਾਗੂ ਕਰਨ ਵੱਲ ਤੁਰੀ ਹੈ ਜਿਸ ਦਾ ਪੂਰੇ ਭਾਰਤ ਵਲੋਂ ਵਿਰੋਧ ਕੀਤਾ ਜਾ ਰਿਹਾ ਹੈ। ਜੇਕਰ ਕੇਂਦਰ ਸਰਕਾਰ ਮਾਰੂ ਕਨੂੰਨ ਨੂੰ ਵਾਪਸ ਨਹੀਂ ਲੈਂਦੀ ਤਾਂ 16 ਫਰਵਰੀ ਨੂੰ ਕੇਂਦਰ ਸਰਕਾਰ ਦੇ ਖਿਲਾਫ ਪੂਰਾ ਭਾਰਤ ਬੰਦ ਕੀਤਾ ਜਾਵੇਗਾ। ਸੈਂਟਰ ਕਮੇਟੀ ਲੀਡਰ ਅਮਰਜੀਤ ਸਿੰਘ ਬੈਂਸ ਨੇ ਕਿਹਾ ਪੰਜਾਬ ਸਰਕਾਰ ਪੂਰੀ ਤਰ੍ਹਾਂ ਫੇਲ ਹੋਈ ਹੈ ਕਿਉਂਕਿ ਪੰਜਾਬ ਸਰਕਾਰ ਲੋਕਾਂ ਨੂੰ ਟਰਾਂਸਪੋਰਟ ਦੀ ਪੂਰਾ ਅਰਾਮਦਾਇਕ ਸਹੂਲਤ ਦੇਣ ਵਿੱਚ ਪੂਰੀ ਤਰ੍ਹਾਂ ਫੇਲ ਸਾਬਤ ਹੋਈ ਜੋ ਵੱਡੇ ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ । ਜੇਕਰ ਜਾਇਜ ਮੰਗਾਂ ਦਾ 8 ਫਰਵਰੀ ਦੀ ਮੀਟਿੰਗ ਵਿੱਚ ਹੱਲ ਨਾ ਕੱਢਿਆ ਤਾਂ ਟਰਾਂਸਪੋਰਟ ਦੇ ਮੁਲਾਜਮਾਂ ਵੱਲੋਂ 13,14,15 ਫਰਵਰੀ ਦੀ ਤਿੰਨ ਰੋਜਾ ਮੁਕੰਮਲ ਹੜਤਾਲ ਕੀਤੀ ਜਾਵੇਗੀ, ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ 'ਤੇ ਰੋਸ ਧਰਨਾ ਦਿੱਤਾ ਜਾਵੇਗਾ। ਇਸ ਦੌਰਾਨ ਹਾਜਰ ਸਾਥੀਆਂ ਵਿੱਚ ਅਜੈ ਕੁਮਾਰ ਮੰਗਲ ਸਿੰਘ ਅਰਵਿੰਦਰ ਕੁਮਾਰ ਮੋਹਨ ਲਾਲ ਹਰਭਜਨ ਸਿੰਘ ਸੰਦੀਪ ਕੁਮਾਰ ਸਨੀ ਸਟੋਰ ਮਨਜੋਤ ਸਿੰਘ ਅਤੇ ਹੋਰ ਸਾਥੀ ਹਾਜਰ ਹੋਏ।



# ਸ਼੍ਰੋਮਣੀ ਕਮੇਟੀ ਚੋਣਾਂ ਬਾਰੇ ਕੀਤੀਆਂ ਵਿਚਾਰਾਂ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਮੀਟਿੰਗ ਕੁਸ਼ਲ ਪਾਲ ਸਿੰਘ ਮਾਨ ਦੀ ਦੇਖ ਰੇਖ ਵਿਚ ਪਿੰਡ ਗੁਣਾਚੌਰ ਵਿਖੇ ਹੋਈ। ਜਿਸ ਵਿੱਚ ਸ਼੍ਰੋਮਣੀ ਕਮੇਟੀ ਚੋਣਾਂ ਬਾਰੇ ਵਿਚਾਰਾਂ ਕੀਤੀਆਂ ਗਈਆਂ। ਲੋਕਾਂ ਨੂੰ ਵੋਟ ਬਣਾਉਣ ਲਈ ਜਾਗਰਿਤ ਕੀਤਾ ਤੇ ਕਈ ਪਰਵਾਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਿਚ ਸ਼ਾਮਿਲ ਹੋਏ। ਜ਼ਿਲ੍ਹਾ ਸਰਪ੍ਰਤ ਬਾਬਾ ਜਸਵੀਰ ਸਿੰਘ ਖਾਲਸਾ ਤੇ ਬੀਬੀ ਕੁਲਵਿੰਦਰ ਕੌਰ ਨੇ ਸਿਰੋਪਾ ਪਾ ਕੇ ਸਨਮਾਨਿਤ ਕੀਤਾ ਅਤੇ ਸੰਗਤ ਨੇ ਵੋਟਾਂ ਬਣਾਉਣ ਤੇ ਪਾਰਟੀ ਦਾ ਸਾਥ ਦੇਣ ਦਾ ਵਿਸ਼ਵਾਸ਼ ਦਿਵਾਇਆ।

ਇਸ ਮੌਕੇ ਸਰਕਲ ਪ੍ਰਧਾਨ ਗੜ੍ਹਸੰਕਰ ਬੀਬੀ ਹਰਜਿੰਦਰ ਕੌਰ, ਬੀਬੀ ਪਰਮਿੰਦਰ ਕੌਰ ਜਸਵੰਤ ਕੌਰ ਅਮਰਜੀਤ ਕੌਰ ਜਸਵੀਰ ਕੌਰ ਨਰਿੰਦਰ ਕੌਰ ਕਮਲਜੀਤ ਕੌਰ ਰੇਸਮ ਕੌਰ ਬਲਜੀਤ ਕੌਰ ਪ੍ਰਕਾਸ ਕੌਰ ਮਨਜੀਤ ਸਿੰਘ ਪਰਮਜੀਤ ਸਿੰਘ ਮੋਹਨ ਸਿੰਘ ਗੁਰਦਿਆਲ ਸਿੰਘ ਜਸਵੰਤ ਸਿੰਘ ਅਨੂਪ ਸਿੰਘ ਇੰਦਰਜੀਤ ਸਿੰਘ ਭੂਪਿੰਦਰ ਸਿੰਘ ਪਰਮਿੰਦਰ ਸਿੰਘ ਜੁਝਾਰ ਸਿੰਘ ਹਰਨੇਕ ਸਿੰਘ ਬਲਵੀਰ ਸਿੰਘ ਮੱਖਣ ਸਿੰਘ ਹਾਜਰ ਹੋਏ ।

# ਸਰਕਾਰ ਵੱਲੋਂ ਪ੍ਰਵਾਸੀ ਭਾਰਤੀਆਂ ਨਾਲ ਮਿਲਣੀ ਭਲਕੇ

**ਨਵਾਂਸ਼ਹਿਰ (ਮਨੋਜ ਲਾਡੀ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਪਹਿਲ ਕਦਮੀ 'ਤੇ ਪ੍ਰਵਾਸੀ ਪੰਜਾਬੀ ਭਾਰਤੀਆਂ ਨਾਲ ਰਾਜ ਭਰ ਵਿੱਚ ਉਲੀਕੀਆਂ ਗਈਆਂ ਪੰਜਾਬੀ ਐਨ.ਆਰ.ਆਈਜ਼ ਨਾਲ ਮਿਲਣੀਆਂ ਤਹਿਤ ਪੰਜ ਜ਼ਿਲ੍ਹਿਆਂ ਸ਼ਹੀਦ ਭਗਤ ਸਿੰਘ ਨਗਰ, ਰੂਪਨਗਰ, ਜਲੰਧਰ, ਕਪੂਰਥਲਾ ਅਤੇ ਐਸ.ਏ.ਐਸ. ਨਗਰ ਨਾਲ ਸਬੰਧਤ ਪ੍ਰਵਾਸੀ ਭਾਰਤੀਆਂ ਨਾਲ ਮਿਲਣੀ ਪ੍ਰੋਗਰਾਮ 9 ਫਰਵਰੀ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸ਼ਿਵਾਲਿਕ ਸਕੂਲ ਵਿਖੇ ਹੋਵੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਨਵਜੋਤ ਪਾਲ ਸਿੰਘ ਰੰਧਾਵਾ (ਆਈ.ਏ.ਐਸ.) ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਐਨ.ਆਰ.ਆਈ. ਮਿਲਣੀ ਸਬੰਧੀ ਕੀਤੇ ਜਾਣ ਵਾਲੇ ਪ੍ਰਬੰਧਾਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਦਿੱਤੀ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸਾਗਰ ਸੇਤੀਆ, ਐਸ.ਡੀ.ਐਮ. ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ, ਐਸ.ਡੀ.ਐਮ. ਬਲਾਚੌਰ ਰਵਿੰਦਰ ਬੰਸਲ, ਸਹਾਇਕ ਕਮਿਸ਼ਨ ਜਨਰਲ ਗੁਰਲੀਨ ਕੌਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਐਨ.ਆਰ.ਆਈ ਮਿਲਣੀ ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ 3 ਫਰਵਰੀ ਨੂੰ ਚਮਰੋੜ (ਮਿੰਨੀਗੋਆ) ਪਠਾਨਕੋਟ ਤੋਂ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਲਈ ਉੱਥੇ, ਮੌਕੇ 'ਤੇ ਹੀ ਰਜਿਸਟਰੇਸ਼ਨ ਕਾਊਂਟਰ ਲਗਾਏ ਜਾਣਗੇ। ਉਨ੍ਹਾਂ ਇਸ ਮੌਕੇ 'ਤੇ ਉਪਰੋਕਤ ਪ੍ਰੋਗਰਾਮ ਨੂੰ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਸਪੋਰਟਸ ਡੇ ਮਨਾਇਆ



**ਸੁਲਤਾਨਪੁਰ ਲੋਧੀ, (ਹਨੀ)**

ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਸਪੋਰਟਸ ਡੇ ਮਨਾਇਆ ਗਿਆ। ਜਿਸ ਵਿਚ ਪਹਿਲੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਦੌਰਾਨ ਵਿਦਿਆਰਥੀਆਂ ਦਰਮਿਆਨ ਕਈ ਤਰ੍ਹਾਂ ਦੀਆਂ ਦੌੜਾਂ ਕਰਵਾਈਆਂ ਗਈਆਂ । ਜਿਨ੍ਹਾਂ ਵਿਚ ਗੁਬਾਰਾ ਦੌੜ, ਰੁਕਾਵਟ ਦੌੜ, ਪੈਨਗੁਇਨ ਦੌੜ, ਰੀਲੇਅ ਦੌੜ ਆਦਿ ਪ੍ਰਮੁੱਖ ਸਨ। ਪ੍ਰਿੰਸੀਪਲ ਰੇਨੂੰ ਅਰੋੜਾ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਸਪੋਰਟਸ ਡੇ ਦਾ ਆਯੋਜਨ ਕੀਤਾ ਗਿਆ । ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਖਿਡਾਰੀਆਂ ਵਾਂਗ ਚੰਗਾ ਖੇਡ ਵਿਵਹਾਰ ਤੇ ਵਧੀਆ ਲੀਡਰਸ਼ਿਪ ਪੈਦਾ ਕਰਨਾ ਹੈ। ਸਕੂਲ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਜੇਤੂ ਰਹੇ ਅਤੇ ਐਕਟੀਵਿਟੀ ਵਿਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਹੌਂਸਲਾ ਅਫਜਾਈ ਕੀਤੀ।

# ਸਰਹਾਲ ਨੇ ਬੰਗਾ ਵਿਖੇ ਝਾਕੀਆਂ ਦਾ ਕੀਤਾ ਸਵਾਗਤ



**ਬਹਿਰਾਮ (ਅਵਤਾਰ ਕਲੇਰ)**

ਦਾਣਾ ਮੰਡੀ ਬੰਗਾ ਵਿਖੇ ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਬੰਗਾ ਵਾਈਸ ਚੇਅਰਮੈਨ ਵਾਟਰ ਰਿਸੋਰਸਿਸ ਮੈਨੇਜਮੈਂਟ ਅਤੇ ਡਿਵੈਲਪਮੈਂਟ ਕਾਰਪੋਰੇਸ਼ਨ ਪੰਜਾਬ ਵਲੋਂ ਆਪਣੇ ਸਾਥੀਆਂ ਸਮੇਤ ਪੰਜਾਬ ਦੇ ਸ਼ਾਨਦਾਰ ਇਤਿਹਾਸ ਨੂੰ ਦਰਸਾਉਂਦੀਆਂ ਝਾਕੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਨਾਇਬ ਤਹਿਸੀਲਦਾਰ ਜਸਵੀਰ ਸਿੰਘ , ਚੇਅਰਮੈਨ ਮਾਰਕੀਟ ਕਮੇਟੀ ਬੰਗਾ ਬਲਵੀਰ ਕਰਨਾਣਾ , ਬਲਾਕ ਪ੍ਰਧਾਨ ਗੁਰਚੇਤਨ ਸਿੰਘ ਗੜ੍ਹੀ, ਬਲਾਕ ਪ੍ਰਧਾਨ ਜਗਨਨਾਥ ਸੰਧਵਾਂ, ਬਲਾਕ ਪ੍ਰਧਾਨ ਪਵਨਜੀਤ ਸਿੰਘ ਸਿੱਧੂ, ਬਲਾਕ ਪ੍ਰਧਾਨ ਸਾਗਰ ਅਰੋੜਾ, ਬਲਾਕ ਪ੍ਰਧਾਨ ਸਤਨਾਮ ਸਿੰਘ ਝਿੱਕਾ, ਬਲਾਕ ਪ੍ਰਧਾਨ ਲਸਮਣ ਗੜ੍ਹਪੜ, ਬਲਾਕ ਪ੍ਰਧਾਨ ਚਰਨਜੀਤ ਸਿੰਘ ਬਹਿਰਾਮ, ਬਲਾਕ ਪ੍ਰਧਾਨ ਕੁਲਜੀਤ ਸੇਰਗਿੱਲ, ਕੁਲਵੀਰ ਪਾਬਲਾ, ਬਲਵੀਰ ਪਾਬਲਾ, ਗੁਰਨਾਮ ਸਕੋਹਪੁਰ, ਦਲਜੀਤ ਖਟਕੜ, ਤਰਸੇਮ ਸਿੰਘ ਨੌਤਾ, ਜਗਜੀਤ ਬਲਾਕੀਪੁਰ, ਬਲਵਿੰਦਰ ਮਾਹਲ, ਦੀਪੀ ਸੰਧਵਾਂ, ਜਗਜੀਤ ਸਿੰਘ ਸੋਢੀ, ਸੁਭਾਸ ਕੌਂਸਲ, ਰੂਬੀ ਉੱਪਲ,ਗੁਰਤੇਗ ਸਿੰਘ ਪੂਨੀਆਂ, ਸੁਰਜੀਤ ਲਾਲ, ਮਹਿੰਦਰ ਪਾਲ, ਗੁਰਜਿੰਦਰ ਸਿੰਘ, ਸੁਰਿੰਦਰ ਸਿੰਘ, ਰੇਸਮ ਸਿੰਘ ਹਾਜਰ ਸਨ।

# ਹੁਣ ਸਰਕਾਰ ਕੰਮ ਵੀ ਘਰੋ-ਘਰੀਂ ਆ ਕੇ ਕਰੇਗੀ : ਜੋਗਿੰਦਰ ਮਾਨ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਆਰੰਭੀ ਮੁਹਿਮ 'ਸਰਕਾਰ ਤੁਹਾਡੇ ਦੁਆਰ' ਤਹਿਤ ਵਿਧਾਨ ਸਭਾ ਹਲਕਾ ਫਗਵਾੜਾ 'ਚ ਇਸ ਮੁਹਿਮ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਲ ਵਲੋਂ ਦਰਵੇਸ਼ ਪਿੰਡ ਅਤੇ ਉੱਚਾ ਪਿੰਡ ਤੋਂ ਇਲਾਵਾ ਜਗਤਪੁਰ ਜੱਟਾਂ ਤੇ ਨਿਹਾਲਗੜ੍ਹ ਵਿਖੇ ਕੈਂਪ ਦੇ ਰਸਮੀ ਉਦਘਾਟਨ ਨਾਲ ਕਰਵਾਈ। ਉਹਨਾਂ ਦੇ ਨਾਲ ਐਸ.ਡੀ.ਐਮ. ਜਸ਼ਨਜੀਤ ਸਿੰਘ ਸਮੇਤ ਪੁਲਸ ਤੇ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ। ਜੋਗਿੰਦਰ ਸਿੰਘ ਮਾਨ ਨੇ ਪਿੰਡਾਂ ਦੇ ਵਸਨੀਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਧਾਨ ਸਭਾ ਚੋਣਾਂ ਸਮੇਂ ਆਪ ਪਾਰਟੀ ਦੇ ਵਰਕਰਾਂ ਨੇ ਡੋਰ-ਟੂ-ਡੋਰ ਮੁਹਿਮ ਚਲਾ ਕੇ ਵੋਟਾਂ ਮੰਗੀਆਂ ਸੀ ਤੇ ਹੁਣ ਜਦੋਂ ਪੰਜਾਬ ਵਿਚ ਆਪ ਪਾਰਟੀ ਦੀ ਸਰਕਾਰ ਹੈ ਤਾਂ ਜਨਤਾ ਦੇ ਸਰਕਾਰੀ ਕੰਮ ਵੀ ਘਰੋਂ-ਘਰੀਂ ਸਰਕਾਰੀ ਕਰਮਚਾਰੀਆਂ ਵਲੋਂ ਆ ਕੇ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਸਰਕਾਰ ਵਲੋਂ ਕਰੀਬ 44 ਤਰ੍ਹਾਂ ਦੇ ਕੰਮ ਘਰ ਬੈਠੇ ਕਰਵਾਉਣ ਦੀ ਸੁਵਿਧਾ 'ਸਰਕਾਰ ਤੁਹਾਡੇ ਦੁਆਰ' ਮੁਹਿਮ ਰਾਹੀਂ ਦਿੱਤੀ ਹੈ। ਜਿਸ ਦੇ ਲਈ ਹੈਲਪ ਲਾਈਨ ਨੰਬਰ 1076 ਵੀ ਜਾਰੀ ਕੀਤਾ ਗਿਆ ਹੈ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਮੈਡਮ ਲਲਿਤ ਸਕਲਾਨੀ, ਬਲਾਕ ਪ੍ਰਭਾਰੀ ਕ੍ਰਿਸ਼ਨ ਰਾਓ ਕੈਂਡੋਵਾਲ, ਤਹਿਸੀਲਦਾਰ ਬਲਜਿੰਦਰ ਸਿੰਘ, ਨਾਇਬ ਤਹਿਸੀਲਦਾਰ, ਐਸ.ਡੀ.ਓ. ਪਾਵਰਕਾਮ, ਬੀ.ਡੀ.ਪੀ.ਓ. ਰਾਮਪਾਲ ਸਿੰਘ ਰਾਣਾ, ਸੀਨੀਅਰ ਆਪ ਆਗੂ ਹਰਮੇਸ਼ ਪਾਠਕ, ਦਲਜੀਤ ਸਿੰਘ ਰਾਜੂ, ਬਲਾਕ ਪ੍ਰਧਾਨ ਵਰੁਣ ਬੰਗੜ, ਨਰੇਸ਼ ਸ਼ਰਮਾ, ਰਾਜਾ ਕੌਲਸਰ, ਫੌਜੀ ਸ਼ੇਰਗਿਲ, ਬਲਬੀਰ ਠਾਕੁਰ, ਸਮਰ ਗੁਪਤਾ ਤੋਂ ਇਲਾਵਾ ਰਾਕੇਸ਼ ਕੁਮਾਰ ਕੇਸ਼ੀ, ਸਰਪੰਚ ਭੁਪਿੰਦਰ ਸਿੰਘ ਖਹਿਰਾ, ਮੈਂਬਰ ਪੰਚਾਇਤ ਸਿਮਰ ਕੁਮਾਰ, ਟੋਨੀ, ਦਰਸ਼ੀ ਉੱਚਾ ਪਿੰਡ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਨੰਬਰਦਾਰ ਲਵਪ੍ਰੀਤ ਸਿੰਘ ਅਠੌਲੀ, ਸਤਨਾਮ ਸਿੰਘ ਸਰਪੰਚ ਸੁੰਨੜਾ ਰਾਜਪੂਤਾ, ਅਵਤਾਰ ਸਿੰਘ ਸਰਪੰਚ ਪੰਡਵਾ, ਰਣਬੀਰ ਸਿੰਘ, ਮਲਕੀਤ ਸਿੰਘ ਪੰਚਾਇਤ ਸਕੱਤਰ, ਸੁਲੱਖਣ ਸਿੰਘ ਪੰਚਾਇਤ ਸਕੱਤਰ, ਜਗਜੀਤ ਸਿੰਘ ਪੰਚਾਇਤ ਅਫਸਰ, ਸੁਰਿੰਦਰ ਸਿੰਘ ਏ.ਪੀ.ਓ., ਬਲਵਿੰਦਰ ਸਿੰਘ ਬਿੱਟੂ ਆਦਿ ਹਾਜਰ ਸਨ।

# ਭਾਕਿਯੂ ਏਕਤਾ ਉਗਰਾਹਾਂ ਵੱਲੋਂ ਹੜਤਾਲ ਦੀ ਤਿਆਰੀ ਸੰਬੰਧੀ ਮੀਟਿੰਗ



**ਬੁੱਲ੍ਹੋਵਾਲ, (ਵਿਰਦੀ)**

ਇਥੇ ਜ਼ਿਲ੍ਹਾ ਪ੍ਰਧਾਨ ਮਾ. ਸੰਗਾਰਾ ਸਿੰਘ ਦੀ ਅਗਵਾਈ ਵਿੱਚ ਭਾਕਿਯੂ ਏਕਤਾ ਉਗਰਾਹਾਂ ਹੁਸ਼ਿਆਰਪੁਰ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਹੋਈ। ਜਿਸ ਸੰਯੁਕਤ ਕਿਸਾਨ ਮੋਰਚਾ ਹੁਸ਼ਿਆਰਪੁਰ ਅਤੇ ਭਾਕਿਯੂ ਏਕਤਾ ਉਗਰਾਹਾਂ ਦੇ ਪ੍ਰੋਗਰਾਮਾਂ 'ਤੇ ਵਿਚਾਰ ਚਰਚਾ ਹੋਈ। ਫੈਸਲਾ ਹੋਇਆ ਕਿ 8 ਫਰਵਰੀ ਨੂੰ ਭਕਿਯੂ ਏਕਤਾ ਉਗਰਾਹਾਂ ਦਾ ਮੰਗ ਪੱਤਰ ਡੀ ਸੀ ਹੁਸ਼ਿਆਰਪੁਰ ਨੂੰ ਦਿੱਤਾ ਜਾਵੇਗਾ ਅਤੇ 9 ਫਰਵਰੀ ਨੂੰ ਹੁਸ਼ਿਆਰਪੁਰ ਵਿੱਚ ਮੋਟਰਸਾਈਕਲ ਮਾਰਚ ਵਿੱਚ ਹਿੱਸਾ ਲਿਆ ਜਾਵੇਗਾ। ਉਸ ਉਪਰੰਤ 16 ਫਰਵਰੀ ਦੇ ਭਾਰਤ ਬੰਦ ਦੀ ਤਿਆਰੀ ਲਈ ਮੁਹਿੰਮ ਵਿੱਢੀ ਜਾਵੇਗੀ। ਇਸ ਮੀਟਿੰਗ ਵਿੱਚ ਸਕੱਤਰ ਰਾਜਿੰਦਰ ਸਿੰਘ, ਖਜਾਨਚੀ ਜਸਵੰਤ ਸਿੰਘ, ਬਲਾਕ ਪ੍ਰਧਾਨ ਜਸਬੀਰ ਸਿੰਘ,ਗੁਰਨਾਮ ਸਿੰਘ, ਗਗਨਦੀਪ ਸਿੰਘ,ਪ੍ਰਧਾਨ ਜਤਿੰਦਰ ਪਾਲ ਸਿੰਘ, ਮਨਜੀਤ ਸਿੰਘ ਕੋਟਲਾ , ਜਸਵਿੰਦਰ ਸਿੰਘ ,ਪ੍ਰਧਾਨ ਹਰਵਿੰਦਰ ਸਿੰਘ, ਕਾ ਕਰਨੈਲ ਸਿੰਘ, ਕੁਲਤਾਰ ਸਿੰਘ, ਜਗਦੀਸ ਸਿੰਘ ਰਾਜਾ,ਤੇਜ ਰਾਮ, ਸੁਰਿੰਦਰ ਸਿੰਘ ਖਬਲਾਂ , ਹਰਦੀਪ ਸਿੰਘ,ਪ੍ਰਧਾਨ ਮੁਹਿੰਦਰ ਪਾਲ ਸਿੰਘ, ਕਰਨੈਲ ਸਿੰਘ, ਜਸਬੀਰ ਸਿੰਘ, ਮੇਲਾ ਸਿੰਘ ਮਾ. ਮਦਨ ਲਾਲ ਆਦਿ ਹਾਜਰ ਸਨ।

# 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਬੇਹੱਦ ਲਾਹੇਵੰਦ ਸਾਬਤ ਹੋਵੇਗੀ : ਬਲਕਾਰ ਸਿੰਘ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਜਲੰਧਰ 6 ਫਰਵਰੀ : ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ 'ਆਪ ਦੀ ਸਰਕਾਰ, ਆਪ ਦੇ ਦੁਆਰ' ਪਹਿਲਕਦਮੀ ਲੋਕਾਂ ਨੂੰ ਬਰੂਹਾਂ 'ਤੇ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਬੇਹੱਦ ਲਾਹੇਵੰਦ ਸਾਬਤ ਹੋਵੇਗੀ, ਜਿਸ ਨਾਲ ਜਿਥੇ ਜਲਦ ਤੇ ਪਾਰਦਰਸ਼ੀ ਸੇਵਾਵਾਂ ਯਕੀਨੀ ਬਣਨਗੀਆਂ ਉਥੇ ਲੋਕਾਂ ਦਾ ਕੀਮਤੀ ਸਮਾਂ ਵੀ ਬਚੇਗਾ । 'ਆਪ ਦੀ ਸਰਕਾਰ, ਆਪ ਦੇ ਦੁਆਰ' ਤਹਿਤ ਕਰਤਾਪੁਰ ਹਲਕੇ ਦੇ ਪਿੰਡ ਨੰਦਨਪੁਰ, ਹੀਰਾਪੁਰ, ਪਾਹੜਾ, ਪੱਖੋ ਨੰਗਲ ਵਿਖੇ ਲਗਾਏ ਗਏ ਕੈਂਪਾਂ ਵਿੱਚ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲੈਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਇਕੋ ਛੱਤ ਥੱਲੇ ਸਰਕਾਰੀ ਸੇਵਾਵਾਂ ਦਾ ਲਾਭ ਪਹੁੰਚਾਉਣਾ ਅਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਿਲਾਂ ਦੀ ਸੁਣਵਾਈ ਕਰਕੇ ਉਨ੍ਹਾਂ ਦੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਸੇਵਾਵਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ 'ਸਰਕਾਰ ਤੁਹਾਡੇ ਦੁਆਰ' ਤਹਿਤ ਹੈਲਪਲਾਈਨ ਨੰਬਰ 1076 ਸ਼ੁਰੂ ਕੀਤੀ ਗਈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ। ਉਨ੍ਹਾਂ ਮੌਕੇ 'ਤੇ ਮੌਜੂਦ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੈਂਪਾਂ ਵਿੱਚ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਆਧਾਰ 'ਤੇ ਨਿਬੇੜਾ ਯਕੀਨੀ ਬਣਾਇਆ ਜਾਵੇ।ਕੈਂਪ ਵਿੱਚ ਪੁੱਜੇ ਪਿੰਡ ਹੀਰਾਪੁਰ ਦੇ ਸੁਰਜੀਤ ਸਿੰਘ ਅਤੇ ਦਵਿੰਦਰ ਸਿੰਘ ਨੇ ਇਸ ਉਪਰਾਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਲਾਏ ਇਨ੍ਹਾਂ ਵਿਸ਼ੇਸ਼ ਕੈਂਪਾਂ ਸਦਕਾ ਲੋਕਾਂ ਨੂੰ ਵੱਡੀ ਸਹੂਲਤ ਮਿਲੀ ਹੈ। ਇਸ ਦੌਰਾਨ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਪਿੰਡ ਹੀਰਾਪੁਰ ਵਿਖੇ ਡਾ. ਅੰਬੇਡਕਰ ਭਵਨ ਦੇ ਨਿਰਮਾਣ ਲਈ ਪੰਚਾਇਤ ਨੂੰ ਆਪਣੇ ਅਖਤਿਆਰੀ ਫੰਡ ਵਿੱਚੋਂ 3 ਲੱਖ 50 ਹਜ਼ਾਰ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਐਸ ਡੀ ਐਮ ਬਲਬੀਰ ਰਾਜ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



# ਜਿੰਪਾ ਨੇ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਗਏ ਕੈਂਪਾਂ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਵਿਧਾਨ ਸਭਾ ਖੇਤਰ ਵਿਚ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਗਏ ਕੈਂਪਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੂਰੇ ਸੂਬੇ ਵਿਚ ਲਗਾਏ ਜਾ ਰਹੇ ਇਹ ਕੈਂਪ ਦਰਸਾਉਂਦੇ ਹਨ ਕਿ ਸਰਕਾਰ ਆਮ ਆਦਮੀ ਪ੍ਰਤੀ ਕਿੰਨੀ ਫਿਕਰਮੰਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਮ ਆਦਮੀ ਨੂੰ ਧਿਆਨ ਵਿਚ ਰੱਖ ਕੇ ਹੀ ਯੋਜਨਾਵਾਂ ਤਿਆਰ ਕਰ ਰਹੀ ਹੈ, ਤਾਂ ਜੋ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚ ਸਕੇ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਮੇਅਰ ਸੁਰਿੰਦਰ ਕੁਮਾਰ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ, ਚੇਅਰਮੈਨ ਨਗਰ ਸੁਧਾਰ ਟਰੱਸਟ ਹਰਮੀਤ ਸਿੰਘ ਔਲਖ, ਪੰਜਾਬ ਉਦਯੋਗਿਕ ਵਿਕਾਸ ਨਿਗਮ ਦੇ ਵਾਈਸ ਚੇਅਰਮੈਨ ਡਾ. ਹਰਵਿੰਦਰ ਸਿੰਘ ਬਕਸ਼ੀ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਕਮਿਸ਼ਨਰ ਨਗਰ ਨਿਗਮ ਜਿਓਤੀ ਬਾਲਾ ਮੱਟੂ, ਸਹਾਇਕ ਕਮਿਸ਼ਨਰ (ਸ਼ਿਕਾਇਤਾਂ) ਦਿਵਿਆ ਪੀ ਅਤੇ ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਹੁਸ਼ਿਆਰਪੁਰ ਦੇ ਵਾਰਡ ਨੰਬਰ 2, 3, ਸਰਕਾਰੀ ਸਕੂਲ ਅੱਜੋਵਾਲ ਅਤੇ ਗੁਰੂ ਰਵਿਦਾਸ ਨਗਰ ਆਦਮਵਾਲ ਵਿਚ ਲਗਾਏ ਗਏ ਕੈਂਪਾਂ ਦਾ ਜਾਇਜ਼ਾ ਲਿਆ, ਜਿਥੇ ਲੋਕਾਂ ਵਿਚ ਕੈਂਪਾਂ ਦੇ ਪ੍ਰਤੀ ਕਾਫੀ ਉਤਸ਼ਾਹ ਪਾਇਆ ਗਿਆ ਅਤੇ ਉਨ੍ਹਾਂ ਵੱਧ-ਚੜ੍ਹ ਕੇ ਇਨ੍ਹਾਂ ਕੈਂਪਾਂ ਵਿਚ ਆ ਕੇ ਆਪਣੀਆਂ ਸਮੱਸਿਆਵਾਂ ਦਾ ਹੱਲ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਸਾਰੇ ਕੈਂਪਾਂ ਵਿਚ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਤਾਇਨਾਤ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਬੜੇ ਹੀ ਧਿਆਨ ਨਾਲ ਸੁਣ ਕੇ ਉਨ੍ਹਾਂ ਦਾ ਯੋਗ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਦੇ ਉਦੇਸ਼ ਨਾਲ 6 ਫਰਵਰੀ ਤੋਂ ਰੋਜ਼ਾਨਾ ਇਹ ਕੈਂਪ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਅਤੇ ਇਕ ਛੱਤ ਥੱਲੇ ਪੰਜਾਬ ਸਰਕਾਰ ਵਲੋਂ ਜਾਰੀ ਲੋਕ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣਾਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਹ ਕੈਂਪ ਵੱਖ-ਵੱਖ ਸਥਾਨਾਂ 'ਤੇ ਰੋਜ਼ਾਨਾ ਲੱਗਣਗੇ ਅਤੇ ਲੋਕ ਵੱਧ ਤੋਂ ਵੱਧ ਇਨ੍ਹਾਂ ਕੈਂਪਾਂ ਦਾ ਲਾਭ ਲੈਣ।

# ਜ਼ਿਲ੍ਹਾ ਭਾਸ਼ਾ ਅਫ਼ਸਰ ਦੇ ਵਿਹੜੇ ਕਰਵਾਇਆ ਤ੍ਰੈ-ਭਾਸ਼ੀ ਕਵੀ ਦਰਬਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਅਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਭਾਸ਼ਾ ਵਿਭਾਗ ਪੰਜਾਬ, ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਵਿਹੜੇ ਤ੍ਰੈ-ਭਾਸ਼ੀ ਕਵੀ ਦਰਬਾਰ ਆਯੋਜਿਤ ਕੀਤਾ ਗਿਆ। ਇਸ ਕਵੀ ਦਰਬਾਰ ਦੇ ਮੁੱਖ ਮਹਿਮਾਨ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ਼੍ਰੀਮਤੀ ਪ੍ਰਭਜੋਤ ਕੌਰ ਸਨ। ਸਮਾਗਮ ਦੀ ਪ੍ਰਧਾਨਗੀ ਉੱਘੀ ਸ਼ਾਇਰਾ ਸੁਖਵਿੰਦਰ ਅੰਮ੍ਰਿਤ ਵੱਲੋਂ ਕੀਤੀ ਗਈ ਅਤੇ ਵਿਸ਼ੇਸ਼ ਮਹਿਮਾਨ ਵਜੋਂ ਉੱਘੇ ਸ਼ਾਇਰ ਅਸ਼ੋਕ ਨਾਦਿਰ ਵੱਲੋਂ ਸ਼ਿਰਕਤ ਕੀਤੀ ਗਈ। ਸਮਾਗਮ ਦੇ ਆਰੰਭ ਵਿੱਚ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਸਮੂਹ ਪ੍ਰਧਾਨਗੀ ਮੰਡਲ, ਕਵੀਆਂ ਅਤੇ ਸ੍ਰੋਤਿਆਂ ਨੂੰ 'ਜੀ ਆਇਆਂ ਨੂੰ' ਕਿਹਾ ਗਿਆ। ਉਨ੍ਹਾਂ ਵੱਲੋਂ ਕਵਿਤਾ ਅਤੇ ਮਨੁੱਖ ਦੇ ਰਿਸ਼ਤੇ ਬਾਰੇ ਗੱਲ ਕਰਦਿਆਂ ਕਰਵਾਏ ਜਾ ਰਹੇ 'ਤ੍ਰੈ-ਭਾਸ਼ੀ ਕਵੀ ਦਰਬਾਰ' ਦੇ ਮਨੋਰਥ ਬਾਰੇ ਦੱਸਿਆ ਗਿਆ। ਇਸ ਮੌਕੇ ਉਨ੍ਹਾਂ ਨੇ ਭਾਸ਼ਾ ਵਿਭਾਗ ਪੰਜਾਬ ਦੁਆਰਾ ਕੀਤੇ ਜਾ ਰਹੇ ਕੰਮਾਂ ਅਤੇ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਹਾਲੀ ਦੀਆਂ ਪ੍ਰਾਪਤੀਆਂ ਤੋਂ ਵੀ ਹਾਜ਼ਰੀਨ ਨੂੰ ਜਾਣੂ ਕਰਵਾਇਆ। ਮੁੱਖ ਮਹਿਮਾਨ ਸ਼੍ਰੀਮਤੀ ਪ੍ਰਭਜੋਤ ਕੌਰ ਵੱਲੋਂ ਸ੍ਰੋਤਿਆਂ ਨੂੰ ਮੁਖ਼ਾਤਿਬ ਹੁੰਦਿਆਂ ਆਖਿਆ ਗਿਆ ਕਿ ਅਜੋਕੇ ਤਕਨਾਲੋਜੀ ਦੇ ਦੌਰ ਵਿਚ ਮਾਂ-ਬੋਲੀ, ਕਿਤਾਬਾਂ ਅਤੇ ਪੜ੍ਹਨ-ਲਿਖਣ ਦੇ ਕਾਰਜ ਨਾਲ ਆਪਣੇ-ਆਪ ਨੂੰ ਜੋੜ ਕੇ ਰੱਖਣਾ ਕਾਬਿਲ-ਏ-ਤਾਰੀਫ਼ ਹੈ।



ਉਨ੍ਹਾਂ ਆਖਿਆ ਕਿ ਮਾਂ-ਬੋਲੀ ਦੀ ਸੇਵਾ ਅਤੇ ਪ੍ਰਚਾਰ-ਪ੍ਰਸਾਰ ਵਿਚ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਹਾਲੀ ਦੀ ਭੂਮਿਕਾ ਮੋਹਰੀ ਹੈ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸੁਖਵਿੰਦਰ ਅੰਮ੍ਰਿਤ ਵੱਲੋਂ ਕਵੀ ਦਰਬਾਰ ਬਾਰੇ ਭਾਵਪੂਰਤ ਟਿੱਪਣੀ ਕਰਦਿਆਂ ਆਖਿਆ ਕਿ ਵੱਖ-ਵੱਖ ਜ਼ੁਬਾਨਾਂ ਦੇ ਕਵੀਆਂ ਨੂੰ ਇੱਕੋ ਮੰਚ 'ਤੇ ਇਕੱਠਾ ਕਰਨਾ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਹਾਲੀ ਦਾ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਉਨ੍ਹਾਂ ਵੱਲੋਂ 'ਉਸ ਕੋਲ ਰਹਿਮ ਨਹੀਂ ਸੀ' ਅਤੇ 'ਮਾਵਾਂ ਧੀਆਂ' ਨਜ਼ਮਾਂ ਸ੍ਰੋਤਿਆਂ ਨਾਲ ਸਾਂਝੀਆਂ ਕੀਤੀਆਂ ਗਈਆਂ। ਵਿਸ਼ੇਸ਼ ਮਹਿਮਾਨ ਅਸ਼ੋਕ ਨਾਦਿਰ ਵੱਲੋਂ ਸਮੁੱਚੇ ਸਮਾਜਿਕ ਤਾਣੇ-ਬਾਣੇ 'ਤੇ ਕਟਾਖਸ਼ ਕਰਦਿਆਂ 'ਸਿਆਸਤ ਕੇ ਪੰਨੋਂ ਮੇਂ ਯੂੰ ਗੁੰਮ ਨਹੀਂ ਹੋਨੇ ਦੂੰਗਾ' ਨਜ਼ਮ ਸਾਂਝੀ ਕੀਤੀ ਗਈ। ਇਸ ਕਵੀ ਦਰਬਾਰ ਵਿਚ ਉਰਦੂ, ਪੰਜਾਬੀ ਅਤੇ ਹਿੰਦੀ ਤਿੰਨੋ ਜ਼ੁਬਾਨਾਂ ਦੇ ਕਵੀਆਂ ਜਿਵੇਂ ਡਾ. ਅਨੀਸ਼ ਗਰਗ, ਮਨਮੋਹਨ ਸਿੰਘ ਦਾਊਂ, ਸੁਸ਼ੀਲ ਦੁਸਾਂਝ, ਦੀਪਕ ਸ਼ਰਮਾ ਚਨਾਰਥਲ, ਇਸ਼ਾ ਨਾਜ਼, ਡਾ. ਗੁਰਮਿੰਦਰ ਸਿੱਧੂ, ਪ੍ਰੇਮ ਵਿੱਜ, ਰਮਨ ਸੰਧੂ, ਸ਼ਮਸ ਤਬਰੇਜ਼ੀ, ਰਾਜਨ ਸੁਦਾਮਾ ਅਤੇ ਸੰਗੀਤਾ ਕੁੰਦਰਾ ਵੱਲੋਂ ਕਵਿਤਾ-ਪਾਠ ਲਈ ਸ਼ਮੂਲੀਅਤ ਕੀਤੀ ਗਈ। ਡਾ. ਅਨੀਸ਼ ਗਰਗ ਵੱਲੋਂ 'ਸਾਹ ਰਹਿੰਦੇ ਪੁੱਛੇ ਨਾ ਕੋਈ', ਮਨਮੋਹਨ ਸਿੰਘ ਦਾਊਂ ਵੱਲੋਂ 'ਜਗੇਗਾ ਕੋਈ ਤਾਂ ਦੀਵਾ', ਸੁਸ਼ੀਲ ਦੁਸਾਂਝ ਵੱਲੋਂ 'ਹੱਥ' ਤੇ 'ਕੰਨ', ਦੀਪਕ ਸ਼ਰਮਾ ਚਨਾਰਥਲ ਵੱਲੋਂ 'ਮੈਂ ਪੁੱਤ ਬਣ ਸੰਭਾਲਾਂਗਾ ਪੰਜਾਬੀ ਨੂੰ', ਇਸ਼ਾ ਨਾਜ਼ ਵੱਲੋਂ 'ਲਰਜ਼ਤਾ ਕਾਂਪਤਾ ਪਲਕੋਂ ਪੇ ਤਾਰਾ ਛੋੜ ਆਈ ਹੂੰ', ਡਾ. ਗੁਰਮਿੰਦਰ ਸਿੱਧੂ ਵੱਲੋਂ 'ਇਕ ਕੁੜੀ ਸੁਪਨੇ ਲਿਸ਼ਕਾਈ ਫਿਰਦੀ ਹੈ', ਪ੍ਰੇਮ ਵਿੱਜ ਵੱਲੋਂ 'ਅਗਰ ਦੁਨੀਆ ਵਾਲੋ' ਰਮਨ ਸੰਧੂ ਵੱਲੋਂ 'ਸੂਰਜ ਦੀ ਪਹੁੰਚ ਵੀ ਹਰ ਹਨੇਰੇ ਤੀਕ ਨਹੀਂ ਹੁੰਦੀ', ਸ਼ਮਸ ਤਬਰੇਜ਼ੀ ਵੱਲੋਂ 'ਹਿਸਾਬ ਦੇ ਤੋ ਦਿਯਾ', ਰਾਜਨ ਸੁਦਾਮਾ ਵੱਲੋਂ 'ਰਿਸ਼ਤੋਂ ਕਾ ਮੋਲ ਐਸੇ ਚੁਕਾਨੇ ਲਗੇ ਹੈਂ ਲੋਗ' ਅਤੇ ਸੰਗੀਤਾ ਕੁੰਦਰਾ ਵੱਲੋਂ 'ਜੋ ਤੇਰਾ ਨਹੀਂ ਵੋ ਮਿਲਾ ਨਹੀਂ' ਰਾਹੀਂ ਸਮਾਜਿਕ, ਆਰਥਿਕ, ਰਾਜਨੀਤਕ, ਸੱਭਿਆਚਾਰਕ ਆਦਿ ਪੱਖਾਂ ਬਾਰੇ ਗੱਲ ਕਰਦਿਆਂ ਸਮੁੱਚੇ ਮਨੁੱਖੀ ਤਾਣੇ-ਬਾਣੇ ਦੀ ਗੱਲ ਕੀਤੀ ਗਈ। ਸਮੂਹ ਬੁਲਾਰਿਆਂ ਵੱਲੋਂ ਦਫ਼ਤਰ ਜ਼ਿਲ੍ਹਾ ਭਾਸ਼ਾ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਕਾਰਜ ਸ਼ੈਲੀ ਅਤੇ ਸੁਹਜਮਈ ਦਿੱਖ ਦੀ ਸ਼ਲਾਘਾ ਕਰਦਿਆਂ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਗਈ। ਇਸ ਤ੍ਰੈ-ਭਾਸ਼ੀ ਕਵੀ ਦਰਬਾਰ ਵਿੱਚ ਡਾ. ਬਲਦੇਵ ਸਿੰਘ ਖਹਿਰਾ, ਡਾ. ਅਜੀਤ ਕੰਵਲ ਸਿੰਘ ਹਮਦਰਦ, ਮਨਜੀਤ ਪਾਲ ਸਿੰਘ, ਗੁਰਚਰਨ ਸਿੰਘ, ਸ਼ਾਇਰ ਭੱਟੀ, ਪਰਮਿੰਦਰ ਸਿੰਘ, ਡਾ. ਮੇਘਾ ਸਿੰਘ, ਪ੍ਰੋ. ਐੱਸ.ਕੇ. ਸ਼ਰਮਾ, ਬਲਵੰਤ ਰਾਏ, ਭੁਪਿੰਦਰ ਬੇਕਸ, ਨਿਰਮਲਾ ਦੇਵੀ, ਪਰਵਿੰਦਰ ਸਿੰਘ, ਬਲਦੇਵ ਸਿੰਘ, ਮਨਜੀਤ ਸਿੰਘ ਵੱਲੋਂ ਵੀ ਸ਼ਿਰਕਤ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਸਮੂਹ ਪ੍ਰਧਾਨਗੀ ਮੰਡਲ ਅਤੇ ਕਵੀਆਂ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਇਸ ਸਮਾਗਮ ਵਿੱਚ ਪਹੁੰਚੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਮੰਚ ਸੰਚਾਲਨ ਡਾ. ਦਰਸ਼ਨ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਹਾਲੀ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।

# 'ਲੋਕਾਂ ਦੀ ਸਰਕਾਰ ਲੋਕਾਂ ਦੇ ਦੁਆਰ' ਪ੍ਰੋਗਰਾਮ ਤਹਿਤ ਵਿਧਾਇਕ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

**ਮੋਹਾਲੀ (ਗੁਰਜੀਤ ਬਿੱਲਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਦੇ ਲਈ ਸੁਰੂ ਕੀਤੇ ਗਏ ਪ੍ਰੋਗਰਾਮ "ਆਪ ਦੀ ਸਰਕਾਰ ਆਪ ਦੇ ਦੁਆਰ" ਤਹਿਤ ਵਿਧਾਇਕ ਕੁਲਵੰਤ ਸਿੰਘ ਪਿੰਡ ਜਗਤਪੁਰਾ ਅਤੇ ਕੰਡਾਲਾ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਪਹੁੰਚੇ ਤੇ ਜ਼ਿਆਦਾਤਰ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ। ਇਸ ਮੌਕੇ ਵਿਧਾਇਕ ਨੇ ਕਿਹਾ ਕਿ ਪਹਿਲਾਂ ਲੋਕਾਂ ਨੂੰ ਸਰਕਾਰੀ ਦਫਤਰਾਂ ਦੇ ਚੱਕਰ ਲਗਾ ਕੇ ਖੱਜਲ ਹਿਮਾ ਪੈਂਦਾ ਸੀ ਪ੍ਰੰਤੂ ਹੁਣ ਸਰਕਾਰ ਖੁਦ ਹੀ ਲੋਕਾਂ ਦੇ ਦੁਆਰ 'ਤੇ ਜਾ ਕੇ ਉਹਨਾਂ ਦੀਆਂ ਸਮੱਸਿਆ ਦਾ ਨਿਪਟਾਰਾ ਕਰ ਰਹੀ ਹੈ। ਪਿੰਡ ਕੰਡਾਲਾ ਅਤੇ ਜਗਤਪੁਰਾ ਦੇ ਵਿਖੇ ਦੋ ਕੈਂਪ ਲਗਾਏ ਗਏ ਹਨ ਜਿੱਥੇ ਕਿ ਲੋਕ ਵੱਖ ਵੱਖ ਸੁਵਿਧਾਵਾਂ ਦਾ ਫਾਇਦਾ ਉਠਾ ਰਹੇ ਹਨ। ਹਲਕਾ ਵਿਧਾਇਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਟੀਮ ਵਲੋਂ ਵੀ ਲੋਕਾਂ ਦੇ ਵੱਖ ਵੱਖ ਸਕੀਮਾਂ ਦੇ ਫਾਰਮ ਭਰੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਦੇ ਸੁਧਾਰ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਬਲੌਂਗੀ ਵਿਖੇ ਆਮ ਆਦਮੀ ਕਲੀਨਿੰਗ ਬਣ ਕੇ ਤਿਆਰ ਹੋ ਚੁੱਕਾ ਹੈ। ਇਸ ਤੋਂ ਬਾਅਦ ਜਗਤਪੁਰਾ ਵਿਖੇ ਵੀ ਜਲਦੀ ਹੀ ਆਮ ਆਦਮੀ ਕਲੀਨਿਕ ਖੋਲ੍ਹਿਆ ਜਾਵੇਗਾ। ਆਮ ਆਦਮੀ ਕਲੀਨਿਕਾਂ ਦੇ ਵਿੱਚ ਜਿੱਥੇ ਮਾਹਿਰ ਡਾਕਟਰਾਂ ਦੀ ਟੀਮ ਹੈ ਉੱਥੇ ਇਲਾਜ ਦੇ ਨਾਲ ਨਾਲ ਟੈਸਟ ਵੀ ਮੁਫਤ ਕੀਤੇ ਜਾਂਦੇ ਹਨ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਪੁਲਾਂਗ ਪੁੱਟਦਿਆਂ ਸਾਨਦਾਰ ਸਕੂਲ ਆਫ ਐਮੀਨੈਂਸ ਸੁਰੂ ਕੀਤੇ ਗਏ ਹਨ ਅਤੇ ਹੁਣ ਤੱਕ 12700 ਤੋਂ ਵੀ ਵੱਧ ਕੱਚੇ ਅਧਿਆਪਕਾਂ ਨੂੰ ਪੱਕਾ ਕੀਤਾ ਜਾ ਚੁੱਕਾ ਹੈ। ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਦੀ ਸਿੰਗਾਪੁਰ ਟ੍ਰੇਨਿੰਗ ਕਰਵਾਈ ਗਈ। ਇਸ ਤੋਂ ਇਲਾਵਾ 600 ਯੂਨਿਟ ਮੁਫਤ ਬਿਜਲੀ ਦਾ ਫਾਇਦਾ ਅੱਜ ਪੰਜਾਬ ਦੇ 90 ਫੀਸਦ ਲੋਕ ਉਠਾ ਰਹੇ ਹਨ। ਪੰਜਾਬ ਦੀ ਸਰਕਾਰ ਵੱਲੋਂ ਇਕ ਕਰੋੜ ਰੁਪਏ ਹਰ ਸ਼ਹੀਦ ਜਵਾਨ ਦੇ ਪਰਵਾਰ ਨੂੰ ਦਿੱਤੇ ਜਾਂਦੇ ਹਨ ਅਤੇ ਜਖਮੀ ਜਵਾਨਾਂ ਦੀ ਸਹਾਇਤਾ ਰਾਸ਼ੀ ਦੇ ਵਿੱਚ ਵੀ ਵਾਧਾ ਦੁਗਣਾ ਕੀਤਾ ਗਿਆ ਹੈ। ਹੁਣ ਤੱਕ 11 ਸਹੀਦ ਜਵਾਨਾਂ ਦੇ ਪਰਵਾਰਾਂ ਨੂੰ ਇੱਕ 11 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ। ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੀ ਝੋਲੀ ਵੱਡੀ ਜਿੱਤ ਪਾਈ ਤੇ ਅੱਜ ਸਰਕਾਰ ਲੋਕਾਂ ਦੇ ਦੁਆਰ 'ਤੇ ਜਾ ਕੇ ਉਨਾਂ ਦੇ ਕੰਮ ਕਰ ਰਹੀ ਹੈ। ਪੰਜਾਬ ਦੇ ਲੋਕ ਆਪਣੇ ਉਸ ਫੈਸਲੇ 'ਤੇ ਪੂਰੀ ਖੁਸ਼ੀ ਅਤੇ ਤਸੱਲੀ ਪ੍ਰਗਟਾ ਰਹੇ ਹਨ। ਇਸ ਮੌਕੇ ਕੁਲਦੀਪ ਸਿੰਘ ਸਮਾਣਾ, ਰਣਜੀਤ ਸਿੰਘ ਰਾਣਾ-ਜਗਤਪੁਰਾ, ਹਰਮੇਸ ਸਿੰਘ ਕੁੰਭੜਾ, ਸਾਬਕਾ ਕੌਂਸਲਰ- ਆਰ.ਪੀ ਸਰਮਾ, ਨੰਬਰਦਾਰ ਹਰਸੰਗਤ ਸਿੰਘ ਸੁਹਾਣਾ, ਗੁਰਜੀਤ ਸਿੰਘ, ਗੁਰਜੀਤ ਸਿੰਘ, ਜਗਬੀਰ ਸਿੰਘ, ਅਮਰਿੰਦਰ ਸਿੰਘ,ਮਨਦੀਪ ਸਿੰਘ, ਜਸਵੀਰ ਸਿੰਘ. ਵੀ ਹਾਜਰ ਸਨ।

# ਨੈਸ਼ਨਲ ਲਾਈਵਸਟਾਕ ਮਿਸ਼ਨ ਸਕੀਮ ਅਧੀਨ ਚਾਰ ਹਫਤੇ ਦੀ ਮੁਫਤ ਸਿਖਲਾਈ ਦਾ ਦੂਜਾ ਬੈਚ 19 ਤੋਂ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਪੰਜਾਬ ਰਾਜ ਦੇ ਬੇਰੋਜ਼ਗਾਰ ਨੌਜ਼ਵਾਨਾਂ/ ਔਰਤਾਂ ਨੂੰ 4 ਹਫਤੇ ਦੀ ਮੁਫਤ ਡੇਅਰੀ ਸਿਖਲਾਈ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਡਾਇਰੈਕਟਰ ਡੇਅਰੀ, ਐਸ.ਏ.ਐਸ. ਨਗਰ ਸ੍ਰੀ ਵਿਨੀਤ ਕੌੜਾ ਵੱਲੋਂ ਦੱਸਿਆ ਗਿਆ ਕਿ ਇਸ ਸਿਖਲਾਈ ਦਾ ਮੁੱਖ ਮੰਤਵ ਪੇਂਡੂ ਬੇਰੁਜ਼ਗਾਰ ਨੌਜਵਾਨਾਂ/ਔਰਤਾਂ ਨੂੰ ਡੇਅਰੀ ਦਾ ਕਿੱਤਾ ਅਪਨਾਉਣ ਲਈ ਪ੍ਰੋਤਸਾਹਿਤ ਕਰਨਾ ਹੈ। ਸਾਲ 2024 ਦਾ ਦੂਜਾ ਬੈਚ 19.02.2024 ਨੂੰ ਐਸ.ਏ.ਐਸ.ਨਗਰ ਦੇ ਉਮੀਦਵਾਰਾਂ ਲਈ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਚਤਾਮਲੀ (ਰੋਪੜ) ਵਿਖੇ ਚਲਾਇਆ ਜਾਵੇਗਾ। ਇਸ ਸਿਖਲਾਈ ਲਈ ਉਮੀਦਵਾਰ ਦੀ ਉਮਰ 18 ਤੋਂ 55 ਸਾਲ ਦੀ ਹੋਣੀ ਚਾਹੀਦੀ ਹੈ, ਉਹ ਘੱਟੋ ਘੱਟ ਪੰਜਵੀ ਪਾਸ ਹੋਵੇ ਅਤੇ ਸਿਖਿਆਰਥੀ ਪੇਂਡੂ ਇਲਾਕੇ ਨਾਲ ਸਬੰਧਤ ਹੋਵੇ। ਇਸ ਸਿਖਲਾਈ ਲਈ 5000/- ਰੁਪਏ ਦੀ ਫੀਸ ਜਨਰਲ ਜਾਤੀ ਅਤੇ 4000/- ਰੁਪਏ ਦੀ ਫੀਸ ਅਨੁਸੂਚਿਤ ਜਾਤੀ ਦੇ ਸਿਖਿਆਰਥੀਆਂ ਵੱਲੋਂ ਅਦਾ ਕੀਤੀ ਜਾਵੇਗੀ ਅਤੇ ਸਫਲਤਾ ਪੂਰਵਕ ਸਿਖਲਾਈ ਪ੍ਰਾਪਤ ਸਿਖਿਆਰਥੀਆਂ ਨੂੰ ਸਿਖਲਾਈ ਦੀ ਫੀਸ ਵਾਪਿਸ ਕਰ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਕਮਰਾ ਨੰ. 434, ਤੀਜੀ ਮੰਜਿਲ, ਡਿਪਟੀ ਕਮਿਸ਼ਨਰ ਕੰਪਲੈਕਸ, ਸੈਕਟਰ 76, ਐਸ.ਏ.ਐਸ. ਨਗਰ ਜਾਂ ਮੋਬਾਇਲ ਨੰਬਰ 8567085670 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਡੀ ਸੀ ਵੱਲੋਂ ਸੀਵਰੇਜ ਮੁੱਦੇ 'ਤੇ ਸਬ-ਕਮੇਟੀ ਦੀ ਸਾਂਝੀ ਸਰਵੇਖਣ ਰਿਪੋਰਟ ਦੀ ਸਮੀਖਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਪੰਜਾਬ ਵਿਧਾਨ ਸਭਾ ਦੀ ਅਨੁਮਾਨ ਕਮੇਟੀ ਦੇ ਨਿਰਦੇਸ਼ਾਂ ਅਨੁਸਾਰ ਨੂਰਮਹਿਲ ਸੀਵਰੇਜ ਦੇ ਮੁੱਦੇ 'ਤੇ ਸਬ-ਕਮੇਟੀ ਦੀ ਡ੍ਰਾਫਟ ਰਿਪੋਰਟ ਦੀ ਸਮੀਖਿਆ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਵਿਸਥਾਰਤ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ। ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਧਾਨ ਸਭਾ ਦੀ ਅਨੁਮਾਨ ਕਮੇਟੀ ਵੱਲੋਂ ਨੂਰਮਹਿਲ ਵਿੱਚ ਸੀਵਰੇਜ ਸਿਸਟਮ ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟ (ਐਸ.ਟੀ.ਪੀ.) ਦੇ ਕੰਮਕਾਜ ਦੇ ਮੁੱਦੇ 'ਤੇ ਸਾਂਝਾ ਸਰਵੇਖਣ ਕਰਨ ਲਈ ਇੱਕ ਸਬ-ਕਮੇਟੀ ਦਾ ਗਠਨ ਕੀਤਾ ਗਿਆ ਸੀ। ਹਦਾਇਤਾਂ ਦੀ ਪਾਲਣਾ ਕਰਦਿਆਂ ਸਬ-ਕਮੇਟੀ ਨੇ ਇਸ ਮੁੱਦੇ 'ਤੇ ਸਾਂਝਾ ਸਰਵੇਖਣ ਕਰਕੇ ਇਸ ਸਬੰਧੀ ਰਿਪੋਰਟ ਤਿਆਰ ਕੀਤੀ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਸਬ-ਕਮੇਟੀ ਦੇ ਮੈਂਬਰਾਂ ਵੱਲੋਂ ਰਿਪੋਰਟ ਦੀ ਸਮੀਖਿਆ ਕੀਤੀ ਗਈ ਹੈ ਅਤੇ ਸਬ ਕਮੇਟੀ ਨੂੰ ਰਿਪੋਰਟ ਨਿਰਧਾਰਤ ਸਮੇਂ ਵਿੱਚ ਡਿਪਟੀ ਕਮਿਸ਼ਨਰ ਦਫਤਰ ਵਿਖੇ ਜਮ੍ਹਾ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਇਸ ਨੂੰ ਅੱਗੇ ਅਨੁਮਾਨ ਕਮੇਟੀ ਪਾਸ ਸਮੇਂ ਸਿਰ ਪੇਸ਼ ਕੀਤਾ ਜਾ ਸਕੇ। ਮੀਟਿੰਗ ਵਿੱਚ ਸੀ.ਏ. ਗਲਾਡਾ ਸੰਦੀਪ ਰਿਸ਼ੀ, ਕਾਰਜਕਾਰੀ ਇੰਜਨੀਅਰ ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਜਤਿਨ ਵਾਸੂਦੇਵਾ, ਐਸ.ਡੀ.ਓ. ਸੰਦੀਪ ਸ਼ਰਮਾ, ਜਨ ਸਿਹਤ ਵਿਭਾਗ ਤੋਂ ਯਾਦਵਿੰਦਰ ਸਿੰਘ ਆਦਿ ਵੀ ਮੌਜੂਦ ਸਨ।

# ਐੱਸ ਡੀ ਐੱਮ ਵੱਲੋਂ ਆਈਲੈਟਸ ਸੈਂਟਰ ਸੀਲ

**ਨਵਾਂਸ਼ਹਿਰ, (ਮਨੋਜ ਲਾਡੀ)**- ਐਸ. ਡੀ. ਐਮ ਡਾ. ਸਮੁੱਚੀ ਅਕਸ਼ਿਤਾ ਗੁਪਤਾ ਨੇ ਓਵਰਸੀਸ ਐਜੂਕੇਸ਼ਨ ਐਂਡ ਕਰਿਅਰ ਕੰਸਲਟੈਂਟ ਨਵਾਂਸ਼ਹਿਰ ਦੇ ਆਈਲੈਟਸ ਸੈਂਟਰ ਨੂੰ ਲਾਇਸੈਂਸ ਦੀ ਸੂਚਨਾ ਡਿਪਟੀ ਕਮਿਸ਼ਨਰ ਦਫਤਰ ਨੂੰ ਨਾ ਦੇਣ ਕਰਕੇ ਸੀਲ ਕੀਤਾ ਗਿਆ। ਸ਼ਿਕਾਇਤ ਮਿਲਣ 'ਤੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਉਕਤ ਸੈਂਟਰ ਨੂੰ ਸੀਲ ਕਰਨ ਦਾ ਆਦੇਸ ਦਿੱਤਾ। ਉਨ੍ਹਾਂ ਦੱਸਿਆ ਕਿ ਲਾਇਸੈਂਸ ਲੁਧਿਆਣਾ ਫਰਮ ਦਾ ਸੀ। ਇਸ ਬ੍ਰਾਂਚ ਨੇ ਦਫਤਰ ਡਿਪਟੀ ਕਮਿਸ਼ਨਰ ਨੂੰ ਕੋਈ ਸੂਚਨਾ ਨਹੀਂ ਦਿੱਤੀ ਸੀ। ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕੋਈ ਫਰਮ ਜਾਅਲੀ ਲਾਇਸੈਂਸ ਰਾਹੀਂ ਸੈਂਟਰ ਚਲਾਵੇਗੀ ਤਾਂ ਉਸ 'ਤੇ ਕਾਰਵਾਈ ਕੀਤੀ ਜਾਵੇਗੀ।

# ਨਾਜਾਇਜ ਉਸਾਰੀ ਦੀ ਜਾਂਚ ਲਈ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ, (ਬਲਵਿੰਦਰ ਸਿੰਘ ਸੈਣੀ)**— ਵਰਕਿੰਗ ਰਿਪੋਰਟਰਜ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦੇ ਅਤੇ ਇਕਾਈ ਪ੍ਰਧਾਨ ਇੰਦਰਜੀਤ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਐਸ.ਡੀ.ਐਮ ਮੁਕੇਰੀਆ ਅਸ਼ੋਕ ਕੁਮਾਰ ਨੂੰ ਰਾਜੇਸ਼ ਰੱਤੂ ਵੱਲੋਂ ਬੀਤੇ ਦਿਨ ਕਥਿਤ ਤੌਰ 'ਤੇ ਕੀਤੇ ਗਏ ਨਜਾਇਜ ਉਸਾਰੀ ਦੇ ਮਾਮਲੇ ਦੀ ਜਾਂਚ ਕਰਵਾਉਣ ਲਈ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਉਨ੍ਹਾਂ ਲਿਖਿਆ ਹੈ ਕਿ ਕਿਵੇਂ ਪਿਛਲੇ 13 ਦਿਨਾਂ ਤੋਂ ਸ਼ਹਿਰ ਦੇ ਵਿਚਕਾਰ ਇੱਕ ਵਿਅਕਤੀ ਵੱਲੋਂ ਨਾਜਾਇਜ ਉਸਾਰੀ ਕੀਤੀ ਜਾ ਰਹੀ ਸੀ ਪਰ ਕੋਈ ਵੀ ਸਬੰਧਤ ਅਧਿਕਾਰੀ ਇਸ ਨੂੰ ਰੋਕਣ ਲਈ ਨਹੀਂ ਆਇਆ, ਸਿਰਫ ਨੋਟਿਸ ਜਾਰੀ ਕੀਤਾ ਗਿਆ। ਜਦੋਂ ਕਿ ਇਹ ਮਾਮਲਾ ਅਦਾਲਤ ਦੇ ਵਿਚਾਰ ਅਧੀਨ ਹੈ। ਉਨ੍ਹਾਂ ਅਦਾਲਤ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਸਖਤੀ ਨਾਲ ਜਾਂਚ ਕੀਤੀ ਜਾਵੇ ਅਤੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਸਿਹਤ ਵਿਭਾਗ ਦੀ ਟੀਮ ਨੇ ਪੇਟ ਦੇ ਕੀੜਿਆਂ ਤੋਂ ਮੁਕਤੀ ਲਈ ਕੀਤਾ ਜਾਗਰੂਕ

**ਨਵਾਂਸਹਿਰ, (ਮਨੋਜ ਲਾਡੀ)**- ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਪੀ. ਐਚ. ਸੀ. ਮੁਜੱਫਰਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੇਟ ਦੇ ਕੀੜਿਆਂ ਸਬੰਧੀ ਰਾਸ਼ਟਰੀ ਮੁਕਤੀ ਦਿਵਸ ਮਨਾਇਆ ਗਿਆ। ਸਾਰੇ ਸਰਕਾਰੀ ਅਤੇ ਪਾਈਵੇਟ ਸਕੂਲਾਂ ਤੇ ਸਾਰੇ ਹੀ ਆਂਗਣਵਾੜੀ ਸੈਂਟਰਾਂ 'ਚ ਬੱਚਿਆਂ ਨੂੰ ਪੇਟ ਦੇ ਕੀੜੇ ਮਾਰਨ ਵਾਲੀਆਂ ਐਲਬੈਂਡਾਜੋਲ ਗੋਲੀਆਂ ਅਤੇ ਪੀਣ ਲਈ ਦਵਾਈ ਦਿੱਤੀ ਗਈ। ਸਿਹਤ ਅਧਿਕਾਰੀ ਘਨਸ਼ਾਮ ਅਤੇ ਸੀ. ਐਚ. ਓ. ਗੁਰਪ੍ਰੀਤ ਸਿੰਘ ਵੱਲੋਂ ਦੱਸਿਆ ਗਿਆ ਕਿ ਪੇਟ ਵਿੱਚ ਕੀੜੇ ਹੋਣ ਕਾਰਨ ਬੱਚਿਆਂ ਵਿੱਚ ਕੁਪੋਸ਼ਣ ਅਤੇ ਖੂਨ ਦੀ ਕਮੀ ਹੋ ਜਾਂਦੀ ਹੈ। ਜਿਸ ਨਾਲ ਹਮੇਸ਼ਾ ਥਕਾਵਟ ਰਹਿੰਦੀ ਹੈ। ਬੱਚਿਆਂ ਦਾ ਸੰਪੂਰਨ ਸਰੀਰਕ ਤੇ ਮਾਨਸਿਕ ਵਿਕਾਸ ਰੁਕ ਜਾਂਦਾ ਹੈ। ਉਨ੍ਹਾਂ ਇਸ ਤੋਂ ਬਚਾਅ ਸਬੰਧੀ ਦੱਸਿਆ ਕਿ ਖੁੱਲ੍ਹੇ ਵਿੱਚ ਜਾਣ ਦੀ ਬਜਾਏ ਪਖਾਨੇ ਦੀ ਵਰਤੋਂ ਕਰਨੀ ਚਾਹੀਦੀ ਹੈ, ਆਪਣੇ ਹੱਥ ਚੰਗੀ ਤਰ੍ਹਾਂ ਸਾਬਣ ਨਾਲ ਖਾਣਾ ਖਾਣ ਤੋਂ ਪਹਿਲਾਂ ਅਤੇ ਬਾਅਦ 'ਚ ਧੋਣੇ ਚਾਹੀਦੇ ਹਨ। ਨੰਗੇ ਪੈਰੀਂ ਨਾ ਚਲੋ, ਹਮੇਸ਼ਾ ਜੁੱਤੀ ਜਾਂ ਚੱਪਲਾਂ ਪਹਿਨੋ। ਨਹੁੰ ਸਾਫ ਅਤੇ ਕੱਟ ਕੇ ਰੱਖੋ। ਪੀਣ ਵਾਲਾ ਪਾਣੀ ਢੱਕ ਕੇ ਰੱਖੋ, ਫਲਾਂ ਅਤੇ ਸਬਜੀਆਂ ਨੂੰ ਚੰਗੀ ਤਰ੍ਹਾਂ ਸਾਫ ਪਾਣੀ ਨਾਲ ਧੋਵੋ। ਇਸ ਮੁਹਿੰਮ ਵਿੱਚ ਸਕੂਲਾਂ ਦੇ ਅਧਿਆਪਕਾਂ ਵੱਲੋਂ ਅਤੇ ਆਸ਼ਾ ਵਰਕਰ ਜੀਵਨ ਕੁਮਾਰੀ ਵਲੋਂ ਪੂਰਾ ਸਹਿਯੋਗ ਦਿੱਤਾ ਗਿਆ।

# ਸਿਲਵਰ ਓਕ ਸਕੂਲ ਦੇ ਖਿਡਾਰੀ ਨੇ ਗਤਕਾ ਚੈਂਪੀਅਨਸ਼ਿਪ 'ਚ ਜਿੱਤਿਆ ਗੋਲਡ

**ਟਾਂਡਾ ਉੜਮੁੜ, (ਉਂਕਾਰ ਸਿੰਘ, ਜਸਵਿੰਦਰ ਸੰਧੂ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਾਹਬਾਜਪੁਰ ਦੇ ਹੋਣਹਾਰ ਗਤਕਾ ਖਿਡਾਰੀ



ਗੁਰਕੀਰਤ ਸਿੰਘ ਨੇ ਛੱਤੀਸਗੜ੍ਹ ਵਿੱਚ ਚੱਲ ਰਹੀ ਨੈਸ਼ਨਲ ਗਤਕਾ ਚੈਂਪੀਅਨਸ਼ਿਪ ਦੇ ਵਿੱਚ ਗੋਲਡ ਮੈਡਲ ਜਿੱਤ ਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ ਹੈ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸਾ ਸੰਗਰ ਨੇ ਗੁਰਕੀਰਤ ਸਿੰਘ ਨੂੰ ਵਧਾਈ ਦਿੰਦਿਆਂ ਹੋਇਆ ਉਸ ਦੀ ਇਸ ਉਪਲਬਧੀ ਲਈ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ। ਸਮੂਹ ਸਟਾਫ ਨੇ ਇਸ ਮੌਕੇ 'ਤੇ ਖੁਸ਼ੀ ਦਾ ਇਜਹਾਰ ਕੀਤਾ ਅਤੇ ਸਕੂਲ ਦੇ ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ ਅਤੇ ਅਧਿਆਪਕ ਅਮਰਜੀਤ ਕੌਰ ਸੈਣੀ ਅਤੇ ਆਸੀਵਾਨੀ ਸ਼ਰਮਾ ਨੂੰ ਮੁਬਾਰਕਬਾਦ ਦਿੱਤੀ ਅਤੇ ਪਰਮਾਤਮਾ ਨੂੰ ਅਰਦਾਸ ਕੀਤੀ ਕਿ ਸਕੂਲ ਦੇ ਖਿਡਾਰੀ ਇਸੇ ਤਰ੍ਹਾਂ ਹੀ ਆਪਣੇ ਸਕੂਲ ਦਾ, ਆਪਣੇ ਮਾਪਿਆਂ ਦਾ ਅਤੇ ਇਲਾਕੇ ਦਾ ਨਾਂਅ ਰੌਸ਼ਨ ਕਰਨ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਰਾਜਵਿੰਦਰ ਕੌਰ, ਪਰਮਜੀਤ ਕੌਰ, ਰਾਜਵੀਰ ਕੌਰ, ਪ੍ਰਿਯਾ, ਗੁਰਪ੍ਰੀਤ, ਵਿਸ਼ਾਲੀ, ਬਲਜੀਤ, ਕੰਚਨ, ਪੂਜਾ, ਸ਼ਵੇਤਾ, ਰੁਪਿੰਦਰ, ਪਰਵੀਨ, ਗੁਰਦੇਵ ਸਿੰਘ, ਹਰਜੀਤ ਸਿੰਘ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।

# ਐਡਵੋਕੇਟ ਬਖਸ਼ੀ ਤੇ ਖੋਸਲਾ ਭਾਜਪਾ 'ਚ ਸ਼ਾਮਲ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਪਰਮਜੀਤ ਸਿੰਘ ਬਖਸ਼ੀ ਮੁੜ ਭਾਜਪਾ 'ਚ ਸ਼ਾਮਿਲ ਹੋ ਗਏ ਹਨ। ਉਹ ਪਾਰਟੀ ਦੇ ਸਾਬਕਾ ਜ਼ਿਲ੍ਹਾ ਜਨਰਲ ਸਕੱਤਰ ਵੀ ਹਨ ਅਤੇ ਉਨ੍ਹਾਂ ਦੀ ਪਤਨੀ ਜਸਪ੍ਰੀਤ ਕੌਰ ਕੌਂਸਲਰ ਹਨ। ਬਖਸ਼ੀ ਦੇ ਨਾਲ ਹੀ ਅਮਿਤ ਖੋਸਲਾ ਵੀ ਭਾਜਪਾ ਵਿੱਚ ਵਾਪਸ ਆ ਗਏ ਹਨ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਾਜਵਿੰਦਰ ਸਿੰਘ ਲੱਕੀ ਅਤੇ ਸੀਨੀਅਰ ਭਾਜਪਾ ਆਗੂ ਡਾ: ਅਸ਼ਵਨੀ ਧੀਰ ਦੇ ਯਤਨਾਂ ਸਦਕਾ ਭਾਜਪਾ ਵਿੱਚ ਸ਼ਾਮਲ ਹੋਏ ਬਖਸ਼ੀ ਅਤੇ ਖੋਸਲਾ ਨੂੰ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਉਨ੍ਹਾਂ ਕਿਹਾ ਕਿ 2024 ਵਿੱਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੇਸ਼ ਦੀ ਰਾਜਨੀਤੀ ਲਈ ਬਹੁਤ ਮਹੱਤਵਪੂਰਨ ਹਨ ਅਤੇ ਇਹ ਆਉਣ ਵਾਲੇ 50-100 ਸਾਲਾਂ ਦਾ ਸਮਾਂ ਤੈਅ ਕਰਨਗੀਆਂ। ਭਾਰਤੀ ਜਨਤਾ ਪਾਰਟੀ ਨੇ 2019 ਵਿੱਚ ਦੇਸ਼ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਨਵੇਂ ਆਯਾਮ ਸਥਾਪਿਤ ਕਰੇਗੀ। ਪਾਰਟੀ ਸ੍ਰੀ ਆਨੰਦਪੁਰ ਸਾਹਿਬ ਸੀਟ ਲਈ ਵੀ ਪੂਰੀ ਤਰ੍ਹਾਂ ਤਿਆਰ ਹੈ ਅਤੇ ਇਸ ਵਾਰ ਪੰਜਾਬ ਸਮੇਤ ਇਸ



ਸੀਟ ਤੋਂ ਭਾਜਪਾ ਉਮੀਦਵਾਰ ਹੀ ਜਿੱਤ ਪ੍ਰਾਪਤ ਕਰਕੇ ਕੇਂਦਰ ਸਰਕਾਰ ਵਿੱਚ ਭੂਮਿਕਾ ਨਿਭਾਉਣਗੇ। ਇਸ ਮੌਕੇ ਸਾਬਕਾ ਕੌਂਸਲਰ ਡਾ: ਸ਼ਿਵ ਕੁਮਾਰ ਤੇਜਪਾਲ, ਭਾਜਪਾ ਆਗੂ ਸੰਜੀਵ ਭਾਰਦਵਾਜ, ਐਡਵੋਕੇਟ ਕਮਲ ਦੀਵਾਨ, ਕਰਨ ਦੀਵਾਨ, ਨਮਰਤਾ ਖੰਨਾ, ਡਾ: ਰਾਵਲ, ਐਡਵੋਕੇਟ ਧੀਰਜ ਸਹਿਜਪਾਲ, ਐਡਵੋਕੇਟ ਵਿਸਾਲ ਸਰਮਾ, ਵਿਕਰਮ ਸਰਮਾ, ਪ੍ਰਦੀਪ ਧੀਰ, ਬਹਾਦਰ ਚੰਦ ਅਰੋੜਾ, ਮੁਕੇਸ ਮਾਰਕੰਡਾ, ਸਾਮ ਸੁੰਦਰ ਜਾਡਲਾ ਆਦਿ ਹਾਜਰ ਸਨ।

# ਸ਼ਿਕਾਇਤਾਂ ਦੀ ਰਜਿਸਟ੍ਰੇਸ਼ਨ ਕਰਕੇ ਸ਼੍ਰੇਣੀਵਾਰ ਉਨ੍ਹਾਂ ਦਾ ਜਲਦੀ ਹੱਲ ਕੀਤਾ ਜਾਵੇ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ )**— ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਜਨ ਸੰਵਾਦ ਪ੍ਰੋਗ੍ਰਾਮ ਦੌਰਾਨ ਫੀਲਡ ਨਾਲ ਲੋਕਾਂ ਵੱਲੋਂ ਲਿਖਿਤ ਵਿਚ ਦਿੱਤੀਆਂ ਗਈਆਂ ਸ਼ਿਕਾਇਤਾਂ ਦਾ ਰਜਿਸਟ੍ਰੇਸ਼ਨ ਜਨ ਸੰਵਾਦ ਪੋਰਟਲ 'ਤੇ ਕਰਨ ਅਤੇ ਸ਼੍ਰੇਣੀਵਾਰ ਉਨ੍ਹਾਂ ਦਾ ਜਲਦੀ ਹੱਲ ਕਰਨ। ਮੁੱਖ ਮੰਤਰੀ ਇੱਥੇ ਜਨ ਸੰਵਾਦ ਪੋਰਟਲ ਜਤੇ ਦਰਜ ਸ਼ਿਕਾਇਤਾਂ ਦੇ ਹੱਲ ਦੇ ਸਬੰਧ ਵਿਚ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿਚ ਵਿਕਾਸ ਅਤੇ ਪੰਚਾਇਤ ਅਤੇ ਉੱਚੇਰੀ ਸਿਖਿਆ ਵਿਭਾਗ ਨਾਲ ਸਬੰਧਿਤ ਪ੍ਰਾਪਤ ਸ਼ਿਕਾਇਤਾਂ ਦੀ ਸਮੀਖਿਆ ਕੀਤੀ ਗਈ। ਮੁੱਖ ਮੰਤਰੀ ਨੇ ਕਿਹਾ ਕਿ ਵਿਕਾਸ ਅਤੇ ਪੰਚਾਇਤ ਵਿਭਾਗ ਨਾਲ ਸਬੰਧਿਤ ਜਿਆਦਾਤਰ ਮਾਮਲੇ ਇੰਜੀਨੀਅਰਿੰਗ ਵਰਕਸ ਨਾਲ ਜੁੜੇ ਹਨ, ਇਸ ਲਈ ਅੰਦਾਜਾ ਤਿਆਰ ਕਰਨ ਲਈ ਸਰਕਾਰੀ ਵਿਦਿਆਰਥੀਆਂ ਤੇ ਬਹੁਤਕਨੀਕੀ ਸੰਸਥਾਨਾਂ ਵਿਚ ਸਿਵਲ ਇੰਜੀਨੀਅਰ ਕਰ ਰਹੇ ਆਖੀਰੀ ਸਾਲ ਦੇ ਵਿਦਿਆਰਥੀਆਂ ਨੂੰ ਜੂਨੀਅਰ ਇੰਜੀਨੀਅਰਾਂ ਦੇ ਨਾਲ ਜੋੜਿਆ ਜਾਵੇ, ਤਾਂ ਜੋ ਜੂਨੀਅਰ ਇੰਜੀਨੀਅਰਾਂ ਨੂੰ ਅੰਦਾਜਾ ਤਿਆਰ ਕਰਨ ਵਿਚ ਸਹਿਯੋਗ ਮਿਲ ਸਕੇ।ਜਨ ਸੰਵਾਦ ਪ੍ਰੋਗ੍ਰਾਮ ਦੌਰਾਨ ਸ਼ਿਕਾਇਤਾਂ ਦੇ ਨਿਪਟਾਨ ਲਈ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੇ ਵਧੀਕ ਮੁੱਖ ਸਕੱਤਰ ਏ ਕੇ ਸਿੰਘ, ਬਿਜਲੀ ਨਿਗਮਾਂ ਦੇ ਚੇਅਰਮੈਨ ਪੀ ਕੇਦਾਸ, ਸੇਵਾ ਦਾ ਅਧਿਕਾਰ ਕਮਿਸ਼ਨ ਦੇ ਮੁੱਖ ਕਮਿਸ਼ਨਰ ਟੀਸੀ ਗੁਪਤਾ ਅਤੇ ਮੁੱਖ ਮੰਤਰੀ ਦੇ ਸਲਾਹਕਾਰ (ਸਿੰਚਾਈ) ਦੇਵੇਂਦਰ ਸਿੰਘ ਨੂੰ ਵਿਸ਼ੇਸ਼ ਜਿਮੇਵਾਰੀ ਸੌਂਪੀ ਗਈ ਹੈ। ਇਸ ਮੌਕੇ 'ਤੇ ਮਾਲ ਵਿਭਾਗ ਦੇ ਵਧੀਕ ਮੁੱਖ ਸਕੱਤਰ ਅਨੁਰਾਗ ਰਸਤੋਗੀ, ਉੱਚੇਰੀ ਸਿਖਿਆ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਨੰਦ ਮੋਹਨ ਸ਼ਰਣ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਅਨਿਲ ਮਲਿਕ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਵੀ ਉਮਾਸ਼ੰਕਰ, ਉੱਚੇਰੀ ਸਿਖਿਆ ਦੇ ਮਹਾਨਿਦੇਸ਼ਕ ਰਾਜੀਵ ਰਤਨ, ਹਰਿਆਣਾ ਉੱਚੇਰੀ ਸਿਖਿਆ ਵਿਭਾਗ ਪਰਿਸ਼ਦ ਦੇ ਚੇਅਰਮੈਨ ਕੈਲਾਸ਼ ਚੰਦਰ ਸ਼ਰਮਾ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

# ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ 2 ਮੈਂਬਰ ਅਸਲੇ ਸਮੇਤ ਕਾਬੂ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ )**- ਲੁੱਟਾਂ ਖੋਹਾਂ ਤੇ ਹਮਲੇ ਦੀਆਂ ਕਾਰਵਾਈਆਂ ਕਰਨ ਵਾਲੇ 2 ਮੈਂਬਰਾਂ ਨੂੰ ਪੁਲਸ ਨੇ ਮੇਹਟਾਂ ਪੁੱਲ ਹੇਠੋਂ ਕਾਬੂ ਕਰਕੇ ਇਨ੍ਹਾਂ ਪਾਸੋਂ 2 ਪਿਸਤੌਲ ਤੇ ਇੱਕ ਸਵਿਫਟ ਕਾਰ( ਨੰ.ਪੀ.ਬੀ.10ਡੀ.ਟੀ.1242) ਬਰਾਮਦ ਕੀਤੀ ਹੈ ।ਜਿਲ੍ਹੇ ਦੀ ਐਸ.ਐਸ.ਪੀ. ਵਸਤਲਾ ਗੁਪਤਾ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਨਵਜੋਤ ਸਿੰਘ ਉਰਫ ਮਨੀ ਬਾਬਾ ਪੁੱਤਰ ਮਲਕੀਅਤ ਸਿੰਘ ਵਾਸੀ ਮੁਸਕਵੇਦ ਕਪੂਰਥਲਾ ਵੱਜੋਂ ਹੋਈ ਹੈ ਤੇ ਦੂਜੇ ਦੀ ਪਛਾਣ ਕਰਨ ਪੁੱਤਰ ਅਸ਼ੋਕ ਕੁਮਾਰ ਵਾਸੀ ਮੁਸਕਵੇਦ ਵੱਜੋਂ ਹੋਈ ਹੈ। ਇਨ੍ਹਾਂ ਨੇ 7-8 ਮੈਂਬਰੀ ਆਪਣਾ ਗੈਂਗ ਬਣਾਇਆ ਹੋਇਆ ਹੈ ਤੇ ਕਈ ਅਪਰਾਧਿਕ ਘਟਨਾਵਾਂ ਦੀ ਸਾਜਿਸ਼ ਕਰਕੇ ਇਸਨੂੰ ਅੰਜਾਮ ਤੱਕ ਪਹੁੰਚਾਉਂਦੇ ਹਨ । ਇਨ੍ਹਾਂ ਖਿਲਾਫ ਪਹਿਲਾਂ ਵੀ ਕਈ ਮੁਕੱਦਮੇ ਦਰਜ ਹਨ। ਪੁਲਸ ਨੇ ਇਨ੍ਹਾਂ ਦਾ 1 ਦਿਨ ਦਾ ਰਿਮਾਂਡ ਲੈ ਲਿਆ ਹੈ। ਇਸ ਮੌਕੇ ਡੀ.ਐਸ.ਪੀ. ਜਸਪ੍ਰੀਤ ਸਿੰਘ ਵੀ ਹਾਜਰ ਸਨ ।

# ਮਹੇੜੂ ਤੋਂ ਗ੍ਰਿਫਤਾਰ ਮੁਲਜ਼ਮਾਂ ਦਾ ਅਦਾਲਤ ਵੱਲੋਂ ਦੋ ਦਿਨ ਦਾ ਮੁੜ ਪੁਲਸ ਰਿਮਾਂਡ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**-ਇਥੋਂ ਦੇ ਮਹੇੜੂ ਵਿਖੇ ਦੋ ਪੀ.ਜੀ 'ਚ ਪੁਲਸ ਵਲੋਂ ਛਾਪੇਮਾਰੀ ਉਪਰੰਤ ਕਾਬੂ ਕੀਤੇ ਗਏ ਵਿਅਕਤੀਆਂ ਨੂੰ ਇੱਕ ਦਿਨ ਦਾ ਪੁਲਸ ਰਿਮਾਂਡ ਖਤਮ ਹੋਣ ਉਪਰੰਤ ਮੁੜ ਅਦਾਲਤ 'ਚ ਪੇਸ਼ ਕੀਤਾ ਗਿਆ ਜਿਥੇ ਅਦਾਲਤ ਵਲੋਂ ਦੋ ਦਿਨ ਦਾ ਪੁਲਸ ਰਿਮਾਂਡ ਮੁੜ ਦੇ ਦਿੱਤਾ ਹੈ। ਇਸ ਦੀ ਪੁਸ਼ਟੀ ਐਸ.ਐਚ.ਓ ਸਤਨਾਮਪੁਰਾ ਜਤਿੰਦਰ ਕੁਮਾਰ ਨੇ ਕੀਤੀ ਤੇ ਦੱਸਿਆ ਕਿ ਕਾਬੂ ਕੀਤੇ ਵਿਅਕਤੀਆਂ ਦੀ ਪਛਾਣ ਅਜੈ ਕੁਮਾਰ ਵਾਸੀ ਫੁਰਵਾਲਾ ਥਾਣਾ ਬਿਲਗਾ, ਜੋਤੀ ਵਾਸੀ ਰੋਸੇ ਥਾਣਾ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ, ਵਿਵੇਕ ਕੁਮਾਰ ਵਾਸੀ ਗ੍ਰੀਨ ਮਾਡਲ ਟਾਊਨ ਜਲੰਧਰ, ਹਰਪ੍ਰੀਤ ਕੌਰ ਵਾਸੀ ਗੜ੍ਹਸ਼ੰਕਰ, ਧਰਮਪ੍ਰੀਤ ਵਾਸੀ ਉੱਪਲ ਖਾਲਸਾ, ਨੀਰਜ ਵਾਸੀ ਅਗਵਾੜ, ਕਮਲ ਭਾਟੀਆ ਵਾਸੀ ਠੀਲਾ ਥਾਣਾ ਬਿਲਗਾ, ਮਨਜੋਤ ਵਾਸੀ ਢੋਲਣ, ਵਾਜ ਹਾਲ ਵਾਸੀ ਗ੍ਰੀਨ ਵੈਲੀ, ਨਿਸੀਮਰੀਮਾਨਾ, ਲਵਿਤ ਪਰਾਸ਼ਰ ਉਰਫ ਲਵਿਤ ਪੰਡਿਤ ਵਾਸੀ ਫੁਰਵਾਲਾ, ਦੀਪਕ ਬਹਿਲ ਵਾਸੀ ਅੰਮ੍ਰਿਤਸਰ, ਜਸਪਾਲ ਸਿੰਘ ਵਾਸੀ ਮਿੱਠਾਪੁਰ ਰੋਡ ਜਲੰਧਰ, ਸੰਕਰ ਅਰੋੜਾ ਵਾਸੀ ਪਿੰਡ ਨਾਰੰਗਸਾਹਪੁਰ, ਸੁਖਦੀਪ ਸਿੰਘ ਵਾਸੀ ਪਿੰਡ ਸਮਸਪੁਰੀ, ਪ੍ਰਭੋਜਤ ਸਿੰਘ ਵਾਸੀ ਇੰਡਸਟਰੀ ਏਰੀਆ ਜਲੰਧਰ, ਬੇਅੰਤ ਸਿੰਘ ਵਾਸੀ ਚੱਕ ਹਕੀਮ ਫਗਵਾੜਾ, ਅੰਕਿਤ ਗੁਪਤਾ ਵਾਸੀ ਟਾਵਰ ਇਨਕਲੇਵ ਜਲੰਧਰ, ਸੁਚਿਤਰਾ ਥੰਮੀ, ਵੇਲਾਸਿਨੀ ਪੁੰਜਨ, ਕਮਾਲਥੀਰ ਤਨਤਾਹੀ, ਐਵੇਰਿਨ, ਰੁੰਗਤੀਵਾ ਡੇਚਾਈ, ਰਤਨਫੋਰਨ, ਨੀਪਾਪੋਰਨ, ਜੇਨਜੀਰਾ ਕਲਾਨਾ ਵਾਸੀਆਨ ਥਾਈਲੈਂਡ ਵਜੋਂ ਹੋਈ ਹੈ।

# ਹੇੜੀਆਂ ਵਿਖੇ 18ਵਾਂ ਮਹਾਨ ਸੰਤ ਸੰਮੇਲਨ ਕਰਵਾਇਆ





**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਹੇੜੀਆ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲਾਨਾ 18ਵਾਂ ਮਹਾਨ ਸੰਤ ਸੰਮੇਲਨ ਸ੍ਰੀ 108 ਸੰਤ ਬਾਬਾ ਨਿਰੰਜਣ ਦਾਸ ਜੀ ਸੱਚਖੰਡ ਬੱਲਾਂ ਦੀ ਅਗਵਾਈ ਹੇਠ ਕਰਵਾਇਆ ਗਿਆ। ਅੰਮ੍ਰਿਤ ਬਾਣੀ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸੰਤ ਸਮਾਗਮ ਕਰਵਾਏ ਗਏ। ਇਸ ਮੌਕੇ ਸਮਾਗਮ ਦੌਰਾਨ ਸੰਤ ਬਾਬਾ ਸੁਖਵਿੰਦਰ ਦਾਸ ਢੱਡੇ, ਸੰਤ ਬਾਬਾ ਕੁਰਸੇਤਰ ਗਿਰੀ ਫੁਗਲਾਣਾ, ਸੰਤ ਬਾਬਾ ਲੇਖਰਾਜ ਨੂਰਪੁਰ, ਬਾਬਾ ਜਗਦੀਸ ਦਾਸ ਮੰਡਵੀ, ਦਵਿੰਦਰ ਦਾਸ ਬੱਲਾਂ, ਹਰਦੇਵ ਦਾਸ ਬੱਲਾਂ ਇਲਾਕੇ ਭਰ ਤੋਂ ਹੋਰ ਸੰਤ ਮਹਾਂਪੁਰਸ, ਰਾਗੀ ਜਥੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼ ਅਤੇ ਸਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਗੁਰਦਿਆਲ ਸਿੰਘ, ਆਤਮਾ ਰਾਮ ਹੇੜੀਆ, ਬਲਕਾਰ ਸਿੰਘ ਕਾਲਾ, ਰਜਿੰਦਰ ਕੁਮਾਰ, ਨਿਰਮਲ ਸਿੰਘ ਹੁੱਕੜਾ, ਹਰਜਿੰਦਰ ਸਿੰਘ, ਬਿੱਟਾ, ਸਤੀਸ ਕੁਮਾਰ ਬੱਲ, ਜਸਵੀਰ ਸਿੰਘ ਬੱਡਲਾ ਖੁਰਦ, ਪਾਲ ਸਿੰਘ, ਬਾਬਾ ਕਮਲਜੀਤ ਸਿੰਘ ਮੁੱਖਲਿਆਣਾ, ਚਰਨਜੀਤ ਸਿੰਘ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ, ਕੈਪਟਨ ਹਰਬੰਸ ਲਾਲ, ਕੇਵਲ ਕ੍ਰਿਸਨ, ਗੁਰ ਅੰਮ੍ਰਿਤ ਸਿੰਘ, ਸਰਵਣ ਕੁਮਾਰ, ਜਗਦੀਸ ਕੁਮਾਰ, ਨਰੇਸ ਕੁਮਾਰ ਬੱਡਲਾ, ਪੁਰਸੋਤਮ ਕੁਮਾਰ ਮੁੱਖਲਿਆਣਾ, ਜੋਗਿੰਦਰ ਹੁੱਕੜਾ, ਰਵਿੰਦਰ ਪਾਲ ਅੱਤੋਵਾਲ, ਰਕੇਸ ਕੁਮਾਰ ਦਿਹਾਣਾ, ਮਨਜੀਤ ਸਿੰਘ ਭੁੰਗਰਨੀ, ਸੋਮ ਲਾਲ ਫੁਗਲਾਣਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ। ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# ਕਿਸਾਨਾਂ ਨੂੰ ਖੇਤੀ ਲਈ ਟਿਊਬਵੈਲਾਂ ਦੇ ਨਾਲ-ਨਾਲ ਬਦਲਵੀਆਂ ਸਿੰਜਾਈ ਸਹੂਲਤਾਂ ਮੁਹੱਈਆ : ਜੌੜਾਮਾਜਰਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਟਿਊਬਵੈਲਾਂ ਦੇ ਨਾਲ-ਨਾਲ ਬਦਲਵੀਆਂ ਸਿੰਜਾਈ ਸਹੂਲਤਾਂ ਮੁਹੱਈਆ ਕਰਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ 15 ਲੱਖ ਤੋਂ ਵੱਧ ਟਿਊਬਵੈਲ ਖੁੱਲ੍ਹੇ ਖਾਲਾਂ ਰਾਹੀਂ 50 ਤੋਂ 55 ਫ਼ੀਸਦੀ ਕੁਸ਼ਲਤਾ ਨਾਲ 29 ਲੱਖ ਹੈਕਟੇਅਰ ਰਕਬੇ ਦੀ ਸਿੰਜਾਈ ਕਰਦੇ ਹਨ ਜਿਸ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਡਿੱਗ ਰਿਹਾ ਹੈ। ਅੰਦਾਜ਼ਨ 20 ਤੋਂ 25 ਫ਼ੀਸਦੀ ਪਾਣੀ ਖੁੱਲ੍ਹੇ ਖਾਲਾਂ, ਜੋ ਜ਼ਿਆਦਾਤਰ ਕੱਚੇ ਹਨ, ਵਿੱਚ ਵਿਅਰਥ ਜਾਂਦਾ ਹੈ। ਇਸ ਤੋਂ ਇਲਾਵਾ ਸੂਬੇ ਵਿੱਚ ਕਰੀਬ 10 ਹਜ਼ਾਰ ਹੈਕਟੇਅਰ ਰਕਬਾ ਖੁੱਲ੍ਹੇ ਖਾਲਾਂ ਅਧੀਨ ਹੋਣ ਕਰਕੇ ਖੇਤੀ ਉਤਪਾਦਕਤਾ ਤੋਂ ਵਾਂਝਾਂ ਰਹਿ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਨ ਦੇ ਸਨਮੁਖ ਸੂਬਾ ਸਰਕਾਰ ਨੇ ਕਿਸਾਨਾਂ ਨੂੰ ਖੇਤੀ ਲਈ ਨਹਿਰੀ ਪਾਣੀ ਮੁਹੱਈਆ ਕਰਾਉਣ ਦਾ ਤਹੱਈਆ ਕੀਤਾ ਹੈ ਜਿਸ ਤਹਿਤ ਸਰਕਾਰ ਨੇ 13471 ਨਹਿਰੀ ਖਾਲਿਆਂ ਨੂੰ ਬਹਾਲ ਕੀਤਾ ਹੈ ਅਤੇ ਹੁਣ ਹਰ ਕਿਸਾਨ ਦੇ ਖੇਤ ਤੱਕ ਪਾਣੀ ਪਹੁੰਚਣ ਲੱਗਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਸਿੰਜਾਈ ਲਈ ਟਿਊਬਵੈਲਾਂ ਅਤੇ ਨਹਿਰੀ ਸਰੋਤਾਂ ਤੋਂ ਇਲਾਵਾ ਕਿਸਾਨਾਂ ਨੂੰ ਜ਼ਮੀਨਦੋਜ਼ ਪਾਈਪਲਾਈਨ ਪ੍ਰਣਾਲੀ (ਯੂ.ਜੀ.ਪੀ.ਐਸ) ਰਾਹੀਂ ਸਿੰਜਾਈਯੋਗ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਹ ਪਾਈਪਾਂ, ਨਹਿਰੀ ਮੋਘਿਆਂ, ਸਾਂਝੇ ਜਾਂ ਨਿੱਜੀ ਟਿਊਬਵੈਲਾਂ, ਪਿੰਡਾਂ ਦੇ ਛੱਪੜਾਂ, ਫਾਰਮ ਵਾਟਰ ਸਟੋਰੇਜ ਟੈਂਕਾਂ, ਸੀਵੇਜ ਟਰੀਟਮੈਂਟ ਪਲਾਂਟਾਂ, ਸਾਲਾਨਾ ਜਾਂ ਮੌਸਮੀ ਨਦੀਆਂ ਤੋਂ ਖੇਤਾਂ ਤੱਕ ਜ਼ਮੀਨ ਤੋਂ ਘੱਟੋ-ਘੱਟ 3 ਫੁੱਟ ਹੇਠਾਂ ਦੱਬੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਤਕਨੀਕ ਕਈ ਦਹਾਕਿਆਂ ਤੋਂ ਖੇਤਾਂ ਅਤੇ ਸਿੰਜਾਈ ਪਾਣੀ ਦੀ ਸੁਚੱਜੀ ਵਰਤੋਂ ਲਈ ਬਹੁਤ ਕਾਮਯਾਬ ਹੈ ਅਤੇ ਜ਼ਿਆਦਾਤਰ ਕਿਸਾਨਾਂ ਦੀ ਪਸੰਦ ਵੀ ਹੈ। ਉਨ੍ਹਾਂ ਕਿਹਾ ਕਿ ਆਈ.ਸੀ.ਏ.ਆਰ, ਨਾਬਾਰਡ ਅਤੇ ਪੀ.ਏ.ਯੂ. ਲੁਧਿਆਣਾ ਦੀਆਂ ਰਿਪੋਰਟਾਂ ਅਨੁਸਾਰ ਜ਼ਮੀਨਦੋਜ਼ ਪਾਈਪਲਾਈਨ ਪ੍ਰਣਾਲੀ ਭੂਮੀ ਦੀ ਸਮਰੱਥਾ ਅਨੁਸਾਰ 10 ਤੋਂ 20 ਫ਼ੀਸਦੀ ਪਾਣੀ ਤੇ ਮਜ਼ਦੂਰੀ ਦੀ ਬੱਚਤ ਕਰਦੀ ਹੈ ਅਤੇ ਘੱਟ ਸਮੇਂ ਵਿੱਚ ਸਿੰਜਾਈ ਲਈ ਕੁਸ਼ਲ ਤਕਨੀਕ ਹੈ। ਇਸ ਤੋਂ ਇਲਾਵਾ ਖੁੱਲ੍ਹੇ ਖਾਲਾਂ ਨੂੰ ਜ਼ਮੀਨਦੋਜ਼ ਪਾਈਪਲਾਈਨ ਨਾਲ ਬਦਲ ਕੇ ਲਗਭਗ 1 ਫ਼ੀਸਦੀ ਜ਼ਮੀਨ ਨੂੰ ਖੇਤੀ ਅਧੀਨ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਦੇ ਪਿਛਲੇ ਕਰੀਬ 22 ਮਹੀਨਿਆਂ ਦੌਰਾਨ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਵਿਭਾਗਾਂ ਰਾਹੀਂ 2945.72 ਕਿਲੋਮੀਟਰ ਤੋਂ ਵੱਧ ਪਾਈਪਲਾਈਨਾਂ ਵਿਛਾ ਕੇ ਸੂਬੇ ਵਿੱਚ 67,926 ਹੈਕਟੇਅਰ ਤੋਂ ਵੱਧ ਰਕਬੇ ਨੂੰ ਲਾਭ ਪਹੁੰਚਾਇਆ ਹੈ।

# ਵਿਦਿਆਰਥੀਆਂ ਨੂੰ ਸਟੇਸ਼ਨਰੀ ਦਾ ਸਮਾਨ ਤੇ ਕਾਪੀਆਂ ਤਕਸੀਮ



**ਅੱਡਾ ਸਰਾਂ, (ਜਸਵੀਰ ਕਾਜਲ)**- ਸਰਬ ਸਾਂਝ ਵੈੱਲਫੇਅਰ ਸੋਸਾਇਟੀ (ਰਜਿ.) ਹੁਸ਼ਿਆਰਪੁਰ ਦੇ ਪ੍ਰਧਾਨ ਵਰਿੰਦਰ ਕੁਮਾਰ ਭੋਲਾ ਦੀ ਯੋਗ ਅਗਵਾਈ ਹੇਠ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਸਮਾਜ ਭਲਾਈ ਦੇ ਕਾਰਜ ਜਾਰੀ ਰੱਖਦਿਆਂ ਸਰਕਾਰੀ ਪ੍ਰਾਇਮਰੀ ਸਕੂਲ ਰਾਮ ਨਗਰ ਵਿਖੇ ਸਟੇਸ਼ਨਰੀ ਦਾ ਸਮਾਨ ਅਤੇ ਕਾਪੀਆਂ ਵੰਡੀਆਂ ਗਈਆਂ। ਉਨ੍ਹਾਂ ਕਿਹਾ ਕਿ ਭੱਵਿਖ ਵਿਚ ਗਰੀਬ ਲੜਕੀਆਂ ਦੇ ਵਿਆਹ ਮੌਕੇ ਵਿੱਤੀ ਸਹਾਇਤਾ, ਗਰੀਬ ਪਰਵਾਰਾਂ ਨੂੰ ਰਾਸ਼ਨ ਵੰਡਣਾ, ਗਰੀਬ ਵਿਦਿਆਰਥੀਆਂ ਦਾ ਮਿਆਰ ਉੱਚਾ ਚੁੱਕਣ ਲਈ ਕਿਤਾਬਾਂ, ਨੋਟਬੁੱਕ ਤੇ ਸਟੇਸ਼ਨਰੀ ਮੁਹੱਈਆ ਕਰਵਾਉਣਾ ਅਤੇ ਖੇਡ ਟੂਰਨਾਮੈਂਟ ਆਦਿ ਕੰਮ ਕੀਤੇ ਜਾਣਗੇ। ਇਸ ਮੌਕੇ ਵਰਿੰਦਰ ਕੁਮਾਰ ਭੋਲਾ, ਅਸ਼ੋਕ ਕੁਮਾਰ ਹੈਡ ਟੀਚਰ, ਅਨੀਤਾ ਰਾਣੀ, ਦਲਵੀਰ ਦੋਸਾਂਝ, ਗੌਰਵ ਕੁਮਾਰ, ਪੰਡਿਤ ਕੁਲਦੀਪ ਕੁਮਾਰ ਆਦਿ ਹਾਜਰ ਸਨ।

# ਬੱਡੋਂ ਵਿਖੇ ਸਾਲਾਨਾ ਸੰਤ ਸਮਾਗਮ ਤੇ ਕੀਰਤਨ ਦਰਬਾਰ ਸੰਬੰਧੀ ਪੋਸਟਰ ਰਿਲੀਜ਼



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬੱਡੋਂ ਵਿਖੇ ਨਿਰਮਲ ਕੁਟੀਆ ਸੰਤ ਮਈਆ ਦਾਸ ਜੀ ਦੇ ਅਸਥਾਨ 'ਤੇ ਸਾਲਾਨਾ ਸੰਤ ਸਮਾਗਮ ਅਤੇ ਕੀਰਤਨ ਦਰਬਾਰ 21 ਤੋਂ 25 ਫਰਵਰੀ ਤੱਕ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਚਰਨ ਸਿੰਘ ਬੱਡੋ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਇਸ ਸਬੰਧ 'ਚ ਸੰਗਤਾਂ ਵੱਲੋਂ ਪੋਸਟਰ ਰਿਲੀਜ ਕੀਤੇ ਗਏ। 25 ਫਰਵਰੀ ਨੂੰ ਅੱਖਾਂ ਦਾ ਚੈਕਅੱਪ ਤੇ ਮੁਫਤ ਮੈਡੀਕਲ ਕੈਂਪ ਅਤੇ ਦਸਤਾਰ ਬੰਨਣ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। 25 ਫਰਵਰੀ ਨੂੰ ਹੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀ ਦੇ ਭੋਗ ਪਾਏ ਜਾਣਗੇ। 21 ਫਰਵਰੀ ਨੂੰ ਸਵੇਰੇ 8:30 ਵਜੇ ਸਾਲਾਨਾ ਨਗਰ ਕੀਰਤਨ ਨਿਰਮਲ ਕੁਟੀਆ ਸੰਤ ਬਾਬਾ ਮਈਆ ਦਾਸ ਤੋਂ ਆਰੰਭ ਹੋ ਕੇ ਪਿੰਡ ਨਡਾਲੋਂ ਅਜਨੋਹਾ,ਮਾਈਓਪੱਟੀ, ਕੂਕੋਵਾਲ, ਦਿਹਾਣਾ, ਠੱਕਰਵਾਲ, ਥੱਪਲਾ, ਰਹੱਲੀ , ਡਾਂਡੀਆਂ ਜੋ ਹੁੰਦਾ ਹੋਇਆ ਸ਼ਾਮ ਨੂੰ ਸਮਾਪਤੀ ਹੋਵੇਗੀ। ਪੋਸਟਰ ਰਿਲੀਜ ਕਰਨ ਸਮੇਂ ਜਥੇਦਾਰ ਜਰਨੈਲ ਸਿੰਘ ਖਾਲਸਾ, ਥਾਣੇਦਾਰ ਦਰਸ਼ਨ ਸਿੰਘ, ਤਰਲੋਕ ਸਿੰਘ, ਹਰਦੀਪ ਸਿੰਘ ਖਾਲਸਾ, ਡਾਕਟਰ ਸੁਖਦੇਵ ਸਿੰਘ ਬੱਡੋ, ਅਵਤਾਰ ਸਿੰਘ, ਸੁਰਿੰਦਰ ਸਿੰਘ,ਜਗਤਾਰ ਸਿੰਘ ਰਾਜਾ ਸਰਿੰਦਰ ਸਿੰਘ ਸ਼ਿੰਦਾ ਆਦਿ ਹਾਜਰ ਸਨ।

# ਆਮ ਆਦਮੀ ਕਲੀਨਿਕਾਂ 'ਚ ਇਕ ਕਰੋੜ ਲੋਕਾਂ ਨੇ ਕਰਵਾਇਆ ਇਲਾਜ : ਡਾ. ਬਲਬੀਰ ਸਿੰਘ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮੁੱਢਲੀ ਸਿਹਤ ਸੰਭਾਲ ਨੂੰ ਹੋਰ ਬਿਹਤਰ ਤੇ ਪੁਖ਼ਤਾ ਬਣਾਉਣ ਅਤੇ ਕਾਇਆ-ਕਲਪ ਕਰਨ ਦੇ ਮੱਦੇਨਜ਼ਰ ਸ਼ੁਰੂ ਕੀਤੇ ਗਏ ਮਹੱਤਵਪੂਰਨ ਪ੍ਰਾਜੈਕਟ 'ਆਮ ਆਦਮੀ ਕਲੀਨਿਕਸ' ਨੇ ਇੱਕ ਹੋਰ ਮੀਲ ਪੱਥਰ ਹਾਸਲ ਕੀਤਾ ਹੈ ਕਿਉਂਕਿ ਆਊਟਪੇਸ਼ੈਂਟ ਵਿਭਾਗ (ਓਪੀਡੀ) ਦਾ ਅੰਕੜਾ ਮੰਗਲਵਾਰ ਨੂੰ ਇੱਕ ਕਰੋੜ ਨੂੰ ਪਾਰ ਕਰ ਗਿਆ ਹੈ। ਇਹ ਜਾਣਕਾਰੀ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਦਿੱਤੀ। ਮੰਤਰੀ ਨੇ ਕਿਹਾ, "ਪਿਛਲੇ ਡੇਢ ਸਾਲ ਵਿੱਚ ਸੂਬੇ ਵਿੱਚ 1 ਕਰੋੜ ਤੋਂ ਵੱਧ ਲੋਕਾਂ ਨੇ ਇਨ੍ਹਾਂ ਆਮ ਆਦਮੀ ਕਲੀਨਿਕਾਂ ਤੋਂ ਮੁਫ਼ਤ ਇਲਾਜ ਦਾ ਲਾਭ ਲਿਆ ਹੈ।" ਜ਼ਿਕਰਯੋਗ ਹੈ ਕਿ, ਰਾਜ ਵਿੱਚ ਕੁੱਲ 664 ਆਮ ਆਦਮੀ ਕਲੀਨਿਕ ਹਨ- 236 ਸ਼ਹਿਰੀ ਖੇਤਰਾਂ ਵਿੱਚ ਅਤੇ 428 ਪੇਂਡੂ ਖੇਤਰਾਂ ਵਿੱਚ- ਜੋ ਕਿ ਮੁਫ਼ਤ ਇਲਾਜ ਪ੍ਰਦਾਨ ਕਰਨ ਦੇ ਨਾਲ-ਨਾਲ 80 ਕਿਸਮਾਂ ਦੀਆਂ ਮੁਫ਼ਤ ਦਵਾਈਆਂ ਅਤੇ 38 ਕਿਸਮਾਂ ਦੇ ਮੁਫ਼ਤ ਡਾਇਗਨੌਸਟਿਕ ਟੈਸਟਾਂ ਦੀ ਸਹੂਲਤ ਦੇ ਰਹੇ ਹਨ। ਸਾਰੇ ਕਲੀਨਿਕ ਆਈਟੀ ਇਨੇਬਲਡ ਹਨ ਅਤੇ ਡਿਜੀਟਲ ਢੰਗ ਰਾਹੀਂ ਰਜਿਸਟਰੇਸ਼ਨ, ਡਾਕਟਰੀ ਸਲਾਹ, ਜਾਂਚ ਅਤੇ ਦਵਾਈ ਸਬੰਧੀ ਸੁਝਾਅ ਦੀ ਸਹੂਲਤ ਨਾਲ ਲੈਸ ਹਨ। ਸਿਹਤ ਮੰਤਰੀ ਮੁਫ਼ਤ ਦਵਾਈਆਂ, ਐਕਸ-ਰੇ, ਅਲਟਰਾਸਾਊਂਡ, ਫਰਿਸ਼ਤੇ ਸਕੀਮ ਅਤੇ ਆਮ ਆਦਮੀ ਕਲੀਨਿਕਾਂ ਸਮੇਤ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦੀ ਸਮੀਖਿਆ ਕਰਨ ਲਈ ਸਾਰੇ ਸਿਵਲ ਸਰਜਨਾਂ, ਡਿਪਟੀ ਮੈਡੀਕਲ ਸੁਪਰਡੈਂਟਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ (ਐਸਐਮਓ) ਨਾਲ ਇੱਕ ਉੱਚ-ਪੱਧਰੀ ਵਰਚੁਅਲ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹੱਤਪੂਰਨ 'ਫਰਿਸ਼ਤੇ ਸਕੀਮ' ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਤਹਿਤ ਸੜਕੀ ਹਾਦਸਿਆਂ ਦੇ ਪੀੜਤਾਂ ਦੀ ਕੌਮੀਅਤ, ਜਾਤ ਜਾਂ ਸਮਾਜਿਕ-ਆਰਥਿਕ ਸਥਿਤੀ ਵਿਚਾਰੇ ਬਿਨਾਂ ਪੀੜਤਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੋ ਵੀ ਵਿਅਕਤੀ ਸੜਕ ਹਾਦਸੇ ਦੇ ਪੀੜਤ ਨੂੰ ਇਲਾਜ ਲਈ ਹਸਪਤਾਲ ਲੈ ਕੇ ਜਾਵੇਗਾ, ਉਸ ਨੂੰ 2000 ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ, ਜਦਕਿ ਸੜਕ ਹਾਦਸੇ ਦੇ ਪੀੜਤ ਨੂੰ ਹਸਪਤਾਲ ਪਹੁੰਚਾਉਣ ਵਾਲੇ ਵਿਅਕਤੀ ਕੋਲੋਂ , ਬਿਨਾਂ ਉਸਦੀ ਰਜ਼ਾਮੰਦੀ ਤੋਂ ਪੁਲਸ ਜਾਂ ਹਸਪਤਾਲ ਪ੍ਰਸ਼ਾਸਨ ਵੱਲੋਂ ਕੋਈ ਪੁੱਛਗਿੱਛ ਨਹੀਂ ਕੀਤੀ ਜਾਵੇਗੀ। ਸਰਕਾਰੀ ਸਿਹਤ ਕੇਂਦਰਾਂ ਵਿਖੇ ਦਵਾਈਆਂ ਦੀ ਸਪਲਾਈ ਦਾ ਜਾਇਜ਼ਾ ਲੈਂਦਿਆਂ ਡਾ. ਬਲਬੀਰ ਸਿੰਘ ਨੇ ਸਿਵਲ ਸਰਜਨਾਂ ਅਤੇ ਐਸ.ਐਮ.ਓਜ਼ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਕਿਸੇ ਵੀ ਮਰੀਜ਼ ਨੂੰ ਦਵਾਈਆਂ ਖਰੀਦਣ ਲਈ ਬਾਹਰ ਨਾ ਜਾਣਾ ਪਵੇ। ਉਨ੍ਹਾਂ ਕਿਹਾ ਕਿ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮੁਫਤ ਦਵਾਈਆਂ ਦਾ ਕਾਫੀ ਸਟਾਕ ਉਪਲੱਬਧ ਹੈ। ਸਿਵਲ ਸਰਜਨਾਂ ਅਤੇ ਐਸ.ਐਮ.ਓਜ਼ ਨੂੰ ਵੀ ਦਵਾਈਆਂ ਦੀ ਖਰੀਦ ਲਈ ਫੰਡ ਅਲਾਟ ਕੀਤੇ ਗਏ ਹਨ ਤਾਂ ਜੋ ਕਿਸੇ ਖਾਸ ਦਵਾਈ ਦੀ ਘਾਟ ਹੋਣ 'ਤੇ ਉਸਦੀ ਖਰੀਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਸਹੂਲਤਾਂ (ਜਿਨ੍ਹਾਂ ਵਿੱਚ ਐਕਸ-ਰੇ ਅਤੇ ਅਲਟਰਾਸਾਊਂਡ ਮਸ਼ੀਨਾਂ ਨਹੀਂ ਹਨ) ਵਿਖੇ ਆਉਣ ਵਾਲੇ ਮਰੀਜ਼ਾਂ ਨੂੰ ਐਕਸ-ਰੇ ਅਤੇ ਅਲਟਰਾਸਾਊਂਡ ਦੀ ਸਹੂਲਤ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਨੇ ਪ੍ਰਾਈਵੇਟ ਡਾਇਗਨੌਸਟਿਕ ਸੈਂਟਰਾਂ ਨੂੰ ਸੂਚੀਬੱਧ ਕੀਤਾ ਹੈ ,ਜਿੱਥੇ ਮਰੀਜ਼ ਮਾਮੂਲੀ ਜਿਹੀ ਕੀਮਤ ਅਦਾ ਕਰਕੇ ਇਹ ਸਹੂਲਤਾਂ ਲੈ ਸਕਦੇ ਹਨ। ਇਸ ਮੀਟਿੰਗ ਵਿੱਚ ਸਿਹਤ ਵਿਭਾਗ ਦੇ ਪ੍ਰਮੁੱਖ ਸਕੱਤਰ ਅਜੋਏ ਸ਼ਰਮਾ, ਨੈਸ਼ਨਲ ਹੈਲਥ ਮਿਸ਼ਨ ਦੇ ਐਮ.ਡੀ. ਡਾ. ਅਭਿਨਵ ਤ੍ਰਿਖਾ, ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ (ਪੀ.ਐਚ.ਐਸ.ਸੀ.) ਦੇ ਐਮ.ਡੀ ਵਰਿੰਦਰ ਕੁਮਾਰ ਸ਼ਰਮਾ, ਸਿਹਤ ਅਤੇ ਪਰਵਾਰ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਆਦਰਸ਼ਪਾਲ ਕੌਰ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ (ਪੀ.ਐਚ.ਐਸ.ਸੀ.) ਦੇ ਡਾਇਰੈਕਟਰ ਡਾ. ਅਨਿਲ ਗੋਇਲ ਵੀ ਮੀਟਿੰਗ ਵਿੱਚ ਮੌਜੂਦ ਸਨ।

# ਪੁਲਸ ਸ਼ਿਕਾਇਤ ਅਥਾਰਿਟੀ 'ਤੇ ਜਨਤਾ ਦਾ ਵਧ ਰਿਹੈ ਭਰੋਸਾ : ਮਨੋਹਰ ਲਾਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ )**

ਪੁਲਸ ਦੀ ਕਾਰਜਪ੍ਰਣਾਲੀ ਅਤੇ ਆਂਚਰਣ ਦੇ ਵਿਰੁੱਧ ਜਨਤਾ ਵੱਲੋਂ ਕੀਤੀ ਜਾਣ ਵਾਲੀ ਸ਼ਿਕਾਇਤ ਦੇ ਹੱਲ ਤਹਿਤ ਸੂਬਿਆਂ ਵਿਚ ਗਠਨ ਪੁਲਸ ਸ਼ਿਕਾਇਤ ਅਥਾਰਿਟੀਆਂ ਦੀ ਕਾਰਜਪ੍ਰਣਾਲੀ ਵਿਚ ਇਕਰੂਪਤਾ ਲਿਆਉਣ ਦੇ ਉਦੇਸ਼ ਨਾਲ ਹਰਿਆਣਾ ਪੁਲਸ ਸ਼ਿਕਾਇਤ ਅਥਾਰਿਟੀ ਵੱਲੋਂ ਸਾਰੇ ਸੂਬਿਆਂ ਦੀ ਪੁਲਸ ਸ਼ਿਕਾਇਤ ਅਥਾਰਿਟੀਆਂ ਦੇ ਕੌਮੀ ਸੰਮੇਲਨ ਦਾ ਪ੍ਰਬੰਧ ਕੀਤਾ ਗਿਆ। ਇਹ ਸੰਮੇਲਨ ਦੇਸ਼ ਵਿਚ ਪਹਿਲੀ ਵਾਰ ਪ੍ਰਬੰਧਿਤ ਕੀਤਾ ਗਿਆ ਹੈ, ਜਿਸ ਵਿਚ ਵੱਖ-ਵੱਖ ਬਿੰਦੂਆਂ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ। ਸੰਮੇਲਨ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਮੁੱਖ ਮੰਤਰੀ ਮਨੋਹਰ ਲਾਲ ਨੇ ਅਥਾਰਿਟੀਆਂ ਨੂੰ ਹੋਰ ਮਜਬੂਤ ਕਰਨ, ਜਨਤਾ ਦੀਆਂ ਸ਼ਿਕਾਇਤਾਂ ਦਾ ਤੁਰੰਤ ਹੱਲ ਕਰਨ ਅਤੇ ਪੁਲਸ ਦੇ ਨਾਲ ਵੀ ਬਿਹਤਰ ਤਾਲਮੇਲ ਸਥਾਪਿਤ ਕਰਨ 'ਤੇ ਜੋਰ ਦਿੱਤਾ। ਆਪਣੇ ਸੰਬੋਧਨ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਸੱਤਾ ਵਿਚ ਆਉਣ ਬਾਅਦ ਸ਼ਿਕਾਇਤ ਅਥਾਰਿਟੀ ਨੂੰ ਮਜਬੂਤ ਕਰਨ ਲਈ ਅਨੇਕ ਕਦਮ ਚੁੱਕੇ। ਸਾਡਾ ਟੀਚਾ ਇਹੀ ਸੀ ਕਿ ਜਨਤਾ ਦੀ ਸ਼ਿਕਾਇਤਾਂ ਦਾ ਹੱਲ ਕਰਨ ਲਈ ਨਿਆਂਪੂਰਨ ਰਸਤਾ ਅਪਣਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਹੁਣ ਅਸੀਂ ਸੱਤਾ ਸੰਭਾਲੀ ਸੀ, ਤਾਂ ਉਸ ਸਮੇਂ ਜਨਤਾ ਇਹ ਸ਼ਿਕਾਇਤ ਕਰਦੀ ਸੀ ਕਿ ਉਨ੍ਹਾਂ ਦੀ ਐਫਆਈਆਰ ਹੀ ਦਰਜ ਨਹੀਂ ਕੀਤੀ ਜਾਂਦੀ ਹੈ, ਇਸ 'ਤੇ ਐਕਸ਼ਨ ਲੈਂਦੇ ਹੋਏ ਅਸੀਂ ਪੁਲਸ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪੁਲਸ ਥਾਨਿਆਂ ਵਿਚ ਆਉਣ ਵਾਲੇ ਹਰ ਵਿਅਕਤੀ ਦੀ ਐਫਆਈਆਰ ਜਰੂਰ ਦਰਜ ਕੀਤੀ ਜਾਵੇ। ਇਸ ਦੇ ਬਾਅਦ ਪੁਲਸ ਦੇ ਅਧਿਕਾਰ ਖੇਤਰ ਦੀ ਸਮੱਸਿਆ ਨੂੰ ਵੀ ਖਤਮ ਕਰਦੇ ਹੋਏ ਅਸੀਂ ਜੀਰੋ ਐਫਆਈਆਰ ਦਰਜ ਕਰਨ ਦੇ ਵੀ ਨਿਰਦੇਸ਼ ਦਿੱਤੇ। ਇਸ ਮੌਕੇ 'ਤੇ ਹਰਿਆਣਾ ਪੁਲਸ ਸ਼ਿਕਾਇਤ ਅਥਾਰਿਟੀ ਦੀ ਚੇਅਰਮੈਨ ਸ੍ਰੀਮਤੀ ਨਵਰਾਜ ਸੰਧੂ ਨੇ ਅਥਾਰਿਟੀ ਦੇ ਗਠਨ ਅਤੇ ਕੰਮਾਂ 'ਤੇ ਚਾਨਣ ਪਾਉਂਦੇ ਹੋਏ ਕਿਹਾ ਕਿ ਇਸ ਸੰਮੇਲਨ ਵਿਚ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ ਅਥਾਰਿਟੀਆਂ ਦੇ ਚੇਅਰਮੈਨ ਅਤੇ ਮੈਂਬਰਾਂ ਨੇ ਹਿੱਸਾ ਲਿਆ ਹੈ ਅਤੇ ਪੁਲਸ ਅਥਾਰਿਟੀ ਦੀ ਕਾਰਜਪ੍ਰਣਾਲੀ ਨੂੰ ਕਿਸੇ ਤਰ੍ਹਾਂ ਬਿਹਤਰ ਕੀਤਾ ਕੀਤਾ ਜਾ ਸਕੇ, ਇਸ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ ਹੈ। ਸੰਮੇਲਨ ਵਿਚ ਮੁੱਖ ਵਕਤਾ ਪ੍ਰਕਾਸ਼ ਸਿੰਘ, ਸਾਬਕਾ ਡੀਜੀਪੀ (ਸੇਵਾਮੁਕਤ) ਨੇ ਰਾਜ ਪੁਲਸ ਸ਼ਿਕਾਇਤ ਅਥਾਰਿਟੀ ਦੀ ਅਵਧਾਰਣਾ, ਉਸਦਾ ਗਠਨ, ਨਿਯਮ ਤੇ ਕਾਰਜਪ੍ਰਣਾਲੀ 'ਤੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸੰਮੇਲਨ ਵਿਚ ਹਰਿਆਣਾ ਦੇ ਐਡਵੋਕੇਟ ਜਨਰਲ ਬਲਦੇਵ ਰਾਜ ਮਹਾਜਨ, ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਟੀਵੀਐਸਐਨ ਪ੍ਰਸਾਦ, ਪੁਲਸ ਮਹਾਨਿਦੇਸ਼ਕ ਸ਼ਤਰੂਜੀਤ ਕਪੂਰ, ਏਡੀਜੀਪੀ ਸੀਆਈਡੀ ਆਲੋਕ ਮਿੱਤਲ, ਹਰਿਆਣਾ ਪੁਲਸ ਸ਼ਿਕਾਇਤ ਅਥਾਰਿਟੀ ਦੇ ਮੈਂਬਰ ਕੇ ਕੇ ਮਿਸ਼ਰਾ ਤੇ ਆਰ ਸੀ ਵਰਮਾ, ਹਰਿਆਣਾ ਲੋਕ ਸੇਵਾ ਆਯੋਗ ਦੇ ਚੇਅਰਮੈਨ ਆਲੋਕ ਵਰਮਾ ਅਤੇ ਹਰਿਆਣਾ ਖਾਦ ਆਯੋਗ ਦੇ ਚੇਅਰਮੈਨ ਅਰੁਣ ਸਾਂਗਵਾਨ ਸਮੇਤ ਵੱਖ-ਵੱਖ ਸੂਬਿਆਂ ਤੋਂ ਆਏ ਪੁਲਸ ਸ਼ਿਕਾਇਤ ਅਥਾਰਿਟੀਆਂ ਦੇ ਚੇਅਰਮੈਨ ਤੇ ਮੈਂਬਰ ਮੌਜੂਦ ਰਹੇ।

# ਹਰਿਆਣਾ ਸਰਕਾਰ ਨੇ ਨਵੇਂ ਸਰਕਾਰੀ ਕਰਮਚਾਰੀਆਂ ਨੂੰ ਚਰਿੱਤਰ ਤਸਦੀਕ ਮਾਨਦੰਡਾਂ 'ਚ ਦਿੱਤੀ ਢਿੱਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਸਰਕਾਰੀ ਸੇਵਾ ਵਿਚ ਪਹਿਲੀ ਨਿਯੁਕਤੀ ਤੋਂ ਪਹਿਲਾਂ ਚੋਣ ਕੀਤੇ ਉਮੀਦਵਾਰਾਂ ਲਈ ਚਰਿੱਤਰ ਅਤੇ ਪੂਰਵ ਅਨੁਮਾਨ ਤਸਦੀਕ ਦੀ ਪ੍ਰਕ੍ਰਿਆ ਵਿਚ ਵੱਡੀ ਰਾਹਤ ਦਿੱਤੀ ਹੈ। ਮੁੱਖ ਸਕੱਤਰ ਸੰਜੀਵ ਕੌਸ਼ਲ ਨੇ ਰਾਜ ਦੇ ਪ੍ਰਸਾਸ਼ਨਿਕ ਸਕੱਤਰਾਂ, ਵਿਭਾਗਾਂ ਦੇ ਪ੍ਰਮੁੱਖਾਂ ਸਮੇਤ ਪ੍ਰਬੰਧ ਨਿਦੇਸ਼ਕਾਂ, ਮੁੱਖ ਪ੍ਰਸਾਸ਼ਕਾਂ, ਡਿਵੀਜਨਲ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਯੂਨੀਵਰਸਿਟੀਆਂ ਦੇ ਰਜਿਸਟਰਾਰਾਂ ਨੂੰ ਲਿਖੇ ਇਕ ਪੱਤਰ ਵਿਚ ਕਿਹਾ ਹੈ ਕਿ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਅਤੇ ਹਰਿਆਣਾ ਲੋਕ ਸੇਵਾ ਆਯੋਗ ਵੱਲੋਂ 30 ਜੂਨ, 2024 ਤਕ ਨਿਯੁਕਤੀਆਂ ਦੇ ਲਈ ਅਨੁਸ਼ੰਸਿਕ ਉਮੀਦਵਾਰਾਂ ਨੂੰ ਹੁਣ ਨਿਯੁਕਤੀ ਤੋਂ ਪਹਿਲਾਂ ਚਰਿੱਤ, ਪੂਰਵ ਅਨੁਮਾਨਾਂ ਅਤੇ ਨਿਯੁਕਤੀ ਲਈ ਜਰੂਰੀ ਸਾਰੀ ਦਸਤਾਵੇਜਾਂ ਦੇ ਤਸਦੀਕ ਦੇ ਬਿਨ੍ਹਾਂ ਅੰਤਰਿਮ ਰੂਪ ਨਾਲ ਨਿਯੁਕਤ ਕੀਤਾ ਜਾ ਸਕਦਾ ਹੈ। ਪੱਤਰ ਵਿਚ ਅੱਗੇ ਕਿਹਾ ਗਿਆ ਹੈ ਕਿ ਆਖੀਰੀ ਨਿਯੁਕਤੀ ਲਈ ਜਰੂਰੀ ਚਰਿੱਤ, ਪੂਰਵ ਅਨੁਮਾਨਾਂ ਅਤੇ ਹੋਰ ਸਾਰੀ ਜਰੂਰੀ ਦਸਤਾਵੇਜਾਂ ਸਮੇਤ ਤਸਦੀਕ ਪ੍ਰਕ੍ਰਿਆ ਉਨ੍ਹਾਂ ਦੀ ਅੰਤਰਿਮ ਨਿਯੁਕਤ ਦੇ ਦੋ ਮਹੀਨੇ ਦੇ ਸਮੇਂ ਅੰਦਰ ਪੂਰੀ ਕੀਤੀ ਜਾਣੀ ਚਾਹੀਦੀ ਹੈ।

# ਪੰਜਾਬ ਸਰਕਾਰ ਨੇ ਕੱਟੇ ਗਏ ਰਾਸ਼ਨ ਕਾਰਡ ਕੀਤੇ ਬਹਾਲ : ਸੰਤੋਸ਼ ਕਟਾਰੀਆ



**ਨਵਾਂਸ਼ਹਿਰ, (ਮਨੋਜ ਲਾਡੀ)**

ਪੰਜਾਬ ਸਰਕਾਰ ਵੱਲੋਂ ਕੱਟੇ ਗਏ ਰਾਸ਼ਨ ਕਾਰਡਾਂ ਨੂੰ ਬਹਾਲ ਕੀਤਾ ਗਿਆ ਹੈ। ਜਿਸ ਦਾ ਲਾਭ 10 ਲੱਖ 77 ਹਜ਼ਾਰ ਤੋਂ ਵੱਧ ਲੋਕਾਂ ਨੂੰ ਹੋਵੇਗਾ। ਇਹ ਜਾਣਕਾਰੀ ਵਿਧਾਇਕ ਬਲਾਚੌਰ ਸੰਤੋਸ਼ ਕਟਾਰੀਆ ਨੇ ਪੰਜਾਬ ਸਰਕਾਰ ਵੱਲੋ ਸ਼ੁਰੂ ਕੀਤੀ ਗਈ ਮੁਹਿੰਮ "ਆਪ ਦੀ ਸਰਕਾਰ ਆਪ ਦੇ ਦੁਆਰ" ਤਹਿਤ ਸਬ ਡਿਵੀਜਨ ਬਲਾਚੌਰ ਵਿਖੇ ਲਗਾਏ ਗਏ ਵੱਖ-ਵੱਖ ਕੈਂਪ ਪਿੰਡ ਅੰਸਰੋ, ਰੈਲ ਮਾਜਰਾ, ਸਿੰਘਪੁਰ ਦਾ ਦੌਰਾ ਕਰਨ ਉਪਰੰਤ ਦਿੱਤੀ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ "ਆਪ ਦੀ ਸਰਕਾਰ ਆਪ ਦੇ ਦੁਆਰ" ਮੁਹਿੰਮ ਦਾ ਬਹੁਤ ਵਧੀਆ ਫੀਡਬੈਕ ਮਿਲ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਜੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਵੱਧ ਤੋਂ ਵੱਧ ਸੁਵਿਧਾਵਾਂ ਦੇਣ ਲਈ ਵਚਨਬੱਧ ਹੈ ਅਤੇ ਇਹ ਸੁਵਿਧਾਵਾਂ ਲੋਕਾਂ ਨੂੰ ਉਨ੍ਹਾਂ ਦੇ ਪਿੰਡਾਂ-ਮੁੱਹਲਿਆਂ ਵਿੱਚ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਖੱਜਲ-ਖੁਆਰੀ ਘੱਟਾਉਣ ਲਈ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿੱਚ ਲੋਕ ਸੁਵਿਧਾ ਕੈਂਪ ਲਗਾਏ ਜਾ ਰਹੇ ਹਨ ਅਤੇ ਇਹ ਕੈਂਪ ਰੋਜ਼ਾਨਾ ਜ਼ਿਲ੍ਹੇ ਅੰਦਰ ਲੱਗਣਗੇ ਜਿਸ ਦਾ ਆਮ ਲੋਕਾਂ ਨੂੰ ਬਹੁਤ ਲਾਭ ਹੋ ਰਿਹਾ ਹੈ। ਕੈਂਪਾਂ ਵਿੱਚ ਲੋਕਾਂ ਨੂੰ 44 ਸੇਵਾਵਾਂ ਮਿਲ ਰਹੀਆਂ ਹਨ। ਜਿਸ ਵਿੱਚ ਸੇਵਾ ਕੇਂਦਰ, ਮਾਲ ਵਿਭਾਗ, ਸਿਹਤ ਵਿਭਾਗ, ਨਗਰ ਨਿਗਮ, ਕਿਰਤ ਵਿਭਾਗ, ਬੈਂਕ ਵਿਭਾਗ, ਬਿਜਲੀ ਵਿਭਾਗ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤ ਵਿਭਾਗ ਅਤੇ ਹੋਰ ਵੱਖ-ਵੱਖ ਵਿਭਾਗਾਂ ਵੱਲੋਂ ਆਪਣੇ-ਆਪਣੇ ਕਾਊਂਟਰ ਲੱਗਾ ਕੇ ਲੋਕਾਂ ਨੂੰ ਮੌਕੇ 'ਤੇ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ। ਉਨ੍ਹਾਂ ਨੇ ਇਸ ਮੌਕੇ 'ਤੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਹੱਲ ਵੀ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ ਕੈਬਨਿਟ ਮੀਟਿੰਗਾਂ ਚੰਡੀਗੜ੍ਹ ਵਿਖੇ ਹੀ ਕੀਤੀਆਂ ਜਾਂਦੀਆਂ ਸਨ ਪਰ ਜਦੋਂ ਦੀ ਆਪ ਸਰਕਾਰ ਆਈ ਹੈ, ਉਹ ਕੈਬਨਿਟ ਮੀਟਿੰਗ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਆਯੋਜਿਤ ਕਰ ਰਹੀ ਹੈ। ਜਿਸ ਨਾਲ ਜ਼ਿਲ੍ਹਿਆਂ ਦੇ ਵਿਕਾਸ ਵਿੱਚ ਵਾਧਾ ਹੁੰਦਾ ਹੈ ਅਤੇ ਲੋਕਾਂ ਨੂੰ ਵਧੀਆ ਢੰਗ ਨਾਲ ਸਰਕਾਰੀ ਸੇਵਾਵਾਂ ਦਾ ਲਾਭ ਮਿਲਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੈਬਨਿਟ ਮੀਟਿੰਗਾਂ ਦੇ ਮਿਲੇ ਵਧੀਆ ਫੀਡਬੈਕ ਨਾਲ ਹੀ ਇਹ ਮੁਹਿੰਮ ਆਪ ਦੀ ਸਰਕਾਰ ਆਪ ਦੇ ਦੁਆਰ ਸ਼ੁਰੂ ਕੀਤੀ ਗਈ ਹੈ ਤਾਂ ਜੋ ਲੋਕਾਂ ਨੂੰ ਘਰ-ਘਰ ਵਿੱਚ ਸਰਕਾਰ ਦੀਆਂ ਸੇਵਾਵਾਂ ਦਾ ਲਾਭ ਪ੍ਰਾਪਤ ਹੋਵੇ।

# 25 ਨੂੰ ਸੰਗਰੂਰ ਵਿਖੇ ਹੋਵੇਗੀ ਇਤਿਹਾਸਕ ਸੂਬਾ ਪੱਧਰੀ ਰੈਲੀ : ਪੀ ਪੀ ਪੀ ਐਫ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਪੰਜਾਬ ਦੀ ਅਗਵਾਈ ਵਿੱਚ 25 ਫਰਵਰੀ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਹੋਣ ਜਾ ਰਹੀ ਸੂਬਾ ਪੱਧਰੀ ਰੈਲੀ ਦੀਆਂ ਤਿਆਰੀਆਂ ਦਾ ਮੁੱਢ ਬੰਨ੍ਹਦਿਆਂ ਮੋਰਚੇ ਵਿੱਚ ਸ਼ਾਮਲ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਪੰਜਾਬ (ਪੀ.ਪੀ.ਪੀ.ਐੱਫ.) ਵੱਲੋਂ ਸੂਬਾ ਕਮੇਟੀ ਮੀਟਿੰਗ ਕੀਤੀ ਗਈ ਜਿਸ ਵਿੱਚ ਸੂਬਾਈ ਅਤੇ ਜ਼ਿਲ੍ਹਾ ਆਗੂ ਟੀਮਾਂ ਨੂੰ ਰੈਲੀ ਦੀ ਕਾਮਯਾਬੀ ਲਈ ਜੰਗੀ ਪੱਧਰ 'ਤੇ ਯਤਨ ਜਟਾਉਣ ਦਾ ਕਾਰਜ ਸੌਂਪਿਆ ਗਿਆ ਹੈ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਤਿੰਨ ਸੰਘਰਸ਼ੀ ਜੱਥੇਬੰਦੀਆਂ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਵੱਲੋਂ ਪੈਨਸ਼ਨ ਲਾਗੂ ਕਰਨ ਤੋਂ ਭੱਜੀ ਆਪ ਸਰਕਾਰ ਨੂੰ ਐੱਨ.ਪੀ.ਐੱਸ. ਮੁਲਾਜ਼ਮਾਂ ਦੀ ਵੱਡੀ ਸੰਘਰਸ਼ੀ ਚੁਣੌਤੀ ਦੇਣ ਲਈ ਸਾਂਝੇ ਮੋਰਚੇ ਦਾ ਗਠਨ ਕੀਤਾ ਗਿਆ ਹੈ। ਸੂਬਾ ਕਮੇਟੀ ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਫ਼ਰੰਟ ਦੇ ਸੂਬਾ ਕਨਵੀਨਰ ਅਤਿੰਦਰਪਾਲ ਸਿੰਘ, ਜੋਨ ਕਨਵੀਨਰਾਂ ਗੁਰਬਿੰਦਰ ਖਹਿਰਾ, ਇੰਦਰ ਸੁਖਦੀਪ ਸਿੰਘ ਓਢਰਾ ਅਤੇ ਜਸਵੀਰ ਭੰਮਾ ਨੇ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਸਾਂਝੇ ਮੋਰਚੇ ਦਾ ਗਠਨ ਹੋਣਾ ਬਹੁਤ ਮਹੱਤਵਪੂਰਨ ਅਤੇ ਅਤਿ ਲੋੜੀਂਦਾ ਸਵਾਗਤਯੋਗ ਉਪਰਾਲਾ ਹੈ, ਜੋ ਪੈਨਸ਼ਨ ਪ੍ਰਾਪਤੀ ਦੇ ਸੰਘਰਸ਼ ਨੂੰ ਵੱਡੀ ਮੁਲਾਜਮ ਲਹਿਰ ਵਿੱਚ ਤਬਦੀਲ ਕਰਨ ਦੀਆਂ ਸੰਭਾਵਨਾਵਾਂ ਰੱਖਦਾ ਹੈ। ਉਹਨਾਂ ਕਿਹਾ ਕਿ ਵੱਖ ਵੱਖ ਫ਼ਰੰਟਾਂ ਨਾਲ ਜੁੜਿਆ ਜੱਥੇਬੰਦਕ ਕਾਡਰ ਅਤੇ ਆਮ ਐੱਨ.ਪੀ.ਐੱਸ. ਮੁਲਾਜਮ ਸਾਂਝੇ ਮੋਰਚੇ ਦੇ ਬੈਨਰ ਹੇਠ ਹਜਾਰਾਂ ਦੀ ਗਿਣਤੀ ਵਿੱਚ ਆਪ ਸਰਕਾਰ ਦੀ ਵਾਅਦਾ ਖਿਲਾਫੀ ਦੇ ਰੋਸ ਵਿੱਚ ਸੰਗਰੂਰ ਰੈਲੀ ਵਿੱਚ ਸ਼ਾਮਲ ਹੋਵੇਗਾ। ਜ਼ਿਲ੍ਹਾ ਆਗੂਆਂ ਗੁਰਜਿੰਦਰ ਸਿੰਘ ਮੰਝਪੁਰ, ਮਨਜੀਤ ਸਿੰਘ ਦਸੂਹਾ, ਬਲਜੀਤ ਸਿੰਘ ਮਹਿਮੋਵਾਲ, ਸੁਖਦੇਵ ਡਾਨਸੀਵਾਲ, ਨੰਦ ਰਾਮ, ਰਜਿੰਦਰ ਹੇਜਮਾਂ, ਜਸਮੀਤ ਮਠਾਰੂ ਅਤੇ ਵਰਿੰਦਰ ਸ਼ਹਿਬਾਜ਼ਪੁਰ ਨੇ ਦੱਸਿਆ ਕਿ ਫਰੰਟ ਵੱਲੋਂ ਸੂਬਾ ਕਮੇਟੀ ਮੀਟਿੰਗ ਵਿੱਚ ਸੰਗਰੂਰ ਰੈਲੀ ਨੂੰ ਸਫਲ ਬਣਾਉਣ ਲਈ ਵੱਡੇ ਪੱਧਰ 'ਤੇ ਜ਼ਿੰਮੇਵਾਰੀਆਂ ਤੈਅ ਕੀਤੀਆਂ ਗਈਆਂ ਹਨ ਜਿਸ ਤਹਿਤ 10 ਅਤੇ 11 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਸਾਂਝੀਆਂ ਮੀਟਿੰਗਾਂ ਵਿੱਚ ਭਰਵੀਂ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਉਪਰੰਤ ਅਗਲੇ ਪੰਦਰਾਂ ਦਿਨ ਸੂਬੇ ਭਰ ਵਿੱਚ ਵੱਡੀ ਲਾਮਬੰਦੀ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਮੌਕੇ ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਨਿਰਮਲ ਸਿੰਘ ਨਿਹਾਲਪੁਰ, ਮਨਜੀਤ ਸਿੰਘ ਬਾਬਾ, ਗੁਰਪਾਲ ਸਿੰਘ, ਦਲਜੀਤ ਸਿੰਘ, ਅਮਨਦੀਪ ਸਿੰਘ ਚੌਹਾਨ, ਬਗੀਚਾ ਸਿੰਘ, ਜਸਵਿੰਦਰ ਝਿੰਗੜ, ਪਰਵੀਨ ਸ਼ੇਰਪੁਰ ਅਤੇ ਸੋਮ ਪਾਲ ਸਮੇਤ ਵੱਡੀ ਗਿਣਤੀ ਵਿੱਚ ਆਗੂ ਹਾਜਰ ਸਨ।

# ਦਿਆਲਪੁਰੀ ਦੇ ਧਾਰਮਿਕ ਸ਼ਬਦ ਨੂੰ ਮਿਲ ਰਿਹੈ ਖੂਬ ਪਿਆਰ



**ਕਾਲਾ ਸੰਘਿਆਂ (ਮਨਜੀਤ ਮਾਨ)**- ਸਤਿਗੁਰੂ ਰਵਿਦਾਸ ਜੀ ਦੇ 647ਵੇਂ ਗੁਰਪੁਰਬ ਤੋਂ ਪਹਿਲਾਂ ਸਿਮਰ ਮਿਊਜ਼ਿਕ ਰਿਕਾਰਡਸ ਕੰਪਨੀ ਵਲੋਂ ਗਾਇਕ ਦਲਵਿੰਦਰ ਦਿਆਲਪੁਰੀ ਦੇ ਧਾਰਮਿਕ ਸ਼ਬਦ " ਜਿਹੜੇ ਗੁਰੂ ਰਵਿਦਾਸ ਨੇ ਤਾਰੇ" ਦੇ ਵੀਡੀਓ ਨੂੰ ਸੰਗਤਾਂ ਵਲੋਂ ਖੂਬ ਪਿਆਰ ਮਿਲ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸੱਤਪਾਲ ਕੈਲੇ ਨੇ ਦੱਸਿਆ ਕਿ ਰਿੰਕੂ ਅਰਮਾਨ ਨੇ ਗੀਤ ਲਿਖਿਆ ਹੈ ਜਿਸ ਦਾ ਮਿਊਜਕ ਜਗਤਾਰ ਸਟੂਡੀਓ ਵਲੋਂ ਤਿਆਰ ਕੀਤਾ ਗਿਆ ਹੈ। ਇਸਦਾ ਵੀਡੀਓ ਰਿੱਧਮ ਪ੍ਰੋਡਕਸ਼ਨ ਅਤੇ ਕੈਮਰਾਮੈਨ ਕੁਲਦੀਪ ਕੁੰਡਲ ਵਲੋਂ ਪੰਜਾਬ ਦੀਆਂ ਵੱਖ ਵੱਖ ਲੋਕੇਸ਼ਨਾਂ 'ਤੇ ਫ਼ਿਲਮਾਇਆ ਗਿਆ ਹੈ।

# ਰਿਆਤ ਬਾਹਰਾ ਬੀਸੀਏ ਦੇ ਵਿਦਿਆਰਥੀਆਂ ਨੇ ਆਈ ਟੀ ਕੰਪਨੀ ਦਾ ਦੌਰਾ ਕੀਤਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਬੀਬੀਏ ਵਿਭਾਗ ਦੇ ਬੀ



ਵੀਓਸੀ (ਡਬਲਯੂ ਟੀ ਐਮ ) ਦੇ ਦੂਜੇ ਸਮੈਸਟਰ ਦੇ ਵਿਦਿਆਰਥੀਆਂ ਨੇ ਆਈ ਟੀ ਕੰਪਨੀ ਦਾ ਦੌਰਾ ਕੀਤਾ। ਇਸ ਸਬੰਧੀ ਵਿਭਾਗ ਦੇ ਇੰਚਾਰਜ ਪ੍ਰੋ: ਸਤਿੰਦਰ ਕੌਰ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਵੈੱਬ ਡਿਵੈਲਪਮੈਂਟ ਕੈਟਾਗਰੀ, ਐਂਡਰਾਇਡ ਐਪ ਡਿਵੈਲਪਮੈਂਟ ਕੈਟਾਗਰੀ, ਆਈਓਐਸ ਐਪ ਡਿਵੈਲਪਮੈਂਟ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਕੰਪਨੀ ਦੇ ਅਜੈ ਕੁਮਾਰ (ਸੀ.ਈ.ਓ.) ਅਤੇ ਮੋਹਿਤ (ਡਾਇਰੈਕਟਰ) ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਆਈ.ਟੀ. (ਇਨਫਰਮੇਸ਼ਨ ਟੈਕਨਾਲੋਜੀ) ਇੱਕ ਵਿਸ਼ਾਲ ਖੇਤਰ ਹੈ ਜਿਸ ਵਿੱਚ ਤਕਨੀਕੀ ਗਿਆਨ, ਸੂਚਨਾ ਤਕਨਾਲੋਜੀ ਅਤੇ ਡਿਜੀਟਲ ਸਮਾਧਾਨ ਦਾ ਵਿਕਾਸ ਸ਼ਾਮਲ ਹੈ। ਇਸ ਵਿੱਚ ਕੰਪਿਊਟਰ ਵਿਗਿਆਨ, ਸਾਫਟਵੇਅਰ ਵਿਕਾਸ, ਨੈੱਟਵਰਕਿੰਗ, ਡਾਟਾ ਵਿਗਿਆਨ, ਸਾਈਬਰ ਸੁਰੱਖਿਆ, ਅਤੇ ਹੋਰ ਖੇਤਰ ਸ਼ਾਮਲ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੂਚਨਾ ਤਕਨਾਲੋਜੀ ਪ੍ਰੋਜੈਕਟਾਂ ਨੂੰ ਵਿਕਸਤ ਕਰਨ ਲਈ ਵਰਤੀਆਂ ਜਾਂਦੀਆਂ ਵੱਖ-ਵੱਖ ਮੌਜੂਦਾ ਤਕਨੀਕਾਂ ਬਾਰੇ ਵੀ ਜਾਣੂ ਕਰਵਾਇਆ। ਕੰਪਨੀ ਨੇ ਵਿਦਿਆਰਥੀਆਂ ਨੂੰ ਆਪਣੇ ਚੱਲ ਰਹੇ ਕੁਝ ਲਾਈਵ ਪ੍ਰੋਜੈਕਟ ਵੀ ਦਿਖਾਏ। ਇਸ ਮੌਕੇ ਪ੍ਰੋ: ਜਤਿੰਦਰ ਸਿੰਘ ਨੇ ਵਿਦਿਆਰਥੀਆਂ ਸਮੇਤ ਕੰਪਨੀ ਦਾ ਦੌਰਾ ਵੀ ਕੀਤਾ।

8-FEB-PAGE-10.qxd 2/7/2024 10:40 PM Page 1



# ਕੇਂਦਰ ਸਰਕਾਰ ਨੇ ਬਜਟ ਸੈਸ਼ਨ ਦੌਰਾਨ ਆਸ਼ਾ ਵਰਕਰਾਂ ਨਾਲ ਕੀਤਾ ਕੋਝਾ ਮਜ਼ਾਕ : ਸ਼ਗਨਦੀਪ ਕੌਰ, ਰਬੀਨਾ ਬੇਗਮ



**ਨਾਭਾ (ਵਰਿੰਦਰ ਵਰਮਾ)**- ਆਸ਼ਾ ਵਰਕਰਾਂ ਵੱਲੋਂ ਨਾਭਾ ਵਿਖੇ ਸ਼ਗਨਦੀਪ ਕੌਰ ਤੇ ਰੁਬੀਨਾ ਬੇਗਮ ਦੀ ਅਗਵਾਈ ਵਿੱਚ ਬਜਟ ਦੀਆਂ ਕਾਪੀਆਂ ਸਾੜ ਕੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਬਜਟ ਵਿੱਚ ਸਾਡਾ ਜ਼ਿਕਰ ਨਾ-ਮਾਤਰ ਕੀਤਾ ਗਿਆ ਹੈ, ਜਿਸ ਦੇ ਰੋਸ ਵਜੋਂ ਪੰਜਾਬ ਦੇ ਸਬ-ਡਵੀਜ਼ਨਾਂ ਤੇ ਪੰਜਾਬ ਪ੍ਰਧਾਨ ਕਿਰਨਦੀਪ ਕੌਰ ਪੰਜੋਲਾ ਤੇ ਸਮੂਹ ਜਥੇਬੰਦੀ ਦੇ ਫੈਸਲੇ ਮੁਤਾਬਕ ਪੰਜਾਬ ਭਰ ਵਿੱਚ ਥਾਂ-ਥਾਂ ਰੋਸ ਪ੍ਰਦਰਸ਼ਨ ਕੀਤਾ ਗਿਆ। ਆਗੂਆਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਜਲਦ ਨਾ ਮੰਨੀਆਂ ਗਈਆਂ ਤਾਂ ਮਿਤੀ 19 ਫਰਬਰੀ ਤੋਂ ਜ਼ਿਲ੍ਹਾ ਪੱਧਰੀ ਰੋਸ ਮਾਰਚ ਕੱਢੇ ਜਾਣਗੇ। ਬੀਤੇ ਦਿਨ ਕੇਂਦਰ ਸਰਕਾਰ ਦੀ ਵਿੱਤ ਮੰਤਰੀ ਨਿਰਮਲਾ ਸੀਤਾ ਰਮਨ ਵੱਲੋਂ ਜੋ ਬਜਟ ਪੇਸ਼ ਕੀਤਾ ਗਿਆ ਹੈ, ਉਸ ਵਿੱਚ ਆਸ਼ਾ ਵਰਕਰਾਂ ਦੀਆਂ ਮੰਗਾਂ ਅਤੇ ਲੋੜਾਂ ਨੂੰ ਨਜਰਅੰਦਾਜ਼ ਕੀਤਾ ਗਿਆ ਹੈ, ਜਿਸ ਦੇ ਰੋਸ ਵਜੋਂ ਆਸ਼ਾ ਵਰਕਰਜ਼ ਅਤੇ ਫੈਸੀਲੀਟੇਟਰ ਯੂਨੀਅਨ ਪੰਜਾਬ ਵੱਲ 6 ਫਰਵਰੀ ਨੂੰ ਪੰਜਾਬ ਭਰ ਦੇ ਵਿੱਚ ਸਬ-ਡਵੀਜ਼ਨ ਲੇਬਲ ਦੇ ਬਜਟ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਮੌਕੇ ਯੂਨੀਅਨ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਬਜਟ ਵਿੱਚ ਆਮ ਵਰਗ ਨੂੰ ਦਰਕਿਨਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਆਸ਼ਾ ਵਰਕਰਾਂ ਨੂੰ ਆਯੂਸ਼ਮਾਨ ਸਕੀਮ ਤਹਿਤ ਲਿਆ ਕੇ ਕੇਵਲ ਹੰਝੂ ਪੋਚਣ ਵਾਲੀ ਗੱਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ ਦੀ ਡਿਊਟੀ ਬਹੁਤ ਸਖਤ ਹੈ, ਜਿਹੜੀਆਂ ਘਰ-ਘਰ ਜਾ ਕੇ ਰਿਕਾਰਡ ਇਕੱਠਾ ਕਰਦੀਆਂ ਹਨ ਪ੍ਰੰਤੂ ਕੇਂਦਰ ਸਰਕਾਰ ਬਹੁਤ ਹੀ ਨਿਗੂਣੇ ਭੱਤਿਆਂ 'ਤੇ ਉਨ੍ਹਾਂ ਤੋਂ ਹਾਰਡ ਵਰਕ ਕਰਵਾ ਰਹੀ ਹੈ, ਇਹ ਆਸ਼ਾ ਵਰਕਰਾਂ ਦਾ ਸ਼ੋਸ਼ਣ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਿੱਖਿਆ ਨੀਤੀ ਅਤੇ ਸਿਹਤ ਸਹੂਲਤਾਂ ਵੱਲ ਵੀ ਬਿਲਕੁਲ ਧਿਆਨ ਨਹੀਂ ਦਿੱਤਾ ਗਿਆ, ਜਿੱਥੇ ਸਿੱਖਿਆ ਦਾ ਬਜਟ ਘਟਾਇਆ ਗਿਆ ਹੈ, ਉਥੇ ਹੀ ਸਿਹਤ ਸਹੂਲਤਾਂ ਨੂੰ ਵੀ ਰੌਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਕੇਵਲ ਜੁਮਲਿਆਂ ਦੀ ਸਰਕਾਰ ਹੈ, ਲੋਕਾਂ ਨੂੰ ਵੱਡੇ-ਵੱਡੇ ਸਬਜ਼ਬਾਗ ਦਿਖਾ ਕੇ ਉਨ੍ਹਾਂ ਤੋਂ ਵੋਟਾਂ ਬਟੋਰ ਲਈਆਂ ਜਾਂਦੀਆਂ ਹਨ। ਪਿਛਲੇ 10 ਸਾਲਾਂ ਦੌਰਾਨ ਜੋ ਕੇਂਦਰ ਸਰਕਾਰ ਨੇ ਵਾਅਦੇ ਕੀਤੇ ਸੀ, ਉਨ੍ਹਾਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ। ਮਹਿੰਗਾਈ ਨੇ ਆਮ ਆਦਮੀ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ ਅਤੇ ਬੇਰੁਜ਼ਗਾਰੀ ਦੇ ਕਾਰਨ ਨੌਜਵਾਨੀ ਤਰਲੇ ਕੱਢ ਰਹੀ ਹੈ। ਸਰਕਾਰੀ ਜਾਇਦਾਦਾਂ ਵੇਚੀਆਂ ਜਾ ਰਹੀਆਂ ਹਨ ਇੱਥੋਂ ਤੱਕ ਕਿ ਫੌਜ ਦਾ ਵੀ ਪ੍ਰਾਈਵੇਟੇਸ਼ਨ ਕੀਤਾ ਜਾ ਰਿਹਾ ਹੈ। ਲੋਕ ਸਭਾ ਚੋਣਾਂ ਨੂੰ ਲੈ ਕੇ ਆਸ਼ਾ ਵਰਕਰਜ਼ ਅਤੇ ਫੈਸੀਲੀਟੇਟਰ ਯੂਨੀਅਨ ਵੱਲੋਂ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਖਿਲਾਫ ਨਵੇਂ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

# ਨਵ-ਨਿਯੁਕਤ ਐੱਸ ਡੀ ਐੱਮ ਵੱਲੋਂ ਕਰਮਚਾਰੀਆਂ ਨਾਲ ਮੀਟਿੰਗ

**ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ)** -ਪੰਜਾਬ ਸਰਕਾਰ ਵੱਲੋਂ ਅਧਿਕਾਰੀਆਂ ਦੇ ਕੀਤੇ ਗਏ ਤਬਾਦਲਿਆਂ ਦੌਰਾਨ ਸਬ ਡਵੀਜ਼ਨ ਪਾਤੜਾਂ ਦੇ ਐਸਡੀਐਮ ਨਵਦੀਪ ਕੁਮਾਰ ਦੀ ਥਾਂ ਆਏ ਨਵੇਂ ਐਸਡੀਐਮ ਮਨਜੀਤ ਕੌਰ ਨੇ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਸਬ ਡਿਵੀਜ਼ਨ ਦਫ਼ਤਰ ਦੇ ਕ੍ਰਮਚਾਰੀਆਂ ਨਾਲ ਮੀਟਿੰਗ ਕਰਕੇ ਕੰਮਕਾਰ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਨਿਰਦੇਸ਼ ਦਿੱਤੇ।

ਐਸਡੀਐਮ ਸ੍ਰੀਮਤੀ ਮਨਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸੁਵਿਧਾਵਾਂ ਲੈਣ ਵਿੱਚ ਲੋਕਾਂ ਨੂੰ ਕੋਈ ਇਸੇ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ, ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ। ਇਸ ਦੌਰਾਨ ਉਨ੍ਹਾਂ ਸਮੂਹ ਕ੍ਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਦਫ਼ਤਰ ਵਿੱਚ ਕੰਮ ਕਾਜ ਲਈ ਆਉਣ ਵਾਲੇ ਕਿਸੇ ਵੀ ਵਿਅਕਤੀ ਨੂੰ ਖੱਜਲ ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਆਪਣਾ ਕੰਮ ਸੁਚਾਰੂ ਢੰਗ ਨਾਲ ਕਰਨ ਦੇ ਨਾਲ ਨਾਲ ਕਿਸੇ ਵੀ ਕੰਮ ਨੂੰ ਪੈਂਡਿੰਗ ਨਾ ਰੱਖਿਆ ਜਾਵੇ।



# ਪੈਨਸ਼ਨਰ ਮਹਾਂ ਸੰਘ ਇਕਾਈ ਮਾਛੀਵਾੜਾ ਦੀ ਮੀਟਿੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ ਇਕਾਈ ਮਾਛੀਵਾੜਾ ਦੀ ਮਾਸਿਕ ਮੀਟਿੰਗ ਰਾਮ ਸਿੰਘ ਕਾਲੜਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦਾ ਏਜੰਡਾ ਪੇਸ਼ ਕਰਦਿਆਂ ਤਰਲੋਚਨ ਸਿੰਘ ਨੇ ਨਵੇਂ ਬਣੇ ਮੈਂਬਰਾਂ ਨੂੰ 'ਜੀ ਆਇਆਂ' ਕਿਹਾ। ਅਮੋਲਕ ਸਿੰਘ ਤੇ ਜੋਗਾ ਸਿੰਘ ਨੇ ਜਿੱਥੇ ਸਰਕਾਰ ਨੂੰ ਮੰਗਾਂ ਨਾ ਮੰਨਣ 'ਤੇ ਕੋਸਿਆ, ਉੱਥੇ ਪੈਨਸ਼ਨਰਜ਼ ਨੂੰ ਰਲ ਕੇ ਸੰਘਰਸ਼ ਦਾ ਸੱਦਾ ਦਿੱਤਾ। ਰਾਮ ਸਿੰਘ ਕਾਲੜਾ ਨੇ ਕੇਂਦਰ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅੰਤਰਿਮ ਬਜਟ ਵਿੱਚ ਇਨਕਮ ਟੈਕਸ ਵਿੱਚ ਰਾਹਤ ਨਾ ਦੇਣ ਦੀ ਨਿਖੇਧੀ ਕੀਤੀ, ਉਥੇ ਪੰਜਾਬ ਸਰਕਾਰ ਵੱਲੋਂ ਵਾਰ ਵਾਰ ਸਮਾਂ ਦੇ ਕੇ ਵੀ ਮੰਗਾਂ ਬਾਰੇ ਗੱਲਬਾਤ ਤੋਂ ਭੱਜਣ ਦਾ ਦੋਸ਼ ਲਗਾਉਂਦੇ ਹੋਏ ਮੰਗ ਕੀਤੀ ਕਿ ਪੈਨਸ਼ਨਰਜ਼ ਦੀ ਪੈਨਸ਼ਨ 2.59 ਫੈਕਟਰ ਨਾਲ ਸੋਧਦੇ ਹੋਏ ਬਕਾਇਆ ਦਿੱਤਾ ਜਾਵੇ, ਡੀ. ਏ. ਦੀਆਂ ਬਣਦੀਆਂ ਕਿਸ਼ਤਾਂ ਤੇ ਮੈਡੀਕਲ ਕੈਸ਼ਲੈੱਸ ਸਕੀਮ ਲਾਗੂ ਕੀਤੀ ਜਾਵੇ। ਜਥੇਬੰਦੀ ਵੱਲੋਂ ਹੇਮ ਸਿੰਘ, ਸੋਹਣ ਸਿੰਘ, ਸੁਰਿੰਦਰ ਸਿੰਘ ਗਿੱਲ, ਹਰੀ ਰਾਮ, ਜਸਪਾਲ ਕੌਰ ਦਾ ਸਨਮਾਨ ਵੀ ਕੀਤਾ ਗਿਆ। ਮੀਟਿੰਗ ਵਿੱਚ ਸੁਰਜੀਤ ਸਿੰਘ, ਤਾਰਾ ਸਿੰਘ, ਪਰਮਜੀਤ ਸਿੰਘ, ਗੁਰਮੀਤ ਸਿੰਘ, ਭਾਰਤ ਭੂਸ਼ਣ, ਹਰਨੇਕ ਪਾਲ ਸਿੰਘ, ਰਵਿੰਦਰ ਸਿੰਘ, ਅਮਰਜੀਤ ਸਿੰਘ, ਰਵਿੰਦਰ ਸਿੰਘ, ਗੁਰਜੀਤ ਸਿੰਘ, ਅਵਤਾਰ ਸਿੰਘ, ਸੁਰਜੀਤ ਸਿੰਘ, ਸੁੱਚਾ ਸਿੰਘ, ਮਿਹਰ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਨਸ਼ਾ ਵੇਚਣ ਵਾਲਿਆਂ ਖਿਲਾਫ ਹੋਵੇਗੀ ਸਖਤ ਕਾਰਵਾਈ : ਇੰਸਪੈਕਟਰ ਅੰਮ੍ਰਿਤਵੀਰ

**ਅਮਲੋਹ (ਲਖਵੀਰ ਸਿੰਘ, ਹਰਚਰਨ ਉਪਲ)**-ਨਸ਼ਾ ਵੇਚਣ ਵਾਲਿਆਂ ਖਿਲਾਫ ਪੁਲਸ ਵਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਥਾਣਾ ਅਮਲੋਹ ਦੇ ਨਵਨਿਯੁਕਤ ਥਾਣਾ ਮੁਖੀ ਅੰਮ੍ਰਿਤਵੀਰ ਸਿੰਘ ਚਹਿਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾ ਅੱਗੇ ਕਿਹਾ ਕਿ ਨਸ਼ੇ ਨੂੰ ਜੜ੍ਹ ਤੋਂ ਖਾਤਮ ਕਰਨ ਲਈ ਪੁਲਸ ਨੂੰ ਲੋਕਾਂ ਦੇ ਸਹਿਯੋਗ ਦੀ ਵੀ ਜ਼ਰੂਰਤ ਹੈ। ਉਨ੍ਹਾ ਨੇ ਕਿਹਾ ਕਿ ਸੂਚਨਾ ਦੇਣ ਵਾਲੇ ਦੀ ਜਾਣਕਾਰੀ ਗੁਪਤ ਰੱਖੀ ਜਾਵੇਗੀ। ਉਨ੍ਹਾ ਅੱਗੇ ਕਿਹਾ ਕਿ ਸੜਕ ਸੁਰੱਖਿਆ ਫੋਰਸ ਤਹਿਤ ਅਮਲੋਹ ਨੂੰ ਇਕ ਗੱਡੀ ਮਿਲੀ ਹੈ। ਜਿਸ ਨਾਲ ਸੜਕ ਹਾਦਸੇ ਦੌਰਾਨ ਜ਼ਖਮੀ ਹੋਣ ਵਾਲਿਆਂ ਦੀਆਂ ਜਾਨਾਂ ਵੀ ਬਚਣਗੀਆਂ, ਉਥੇ ਹੀ ਥਾਣੇ ਵਿੱਚ ਕੰਮਕਾਰ ਲਈ ਆਉਣ ਵਾਲਿਆਂ ਦਾ ਕੰਮ ਪਹਿਲ ਦੇ ਆਧਾਰ ਉੱਤੇ ਕੀਤਾ ਜਾਵੇਗਾ।

### ਗਣਤੰਤਰ ਦਿਵਸ ਮੌਕੇ ਦਿੱਲੀ 'ਚ ਢਿੱਲੋਂ ਪਰਵਾਰ ਦਾ ਸਨਮਾਨ



**ਮਲੋਟ, (ਗੁਰਮੀਤ ਸਿੰਘ ਮੱਕੜ)** ਪਿੰਡ ਜੰਡਵਾਲਾ ਚੜ੍ਹਤ ਸਿੰਘ ਵਿੱਚ ਲੱਗੇ ਪ੍ਰੋਜੈਕਟ ਪੰਜਾਬ ਸੀ ਐਗਰੋ, ਜੋ ਝੀਂਗਾ ਮੱਛੀ ਦਾ ਪਹਿਲਾਂ ਕੋਲਡ ਸਟੋਰ ਅਤੇ ਬਰਫ਼ ਫੈਕਟਰੀ ਹੈ, ਦੇ ਅਧਾਰ 'ਤੇ ਪਰਮਜੀਤ ਸਿੰਘ, ਮਨਦੀਪ ਕੌਰ, ਰੁਪਿੰਦਰਪਾਲ ਸਿੰਘ ਅਤੇ ਰਮਨਦੀਪ ਕੌਰ ਨੂੰ 26 ਜਨਵਰੀ ਦੇ ਪ੍ਰੋਗਰਾਮ ਲਈ ਚਾਰ ਦਿਨ ਦੇ ਸੱਦਾ ਪੱਤਰ 'ਤੇ ਖਾਸ ਮਹਿਮਾਨ ਦੇ ਤੌਰ 'ਤੇ ਦਿੱਲੀ ਵਿਖੇ ਗਣਤੰਤਰ ਦਿਵਸ ਮੌਕੇ ਸਨਮਾਨਤ ਕੀਤਾ ਗਿਆ। ਇਸ ਚਾਰ ਦਿਨਾ ਸੱਦੇ ਦਰਮਿਆਨ ਢਿੱਲੋਂ ਪਰਵਾਰ ਦੇ ਮੈਂਬਰਾਂ ਨੇ ਕੇਂਦਰੀ ਵਿੱਤ ਵਿਭਾਗ ਦਿੱਲੀ ਵਿਖੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨਾਲ ਦੁਪਿਹਰ ਦਾ ਖਾਣਾ ਸਾਂਝਾ ਕੀਤਾ ਅਤੇ ਨਾਲ ਹੀ ਕਰਤੱਵਯ ਪੱਥ ਵਿਖੇ 26 ਜਨਵਰੀ ਦੀ ਪਰੇਡ ਤੋਂ ਇਲਾਵਾ ਹੋਰ ਕਾਫੀ ਪ੍ਰੋਗਰਾਮਾਂ ਵਿਚ ਵਿਸ਼ੇਸ਼ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਪੂਰੇ ਪੰਜਾਬ ਵਿਚੋਂ ਇਸ ਪਰਵਾਰ ਨੂੰ ਚੁਣਿਆ ਜਾਣਾ ਪੰਜਾਬ ਤੇ ਮਲੋਟ ਲਈ ਮਾਣ ਵਾਲੀ ਗੱਲ ਹੈ।

### ਭਗੌੜੇ ਨੂੰ ਪੁਲਸ ਨੇ ਏਅਰਪੋਰਟ ਤੋਂ ਦਬੋਚਿਆ

**ਬੁਢਲਾਡਾ (ਰੀਤਵਾਲ)** ਸ਼ਹਿਰ ਦੀ ਸਿਟੀ ਪੁਲਿਸ ਵੱਲੋਂ ਇੱਕ ਮਾਮਲੇ ਵਿੱਚ ਨਾਮਜ਼ਦ ਭਗੌੜੇ ਨੂੰ ਦਿੱਲੀ ਏਅਰਪੋਰਟ 'ਤੇ ਪੈਰ ਰੱਖਦਿਆਂ ਹੀ ਦਬੋਚਣ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਹੈ। ਡੀਐਸਪੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਸ਼ਹਿਰ ਦੇ ਹਰਪਾਲ ਸਿੰਘ ਖਿੱਪਲ ਉਰਫ ਸਾਹਿਲ ਪੁੱਤਰ ਪਪਲੀ ਖਿੱਪਲ ਵਿਰੁੱਧ ਗਗਨਜੋਤ ਸਾਹਨੀ ਨਾਲ ਹੋਏ ਲੜਾਈ ਝਗੜੇ ਵਿੱਚ ਸਾਲ 2018 ਵਿੱਚ ਨਾਮਜ਼ਦ ਕੀਤਾ ਗਿਆ ਸੀ, ਜੋ ਪੁਲਸ ਦੀ ਗ੍ਰਿਫ਼ਤ ਤੋਂ ਭੱਜਦਾ ਰਿਹਾ ਅਤੇ ਡੇਢ ਸਾਲ ਪਹਿਲਾਂ ਪੁਲਸ ਵੱਲੋਂ ਉਸ ਖਿਲਾਫ਼ ਐਲਓਸੀ ਜਾਰੀ ਕੀਤਾ ਗਿਆ ਸੀ। ਜਿਸ ਦੇ ਮੱਦੇਨਜ਼ਰ ਉਕਤ ਭਗੌੜੇ ਨੇ ਜਦੋਂ ਕਨੇਡਾ ਤੋਂ ਦਿੱਲੀ ਏਅਰਪੋਰਟ 'ਤੇ ਪੈਰ ਰੱਖਿਆ ਤਾਂ ਸਹਾਇਕ ਥਾਣੇਦਾਰ ਕੁਲਦੀਪ ਸਿੰਘ ਦੀ ਪੁਲਿਸ ਪਾਰਟੀ ਵੱਲੋਂ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਸ ਵੱਲੋਂ ਉਸ ਨੂੰ ਸਥਾਨਕ ਕੋਰਟ ਵਿੱਚ ਪੇਸ਼ ਕਰਨ ਉਪਰੰਤ ਜੇਲ੍ਹ ਭੇਜ ਦਿੱਤਾ ਗਿਆ ਹੈ।

### ਉਪਰੋਂ ਡਿੱਗੀ ਬੋਰੀ ਨਾਲ ਮਜ਼ਦੂਰ ਦੀ ਮੌਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਪਿੰਡ ਝੋਕ ਹਰੀਹਰ ਦੇ ਇੱਕ ਸਰਕਾਰੀ ਗੋਦਾਮ ਵਿੱਚ ਠੇਕੇ 'ਤੇ ਮਜ਼ਦੂਰ ਵਜੋਂ ਕੰਮ ਕਰਨ ਵਾਲੇ ਹਰਮੇਜ ਸਿੰਘ ਪੁੱਤਰ ਮਹਿੰਦਰ ਸਿੰਘ ਉਮਰ 42 ਸਾਲ ਵਾਸੀ ਝੁੱਗੇ ਹਾਜਰਾ ਸਿੰਘ ਦੀ ਕੰਮ ਦੌਰਾਨ ਬੋਰੀਆਂ ਦੀ ਧਾਕ ਡਿੱਗਣ ਕਾਰਨ ਉਸ ਦੀ ਮੌਤ ਹੋ ਗਈ।ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪਿੰਡ ਦੇ ਨੰਬਰਦਾਰ ਸਤਨਾਮ ਸਿੰਘ ਅਨੁਸਾਰ ਹਰਮੇਜ ਸਿੰਘ ਰੋਜ਼ਾਨਾ ਦੀ ਤਰ੍ਹਾਂ ਆਪਣੇ ਕੰਮ 'ਤੇ ਚਲਾ ਗਿਆ ਤੇ ਕੰਮ ਕਰਦੇ ਸਮੇਂ ਬੋਰੀਆਂ ਬੋਰੀਆਂ ਦੀ ਧਾਕ ਹਰਮੇਜ ਸਿੰਘ 'ਤੇ ਡਿੱਗ ਗਈ, ਜਿਸ ਤੋਂ ਬਾਅਦ ਉਸ ਦੇ ਸਾਥੀ ਮਜ਼ਦੂਰਾਂ ਨੇ ਬੋਰੀਆਂ ਹਟਾ ਦਿੱਤੀਆਂ, ਪਰ ਉਦੋਂ ਤੱਕ ਉਸ ਦਾ ਸਾਹ ਚੱਲ ਰਿਹਾ ਸੀ।ਪਰ ਗੰਭੀਰ ਜ਼ਖ਼ਮੀ ਹੋਣ ਕਾਰਨ ਹਰਮੇਜ ਸਿੰਘ ਦੀ ਕੁਝ ਸਮੇਂ ਬਾਅਦ ਮੌਤ ਹੋ ਗਈ।ਮ੍ਰਿਤਕ ਦੇ ਤਿੰਨ ਬੱਚੇ ਹਨ।ਜਿਸ ਵਿੱਚ ਦੋ ਲੜਕੀਆਂ ਅਤੇ ਇੱਕ ਲੜਕਾ ਹੈ।ਘਟਨਾ ਦੀ ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

### ਖੁਸ਼ਹਾਲ ਸਿੰਘ ਵਾਲਾ 'ਚ ਵਿਸ਼ਵ ਜਲਗਾਹ ਦਿਵਸ ਮਨਾਇਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਫ਼ਿਰੋਜ਼ਪੁਰ-2 ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਸ਼ਹਾਲ ਸਿੰਘ ਵਾਲਾ ਵਿਖੇ ਵਿਸ਼ਵ ਜਲਗਾਹ ਦਿਵਸ ਮਨਾਇਆ ਗਿਆ।ਸਕੂਲ ਦੇ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਹੇਠ ਸਾਇੰਸ ਅਧਿਆਪਕਾਂ ਜਯੋਤੀ ਪੋਪਲੀ, ਸਪਨਾ ਤੇ ਅਰੁਣਦੀਪ ਕੌਰ ਨੇ ਇਸ ਦਿਵਸ ਨੂੰ ਨੇਪਰੇ ਚਾੜ੍ਹਿਆ।ਵਿਦਿਆਰਥੀਆਂ ਨੂੰ ਜਲਗਾਹਾਂ ਦੀ ਸੁਰੱਖਿਆ ਪ੍ਰਤੀ ਜਾਗਰੂਕ ਕੀਤਾ। ਇਸ ਨਾਲ ਸਬੰਧਤ ਪੋਸਟਰ ਮੇਕਿੰਗ ਮੁਕਾਬਲੇ ਕਰਾਏ, ਰੰਗੋਲੀ ਬਣਾਈ ਗਈ ਤੇ ਜਲਗਾਹਾਂ ਨਾਲ ਸਬੰਧਤ ਹੋਰ ਗਤੀਵਿਧੀਆਂ ਜਿਵੇਂ ਸਹੁੰ ਚੁਕਾਈ ਅਤੇ ਕੁਇਜ਼ ਮੁਕਾਬਲੇ ਕਰਾਏ ਗਏ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ।

# ਕਾਕਾ ਬਰਾੜ ਨੇ ਰਿਟਾ : ਥਾਣੇਦਾਰ ਢਿੱਲੋਂ ਨੂੰ ਕੀਤਾ ਪਾਰਟੀ 'ਚ ਸ਼ਾਮਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ / ਪਰਮਜੀਤ/ ਚਾਵਲਾ )** : ਆਮ ਆਦਮੀ ਪਾਰਟੀ ਹਲਕਾ ਸ੍ਰੀ ਮੁਕਤਸਰ ਸਾਹਿਬ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਏ ਐਸ ਆਈ ਗੁਰਮੇਲ ਸਿੰਘ ਰਿਟਾਇਰ ਹੋਣ ਤੋਂ ਬਾਅਦ ਪਾਰਟੀ 'ਚ ਸ਼ਾਮਲ ਹੋ ਗਏ। ਜਿਨ੍ਹਾਂ ਦਾ ਭਰਵਾਂ ਸਵਾਗਤ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਥਾਣੇਦਾਰ ਗੁਰਮੇਲ ਸਿੰਘ ਢਿੱਲੋਂ ਨੇ ਆਪਣੀ ਪੂਰੀ ਡਿਊਟੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ ਹੈ। ਜਿਨ੍ਹਾਂ ਦੀ ਸੱਚੀ ਸੇਵਾ ਨੂੰ ਦੇਖਦਿਆਂ ਥਾਣੇਦਾਰ ਢਿੱਲੋਂ ਨੂੰ ਪਾਰਟੀ 'ਚ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਆਖਿਆ ਕਿ ਪਾਰਟੀ 'ਚ ਸ਼ਾਮਲ ਹੋਏ ਥਾਣੇਦਾਰ ਗੁਰਮੇਲ ਸਿੰਘ ਢਿੱਲੋਂ ਨੂੰ ਪੂਰਾ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਗੁਰਮੇਲ ਸਿੰਘ ਢਿੱਲੋਂ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਕਿ ਉਹ ਪਾਰਟੀ ਪ੍ਰਤੀ ਪੂਰੀ ਤਰ੍ਹਾਂ ਵਫਾਦਾਰ ਨਿਭਾਉਂਦੇ ਹੋਏ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਵਚਨਬੱਧ ਹੋਣਗੇ। ਇਸ ਮੌਕੇ ਜਗਦੀਪ ਸਿੰਘ ਢਿੱਲੋਂ, ਪਰਮਜੀਤ ਸਿੰਘ ਪੰਮਾ ਨੰਬਰਦਾਰ ਬਲਾਕ ਪ੍ਰਧਾਨ, ਜਤਿੰਦਰ ਮਹੰਤ ਸੀਨੀਅਰ ਆਗੂ, ਦੀਪਕ ਗਿਰਧਰ, ਅਜੈ ਕੁਮਾਰ ਆਦਿ ਹਾਜ਼ਰ ਸਨ।

# ਦੇਸ਼ ਭਗਤ 'ਵਰਸਿਟੀ ਨੇ ਅੰਤਰਰਾਸ਼ਟਰੀ ਫੈਸ਼ਨ ਫੈਸਟੀਵਲ ਦੀ ਕੀਤੀ ਮੇਜ਼ਬਾਨੀ



**ਸਮਰਾਲਾ, (ਸੁਰਜੀਤ ਸਿੰਘ)**- ਦੇਸ ਭਗਤ ਯੂਨੀਵਰਸਿਟੀ, ਸੱਭਿਆਚਾਰਕ ਵਿਭਿੰਨਤਾ ਅਤੇ ਅਕਾਦਮਿਕ ਉੱਤਮਤਾ ਦੇ ਕੇਂਦਰ ਨੇ ਹਾਲ ਹੀ ਵਿੱਚ ਆਪਣੇ ਕੈਂਪਸ ਨੂੰ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਫੈਸ਼ਨ ਸ਼ੋਅ ਦੀ ਇੱਕ ਨਵੀਂ ਮਿਸਾਲ ਪੇਸ਼ ਕੀਤੀ। ਇਸ ਇਵੈਂਟ ਨੇ ਦੁਨੀਆ ਦੇ ਵੱਖ-ਵੱਖ ਕੋਨਿਆਂ ਤੋਂ ਵਿਦਿਆਰਥੀਆਂ ਨੇ ਆਪੋ ਆਪਣੇ ਸੱਭਿਆਚਾਰ ਵਿਖਾਵੇ ਪੇਸ਼ ਕੀਤੇ। ਸਮਾਗਮ ਦੀ ਸ਼ੁਰੂਆਤ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਅਤੇ ਡੀ.ਬੀ.ਯੂ. ਪ੍ਰਸ਼ਾਸਨ ਦੇ ਹੋਰ ਮੈਂਬਰਾਂ ਸਮੇਤ ਵੱਖ-ਵੱਖ ਪਤਵੰਤਿਆਂ ਦੀ ਆਮਦ ਨਾਲ ਹੋਈ। ਡੀ ਬੀ ਯੂ ਦੇ ਵਾਈਸ ਪ੍ਰੈਜ਼ੀਡੈਂਟ ਡਾ. ਹਰਸ਼ ਸਦਾਵਰਤੀ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਸੱਭਿਆਚਾਰਕ ਵਿਭਿੰਨਤਾ ਨੂੰ ਅਪਣਾਉਣ ਅਤੇ ਮਨਾਉਣ ਲਈ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਇਸ ਦੌਰਾਨ ਮਿਸਟਰ ਡੀ ਬੀ ਯੂ ਇੰਟਰਨੈਸ਼ਨਲ ਮੇਲਚੀਸੇਡੇਕ ਆਈਕੇਸ ਅਤੇ ਮਿਸ ਡੀ ਬੀ ਯੂ ਇੰਟਰਨੈਸ਼ਨਲ ਮੋਇਪੋਨ ਲੇਕਾਕਾ ਨੂੰ ਜੇਤੂਆਂ ਵਜੋਂ ਤਾਜ ਪਹਿਨਾਇਆ ਗਿਆ। ਇਸ ਤੋਂ ਇਲਾਵਾ ਮਿਸਟਰ ਸੈਕਿੰਡ ਰਨਰ ਅੱਪ ਸਿਸਕ ਰੇਤਜੀ, ਮਿਸ ਸੈਕਿੰਡ ਰਨਰ ਅੱਪ ਬੋਕਾਂਗ ਮਾਪੇਨਾ, ਮਿਸਟਰ ਹੈਂਡਸਮ ਜੈਕਸਨ ਫ੍ਰਾਂਸਿਸ, ਮਿਸ ਗੋਰਜੀਅਸ ਰਾਮਾਟੂ ਏ ਕੋਂਟੇਹ, ਮਿਸਟਰ ਚਾਰਮਿੰਗ ਸਮਾਈਲ ਕਿਮ ਪਾਲ ਗਯਾਂਗ ਅਤੇ ਮਿਸ ਚਾਰਮਿੰਗ ਸਮਾਈਲ ਜੋਸੇਫੀਨ ਗਯਾਂਗ ਨੂੰ ਵੀ ਸਨਮਾਨਤ ਕੀਤਾ ਗਿਆ। ਚਾਂਸਲਰ ਡਾ. ਜ਼ੋਰਾ ਸਿੰਘ ਨੇ ਯੂਨੀਵਰਸਿਟੀ ਦੇ ਬਹੁ-ਸੱਭਿਆਚਾਰਕ ਵਾਤਾਵਰਣ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਭਾਗੀਦਾਰਾਂ ਦੀ ਸਲਾਘਾ ਕਰਦੇ ਹੋਏ ਅੰਤਰਰਾਸ਼ਟਰੀ ਵਿਦਿਆਰਥੀ ਭਾਈਚਾਰੇ ਦੁਆਰਾ ਦਰਸਾਈ ਸੱਭਿਆਚਾਰਕ ਵਿਭਿੰਨਤਾ 'ਤੇ ਮਾਣ ਪ੍ਰਗਟ ਕੀਤਾ। ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਫੈਸ਼ਨ ਰਾਹੀਂ ਸੱਭਿਆਚਾਰਕ ਅਦਾਨ-ਪ੍ਰਦਾਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇੰਟਰਨੈਸ਼ਨਲ ਸਟੂਡੈਂਟਸ ਦੇ ਡਾਇਰੈਕਟਰ ਅਰੁਣ ਮਲਿਕ ਨੇ ਹਾਜ਼ਰੀਨ, ਭਾਗੀਦਾਰਾਂ ਅਤੇ ਆਯੋਜਕ ਟੀਮ ਦਾ ਧੰਨਵਾਦ ਕੀਤਾ।

# ਪਰਾਸ਼ਰ ਨੇ ਹਰਬੰਸਪੁਰਾ 'ਚ ਟਿਊਬਵੈੱਲ ਪ੍ਰੋਜੈਕਟ ਦੀ ਕੀਤੀ ਸ਼ੁਰੂਆਤ



**ਲੁਧਿਆਣਾ (ਰਾਜ ਸਿੰਗਲਾ)**- ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਸੁਚਾਰੂ ਬਣਾਉਣ ਲਈ ਲੁਧਿਆਣਾ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਸੋਮਵਾਰ ਨੂੰ ਵਾਰਡ ਨੰਬਰ 82 ਦੇ ਹਰਬੰਸਪੁਰਾ ਇਲਾਕੇ ਵਿੱਚ ਇੱਕ ਟਿਊਬਵੈੱਲ ਲਗਾਉਣ ਦੇ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ। 25 ਐਚ.ਪੀ ਦਾ ਟਿਊਬਵੈੱਲ 11.93 ਲੱਖ ਰੁਪਏ ਦੀ ਲਾਗਤ ਨਾਲ ਲਗਾਇਆ ਜਾ ਰਿਹਾ ਹੈ। ਵਿਧਾਇਕ ਪਰਾਸ਼ਰ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਅਤੇ ਉਨ੍ਹਾਂ ਨੇ ਪਿਛਲੇ ਸਮੇਂ ਵਿੱਚ ਇਹ ਮੁੱਦਾ ਉਠਾਇਆ ਸੀ। ਵਿਧਾਇਕ ਨੇ ਕਿਹਾ ਕਿ ਇਲਾਕਾ ਵਾਸੀਆਂ ਦੀ ਮੰਗ ਨੂੰ ਪੂਰਾ ਕਰਦੇ ਹੋਏ ਇਲਾਕੇ ਵਿੱਚ ਟਿਊਬਵੈੱਲ ਲਗਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਜਲਦੀ ਤੋਂ ਜਲਦੀ ਟਿਊਬਵੈੱਲ ਲਗਾਉਣ ਦਾ ਕੰਮ ਪੂਰਾ ਕਰਨ। ਵਿਧਾਇਕ ਪਰਾਸ਼ਰ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਲੁਧਿਆਣਾ ਕੇਂਦਰੀ ਹਲਕੇ ਵਿੱਚ ਮਿਆਰੀ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਮਸਲਿਆਂ ਤੋਂ ਹਲਕਾ ਵਾਸੀਆਂ ਨੂੰ ਰਾਹਤ ਦੇਣ ਲਈ ਵੱਡੀ ਗਿਣਤੀ ਵਿੱਚ ਵਿਕਾਸ ਪ੍ਰੋਜੈਕਟ ਕੀਤੇ ਜਾ ਰਹੇ ਹਨ।

# ਪੰਜਾਬ ਨੂੰ ਲੁੱਟਣ ਵਾਲੀਆਂ ਪਾਰਟੀਆਂ ਤੋਂ ਬਚਾਉਣ ਲਈ ਪੰਜਾਬੀ ਅੱਗੇ ਆਉਣ : ਚੰਦੂਮਾਜਰਾ, ਚੀਮਾ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸ਼੍ਰੋਮਣੀ ਅਕਾਲੀ ਦਲ ਤੋਂ ਬਿਨਾਂ ਕੋਈ ਅਜਿਹੀ ਪਾਰਟੀ ਨਹੀਂ ਹੈ ਜੋ ਪੰਜਾਬ ਦੇ ਹਿੱਤਾਂ ਲਈ ਕਾਰਜ ਕਰਨ ਲਈ ਸਹਾਈ ਹੋਵੇ ਕਿਉਂਕਿ ਹੁਣ ਤੱਕ ਪੰਜਾਬ ਨੂੰ ਲੁੱਟਣ ਲਈ ਮੁਗਲਾਂ ਵਾਂਗ ਦਿੱਲੀ ਤੋਂ ਪਾਰਟੀਆਂ ਆਉਂਦੀਆਂ ਰਹੀਆਂ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਸੰਸਦ ਮੈਂਬਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਫਤਿਹਗੜ੍ਹ ਸਾਹਿਬ ਦੇ ਇੰਚਾਰਜ ਜਗਦੀਪ ਸਿੰਘ ਚੀਮਾ ਨੇ ਫਤਿਹਗੜ੍ਹ ਸਾਹਿਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਦੇ ਦਰਦ ਨੂੰ ਸਮਝਣ ਵਾਲੀ ਕੇਵਲ ਤੇ ਕੇਵਲ ਸ਼੍ਰੋਮਣੀ ਅਕਾਲੀ ਦਲ ਹੀ ਇਕ ਪਾਰਟੀ ਹੈ ਜਿਸ ਨੂੰ ਮਜ਼ਬੂਤ ਕਰਨਾ ਸਮੇਂ ਦੀ ਮੁੱਖ ਲੋੜ ਹੈ ਅਤੇ ਪੰਜਾਬੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਡਟ ਕੇ ਖੜ੍ਹਨ ਲਈ ਅੱਗੇ ਆਉਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਨੂੰ ਅਥਾਹ ਪਿਆਰ ਅਤੇ ਹੁੰਗਾਰਾ ਦੇਖਣ ਨੂੰ ਮਿਲ ਰਿਹਾ ਹੈ ਤੇ ਥਾਂ ਥਾਂ 'ਤੇ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਦੇ ਹੋ ਰਹੇ ਇਕੱਠ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸਰਕਾਰ ਤੋਂ ਅੱਕੇ ਹੋਏ ਪੰਜਾਬ ਨਿਵਾਸੀ ਹੁਣ ਸ਼੍ਰੋਮਣੀ ਅਕਾਲੀ ਦਲ ਨਾਲ ਆ ਕੇ ਖੜ੍ਹ ਰਹੇ ਹਨ। ਆਗੂਆਂ ਨੇ ਸਿਆਸੀ ਵਿਰੋਧੀਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਨੂੰ ਅਕਾਲੀ ਦਲ ਬਚਾਓ ਯਾਤਰਾ ਕਰਾਰ ਦਿੱਤੇ ਜਾਣ 'ਤੇ ਆਪਣਾ ਪ੍ਰਤੀਕਰਮ ਜ਼ਾਹਰ ਕਰਦਿਆਂ ਕਿਹਾ ਕਿ ਜੇਕਰ ਅਕਾਲੀ ਦਲ ਬਚੇਗਾ ਤਾਂ ਹੀ ਪੰਜਾਬ ਬਚ ਸਕੇਗਾ, ਕਿਉਂਕਿ ਪੰਜਾਬ ਦਾ ਜੇਕਰ ਕੋਈ ਵਾਲੀਵਾਰਸ ਤੇ ਰਾਖਾ ਹੀ ਨਹੀਂ ਹੋਵੇਗਾ ਤਾਂ ਪੰਜਾਬ ਕਿਸ ਤਰਾਂ ਬਚ ਸਕੇਗਾ ? ਉਨ੍ਹਾਂ ਕਿਹਾ ਕਿ ਪੰਜਾਬ ਤੋਂ ਬਾਹਰਲੀਆਂ ਨੈਸ਼ਨਲ ਪਾਰਟੀਆਂ ਦੀ ਸੋਚ ਪੰਜਾਬ ਦੀ ਸੋਚ ਤੋਂ ਕਿਤਾਂ ਦੂਰ ਹੈ ਤੇ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੇ ਹਿੱਤਾਂ ਦੀ ਪਹਿਰੇਦਾਰ ਕਰਨ ਵਾਲੀ ਪਾਰਟੀ ਸੀ, "ਹੈ" ਅਤੇ ਭਵਿੱਖ ਵਿੱਚ ਸਦਾ ਕਾਇਮ ਰਹੇਗੀ। ਕਿਉਂਕਿ ਪੰਜਾਬ ਤੋਂ ਬਾਹਰੋਂ ਆਉਣ ਵਾਲੀਆਂ ਪਾਰਟੀਆਂ ਦਾ ਰਿਮੋਟ ਕੰਟਰੋਲ ਦਿੱਲੀ ਦੇ ਹੱਥ ਹੁੰਦਾ ਹੈ ਤੇ ਉਥੋਂ ਹੀ ਜੋ ਨਿਰਦੇਸ਼ ਮਿਲਦੇ ਹਨ ਉਸੇ ਤਰ੍ਹਾਂ ਇਹ ਪਾਰਟੀਆਂ ਪੰਜਾਬ ਦੇ ਹੱਕਾਂ ਨੂੰ ਦਰਕਿਨਾਰ ਕਰਦੀਆਂ ਹੋਈਆਂ ਕੰਮ ਕਰਦੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਰਿਆ, ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਸ਼ਹਿਰੀ ਪ੍ਰਧਾਨ ਮਨਮੋਹਨ ਸਿੰਘ ਮਕਾਰੋਂਪੁਰ, ਐਡਵੋਕੇਟ ਜਸਪ੍ਰੀਤ ਸਿੰਘ ਝਬਾਲੀ, ਸੁਖਵਿੰਦਰ ਸਿੰਘ ਘਮੰਡਗੜ੍ਹ, ਗੁਰਦੀਪ ਸਿੰਘ ਘੁਮਾਣ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਖਮਾਣੋ ਅਤੇ ਹੋਰ ਪਾਰਟੀ ਆਗੂ ਵੀ ਹਾਜ਼ਰ ਸਨ।

# ਭਲਾਈਆਣਾ ਤੋਂ ਸ੍ਰੀ ਅੰਮ੍ਰਿਤਸਰ ਤੇ ਤਲਵੰਡੀ ਸਾਬੋ ਲਈ ਤੀਰਥ ਬੱਸ ਰਵਾਨਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ / ਚਾਵਲਾ/ ਪਰਮਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਪ੍ਰਿਤਪਾਲ ਸ਼ਰਮਾ ਚੇਅਰਮੈਨ ਮਾਰਕਿਟ ਕਮੇਟੀ ਗਿੱਦੜਬਾਹਾ ਨੇ ਪਿੰਡ ਭਲਾਈਆਣਾ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਤਲਵੰਡੀ ਸਾਬੋ ਦੇ ਗੁਰੂ ਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਯਾਤਰਾ ਬੱਸ ਵਿਚ 43 ਸ਼ਰਧਾਲੂ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਈ ਜਾ ਰਹੀ ਹੈ। ਚੇਅਰਮੈਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਦੇ ਲੋਕਾਂ ਨਾਲ ਜੋ ਵੀ ਵਾਅਦਾ ਕੀਤਾ ਹੈ ਉਸ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਦਾ ਖਰਚਾ ਪੰਜਾਬ ਸਰਕਾਰ ਕਰ ਰਹੀ ਹੈ, ਜਿਸ ਵਿਚ ਉਨ੍ਹਾਂ ਦੇ ਸਫ਼ਰ ਰਿਹਾਇਸ਼ ਅਤੇ ਖਾਣ-ਪੀਣ ਦੇ ਸਾਰੇ ਖ਼ਰਚੇ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਧਾਰਮਕ ਸਥਾਨਾਂ ਦੀ ਯਾਤਰਾ ਬੱਸਾਂ ਰਾਹੀਂ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਉਹਨਾਂ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ ਜੋ ਬੁਢਾਪੇ ਜਾਂ ਆਰਥਕ ਤੰਗੀ ਕਾਰਨ ਪ੍ਰਮੁੱਖ ਧਾਰਮਕ ਸਥਾਨਾਂ ਦੇ ਦਰਸ਼ਨਾਂ ਤੋਂ ਵਾਂਝੇ ਰਹਿ ਜਾਂਦੇ ਹਨ।

# 'ਸਰਕਾਰ ਤੁਹਾਡੇ ਦੁਆਰ' ਸਕੀਮ ਤਹਿਤ ਪਿੰਡਾਂ-ਸ਼ਹਿਰਾਂ 'ਚ ਲਾਏ ਜਾ ਰਹੇ ਵਿਸ਼ੇਸ਼ ਕੈਂਪ : ਡਿਪਟੀ ਕਮਿਸ਼ਨਰ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਆਮ ਲੋਕਾਂ ਨੂੰ ਵੱਖ-ਵੱਖ ਵਿਭਾਗਾਂ ਨਾਲ ਸਬੰਧਤ 43 ਤਰ੍ਹਾਂ ਦੀਆਂ ਸਰਕਾਰੀ ਸੇਵਾਵਾਂ ਮੁਹੱਈਆ ਕਰਾਉਣ ਦੇ ਮੰਤਵ ਨਾਲ ਜ਼ਿਲ੍ਹੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਵਿਸ਼ੇਸ਼ ਕੈਂਪ ਲਾਏ ਜਾ ਰਹੇ ਹਨ ਤਾਂ ਜੁ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਗੇੜੇ ਨਾ ਮਾਰਨੇ ਪੈਣ।

ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਲਾਭਪਾਤਰੀਆਂ ਦੇ ਬੱਚਿਆਂ ਨੂੰ ਵਜ਼ੀਫ਼ੇ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਯਾਂਗ ਤੇ ਆਸ਼ਰਿਤ ਪੈਨਸ਼ਨ, ਉਸਾਰੀ ਕਿਰਤੀਆਂ ਸਬੰਧੀ ਲਾਭਪਾਤਰੀ, ਜਨਮ ਸਰਟੀਫਿਕੇਟ 'ਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਸ਼ਾਦੀ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇੱਕ ਤੋਂ ਵੱਧ ਕਾਪੀਆਂ, ਦਸਤਾਵੇਜ਼ਾਂ ਦੇ ਤਸਦੀਕਸ਼ੁਦਾ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਆਮ ਜਾਤੀ ਸਰਟੀਫਿਕੇਟ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ.ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਿਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਮੁਹੱਈਆ ਕਰਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਕੈਂਪ ਰੋਜ਼ਾਨਾਂ 4 ਪਿੰਡਾਂ/ਵਾਰਡਾਂ ਦੇ ਕਲਸਟਰ ਬਣਾ ਕੇ ਲਾਏ ਜਾਣਗੇ।

ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਵੱਧ ਤੋਂ ਵੱਧ ਲੋਕਾਂ ਤੱਕ ਇਨ੍ਹਾਂ ਕੈਂਪਾਂ ਦਾ ਲਾਭ ਪਹੁੰਚਾਉਣ ਲਈ ਪ੍ਰਚਾਰ ਵੈਨਾਂ ਰਾਹੀਂ ਕੈਂਪ ਤੋਂ ਇੱਕ ਦਿਨ ਪਹਿਲਾਂ ਪ੍ਰਚਾਰ ਵੀ ਕਰਵਾਇਆ ਜਾਵੇਗਾ ਤਾਂ ਜੁ ਕੋਈ ਵੀ ਨਾਗਰਿਕ ਇਨ੍ਹਾਂ ਕੈਂਪਾਂ ਦਾ ਲਾਭ ਲੈਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਟੀਚਾ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਇੱਕੋ ਛੱਤ ਥੱਲੇ ਪੰਜਾਬ ਸਰਕਾਰ ਵੱਲੋਂ ਜਾਰੀ ਲੋਕ ਭਲਾਈ ਸਕੀਮਾਂ ਦਾ ਲਾਭ ਪੁਚਾਉਣਾ ਅਤੇ ਨਾਗਰਿਕਾਂ ਦੀਆਂ ਮੁਸ਼ਕਿਲਾਂ ਨੂੰ ਸੁਣ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਕੈਂਪ ਵਿੱਚ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਆਧਾਰ 'ਤੇ ਨਿਬੇੜਾ ਕਰਨ।

# ਮੁੱਖ ਮੰਤਰੀ ਦੀ ਯੋਗਸ਼ਾਲਾ ਕਲਾਸਾਂ ਨੂੰ ਮਾਨਸਾ 'ਚ ਮਿਲ ਰਿਹਾ ਭਰਵਾਂ ਹੁੰਗਾਰਾ



**ਮਾਨਸਾ (ਆਤਮਾ ਸਿੰਘ ਪਮਾਰ)**- ਮਾਨਸਾ ਸ਼ਹਿਰ ਵਿਖੇ ਮੁੱਖ ਮੰਤਰੀ ਦੀ ਯੋਗਸ਼ਾਲਾ ਦੀਆਂ ਕਲਾਸਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਸਬੰਧੀ ਸੁਪਰਵਾਈਜ਼ਰ ਰਮਨਦੀਪ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਦੀ ਯੋਗਸ਼ਾਲਾ ਸਕੀਮ ਤਹਿਤ ਮਾਨਸਾ ਵਿਖੇ ਇਹ ਕਲਾਸਾਂ ਮਾਰਚ 2023 ਤੋਂ ਸਾਰੇ ਪੰਜਾਬ ਵਿੱਚ ਬਿਲਕੁਲ ਮੁਫਤ ਚੱਲ ਰਹੀਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਮਾਨਸਾ ਵਿਖੇ ਕੁੱਲ 37 ਕਲਾਸਾਂ ਸਫਲਤਾ ਪੂਰਵਕ ਚੱਲ ਰਹੀਆਂ ਹਨ । ਇਨ੍ਹਾਂ ਕਲਾਸਾਂ ਨੂੰ ਲਗਾਉਣ ਲਈ 7 ਟਰੇਨਰ ਆਪਣੀਆਂ ਸੇਵਾਵਾਂ ਬਾਖੂਬੀ ਨਿਭਾ ਕੇ ਯੋਗਾ ਦੇ ਸਿਹਤ ਸਬੰਧੀ ਫਾਇਦਿਆਂ ਤੋਂ ਲੋਕਾਂ ਨੂੰ ਜਾਣੂ ਕਰਵਾ ਰਹੇ ਹਨ। ਇਸ ਤੋਂ ਇਲਾਵਾ ਵੱਡੀ ਉਮਰ ਵਿੱਚ ਸਿਹਤ ਸੰਬੰਧੀ ਸਮੱਸਿਆਵਾਂ ਦੀ ਜਾਣਕਾਰੀ ਅਤੇ ਸੁਝਾਅ ਵੀ ਦੇ ਰਹੇ ਹਨ। ਰਮਨਦੀਪ ਨੇ ਅੱਗੇ ਦੱਸਿਆ ਕਿ ਕਿਸੇ ਵੀ ਮਹੱਲੇ/ਵਾਰਡ ਵਿੱਚ 25 ਵਿਅਕਤੀਆਂ ਦੀ ਮੰਗ 'ਤੇ ਬਿਲਕੁਲ ਮੁਫਤ ਯੋਗਾ ਦੀ ਕਲਾਸ ਸ਼ੁਰੂ ਹੋ ਸਕਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਯੋਗ ਕਲਾਸਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਫੋਨ ਨੰਬਰ 9653105499 ਤੋਂ ਇਲਾਵਾ ਟੋਲ ਫਰੀ ਨੰਬਰ 7669400500 'ਤੇ ਮਿਸ ਕਾਲ ਕਰਕੇ ਵੀ ਆਪਣੀ ਰਜਿਸਟਰੇਸ਼ਨ ਕਰਵਾਈ ਜਾ ਸਕਦੀ ਹੈ।

# ਪੁਲਸ ਵੱਲੋਂ ਨਿਯਮਾਂ ਦੀ ਪਾਲਣਾ ਕਰਨ ਵਾਲਿਆਂ ਨੂੰ ਫੁੱਲ ਭੇਟ

**ਫਾਜ਼ਿਲਕਾ ( ਨਿਸ਼ਾ ਸ਼ਰਮਾ )**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਅਤੇ ਜ਼ਿਲ੍ਹਾ ਪੁਲਿਸ ਮੁਖੀ ਮਨਜੀਤ ਸਿੰਘ ਢੇਸੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕੌਮੀ ਸੜਕ ਸੁਰੱਖਿਆ ਮਹੀਨਾ ਮੁਹਿੰਮ ਦੀ ਗਤੀਵਿਧੀਆਂ ਦੀ ਲੜੀ ਤਹਿਤ ਸੜਕੀ ਨਿਯਮਾਂ ਦੀ ਪਾਲਣਾ ਕਰਨ ਵਾਲਿਆਂ ਨੂੰ ਟਰੈਫਿਕ ਪੁਲਸ ਵੱਲੋਂ ਫੁੱਲ ਭੇਟ ਕੀਤੇ ਗਏ। ਟਰੈਫਿਕ ਇੰਚਾਰਜ ਫਾਜ਼ਿਲਕਾ ਪਵਨ ਕੁਮਾਰ ਨੇ ਦੱਸਿਆ ਕਿ ਸੜਕ ਸੁਰੱਖਿਆ ਮਹੀਨਾ ਮੁਹਿੰਮ ਦੀ ਗਤੀਵਿਧੀ ਤਹਿਤ ਸੀਟ ਬੈਲਟ ਅਤੇ ਹੈਲਮੈਟ ਦੀ ਵਰਤੋਂ ਕਰਨ ਵਾਲਿਆਂ ਦੀ ਸ਼ਲਾਘਾ ਅਤੇ ਹੌਸਲਾ ਅਫਜ਼ਾਈ ਕਰਦਿਆਂ ਫੁੱਲ ਭੇਟ ਕੀਤੇ ਗਏ। ਉਨ੍ਹਾਂ ਕਿਹਾ ਕਿ ਸੀਟ ਬੈਲਟ ਅਤੇ ਹੈਲਮੇਟ ਦੀ ਵਰਤੋਂ ਨਾਲ ਜਿਥੇ ਅਸੀਂ ਨਿਯਮਾਂ ਦੀ ਪਾਲਣਾ ਕਰਦੇ ਹਾਂ ਉਥੇ ਸੜਕੀ ਦੁਰਘਟਨਾਵਾਂ ਦੌਰਾਨ ਹੋਣ ਵਾਲੇ ਨੁਕਸਾਨਾਂ ਤੋਂ ਬਚ ਸਕਦੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਅੰਦਰ ਜਾਗਰੂਕਤਾ ਪੈਦਾ ਕਰਦਿਆਂ ਰਾਹਗੀਰਾਂ ਨੂੰ ਸੜਕ ਸੁਰੱਖਿਆ ਨਿਯਮਾਂ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਪੁਲਸ ਵਿਭਾਗ ਤੋਂ ਚੰਨ ਲਾਲ, ਮਲਕੀਤ ਸਿੰਘ, ਬਲਜੀਤ ਸਿੰਘ ਆਦਿ ਵੱਲੋਂ ਜਾਗਰੂਕਤਾ ਸੈਮੀਨਾਰਾਂ ਦਾ ਆਯੋਜਨ ਕਰਕੇ ਲੋਕਾਂ ਨੂੰ ਇਸ ਮੁਹਿੰਮ ਸਬੰਧੀ ਪ੍ਰੇਰਿਤ ਕੀਤਾ ਜਾ ਰਿਹਾ ਹੈ।

# ਇਜ਼ਰਾਈਲ-ਫਲਸਤੀਨ ਯੁੱਧ 'ਚ ਭਾਰਤੀ ਮਜ਼ਦੂਰਾਂ ਦਾ ਨਿਰਯਾਤ ਕਰਨ ਦੀ ਜ਼ੋਰਦਾਰ ਨਿਖੇਧੀ

**ਬਰਨਾਲਾ (ਰਾਜਿੰਦਰ ਬਰਾੜ)**- ਕੇਂਦਰ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ 'ਨੈਸ਼ਨਲ ਡਿਵੈਲਪਮੈਂਟ ਅਥਾਰਟੀ ਆਫ ਇੰਡੀਆ' ਅਤੇ ਭਾਰਤੀ ਏਜੰਸੀ 'ਇਜ਼ਰਾਈਲ ਬਿਲਡਰਜ਼ ਐਸੋਸੀਏਸ਼ਨ' ਵੱਲੋਂ ਇਜ਼ਰਾਈਲ ਭਵਨ ਨਿਰਮਾਣ ਲਈ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਰਾਜਸਥਾਨ, ਬਿਹਾਰ ਅਤੇ ਝਾਰਖੰਡ ਦੇ ਕਰੀਬ 42000 ਮਜ਼ਦੂਰਾਂ ਦੀ ਭਰਤੀ ਕਰਕੇ ਇਜ਼ਰਾਈਲ ਭੇਜਣ ਦੀ ਤਿਆਰੀ ਕੀਤੀ ਜਾ ਰਹੀ ਹੈ। ਸੈਂਟਰ ਟਰੇਡ ਯੂਨੀਅਨ ਆਫ ਇੰਡੀਆ (ਟੂਸੀ) ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਲਾਭ ਸਿੰਘ ਅਕਲੀਆ ਨੇ ਕੇਂਦਰ ਸਰਕਾਰ ਦੇ ਇਸ ਫੈਸਲੇ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਜ਼ਰਾਈਲ ਧਾੜਵੀਆਂ ਵੱਲੋਂ ਪਹਿਲਾਂ ਹੀ ਫਲਸਤੀਨ ਲੋਕਾਂ ਉੱਪਰ ਨਿਹੱਕੀ ਜੰਗ ਛੇੜੀ ਹੋਈ ਹੈ, ਜਿਸ ਵਿੱਚ ਹੁਣ ਤੱਕ ਹਜ਼ਾਰਾਂ ਲੋਕਾਂ ਸਮੇਤ ਔਰਤਾਂ ਅਤੇ ਬੱਚੇ ਮਾਰੇ ਜਾ ਚੁੱਕੇ ਹਨ। ਇਜ਼ਰਾਈਲ ਵੱਲੋਂ ਲੱਖਾਂ ਫਲਸਤੀਨੀ ਕਿਰਤੀਆਂ ਦੇ ਲੈਸੰਸ ਰੱਦ ਕਰਕੇ ਉਨ੍ਹਾਂ ਨੂੰ ਦੇਸ਼ ਵਿੱਚੋਂ ਕੱਢ ਦਿੱਤਾ ਗਿਆ ਹੈ। ਜਦੋਂ ਕਿ ਹੋਰ ਮੁਲਕ ਆਪਣੇ ਲੱਖਾਂ ਕਾਮਿਆਂ ਨੂੰ ਇਜ਼ਰਾਈਲ ਵਿੱਚੋਂ ਬਾਹਰ ਕੱਢ ਰਹੇ ਹਨ। ਇਜ਼ਰਾਈਲ ਵਿੱਚ ਇਸ ਸਮੇਂ ਕਾਮਿਆਂ ਦੀ ਵੱਡੇ ਪੱਧਰ 'ਤੇ ਘਾਟ ਪੈ ਗਈ ਹੈ। ਪਰ ਮੋਦੀ ਸਰਕਾਰ ਵੱਲੋਂ ਭਾਰਤੀ ਕਿਰਤੀ- ਕਾਮਿਆਂ ਦਾ ਨਿਰਯਾਤ ਕਰਨ ਲਈ ਇਜ਼ਰਾਈਲ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ, ਜੋ ਭਾਰਤੀ ਸੰਵਿਧਾਨ ਅਤੇ ਨੈਤਿਕ ਕਦਰਾਂ ਕੀਮਤਾਂ ਦੇ ਪੂਰੀ ਤਰ੍ਹਾਂ ਖਿਲਾਫ ਹੈ। ਆਗੂ ਨੇ ਇਹ ਵੀ ਕਿਹਾ ਕਿ ਭਾਰਤ ਵਿੱਚ ਇਸ ਵੇਲੇ ਅੰਤਰਰਾਜੀ ਕਾਮਿਆਂ ਦੀ ਗਿਣਤੀ ਅਮਰੀਕਾ ਦੀ ਕੁੱਲ ਆਬਾਦੀ ਤੋਂ ਕਿਤੇ ਜ਼ਿਆਦਾ ਹੈ। 2019 ਦੇ ਇੱਕ ਅਧਿਐਨ ਅਨੁਸਾਰ 45 ਕਰੋੜ ਪ੍ਰਵਾਸੀ ਕਾਮੇ ਇੱਧਰ ਉੱਧਰ ਰਾਜਾਂ ਵਿੱਚ ਕੰਮ ਕਰਨ ਲਈ ਮਜਬੂਰ ਹਨ, ਜੋ ਕੁੱਲ ਅਬਾਦੀ ਦਾ 30 ਫੀਸਦੀ ਬਣਦੇ ਹਨ। ਇਸਦਾ ਮਤਲਬ ਇਹ ਹੈ ਕਿ ਇਹਨਾਂ ਕਾਮਿਆਂ ਨੂੰ 75 ਸਾਲ ਦੀ ਆਜ਼ਾਦੀ ਤੋਂ ਬਾਅਦ ਆਪਣੇ ਸੂਬਿਆਂ ਵਿੱਚ ਕੇਂਦਰ ਤੇ ਰਾਜ ਸਰਕਾਰਾਂ ਮਜ਼ਦੂਰਾਂ ਨੂੰ ਕਿਰਤ ਕਾਨੂੰਨ ਦੇ ਤਹਿਤ ਰੁਜ਼ਗਾਰ ਦੇਣ ਅਤੇ ਉਨ੍ਹਾਂ ਦੇ ਬੁਨਿਆਦੀ ਅਧਿਕਾਰਾਂ ਦੀ ਰੱਖਿਆ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੀਆਂ ਹਨ। ਜੰਗ ਦੀ ਸਥਿੱਤੀ ਵਿੱਚ ਭਾਰਤੀ ਨਿਰਮਾਣ ਮਜਦੂਰਾਂ ਨੂੰ ਇਜ਼ਰਾਈਲ ਭੇਜਣਾ ਕੇਂਦਰ ਸਰਕਾਰ ਦਾ ਲੋਕ ਵਿਰੋਧੀ ਫੈਸਲਾ ਹੈ। ਟਰੇਡ ਯੂਨੀਅਨ ਸੈਂਟਰ ਆਫ ਇੰਡੀਆ (ਟੂਸੀ ), ਇਜ਼ਰਾਈਲ ਬਿਲਡਰਜ਼ ਐਸੋਸੀਏਸਨ ਅਤੇ ਨੈਸ਼ਨਲ ਡਿਵੈਲਪਮੈਂਟ ਅਥਾਰਟੀ ਆਫ ਇੰਡੀਆ ਵੱਲੋਂ ਕਿਰਤੀਆਂ ਦੇ ਨਿਰਯਾਤ ਦਾ ਪੂਰੀ ਤਰ੍ਹਾਂ ਵਿਰੋਧ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਮੋਦੀ ਸਰਕਾਰ ਵੱਲੋਂ ਪਾਸ ਕੀਤੇ ਚਾਰ ਲੇਬਰ ਕੋਡ ਨੂੰ ਰੱਦ ਕਰਕੇ ਕਿਰਤੀ ਕਾਮਿਆਂ ਨੂੰ ਦੇਸ਼ ਵਿੱਚ ਹੀ ਰੁਜਗਾਰ ਦਾ ਪ੍ਰਬੰਧ ਕੀਤਾ ਜਾਵੇ ਅਤੇ ਕਿਰਤੀਆਂ ਦੇ ਮੌਲਿਕ ਅਧਿਕਾਰਾਂ ਦੀ ਰਾਖੀ ਕੀਤੀ ਜਾਵੇ। ਮਹਿੰਗਾਈ ਦੇ ਸੂਚਕ ਅੰਕ ਅਨੁਸਾਰ ਮਜ਼ਦੂਰਾਂ ਦਾ ਮਿਨੀਮਮ ਵੇਤਨ 26000 ਰੁਪਏ ਲਾਗੂ ਕੀਤਾ ਜਾਵੇ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਨੇ ਲਾਇਆ ਮੁਫ਼ਤ ਫਿਜ਼ੀਓਥਰੈਪੀ ਕੈਂਪ



**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਵੱਲੋਂ ਪਿੰਡ ਮਡੋਫਲ ਵਿਖੇ ਪ੍ਰਧਾਨ ਮੰਤਰੀ ਪੇਂਡੂ ਵਿਕਾਸ ਯੋਜਨਾ ਦੇ ਤਹਿਤ ਮੁਫ਼ਤ ਫਿਜ਼ਿਓਥਰੈਪੀ ਕੈਂਪ ਲਾਇਆ ਗਿਆ। ਜ਼ਿਕਰਯੋਗ ਹੈ ਕਿ ਇਸ ਵਿਕਾਸ ਯੋਜਨਾ ਦੇ ਤਹਿਤ ਯੂਨੀਵਰਸਿਟੀ ਵੱਲੋਂ ਚੁਣੇ ਗਏ ਹਨ ਪੰਜ ਪਿੰਡਾਂ ਵਿੱਚ ਮੰਡੋਫੁਲ ਵੀ ਸ਼ਾਮਲ ਹੈ। ਇਸ ਮੌਕੇ ਯੂਨੀਵਰਸਿਟੀ ਵੱਲੋਂ ਉਚੇਚੇ ਤੌਰ 'ਤੇ ਪਹੁੰਚੇ ਵਾਈਸ-ਚਾਂਸਲਰ ਪ੍ਰੋਫੈਸਰ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਯੂਨੀਵਰਸਿਟੀ ਜਿੱਥੇ ਵਿੱਦਿਆ ਰਾਹੀਂ ਇਸ ਖੇਤਰ ਦੇ ਵਿਕਾਸ ਵਿੱਚ ਵਡਮੁੱਲਾ ਯੋਗਦਾਨ ਪਾ ਰਹੀ ਹੈ, ਉੱਥੇ ਇਲਾਕੇ ਦੇ ਪਿੰਡਾਂ ਵਿੱਚ ਵਿੱਦਿਆ, ਸਿਹਤ ਅਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਦੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਦੱਸਿਆ ਕਿ ਚੁਣੇ ਹੋਏ ਪਿੰਡਾਂ ਵਿੱਚ ਆਪਸੀ ਸਦਭਾਵਨਾ, ਗੁਰਮਤ ਦੇ ਪ੍ਰਚਾਰ ਅਤੇ ਨਸ਼ਿਆਂ ਦੇ ਤਿਆਗ ਲਈ ਵੀ ਯੂਨੀਵਰਸਿਟੀ ਵੱਲੋਂ ਵਿਸੇਸ ਉਪਰਾਲੇ ਕੀਤੇ ਜਾ ਰਹੇ ਹਨ। ਇਸ ਯੋਜਨਾ ਦੇ ਕਨਵੀਨਰ ਡਾ. ਸਿਕੰਦਰ ਸਿੰਘ, ਮੁਖੀ ਪੰਜਾਬੀ ਵਿਭਾਗ ਤੇ ਡੀਨ ਵਿਦਿਆਰਥੀ ਭਲਾਈ ਨੇ ਦੱਸਿਆ ਕਿ ਆਉਂਦੇ ਦਿਨਾਂ ਵਿੱਚ ਪ੍ਰਧਾਨ ਮੰਤਰੀ ਪੇਂਡੂ ਵਿਕਾਸ ਯੋਜਨਾ ਤਹਿਤ ਚੁਣੇ ਗਏ ਪੰਜ ਪਿੰਡਾਂ ਵਿੱਚ ਯੂਨੀਵਰਸਿਟੀ ਦੇ ਐਨਐਸਐਸ ਵਿੰਗ ਵੱਲੋਂ ਸਾਫ਼-ਸਫ਼ਾਈ ਦੀ ਜਾਗਰੂਕਤਾ ਅਤੇ ਅਮਲ ਲਈ ਵਿਸੇਸ ਉਪਰਾਲੇ ਕੀਤੇ ਜਾਣਗੇ। ਫਿਜੀਓਥਰੈਪੀ ਵਿਭਾਗ ਦੇ ਮੁਖੀ ਡਾ ਪੰਕਜਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੀ 25 ਮੈਂਬਰੀ ਟੀਮ ਦੇ ਸਹਿਯੋਗ ਨਾਲ ਵੱਡੀ ਗਿਣਤੀ ਵਿੱਚ ਮਰੀਜ਼ਾਂ ਦਾ ਇਲਾਜ ਕੀਤਾ। ਡਾ. ਪੰਕਜਪ੍ਰੀਤ ਸਿੰਘ ਨੇ ਦੱਸਿਆ ਕਿ ਜਿਊਣ ਢੰਗ ਦੀਆਂ ਆਦਤਾਂ ਨੂੰ ਠੀਕ ਰੱਖ ਕੇ ਹੱਡੀਆਂ ਅਤੇ ਜੋੜਾਂ ਦੇ ਬਹੁਗਿਣਤੀ ਰੋਗਾਂ ਤੋਂ ਬਚਿਆ ਜਾ ਸਕਦਾ ਹੈ।

ਜੋੜਾਂ ਦੇ ਰੋਗਾਂ ਦਾ ਫ਼ਿਜ਼ੀਓਥਰੈਪੀ ਰਾਹੀਂ ਸਫਲ ਇਲਾਜ ਸੰਭਵ ਹੈ ਅਤੇ ਇਸ ਰਾਹੀਂ ਬੇਲੋੜੇ ਅਪ੍ਰੇਸ਼ਨਾਂ ਤੋਂ ਬਚਿਆ ਜਾ ਸਕਦਾ ਹੈ।

# ਮਾਤਾ ਹਰਦੇਈ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ ਦੀ ਪ੍ਰਸਿੱਧ ਸੰਸਥਾ ਮਾਤਾ ਹਰਦੇਈ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਵਿਖੇ ਸਾਲਾਨਾ ਇਨਾਮ ਵੰਡ ਤੇ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ।

ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਵਜੋਂ ਪੁੱਜੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਰਿੰਦਰ ਕੁੰਦਰਾ ਤੇ ਸਕੱਤਰ ਗੁਰਨਾਮ ਸਿੰਘ ਨਾਗਰਾ ਵੱਲੋਂ ਸ਼ਮ੍ਹਾ ਰੌਸ਼ਨ ਕਰਕੇ ਕਰਵਾਈ ਗਈ। ਪ੍ਰਧਾਨ ਸੁਰਿੰਦਰ ਕੁੰਦਰਾ ਨੇ ਉਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ, ਜਿਨ੍ਹਾਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਵਿੱਦਿਅਕ, ਖੇਡ, ਸੱਭਿਆਚਾਰਕ ਤੇ ਹੋਰ ਕਈ ਮੁਕਾਬਲਿਆਂ ਵਿੱਚ ਇਨਾਮ ਹਾਸਲ ਕੀਤੇ। ਪ੍ਰਧਾਨ ਨੇ ਕਿਹਾ ਕਿ ਇਹ ਸਕੂਲ ਇਲਾਕੇ ਦੇ ਗਰੀਬ ਤੇ ਲੋੜਵੰਦ ਬੱਚਿਆਂ ਲਈ ਸਮਰਪਤ ਹੈ, ਜਿਸ ਤਹਿਤ ਪ੍ਰਬੰਧਕਾਂ ਦੀ ਦਿਲੀ ਇੱਛਾ ਹੈ ਕਿ ਕੋਈ ਵੀ ਬੱਚਾ ਵਿੱਦਿਆ ਤੋਂ ਵਾਂਝਾ ਨਾ ਰਹੇ। ਸਕੂਲ ਪ੍ਰਿੰਸੀਪਲ ਪ੍ਰੋ: ਬਲਜੀਤ ਸਿੰਘ ਨੇ ਸੈਸ਼ਨ 2023-24 ਦੀਆਂ ਪ੍ਰਾਪਤੀਆਂ ਵੀ ਸਾਂਝੀਆਂ ਕੀਤੀਆਂ। ਇਸ ਮੌਕੇ ਸਕੂਲੀ ਵਿਦਿਆਰਥਣਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਜਿਵੇਂ ਕਿ ਗਿੱਧਾ, ਭੰਗੜਾ, ਨਸ਼ਿਆਂ ਪ੍ਰਤੀ ਜਾਗਰੂਕ ਕਰਨ ਲਈ ਇੱਕ ਨਾਟਕ ਤੇ ਇਸ ਤਕਨਾਲੋਜੀ ਦੇ ਯੁੱਗ ਵਿੱਚ ਵਿਦਿਆਰਥੀਆਂ ਨੇ ਸੋਸ਼ਲ ਮੀਡੀਏ ਦੀ ਹੋ ਰਹੀ ਦੁਰਵਰਤੋਂ ਬਾਰੇ ਵੀ ਜਾਗਰੂਕ ਕੀਤਾ। ਸਕੂਲ ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣਾਂ ਨੂੰ ਵੀ ਸਨਮਾਨਤ ਕੀਤਾ, ਜਿਨ੍ਹਾਂ ਨੇ ਬਹੁਤ ਸਾਰੇ ਗਰੀਬ ਬੱਚਿਆਂ ਦੀਆਂ ਫ਼ੀਸਾਂ ਦਿੱਤੀਆਂ ਤਾਂ ਜੋ ਵਿਦਿਆਰਥਣਾਂ ਉੱਚ ਸਿੱਖਿਆ ਪ੍ਰਾਪਤ ਕਰ ਸਕਣ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਸਕੀਮ ਤਹਿਤ ਕੈਂਪ ਦੀ ਸ਼ੁਰੂਆਤ

**ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ)** ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ 'ਆਪ ਦੀ ਸਰਕਾਰ ਆਪ ਦੇ ਦੁਆਰ' ਸਕੀਮ ਦੇ ਤਹਿਤ ਕੈਂਪ ਸ੍ਰੀ ਸਨੀ ਦੇਵ ਮੰਦਿਰ ਫਰੈਂਡਜ ਕਲੋਨੀ ਵਿਖੇ ਲਾਇਆ ਗਿਆ। ਕੈਂਪ ਦਾ ਉਦਘਾਟਨ ਹਲਕਾ ਨਾਭਾ ਦੇ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕੀਤਾ। ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਇਸ ਸਕੀਮ ਦੇ ਤਹਿਤ ਰੋਜ਼ਾਨਾ ਚਾਰ ਕੈਂਪ ਲਾਏ ਜਾਣਗੇ, ਜਿਸ ਵਿੱਚ ਸ਼ਹਿਰ ਤੇ ਪਿੰਡ ਦੇ ਲੋਕਾਂ ਦੀਆਂ ਸਮੱਸਿਆਵਾਂ/ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕ੍ਰਮਚਾਰੀ ਆਪਣੇ ਆਪਣੇ ਵਿਭਾਗਾਂ/ਦਫ਼ਤਰਾਂ ਨਾਲ ਸਬੰਧਤ ਦਸਤਾਵੇਜ਼ ਸਮੇਤ ਹਾਜ਼ਰ ਰਹਿਣਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਗੇ। ਉਨ੍ਹਾਂ ਦੱਸਿਆ ਕੈਂਪ ਦਾ ਮੁੱਖ ਉਦੇਸ਼ ਲੋਕਾਂ ਤੱਕ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਬਿਨਾਂ ਦੇਰੀ ਪੁਚਾਉਣਾ ਅਤੇ ਲੋਕਾਂ ਦੀਆਂ ਮੁਸ਼ਕਲਾਂ ਤੇਜ਼ੀ ਨਾਲ ਹੱਲ ਕਰਨਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਕੈਂਪ ਵਿੱਚ ਆਈਆਂ ਸਾਰੀਆਂ ਦਰਖਾਸਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ ਦਾ ਆਦੇਸ਼ ਦਿੱਤਾ, ਕਿਸੇ ਕਾਰਨ ਬਕਾਇਆ ਦਰਖਾਸਤਾਂ ਨੂੰ ਸਮਾਂਬੱਧ ਹੱਲ ਕੀਤਾ ਜਾਵੇ ਤੇ ਇਨ੍ਹਾਂ ਦਾ ਨਿਰੰਤਰ ਰੀਵਿਊ ਕੀਤਾ ਜਾਵੇ ਤਾਂ ਜੁ ਸਰਕਾਰ ਦੀ ਇਸ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਅਸਰਦਾਰ ਢੰਗ ਨਾਲ ਲਾਗੂ ਕੀਤਾ ਜਾ ਸਕੇ। ਇਸ ਮੌਕੇ ਲੋਕਾਂ ਨੇ ਕੈਂਪ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਈਆਂ ਗਈਆਂ ਭਲਾਈ ਦੀਆਂ ਸਕੀਮਾਂ ਆਮ ਲੋਕਾਂ ਲਈ ਫ਼ਾਇਦੇਮੰਦ ਸਾਬਤ ਹੋਣਗੀਆਂ। ਇਸ ਮੌਕੇ ਐਸਡੀਐਮ ਨਾਭਾ ਤਰਸੇਮ ਚੰਦ, ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਗੁਰਚਰਨ ਸਿੰਘ, 'ਆਪ' ਆਗੂ ਤੇਜਿੰਦਰ ਖਹਿਰਾ, ਜਸਵੀਰ ਸਿੰਘ ਵਜੀਦਪੁਰ, ਭੁਪਿੰਦਰ ਸਿੰਘ ਕਲਰਮਾਜਰੀ, ਕਰਮਾ ਟੌਪਰ, ਅਮਨਦੀਪ ਕੌਰ ਕਲਰਕ, ਬਲਜਿੰਦਰ ਸਿੰਘ, ਸੁਖਪ੍ਰੀਤ ਕੌਰ, ਜਗਦੀਸ਼ ਪਟਵਾਰੀ, ਸੁਰਿੰਦਰ ਕੁਮਾਰ ਆਦਿ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



8-FEB-PAGE-11-Majha-24.qxd 2/7/2024 10:44 PM Page 1



# 'ਆਪ ਦੀ ਸਰਕਾਰ ਆਪ ਦੇ ਦੁਆਰ ਸਕੀਮ ਜਨ ਸੇਵਾ ਖੇਤਰ 'ਚ ਕ੍ਰਾਂਤੀਕਾਰੀ ਪਹਿਲਕਦਮੀ'



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ 'ਆਪ ਦੀ ਸਰਕਾਰ ਆਪ ਦੇ ਦੁਆਰ' ਦਾ ਜ਼ਿਲ੍ਹਾ ਗੁਰਦਾਸਪੁਰ ਵਿੱਚ ਆਗਾਜ਼ ਹੋ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ 25 ਵਿਸ਼ੇਸ਼ ਕੈਂਪ ਲਗਾਏ ਗਏ ਜਿਥੇ ਆਮ ਲੋਕਾਂ ਨੂੰ ਇੱਕੋ ਥਾਂ ਵੱਖ-ਵੱਖ ਤਰ੍ਹਾਂ ਦੀਆਂ 44 ਸੇਵਾਵਾਂ ਦਾ ਲਾਭ ਦਿੱਤਾ ਗਿਆ। ਡੀ ਸੀ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਵੱਲੋਂ ਇਨ੍ਹਾਂ ਕੈਂਪਾਂ ਵਿੱਚ ਸ਼ਾਮਲ ਹੋ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਦਾ ਨਿਵਾਰਨ ਕੀਤਾ ਗਿਆ।

ਡੀਸੀ ਨੇ ਕਿਹਾ ਕਿ ਕੈਂਪਾਂ ਵਿੱਚ ਆਮ ਲੋਕਾਂ ਨੂੰ ਇੱਕੋ ਥਾਂ ਵੱਖ-ਵੱਖ ਤਰ੍ਹਾਂ ਦੀਆਂ 44 ਸੇਵਾਵਾਂ ਮੁਹੱਈਆ ਹੋ ਰਹੀਆਂ ਹਨ ਤੇ ਇਹ ਕੈਂਪ ਜਨ ਸੇਵਾ ਖੇਤਰ ਵਿੱਚ ਪੰਜਾਬ ਸਰਕਾਰ ਦੀ ਨਵੀਂ ਕ੍ਰਾਂਤੀ ਦਾ ਆਗਾਜ਼ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਾਂ ਨੂੰ ਹੁਣ ਸਰਕਾਰੀ ਦਫ਼ਤਰਾਂ ਵਿੱਚ ਜਾਣ ਦੀ ਜ਼ਰੂਰਤ ਨਹੀਂ ਰਹੇਗੀ ਅਤੇ ਇਨ੍ਹਾਂ ਕੈਂਪਾਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਇੱਕ ਮਹੀਨੇ ਵਿੱਚ ਜ਼ਿਲ੍ਹਾ ਗੁਰਦਾਸਪੁਰ ਵਿੱਚ 900 ਤੋਂ ਵੱਧ ਅਜਿਹੇ ਕੈਂਪ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ 1076 ਨੰਬਰ ਵੀ ਜਾਰੀ ਕੀਤਾ ਗਿਆ ਹੈ, ਜਿਸ 'ਤੇ ਸੰਪਰਕ ਕਰਕੇ ਲੋਕਾਂ ਵੱਲੋਂ ਆਪਣੇ ਘਰਾਂ ਵਿੱਚ ਹੀ ਸਰਕਾਰੀ ਸਹੂਲਤਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਿਯਾਂਗ ਅਤੇ ਆਸ਼ਰਿਤ ਪੈਨਸ਼ਨ, ਜਨਮ ਸਰਟੀਫਿਕੇਟ 'ਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ. ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ-ਚੜ੍ਹ ਕੇ ਇਨ੍ਹਾਂ ਕੈਂਪਾਂ ਦਾ ਲਾਭ ਲੈਣ।

# 3 ਕਿੱਲੋ ਅਫੀਮ ਤੇ ਵਰਨਾ ਗੱਡੀ ਸਮੇਤ ਦੋ ਕਾਬੂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਤਿੰਦਰ ਸਿੰਘ ਆਈਪੀਐੱਸ ਸੀਨੀਅਰ ਕਪਤਾਨ ਪੁਲਸ, ਅੰਮ੍ਰਿਤਸਰ (ਦਿਹਾਤੀ) ਵੱਲੋਂ ਹਦਾਇਤਾ ਤਹਿਤ ਡੀਐੱਸਪੀ ਬਾਬਾ ਬਕਾਲਾ ਸਾਹਿਬ ਦੀ ਜ਼ੇਰੇ ਨਿਗਰਾਨੀ ਹੇਠ ਮੁੱਖ ਅਫਸਰ ਥਾਣਾ ਖਲਚੀਆਂ ਨੂੰ ਗੁਪਤ ਸੂਚਨਾ ਮਿਲੀ ਕਿ ਚਰਨਜੀਤ ਸਿੰਘ ਪੁੱਤਰ ਬਲਬੀਰ ਸਿੰਘ ਵਾਸੀ ਕਾਲੇਕੇ ਅਤੇ ਵਰਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਪੱਡੇ ਥਾਣਾ ਬਿਆਸ ਦੋਵੇਂ ਮਿਲ ਕੇ ਨਸ਼ੀਲੇ ਪਦਾਰਥ ਖਰੀਦਣ ਅਤੇ ਵੇਚਣ ਦਾ ਧੰਦਾ ਕਰਦੇ ਹਨ ਅਤੇ ਅੱਜ ਵੀ ਇਹ ਆਪਣੀ ਵਰਨਾ ਗੱਡੀ ਰੰਗ ਚਿੱਟਾ ਨੰਬਰੀ 2—8680 ਤੇ ਸਵਾਰ ਹੋ ਕੇ ਪਿੰਡ ਕਾਲੇਕੇ ਵੱਲ ਨੂੰ ਆ ਰਹੇ ਹਨ ਜਿਸ 'ਤੇ ਤੁਰੰਤ ਕਾਰਵਾਈ ਕਰਦਿਆ ਮੁੱਖ ਅਫਸਰ ਥਾਣਾ ਖਲਚੀਆ ਵੱਲੋਂ ਆਪਣੀ ਨਾਕਾ ਪਾਰਟੀ ਨਾਲ ਲੈ ਕੇ ਜੀ. ਟੀ. ਰੋਡ ਪਿੰਡ ਫੱਤੂਵਾਲ ਤੇ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਸ਼ੁਰੂ ਕਰ ਦਿੱਤੀ ਗਈ। ਦੌਰਾਨੇ ਨਾਕਾਬੰਦੀ ਕੁਝ ਸਮੇਂ ਬਾਅਦ ਉਕਤ ਗੱਡੀ ਆਉਂਦੀ ਦਿਖਾਈ ਦਿੱਤੀ ਜਿਸ ਨੂੰ ਮੁੱਖ ਅਫਸਰ ਥਾਣਾ ਖਲਚੀਆਂ ਵੱਲੋਂ ਆਪਣੀ ਪੁਲਸ ਪਾਰਟੀ ਦੀ ਮਦਦ ਨਾਲ ਰੋਕ ਕੇ ਜਦ ਚੈਕਿੰਗ ਕੀਤੀ ਗਈ ਤਾਂ ਚਰਨਜੀਤ ਸਿੰਘ ਕੋਲੋ 02 ਕਿੱਲੋ 600 ਗ੍ਰਾਮ ਅਫੀਮ ਬ੍ਰਾਮਦ ਹੋਈ ਅਤੇ ਵਰਿੰਦਰ ਸਿੰਘ ਦੀ ਤਲਾਸ਼ੀ ਕਰਨ ਤੇ ਉਸ ਕੋਲੋਂ 400 ਅਫੀਮ ਬ੍ਰਾਮਦ ਹੋਈ ਜਿਸ ਤੇ ਉਕਤ ਦੋਵਾਂ ਦੋਸ਼ੀਆਂ ਨੂੰ ਕੁੱਲ 03 ਕਿੱਲੋ ਅਫੀਮ ਅਤੇ ਇੱਕ ਵਰਨਾ ਗੱਡੀ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮੁਕੱਦਮਾ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਕਤ ਗ੍ਰਿਫਤਾਰ ਦੋਸ਼ੀਆਂ ਦੇ ਫਾਰਵਰਡ ਅਤੇ ਬੈਕਵਰਡ ਲਿੰਕਸ ਨੂੰ ਚੰਗੀ ਤਰ੍ਹਾ ਖੰਗਾਲਿਆ ਜਾ ਰਿਹਾ ਹੈ ਅਤੇ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਵੇਗੀ ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

# 11 ਦੀ ਰੈਲੀ ਸਬੰਧੀ ਤਰਨਤਾਰਨ ਵਿਖੇ ਕਾਂਗਰਸੀਆਂ ਦੀ ਇਕੱਤਰਤਾ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਕਾਂਗਰਸ ਭਵਨ ਤਰਨਤਾਰਨ ਵਿਖੇ ਹਰਮਿੰਦਰ ਸਿੰਘ ਗਿੱਲ ਸਾਬਕਾ ਐੱਮਐੱਲਏ ਤੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਤਰਨਤਾਰਨ ਦੀ ਪ੍ਰਧਾਨਗੀ ਹੇਠ ਇੱਕ ਵਿਸ਼ਾਲ ਅਤੇ ਅਹਿਮ ਮੀਟਿੰਗ ਹੋਈ ਜਿਸ ਵਿੱਚ ਉਚੇਚੇ ਤੌਰ 'ਤੇ ਵੇਦ ਪ੍ਰਕਾਸ਼ ਵੇਦੀ ਆਬਜ਼ਰਵਰ ਆਲ ਇੰਡੀਆ ਕਾਂਗਰਸ ਕਮੇਟੀ, ਰਾਜਿੰਦਰ ਚੌਹਾਨ ਕੋਆਰਡੀਨੇਟਰ ਵਿਧਾਨ ਸਭਾ ਹਲਕਾ ਤਰਨਤਾਰਨ ਅਤੇ ਭਜਨ ਸਿੰਘ ਕੋਆਰਡੀਨੇਟਰ ਤਰਨਤਾਰਨ ਨੇ ਸ਼ਿਰਕਤ ਕੀਤੀ। ਇਸ ਮੌਕੇ ਬੋਲਦਿਆਂ ਵੇਦ ਪ੍ਰਕਾਸ਼ ਵੇਦੀ ਨੇ ਕਿਹਾ ਕਿ 11 ਫਰਵਰੀ ਨੂੰ ਆਲ ਇੰਡੀਆ ਕਾਂਗਰਸ ਪਾਰਟੀ ਦੇ ਪ੍ਰਧਾਨ ਮਲਕ ਅਰਜਨ ਖੜਗੇ ਪੰਜਾਬ ਦੀ ਧਰਤੀ 'ਤੇ ਸੂਬੇ ਦੇ ਜੁਝਾਰੂ ਲੋਕਾਂ ਨਾਲ ਗੱਲਬਾਤ ਕਰਨ ਤੋਂ ਬਾਅਦ ਆਉਣ ਵਾਲੀਆਂ ਪਾਰਲੀਮੈਂਟ ਚੋਣਾਂ ਦਾ ਬਿਗੁਲ ਵਜਾਉਣਗੇ। ਉਨ੍ਹਾਂ ਨੇ ਕਿਹਾ ਕਿ ਭਾਰਤ ਵਿੱਚ ਫਿਰਕਾਪ੍ਰਸਤੀ ਦਾ ਦੌਰ ਖਤਮ ਕਰਨ ਲਈ ਕਾਂਗਰਸ ਪਾਰਟੀ ਦੀ ਸਰਕਾਰ ਦਾ ਗਠਨ ਕੀਤਾ ਜਾਵੇਗਾ। ਵੇਦੀ ਨੇ ਕਿਹਾ ਕਿ ਮੋਦੀ ਦੀ ਅਗਵਾਈ ਹੇਠ ਚੱਲ ਰਹੀ ਭਾਜਪਾ ਦੀ ਸਰਕਾਰ ਦੇਸ਼ ਅਤੇ ਲੋਕਤੰਤਰ ਵਾਸਤੇ ਖਤਰਾ ਹੈ। ਖੁਦਾ ਨਾ ਖਾਸਤਾ ਜੇਕਰ ਇਨ੍ਹਾਂ ਚੋਣਾਂ ਵਿੱਚ ਵੀ ਭਾਜਪਾ ਦੀ ਸਰਕਾਰ ਬਣ ਗਈ ਤਾਂ ਅੱਗੇ ਤੋਂ ਦੇਸ਼ ਵਿੱਚ ਕਦੇ ਵੀ ਚੋਣਾਂ ਨਹੀਂ ਹੋਣਗੀਆਂ ਅਤੇ ਘੱਟ ਗਿਣਤੀਆਂ ਦੀ ਹੋਂਦ ਨੂੰ ਫਿਰਕਾਪ੍ਰਸਤੀ ਦਾ ਦੈਂਤ ਖਾ ਜਾਵੇਗਾ। ਉਨ੍ਹਾਂ ਕਿਹਾ ਕਿ ਆਂਧਰਾ ਪ੍ਰਦੇਸ ਵਿੱਚ ਉਨ੍ਹਾਂ ਨੇ ਵੇਖਿਆ ਹੈ ਕਿ ਜਿਨ੍ਹਾਂ ਬੂਥਾਂ ਤੋਂ ਭਾਜਪਾ ਨੂੰ ਇੱਕ ਵੀ ਵੋਟ ਨਹੀਂ ਪਈ ਗਿਣਤੀ ਕਰਨ ਸਮੇਂ ਉਨ੍ਹਾਂ ਬੂਥਾਂ ਤੋਂ ਭਾਜਪਾ ਜੇਤੂ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਭਾਜਪਾ ਈਵੀਐੱਮ ਰਾਹੀਂ ਧੋਖਾ ਧੜੀ ਕਰ ਕੇ ਆਪਣੀਆਂ ਸਰਕਾਰਾਂ ਬਣਾਉਣ ਵਿੱਚ ਕਾਮਯਾਬ ਹੋ ਜਾਂਦੀ ਹੈ। ਉਨ੍ਹਾਂ ਨੇ ਲੋਕਾਂ ਅਤੇ ਕਾਂਗਰਸ ਪਾਰਟੀ ਦੇ ਵਰਕਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਉਣ ਵਾਲੀਆਂ ਨਸਲਾਂ ਨੂੰ ਬਚਾਉਣ ਵਾਸਤੇ ਭਾਜਪਾ ਨੂੰ ਲੱਕ ਤੋੜਵੀਂ ਹਾਰ ਦਿਉ। ਹਰਮਿੰਦਰ ਸਿੰਘ ਗਿੱਲ ਸਾਬਕਾ ਐੱਮਐੱਲਏ ਅਤੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਤਰਨਤਾਰਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਵਿੱਚ ਸਿਹਤ ਅਤੇ ਸਿੱਖਿਆ ਦੇ ਸਿਸਟਮ ਨੂੰ ਨਕਾਰਾ ਕਰ ਕੇ ਰੱਖ ਦਿੱਤਾ ਹੈ।

ਸੂਬੇ ਵਿੱਚ ਇਸ ਵਕਤ ਗੈਂਗਸਟਰਾਂ ਦਾ ਰਾਜ ਹੈ ਅਤੇ ਕਿਸੇ ਵੀ ਨਾਗਰਿਕ ਦੀ ਜਾਨ ਮਾਲ ਸੁੱਰਖਿਅਤ ਨਹੀਂ ਹੈ। ਹਰਮਿੰਦਰ ਸਿੰਘ ਗਿੱਲ ਨੇ ਵੇਦ ਪ੍ਰਕਾਸ਼ ਵੇਦੀ ਨੂੰ ਯਕੀਨ ਦਿਵਾਇਆ ਕਿ ਜ਼ਿਲ੍ਹਾ ਤਰਨ ਤਾਰਨ ਦੇ ਸਾਰੇ ਵਿਧਾਨ ਸਭਾ ਹਲਕਿਆਂ ਤੋਂ ਘੱਟ ਤੋਂ ਘੱਟ ਇੱਕ ਇੱਕ ਹਜ਼ਾਰ ਕਾਂਗਰਸੀ ਵਰਕਰ ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਪ੍ਰਧਾਨ ਮਲਕ ਅਰਜਨ ਖੜਗੇ ਵੱਲੋਂ ਸਮਰਾਲਾ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਸ਼ਾਮਲ ਹੋਣਗੇ।

# ਖਾਲਸਾ ਕਾਲਜ ਆਫ ਵੈਟਰਨਰੀ ਵੱਲੋਂ 'ਸੀਐੱਸਆਈਆਰ-ਆਈਐੱਚਬੀਟੀ ਨਾਲ ਸਮਝੌਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਨੇ ਵੈਟਰਨਰੀ ਵਿਗਿਆਨ ਦੇ ਖੇਤਰ ਅਤੇ ਆਪਸੀ ਹਿੱਤ ਦੇ ਸਬੰਧਿਤ ਖੇਤਰਾਂ 'ਚ ਅਕਾਦਮਿਕ ਗਤੀਵਿਧੀਆਂ ਖੋਜ, ਸਿਖਲਾਈ ਅਤੇ ਸਹਿਯੋਗ ਲਈ ਕਾਉਂਸਿਲ ਆਫ਼ ਸਾਇੰਟਿਫਿਕ ਐਂਡ ਇੰਡਸਟਰੀਅਲ ਰਿਸਰਚ-ਇੰਸਟੀਚਿਊਟ ਆਫ਼ ਹਿਮਾਲੀਅਨ ਬਾਇਓਰਿਸੋਰਸ ਟੈਕਨਾਲੋਜੀ (ਆਈਐੱਚਬੀਟੀ), ਪਾਲਮਪੁਰ, ਹਿਮਾਚਲ ਪ੍ਰਦੇਸ਼ ਨਾਲ ਸਮਝੌਤੇ ਪੱਤਰ 'ਤੇ ਦਸਤਖ਼ਤ ਕੀਤੇ ਹਨ। ਸੀਐੱਸਆਈਆਰ-ਆਈਐੱਚਬੀਟੀ ਦੇ ਡਾਇਰੈਕਟਰ ਡਾ. ਸੁਦੇਸ਼ ਯਾਦਵ ਅਤੇ ਕਾਲਜ ਪ੍ਰਿੰ. ਡਾ. ਹਰੀਸ਼ ਕੁਮਾਰ ਵਰਮਾ ਨੇ ਵੈਟਰਨਰੀ ਵਿਗਿਆਨ ਨਾਲ ਸਬੰਧਿਤ ਗਤੀਵਿਧੀਆਂ 'ਚ ਸਹਿਯੋਗ ਲਈ ਦਸਤਾਵੇਜ਼ 'ਤੇ ਹਸਤਾਖਰ ਕੀਤੇ। ਇਸ ਮੌਕੇ ਕਾਲਜ ਦੇ ਐੱਮਡੀ ਡਾ. ਐੱਸ. ਕੇ. ਨਾਗਪਾਲ, ਮਾਈਕ੍ਰੋਬਾਇਓਲੋਜੀ ਮੁਖੀ ਡਾ. ਪੀ. ਐੱਨ. ਦਿਵੇਦੀ ਅਤੇ ਸੀਐੱਸਆਈਆਰ.-ਆਈਐੱਚਬੀਟੀ ਤੋਂ ਬਿਜ਼ਨਸ ਡਿਵੈਲਪਮੈਂਟ ਯੂਨਿਟ ਕੋਆਰਡੀਨੇਟਰ ਡਾ. ਸੁਖਜਿੰਦਰ ਸਿੰਘ, ਪ੍ਰਸ਼ਾਸਨਿਕ ਅਧਿਕਾਰੀ ਸੀਨੀਅਰ ਵਿਗਿਆਨੀ ਨਰਿੰਦਰ ਤਿਰਪੁੜੇ ਅਤੇ ਵਿੱਤ ਅਤੇ ਲੇਖਾ ਕੰਟਰੋਲਰ ਵੀ ਮੌਜੂਦ ਸਨ।

ਇਸ ਮੌਕੇ ਡਾ. ਵਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਦੇ ਵੈਟਰਨਰੀ ਵਿਦਿਆਰਥੀਆਂ ਨੂੰ ਸਮਾਜ ਦੇ ਫਾਇਦੇ ਲਈ ਹਿਮਾਲੀਅਨ ਬਾਇਓਸੋਰਸ ਦੀ ਵਰਤੋਂ 'ਤੇ ਕੰਮ ਕਰ ਰਹੀ ਕੇਂਦਰ ਸਰਕਾਰ ਦੀ ਨਾਮਵਰ ਸੰਸਥਾ ਨਾਲ ਜਾਣੂ ਮਿਲਵਰਤਨ ਦਾ ਵਧੀਆ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਡਾਕਟਰਾਂ ਨੂੰ ਆਮ ਬਿਮਾਰੀਆਂ ਦੀ ਰੋਕਥਾਮ ਅਤੇ ਇਲਾਜ ਲਈ ਵਿਕਲਪਕ ਦੇਸੀ ਦਵਾਈਆਂ ਦੀ ਵਰਤੋਂ ਸਬੰਧੀ ਜਾਣਕਾਰੀ ਹਾਸਲ ਕਰਵਾਉਣ 'ਚ ਮਦਦ ਕਰੇਗਾ, ਜਿਸ ਨਾਲ ਐਲੋਪੈਥਿਕ ਦਵਾਈਆਂ ਦੇ ਮਾੜੇ ਪ੍ਰਭਾਵਾਂ ਨੂੰ ਘਟਾਇਆ ਜਾਵੇਗਾ।

# ਸੁਖਬੀਰ ਬਾਦਲ ਦੀ ਅਗਵਾਈ 'ਚ 'ਪੰਜਾਬ ਬਚਾਓ ਯਾਤਰਾ' ਝਬਾਲ ਤੋਂ ਰਵਾਨਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਸ਼੍ਰੋਮਣੀ ਅਕਾਲੀ ਦਲ ਵਲੋਂ ਪਿੰਡ ਝਬਾਲ ਵਿਖੇ ਸਥਿਤ ਗੁਰਦੁਆਰਾ ਬੀਬੀ ਵੀਰੋ ਜੀ, ਗੁਰਦੁਆਰਾ ਮਾਤਾ ਭਾਗ ਕੌਰ ਜੀ ਦੇ ਅਸਥਾਨਾਂ 'ਤੇ ਅਰਦਾਸ ਕਰਨ ਉਪਰੰਤ ਆਰੰਭ ਕੀਤੀ ਗਈ। ਇਸ ਯਾਤਰਾ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਪਾਰਟੀ ਮੈਂਬਰ ਆਪਣੇ ਆਪਣੇ ਟਰੈਕਟਰ, ਗੱਡੀਆਂ ਤੇ ਮੋਟਰਸਾਈਕਲ ਲੈ ਕੇ ਸ਼ਾਮਿਲ ਹੋਏ। ਇਸ ਯਾਤਰਾ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਗੁਰੂ ਘਰ ਨਤਮਸਤੱਕ ਹੋਏ। ਇਸ ਮੌਕੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਪਾਰਟੀ ਹੈ ਤੇ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਪੰਜਾਬ ਨੂੰ ਹੋਰ ਪਾਰਟੀਆਂ ਜੋ ਕਿ ਲੁੱਟ ਰਹੀਆਂ ਹਨ ਉਨ੍ਹਾਂ ਤੋਂ ਬਚਾਈਏ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਜਿਸ ਦੀ ਪੰਜਾਬ ਵਿੱਚ ਸਰਕਾਰ ਤਾਂ ਹੈ ਪਰ ਚੱਲਦੀ ਦਿੱਲੀ ਤੋਂ ਹੈ ਅਤੇ ਅਸੀਂ ਇਹ ਕਿਸੇ ਵੀ ਕੀਮਤ ਤੇ ਸਹਿਣ ਨਹੀਂ ਕਰਾਂਗੇ ਕਿ ਪੰਜਾਬ ਨੂੰ ਦਿੱਲੀ ਵਿੱਚ ਬੈਠ ਕੇ ਚਲਾਇਆ ਜਾਵੇ। ਪੰਜਾਬ ਦਿਨੋਂ ਦਿਨ ਕਰਜ਼ੇ ਦੀ ਮਾਰ ਹੇਠ ਆ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੱਧ ਤੋਂ ਵੱਧ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾ ਕੇ ਸੰਸਦ ਵਿੱਚ ਭੇਜਿਆ ਜਾਵੇ ਤਾਂ ਜੋ ਪੰਜਾਬ ਦੇ ਮੁੱਦਿਆਂ ਨੂੰ ਦੇਸ਼ ਦੀ ਅਸੈਂਬਲੀ ਵਿੱਚ ਉਠਾਇਆ ਜਾਵੇ। ਇਸ ਮੌਕੇ ਉਨ੍ਹਾਂ ਨਾਲ ਸਾਬਕਾ ਮੰਤਰੀ ਡਾ: ਦਲਜੀਤ ਸਿੰਘ ਚੀਮਾ, ਸਾਬਕਾ ਵਿਧਾਇਕ ਹਲਕਾ ਤਰਨਤਾਰਨ ਹਰਮੀਤ ਸਿੰਘ ਸੰਧੂ, ਅਰਵਿੰਦਰਪਾਲ ਸਿੰਘ ਪੱਖੋਕੇ, ਗੁਰਮੀਤ ਸਿੰਘ ਸ਼ਾਹ ਝਬਾਲ, ਸਾਬਕਾ ਚੇਅਰਮੈਨ ਹਰਵੰਤ ਸਿੰਘ ਝਬਾਲ ਖੁਰਦ, ਸੁਖਜਿੰਦਰ ਸਿੰਘ ਕਸੇਲ, ਸਾਬਕਾ ਚੇਅਰਮੈਨ ਤੇਗਾ ਸਿੰਘ ਸੋਹਲ, ਗਿਆਨੀ ਸੁਖਰਾਜ ਸਿੰਘ ਸੋਹਲ, ਸਾਬਕਾ ਸਰਪੰਚ ਕਾਕਾ ਛਾਪਾ, ਸਾਬਕਾ ਸਰਪੰਚ ਵਰਿੰਦਰ ਸਿੰਘ ਹੀਰਾਪੁਰ, ਸਾਬਕਾ ਸਰਪੰਚ ਪਰਮਜੀਤ ਸਿੰਘ ਬਘਿਆੜੀ, ਸਾਬਕਾ ਸਰਪੰਚ ਬਾਊ ਛੀਨਾ ਬਿਧੀ ਚੰਦ, ਸੁਖਜਿੰਦਰ ਸਿੰਘ ਕਸੇਲ, ਅਮਰਜੀਤ ਸਿੰਘ ਸੋਹਲ, ਸੋਨੂੰ ਸੋਹਲ, ਸਾਬਕਾ ਚੇਅਰਮੈਨ ਗੁਰਬੀਰ ਸਿੰਘ ਝਬਾਲ, ਸੁਰਜਨ ਸਿੰਘ ਝਬਾਲ, ਬਾਬਾ ਰਣਜੀਤ ਸਿੰਘ ਪੰਡੋਰੀ, ਸਾਬਕਾ ਸਰਪੰਚ ਗੁਰਿੰਦਰਪਾਲ ਸਿੰਘ ਬਾਬਾ ਲੰਗਾਹ, ਦਿਲਬਾਗ ਸਿੰਘ ਸਵਾਰਗਾਪੁਰੀ, ਜੰਗਸ਼ੇਰ ਸਿੰਘ ਲਹੀਆਂ, ਅਮਰਿੰਦਰ ਸਿੰਘ ਮਾਨਕ ਬੱਬੇ, ਸ਼ੇਰਾ ਝਬਾਲ, ਪ੍ਰਧਾਨ ਗੁਰਦਰਸ਼ਨ ਸਿੰਘ ਬਘਿਆੜੀ, ਕੈਪਟਨ ਸਿੰਘ ਬਘਿਆੜੀ, ਮਨਦੀਪ ਸਿੰਘ ਮੰਨਾ ਬਘਿਆੜੀ, ਸਰਪੰਚ ਮਨਜਿੰਦਰ ਸਿੰਘ ਐਮਾਂ, ਗੁਰਸੇਵਕ ਸਿੰਘ ਐਮਾਂ, ਬੀਬੀ ਮਨਬੀਰ ਕੌਰ, ਲਖਵਿੰਦਰ ਕੌਰ, ਸਰਬਜੀਤ ਕੌਰ, ਸਾਬਕਾ ਸਰਪੰਚ ਬਲਵਿੰਦਰ ਸਿੰਘ ਝਬਾਲ, ਸਾਬਕਾ ਸਰਪੰਚ ਹੈਰੀ ਬੁਰਜ, ਸੁਖਜਿੰਦਰਪਾਲ ਸਿੰਘ ਵਿੱਕੀ ਪੰਜਵੜ, ਕਿਰਪਾਲ ਸਿੰਘ ਢਿੱਲੋਂ ਭੁੱਜੜਾਵਾਲਾ, ਕਰਮਜੀਤ ਸਿੰਘ ਢਿੱਲੋਂ ਪੰਜਵੜ, ਪ੍ਰਿੰਸੀਪਲ ਤਰਨਜੀਤ ਸਿੰਘ ਬੀੜ ਸਾਹਿਬ, ਹਰਜੀਤ ਸਿੰਘ ਝਬਾਲ, ਸਰਪੰਚ ਸਵਿੰਦਰ ਸਿੰਘ ਭੱਲ ਪੰਡੋਰੀ ਸਿੱਧਵਾਂ, ਬਲਵਿੰਦਰ ਸਿੰਘ ਸੋਹਲ, ਲਖਬੀਰ ਸਿੰਘ ਸੋਹਲ, ਗੁਰਪਾਲ ਸਿੰਘ ਹੈਪੀ ਦਿੱਲੀ, ਬਲਵਿੰਦਰ ਸਿੰਘ ਪੱਪੂ ਮੰਡੀ ਵਾਲੇ, ਪੁਸ਼ਪਿੰਦਰ ਸਿੰਘ ਪਾਸੀ, ਜਤਿੰਦਰ ਸਿੰਘ ਆੜ੍ਹਤੀ ਸੋਹਲ, ਸੁਖਦੇਵ ਸਿੰਘ ਸੋਹਲ ਆੜਤੀ, ਹੈਪੀ ਮੰਨਣ, ਨਵਰੂਪ ਸਿੰਘ ਪੰਡੋਰੀ ਸਿੱਧਵਾਂ ਅਤੇ ਸੈਂਕੜਿਆਂ ਦੀ ਗਿਣਤੀ ਵਿੱਚ ਇਲਾਕਾ ਝਬਾਲ ਦੇ ਅਕਾਲੀ ਵਰਕਰ ਹਾਜ਼ਰ ਸਨ।

# ਸੱਚਰ ਵੱਲੋਂ ਖੜਗੇ ਦੀ ਪੰਜਾਬ ਫੇਰੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)—ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕ ਅਰਜਨ ਖੜਗੇ ਜੋ 11 ਫਰਵਰੀ ਪੰਜਾਬ ਦੇ ਸਮਰਾਲਾ ਕਸਬੇ ਵਿੱਚ ਇੱਕ ਬਹੁਤ ਵੱਡੀ ਤੇ ਪ੍ਰਭਾਵਸ਼ਾਲੀ ਵਰਕਰ ਮੀਟਿੰਗ ਜਿਸ ਵਿੱਤ ਬਲਾਕ ਪ੍ਰਧਾਨ ਤੇ ਬਲਾਕ ਦੀ ਟੀਮ, ਮੰਡਲ ਪ੍ਰਧਾਨ ਤੇ ਮੰਡਲ ਟੀਮ, ਜ਼ਿਲ੍ਹਾ ਕਾਂਗਰਸ ਕਮੇਟੀਆਂ ਤੇ ਫਰੰਟਲ ਆਰਗੇਨਾਈਜੇਸ਼ਨ ਦੇ ਅਹੁਦੇਦਾਰਾਂ ਤੋਂ ਇਲਾਵਾ ਕਾਂਗਰਸ ਪਾਰਟੀ ਦੇ ਵਰਕਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਜਿਸ ਲਈ ਬੱਸਾਂ ਤੇ ਹੋਰ ਵਹੀਕਲਾਂ ਦਾ ਪ੍ਰਬੰਧ ਕਰ ਦਿੱਤਾ ਗਿਆ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਕੀਤਾ। ਸ. ਸੱਚਰ ਨੇ ਕਿਹਾ ਕਿ ਅਗਾਮੀ ਲੋਕ ਸਭਾ ਚੋਣਾਂ ਨੂੰ ਲੈ ਕੇ ਸਾਡੀ ਕਾਂਗਰਸ ਪਾਰਟੀ ਤੇ ਕਾਂਗਰਸੀ ਵਰਕਰ ਪੂਰੀ ਤਰ੍ਹਾਂ ਤਿਆਰ ਹਨ। ਅਸੀਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਵਿੱਚ ਕਾਂਗਰਸ ਉਮੀਦਵਾਰਾਂ ਦੀਆਂ ਸੀਟਾਂ ਜਿੱਤ ਕੇ ਰਾਹੁਲ ਗਾਂਧੀ ਤੇ ਖੜਗੇ ਦੀ ਝੋਲੀ ਵਿੱਚ ਪਾਵਾਂਗੇ। ਇਸ ਮੀਟਿੰਗ ਵਿੱਚ ਜ਼ਿਲ੍ਹਾ ਕੋਆਰਡੀਨੇਟਰ ਤਰਲੋਕ ਪਹਿਲਵਾਨ, ਹਲਕਾ ਕੋਆਰਡੀਨੇਟਰ ਬਲਪ੍ਰੀਤ ਰੋਜ਼ਰ, ਅਸ਼ਵਨੀ ਤੁਲੀ, ਗੁਰਪਾਲ ਸਿੰਘ ਰਮਦਾਸ, ਮੈਡਮ ਲੀਲਾ ਵਤੀ ਵੀ ਹਾਜ਼ਰ ਸਨ।

# ਅਕਾਲੀ ਦਲ ਨੂੰ ਝਟਕਾ, ਦਰਜਨਾਂ ਪਰਿਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ



ਪਠਾਨਕੋਟ, (ਦਵਿੰਦਰ ਸਿੰਘ)-ਵਿਧਾਨ ਸਭਾ ਹਲਕਾ ਭੋਆ ਅੰਦਰ ਰਾਜਸੀ ਸਰਗਰਮੀਆਂ ਨੇ ਜ਼ੋਰ ਫੜਨਾ ਸ਼ੁਰੂ ਕਰ ਦਿੱਤਾ ਹੈ ਅਤੇ ਇਨ੍ਹਾਂ ਸਰਗਰਮੀਆਂ ਤਹਿਤ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਤਕੜਾ ਝਟਕਾ ਲੱਗਾ ਜਦ ਵਾਰਡ ਨੰਬਰ-47 ਦੀ ਨਗਰ ਕੌਂਸਲਰ ਰਿਤੀਕਾ ਚੌਧਰੀ, ਰੇਸ਼ਮ ਸਿੰਘ, ਅਨੀਤਾ ਦਾਨੀਆ ਅਤੇ ਵਾਰਡ ਨੰਬਰ-44 ਤੋਂ ਅਤਰ ਸਿੰਘ ਆਪਣੇ ਦਰਜਨਾਂ ਪਰਿਵਾਰਾਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਨ੍ਹਾਂ ਸਾਰੇ ਪਰਿਵਾਰਾਂ ਨੂੰ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਾਰਟੀ ਵਿੱਚ ਸ਼ਾਮਲ ਕੀਤਾ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਕਟਾਰੂਚੱਕ ਦਾ ਕਹਿਣਾ ਸੀ ਕਿ ਇਹ ਸਾਰੇ ਪਰਿਵਾਰ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਰਿਤੀਕਾ ਚੌਧਰੀ ਤਾਂ ਵਾਰਡ ਨੰਬਰ-47 ਤੋਂ ਅਕਾਲੀ ਦਲ ਦੀ ਟਿਕਟ ਤੋਂ ਨਗਰ ਕੌਂਸਲਰ ਚੁਣੀ ਗਈ ਸੀ ਜਦਕਿ ਅਤਰ ਸਿੰਘ ਨੇ ਵਾਰਡ ਨੰਬਰ-44 ਤੋਂ ਅਕਾਲੀ ਦਲ ਦੀ ਟਿਕਟ ਤੋਂ 600 ਵੋਟਾਂ ਪ੍ਰਾਪਤ ਕਰਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਸੀ। ਇਨ੍ਹਾਂ ਆਗੂਆਂ ਦਾ ਮਲਿਕਪੁਰ, ਬਹਾਦਰ ਲਾਹੜੀ, ਸਰਨਾ ਆਦਿ ਪਿੰਡਾਂ ਵਿੱਚ ਖੂਬ ਆਧਾਰ ਹੈ। ਇੱਕ ਸਵਾਲ ਦੇ ਜਵਾਬ ਵਿੱਚ ਇਨ੍ਹਾਂ ਆਗੂਆਂ ਦਾ ਕਹਿਣਾ ਸੀ ਕਿ ਅਕਾਲੀ ਦਲ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਵਿੱਚ ਕੋਈ ਦਮ ਨਹੀਂ ਹੈ, ਇਹ ਤਾਂ ਸਿਰਫ ਇੱਕ ਪਰਿਵਾਰ ਨੂੰ ਬਚਾਉਣ ਲਈ ਸ਼ੁਰੂ ਕੀਤੀ ਗਈ ਹੈ। ਇਸ ਕਰਕੇ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਇਸ ਪਾਰਟੀ ਵਿੱਚ ਰਹਿ ਕੇ ਲੋਕਾਂ ਦੀ ਸੇਵਾ ਕਰਨਗੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਪਵਨ ਕੁਮਾਰ, ਸਾਬਕਾ ਐੱਮਸੀ ਸੋਹਨ ਲਾਲ, ਬਲਾਕ ਪ੍ਰਧਾਨ ਬਲਜਿੰਦਰ ਕੌਰ, ਸੰਦੀਪ ਕੁਮਾਰ, ਭੁਪਿੰਦਰ ਸਿੰਘ ਮੁੰਨਾ, ਖੁਸ਼ਬੀਰ ਕਾਟਲ ਤੇ ਕੈਲਾਸ਼ ਕੁਮਾਰ, ਤਕਦੀਰ ਸਿੰਘ, ਸਰਬਣ ਕੁਮਾਰ, ਠਾਕੁਰ ਮਨੋਹਰ ਸਿੰਘ, ਭਾਨੂੰ ਪ੍ਰਤਾਪ ਸਿੰਘ, ਸਾਹਿਬ ਸਿੰਘ ਸਾਬਾ, ਐਡਵੋਕੇਟ ਰਮੇਸ਼ ਚੌਧਰੀ ਆਦਿ ਹਾਜ਼ਰ ਸਨ।

# ਔਡੀ ਇੰਡੀਆ ਨੇ 2023 'ਚ 89% ਵਾਧੇ ਦੇ ਪਿੱਛੇ 2024 'ਚ ਸਥਿਰ ਵਿਕਾਸ ਦਾ ਟੀਚਾ ਰੱਖਿਆ

ਚੰਡੀਗੜ੍ਹ :2015 ਦੀ ਵਿਕਰੀ ਵਾਲੀਅਮ ਨੂੰ ਪਾਰ ਕਰਦੇ ਹੋਏ ਅਤੇ 2023 ਵਿੱਚ ਇੱਕ ਸਫਲ ਪ੍ਰਦਰਸ਼ਨ ਦੇ ਨਾਲ ਉੱਭਰਦੇ ਹੋਏ ਪੁਨਰ-ਨਿਰਮਾਣ, ਔਡੀ ਇੰਡੀਆ ਮੌਜੂਦਾ ਅਤੇ ਨਵੇਂ ਮਾਡਲ ਲਾਂਚਾਂ ਲਈ ਇੱਕ ਮਜ਼ਬੂਤ ਆਰਡਰ ਬੈਂਕ ਦੇ ਪਿੱਛੇ 2024 ਵਿੱਚ ਸਥਿਰ ਵਿਕਾਸ ਨੂੰ ਨਿਸ਼ਾਨਾ ਬਣਾ ਰਹੀ ਹੈ। ਜਰਮਨ ਲਗਜ਼ਰੀ ਕਾਰ ਨਿਰਮਾਤਾ ਕੰਪਨੀ ਨੇ ਜਨਵਰੀ ਤੋਂ ਦਸੰਬਰ 202 ਦੀ ਮਿਆਦ ਵਿੱਚ 7,931 ਦੀ ਵਿਕਰੀ ਵਿੱਚ 89% ਵਾਧਾ ਦੇਖਿਆ। ਇੱਕ ਮਜ਼ਬੂਤ ਅਰਥਵਿਵਸਥਾ, ਇੱਕ ਵਧ ਰਹੀ ਸ਼ੁਰੂਆਤੀ ਸੰਸਕ੍ਰਿਤੀ ਅਤੇ 6 ਇਲੈਕਟ੍ਰਿਕ ਕਾਰਾਂ ਸਮੇਤ 17 ਉਤਪਾਦਾਂ ਦੇ ਇੱਕ ਮਜ਼ਬੂਤ ਪੋਰਟਫੋਲੀਓ ਦੁਆਰਾ ਉਤਸਾਹਿਤ, ਔਡੀ ਇੰਡੀਆ ਇੱਕ ਬ੍ਰਾਂਡ ਹੈ। ਔਡੀ ਇੰਡੀਆ ਦਾ ਪੂਰਵ-ਮਾਲਕੀਅਤ ਵਾਲਾ ਕਾਰ ਕਾਰੋਬਾਰ, ਔਡੀ ਪ੍ਰਵਾਨਿਤ: ਪਲੱਸ, 2023 ਵਿੱਚ 62% ਦਾ ਵਾਧਾ ਦੇਖਿਆ ਗਿਆ। ਵਰਤਮਾਨ ਵਿੱਚ 25 ਔਡੀ ਪ੍ਰਵਾਨਿਤ: ਨਾਲ ਹੀ ਦੇਸ਼ ਦੇ ਸਾਰੇ ਪ੍ਰਮੁੱਖ ਹੱਬਾਂ ਵਿੱਚ ਸੁਵਿਧਾਵਾਂ ਦੇ ਨਾਲ ਕੰਮ ਕਰ ਰਿਹਾ ਹੈ, ਬ੍ਰਾਂਡ ਦਾ ਵਿਸਤਾਰ ਕਰਨਾ ਜਾਰੀ ਰਹੇਗਾ ਅਤੇ ਹੋਰ ਪਹਿਲਾਂ ਤੋਂ ਸ਼ਾਮਲ ਕੀਤਾ ਜਾਵੇਗਾ।

# ਨਾਰੀ ਸ਼ਕਤੀ ਕੇਂਦਰ ਲੜਕੀਆਂ ਦੇ ਸਸ਼ਕਤੀਕਰਨ 'ਚ ਬਹੁਤ ਸਹਾਈ ਸਿੱਧ ਹੋ ਰਿਹਾ :ਡਿਪਟੀ ਕਮਿਸ਼ਨਰ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਗੁਰਦਾਸਪੁਰ ਵਿਖੇ ਚਲਾਇਆ ਜਾ ਰਿਹਾ ਨਾਰੀ ਸ਼ਕਤੀ ਕੇਂਦਰ ਲੜਕੀਆਂ ਦੇ ਸਸ਼ਕਤੀਕਰਨ ਵਿੱਚ ਬਹੁਤ ਸਹਾਈ ਸਿੱਧ ਹੋ ਰਿਹਾ ਹੈ। 11 ਜਨਵਰੀ ਨੂੰ ਸ਼ੁਰੂ ਕੀਤੇ ਗਏ ਇਸ ਨਾਰੀ ਸ਼ਕਤੀ ਕੇਂਦਰ ਵਿੱਚ 40 ਲੜਕੀਆਂ ਨੂੰ ਮੁਫਤ ਡਰਾਈਵਿੰਗ ਸਿਖਲਾਈ ਅਤੇ ਸਾਫ਼ਟ ਸਕਿੱਲ ਦੀ ਕੋਚਿੰਗ ਦਿੱਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਨਾਰੀ ਸ਼ਕਤੀ ਕੇਂਦਰ ਦਾ ਦੌਰਾ ਕਰਕੇ ਉਥੇ ਚੱਲ ਰਹੀਆਂ ਡਰਾਈਵਿੰਗ ਅਤੇ ਸਾਫਟ ਸਕਿੱਲ ਕੋਚਿੰਗ ਕਲਾਸਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਸਿਖਲਾਈ ਹਾਸਲ ਕਰ ਰਹੀਆਂ ਲੜਕੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਕਲਾਸਾਂ ਬਾਰੇ ਤਜਰਬੇ ਨੂੰ ਜਾਣਿਆ ਅਤੇ ਫੀਡਬੈਕ ਹਾਸਲ ਕੀਤੀ। ਇਸ ਮੌਕੇ ਡੀਸੀ ਨੇ ਲੜਕੀਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦਿਆਂ ਉਨ੍ਹਾਂ ਦੀ ਕੈਰੀਅਰ ਕੌਂਸਲਿੰਗ ਵੀ ਕੀਤੀ। ਡੀਸੀ ਨੇ ਕਿਹਾ ਕਿ ਉਨ੍ਹਾਂ ਨੂੰ ਬਹੁਤ ਖੁਸ਼ੀ ਹੋ ਰਹੀ ਹੈ ਕਿ ਨਾਰੀ ਸ਼ਕਤੀ ਕੇਂਦਰ ਗੁਰਦਾਸਪੁਰ ਲੜਕੀਆਂ ਦੇ ਹੁਨਰ ਨੂੰ ਨਿਖਾਰਨ ਦਾ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਫ਼ਟ ਸਕਿੱਲ ਕੋਚਿੰਗ ਦੀਆਂ ਕਲਾਸਾਂ ਵਿੱਚ ਲੜਕੀਆਂ ਨੂੰ ਵੱਖ-ਵੱਖ ਨੌਕਰੀਆਂ ਲਈ ਇੰਟਰਵਿਊ ਲਈ ਤਿਆਰ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਉਨ੍ਹਾਂ ਨੂੰ ਪਰਸਨੈਲਟੀ ਡਿਵੈਲਪਮੈਂਟ, ਕੰਪਿਊਟਰ ਆਦਿ ਬਾਰੇ ਵੀ ਸਿਖਾਇਆ ਜਾ ਰਿਹਾ ਹੈ। ਫਰੀ ਡਰਾਈਵਿੰਗ ਕਲਾਸਾਂ ਰਾਹੀਂ ਲੜਕੀਆਂ ਨੂੰ ਕਾਰ ਚਲਾਉਣ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਨੇ ਨਾਰੀ ਸ਼ਕਤੀ ਕੇਂਦਰ ਵਿੱਚੋਂ ਲੜਕੀਆਂ ਵੱਲੋਂ ਹਾਸਲ ਕੀਤੀ ਜਾ ਰਹੀ ਸਿਖਲਾਈ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਇਹ ਕੋਸ਼ਿਸ਼ ਹੈ ਕਿ ਸਾਡੇ ਜ਼ਿਲ੍ਹੇ ਦੀਆਂ ਧੀਆਂ ਹਰ ਖੇਤਰ ਵਿੱਚ ਅੱਗੇ ਵਧਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਹਮੇਸ਼ਾ ਹੀ ਆਪਣੀਆਂ ਧੀਆਂ ਨੂੰ ਅੱਗੇ ਵਧਣ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਕਰਦਾ ਰਹੇਗਾ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਮੈਡਮ ਸੁਮਨਦੀਪ ਕੌਰ, ਪ੍ਰਸ਼ੋਤਮ ਸਿੰਘ ਜ਼ਿਲ੍ਹਾ ਰੁਜ਼ਗਾਰ ਅਫਸਰ, ਚਾਂਦ ਠਾਕੁਰ, ਗਗਨਦੀਪ ਸਿੰਘ ਧਾਲੀਵਾਲ ਤੋਂ ਇਲਾਵਾ ਇਸਤਰੀ ਤੇ ਬਾਲ ਵਿਕਾਸ ਵਿਭਾਗ ਦਾ ਸਟਾਫ ਵੀ ਹਾਜ਼ਰ ਸੀ।

# ਸ਼ੈਰੀ ਕਲਸੀ ਤੇ ਡੀ ਸੀ ਡਾ. ਹਿਮਾਂਸ਼ੂ ਅਗਰਵਾਲ ਬਟਾਲਾ ਵਿਖੇ ਲੱਗੇ ਵਿਸ਼ੇਸ਼ ਕੈਂਪ 'ਚ ਪਹੁੰਚੇ

## * ਵੱਖ-ਵੱਖ ਸੇਵਾਵਾਂ ਦਾ ਲਾਭ ਹਾਸਲ ਕਰਨ ਵਾਲਿਆਂ ਨੂੰ ਮੌਕੇ 'ਤੇ ਦਿੱਤੇ ਸਰਟੀਫਿਕੇਟ



ਬਟਾਲਾ, (ਡਾ. ਮਲਵਿੰਦਰ ਸਿੰਘ)-'ਪੰਜਾਬ ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਬਟਾਲਾ ਦੀ ਵਾਰਡ ਨੰਬਰ 1 ਵਿੱਚ ਲੱਗੇ ਵਿਸ਼ੇਸ਼ ਕੈਂਪ ਵਿੱਚ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵਿਸ਼ੇਸ ਤੌਰ 'ਤੇ ਪਹੁੰਚੇ ਅਤੇ ਲੋਕਾਂ ਨਾਲ ਗੱਲਬਾਤ ਕਰਕੇ ਵੱਖ-ਵੱਖ ਵਿਭਾਗਾਂ ਵਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ ਦੀ ਜਾਣਕਾਰੀ ਲਈ। ਇਸ ਮੌਕੇ ਡਾ. ਸ਼ਾਇਰੀ ਭੰਡਾਰੀ, ਐੱਸਡੀਐੱਮ-ਕਮ.ਕਮਿਸ਼ਨਰ ਨਗਰ ਨਿਗਮ ਬਟਾਲਾ ਜਸਵੰਤ ਕੌਰ ਐੱਸਪੀ (ਐੱਚ) ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਮੌਜੂਦ ਸਨ।

ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਨੇ ਵੱਖ-ਵੱਖ ਸੇਵਾਵਾਂ ਦਾ ਲਾਭ ਲੈਣ ਵਾਲੇ ਲਾਭਪਾਤਰੀਆਂ ਨੂੰ ਮੌਕੇ ਸਰਟੀਫਿਕੇਟ ਵੀ ਵੰਡੇ। ਇਸ ਮੌਕੇ ਗੱਲ ਕਰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ 'ਪੰਜਾਬ ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ/ਵਾਰਡਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਅਤੇ ਜ਼ਿਲ੍ਹੇ ਦੀ ਹਰ ਸਬ ਡਵੀਜ਼ਨ ਵਿੱਚ ਚਾਰ-ਚਾਰ ਵਿਸ਼ੇਸ਼ ਕੈਂਪ ਲਗਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਮੁੱਖ ਮਕਸਦ ਇਹ ਹੈ ਕਿ ਲੋਕ ਆਪਣੇ ਘਰਾਂ ਦੇ ਨੇੜੇ ਹੀ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਹਾਸਲ ਕਰਨ। ਉਨ੍ਹਾਂ ਦੱਸਿਆ ਕਿ ਇਨਾਂ ਵਿਸ਼ੇਸ਼ ਕੈਂਪਾਂ ਵਿੱਚ ਮਾਲ ਵਿਭਾਗ ਨਾਲ ਸਬੰਧਤ, ਸਿਹਤ ਵਿਭਾਗ, ਕਾਰਪੋਰੇਸ਼ਨ ਨਾਲ ਸਬੰਧਤ, ਪੰਚਾਇਤ ਵਿਭਾਗ, ਮਗਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਸਿੱਖਿਆ ਵਿਭਾਗ ਅਤੇ ਖੇਤੀਬਾੜੀ ਆਦਿ ਨਾਲ ਸਬੰਧਤ ਸੇਵਾਵਾਂ ਦਾ ਲਾਭ ਪੁਜਦਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਸ਼ੇਸ਼ ਕੈਂਪਾਂ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਮੌਕੇ 'ਤੇ ਹੀ ਬਿਨੈਕਾਰਾਂ ਕੋਲੋਂ ਬਿਨੈ ਪੱਤਰ ਪ੍ਰਾਪਤ ਕਰਕੇ ਉਚਿਤ ਕਾਰਵਾਈ ਕਰਦੇ ਹਨ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ 'ਪੰਜਾਬ ਸਰਕਾਰ, ਤੁਹਾਡੇ ਦੁਆਰ' ਮੁਹਿੰਮ ਤਹਿਤ ਲੱਗੇ ਵਿਸ਼ੇਸ਼ ਕੈਂਪਾਂ ਵਿੱਚ ਸ਼ਿਰਕਤ ਕਰਨ ਅਤੇ ਵੱਧ ਤੋਂ ਵੱਧ ਸਰਕਾਰੀ ਸਹੂਲਤਾਂ ਦਾ ਲਾਭ ਉਠਾਉਣ। ਇਸ ਮੌਕੇ ਵਿਸ਼ੇਸ਼ ਕੈਂਪ ਵਿੱਚ ਲਾਭਪਾਤਰੀਆਂ ਨੂੰ ਜਮਾਂਬੰਦੀ, ਬੈਕਵਰਡ ਕਲਾਸ ਦਾ ਸਰਟੀਫਿਕੇਟ, ਲੇਬਰ ਕਾਰਡ, ਜਨਮ ਦਾ ਸਰਟੀਫਿਕੇਟ, ਮੌਤ ਦਾ ਸਰਟੀਫਿਕੇਟ ਤੇ ਆਯੂਸ਼ਮਾਨ ਸਿਹਤ ਬੀਮਾ ਕਾਰਡ ਮੌਕੇ 'ਤੇ ਬਣਾ ਕੇ ਦਿੱਤੇ ਗਏ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਦੇ ਵਿਸ਼ੇਸ਼ ਕੈਂਪਾਂ ਦਾ ਪਹਿਲੇ ਦਿਨ ਸੈਂਕੜੇ ਲੋਕਾਂ ਨੇ ਲਿਆ ਲਾਹਾ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰ-ਘਰ ਸਰਕਾਰੀ ਸੇਵਾਵਾਂ ਦਾ ਲਾਭ ਬਿਨਾਂ ਕਿਸੇ ਰੋਕ ਦੇ ਦੇਣ ਦੇ ਕੀਤੇ ਗਏ ਯਤਨ ਤਹਿਤ 'ਆਪ ਦੀ ਸਰਕਾਰ-ਆਪ ਦੇ ਦੁਆਰ' ਜੋ ਕੈਂਪ ਲਗਾਏ ਜਾ ਰਹੇ ਹਨ ਜਿਨ੍ਹਾਂ ਦਾ ਲਾਹਾ ਸਥਾਨਕ ਵਾਸੀਆਂ ਨੂੰ ਮਿਲ ਰਿਹਾ ਹੈ। ਬੀਤੇ ਕੱਲ 24 ਕੈਂਪ ਅੰਮ੍ਰਿਤਸਰ ਜ਼ਿਲ੍ਹੇ ਦੀਆਂ 6 ਸਬ-ਡਵੀਜ਼ਨਾਂ ਵਿਚ ਲਗਾਏ ਗਏ ਸਨ, ਉਨ੍ਹਾਂ ਵਿਚ ਕਰੀਬ 2700 ਲੋਕਾਂ ਨੇ ਸ਼ਿਰਕਤ ਕੀਤੀ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਦਿੱਤੀ ਜਾ ਰਹੀ ਸੇਵਾ ਦਾ ਲਾਭ ਲਿਆ। ਬਹੁਤੇ ਵਿਭਾਗਾਂ ਵੱਲੋਂ ਮੌਕੇ ਉਤੇ ਹੀ ਸਬੰਧਤ ਸੇਵਾ ਦਿੱਤੀ ਜਾ ਰਹੀ ਹੈ ਅਤੇ ਜਿਸ ਸੇਵਾ ਵਿਚ ਰਿਪੋਰਟ ਆਦਿ ਲੈਣ ਦਾ ਸਮਾਂ ਲੱਗਣਾ ਹੁੰਦਾ ਹੈ, ਉਸਦੀ ਆਨ ਲਾਈਨ ਬਿਨੈ ਕਰਵਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਜੋ ਕਿ ਜ਼ਿਲ੍ਹੇ ਦੇ ਸਾਰੇ ਕੈਂਪਾਂ ਉਤੇ ਬਾਜ਼ ਅੱਖ ਰੱਖ ਰਹੇ ਹਨ, ਐੱਸਡੀਐੱਮ ਅਤੇ ਹੋਰ ਅਧਿਕਾਰੀਆਂ ਨਾਲ ਲਗਾਤਾਰ ਰਾਬਤਾ ਰੱਖ ਰਹੇ ਹਨ। ਉਨ੍ਹਾਂ ਨੇ ਕੱਲ੍ਹ ਕਈ ਕੈਂਪਾਂ ਵਿਚ ਪਹੁੰਚ ਕੇ ਮੌਕਾ ਵੇਖਿਆ ਤੇ ਲੋਕਾਂ ਨਾਲ ਗੱਲਬਾਤ ਵੀ ਕੀਤੀ, ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿੱਥੇ ਕਿਧਰੇ ਵੀ ਕੈਂਪ ਤੁਹਾਡੇ ਨੇੜੇ ਲੱਗਦਾ ਹੈ, ਤੁਸੀਂ ਉਸ ਕੈਂਪ ਵਿਚ ਪਹੁੰਚ ਕੇ ਸਰਕਾਰੀ ਵਿਭਾਗਾਂ ਵੱਲੋਂ ਦਿੱਤੀਆਂ ਜਾ ਰਹੀਆਂ ਅਹਿਮ ਸੇਵਾਵਾਂ ਦਾ ਲਾਭ ਲਵੋ। ਉਨ੍ਹਾਂ ਦੱਸਿਆ ਕਿ 9 ਫਰਵਰੀ ਨੂੰ ਸਬ ਡਵੀਜ਼ਨ ਅੰਮ੍ਰਿਤਸਰ-1 ਦੇ ਅਧੀਨ ਪੈਂਦੇ ਪਿੰਡ ਠੱਠੀਆਂ, ਜਾਣੀਆਂ, ਅੰਮ੍ਰਿਤਸਰ ਅਰਬਨ 110, ਸਬ-ਡਵੀਜ਼ਨ ਅੰਮ੍ਰਿਤਸਰ-2 ਅਧੀਨ ਲੋਹਾਰਕਾਂ ਕਲਾਂ, ਮਹਿਮਾ, ਬੂਥ, ਵਰਪਾਲ, ਸਬ-ਡਵੀਜ਼ਨ ਅਜਨਾਲਾ ਅਧੀਨ ਮੱਧੂ ਛਾਂਗਾ, ਮੋਹਨ ਭੰਡਾਰੀਆਂ, ਗੋਰੇ ਨੰਗਲ, ਦਿਆਲ ਭੜੰਗ, ਸਬ-ਡਵੀਜ਼ਨ ਬਾਬਾ ਬਕਾਲਾ ਅਧੀਨ ਡੇਰਾ ਬਾਬਾ ਜੈਮਲ ਸਿੰਘ ਅਤੇ ਵੜੈਚ, ਕਰਤਾਰਪੁਰ ਅਤੇ ਜਮਾਲਪੁਰ, ਭੱਟੀਕੇ, ਠੱਠੀਆਂ, ਬੇਦਾਦਪੁਰ, ਸਬ ਡਵੀਜਨ ਮਜੀਠਾ ਅਧੀਨ ਫੱਤੂਭੀਲਾ, ਕੋਟਲੀ ਢੋਲੇ ਸ਼ਾਹ, ਜੇਠੂਨੰਗਲ, ਪੰਧੇਰ, ਪੰਧੇਰ ਖੁਰਦ ਜੌਹਲ ਅਤੇ ਸਬ ਡਵੀਜਨ ਲੋਪੋਕੇ ਅਧੀਨ ਰਾਜਾਸਾਂਸੀ ਵਾਰਡ ਨੰ: 5, 6, ਓਠੀਆਂ, ਧਾਰੀਵਾਲ, ਰਾਣੇਵਾਲੀ ਵਿਖੇ ਕੈਂਪ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨਾਂ ਕੈਂਪਾਂ ਵਿੱਚ ਵਧੇਰੇ ਗਿਣਤੀ ਵਿਚ ਲੋਕ ਪਹੁੰਚ ਕੇ ਸੇਵਾਵਾਂ ਪ੍ਰਾਪਤ ਕਰ ਰਹੇ ਹਨ ਜਿਸ ਨਾਲ ਲੋਕਾਂ ਦਾ ਕੀਮਤੀ ਸਮਾਂ ਵੀ ਬਚ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਲੋਕਾਂ ਨੂੰ ਇਹ ਸੇਵਾਵਾਂ ਲੈਣ ਲਈ ਵੱਖ-ਵੱਖ ਦਫ਼ਤਰਾਂ ਵਿਖੇ ਚੱਕਰ ਮਾਰਨੇ ਪੈਂਦੇ ਸਨ। ਹੁਣ ਉਨ੍ਹਾਂ ਨੂੰ ਘਰ ਦੇ ਨੇੜੇ ਹੀ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

# ਇਨਕਮ ਟੈਕਸ ਦਫਤਰ ਤਰਨਤਾਰਨ ਨੇ ਮਨਾਇਆ ਸਵੱਛਤਾ ਪੰਦਰਵਾੜਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਇਨਕਮ ਟੈਕਸ ਦਫਤਰ ਤਰਨਤਾਰਨ ਵਿਖੇ ਇਨਕਮ ਟੈਕਸ ਅਫਸਰ ਤਰਵਿੰਦਰ ਕੌਰ ਅਤੇ ਇਨਕਮ ਟੈਕਸ ਅਫਸਰ ਵਿਸ਼ਾਲ ਧੀਰ ਦੀ ਅਗਵਾਈ ਹੇਠ ਸਵੱਛਤਾ ਪੰਦਰਵਾੜਾ ਮਨਾਇਆ ਗਿਆ। ਇਸ ਮੌਕੇ ਆਈਟੀਓ ਤਰਵਿੰਦਰ ਕੌਰ ਨੇ ਹਾਜ਼ਰ ਸ਼ਹਿਰ ਵਾਸੀਆ ਨੂੰ ਕਿਹਾ ਕਿ ਆਪਣਾ ਆਲਾ-ਦੁਆਲਾ ਸਾਫ ਰੱਖਣਾ ਚਾਹੀਦਾ ਹੈ ਤਾਂ ਹੀ ਆਵਾਜ਼, ਹਵਾ ਅਤੇ ਪਾਣੀ ਦਾ ਪ੍ਰਦੂਸ਼ਣ ਘਟਾਇਆ ਜਾ ਸਕੇਗਾ। ਸਾਨੂੰ ਕੇਂਦਰ ਸਰਕਾਰ ਦੀ ਆਗਿਆ ਅਨੁਸਾਰ ਸਵੱਛ ਭਾਰਤ ਮੁਹਿੰਮ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਨਾਲ ਦੇਸ਼ ਵਿੱਚ ਖੁਸ਼ਹਾਲੀ ਆਵੇਗੀ ਅਤੇ ਦੇਸ਼ ਤਰੱਕੀ ਕਰੇਗਾ। ਆਈਟੀਓ ਵਿਸ਼ਾਲ ਧੀਰ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਬਣਦਾ ਟੈਕਸ ਦੇਣਾ ਚਾਹੀਦਾ ਹੈ। ਇਸ ਨਾਲ ਹੀ ਦੇਸ਼ ਦੀ ਤਰੱਕੀ ਸੰਭਵ ਹੈ। ਇਸੇ ਟੈਕਸ ਦੇ ਨਾਲ ਸੜਕਾਂ, ਪੁਲ ਅਤੇ ਹੋਰ ਵਿਕਾਸ ਕਾਰਜ ਹੁੰਦੇ ਹਨ। ਬੂੰਦ-ਬੂੰਦ ਨਾਲ ਹੀ ਤਾਲਾਬ ਭਰਦਾ ਹੈ, ਜੇ ਅਸੀਂ ਆਪਣੇ ਘਰਾਂ, ਦੁਕਾਨਾਂ ਦੀ ਸਫਾਈ ਰੱਖਦੇ ਹਾਂ ਤਾਂ ਸਵੱਛਤਾ ਅਭਿਆਨ ਨੂੰ ਬਲ ਮਿਲੇਗਾ ਅਤੇ ਵਾਤਾਵਰਣ ਵੀ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇਗਾ। ਇਸ ਮੌਕੇ ਇਨਕਮ ਟੈਕਸ ਵਕੀਲ ਆਦੇਸ਼ ਅਗਨੀਹੋਤਰੀ ਨੇ ਆਪਣੇ ਲਿਖੇ ਹੋਏ ਹਿੰਦੀ ਅਤੇ ਪੰਜਾਬੀ ਦੇ ਗੀਤਾਂ ਜ਼ਰੀਏ ਆਲਾ-ਦੁਆਲਾ ਸਾਫ ਰੱਖਣ ਅਤੇ ਬੀਮਾਰੀਆਂ ਤੋਂ ਬਚਣ ਲਈ ਸੰਦੇਸ਼ ਦਿੱਤਾ ਅਤੇ ਕਿਹਾ ਕਿ ਪਾਣੀ ਦਾ ਪੱਧਰ ਡਿੱਗਦਾ ਜਾ ਰਿਹਾ ਹੈ। ਸਾਨੂੰ ਪਾਣੀ ਦੀ ਵੱਧ ਤੋਂ ਵੱਧ ਬੱਚਤ ਕਰਨੀ ਚਾਹੀਦੀ ਹੈ ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਪਾਣੀ ਦੀ ਕਿੱਲਤ ਨਾ ਆਵੇ। ਸੁਰਜੀਤ ਆਹੂਜਾ ਅਤੇ ਤੇਜਿੰਦਰਪਾਲ ਟੀਡਾ ਨੇ ਦੇਸ਼ ਭਗਤੀ ਦੇ ਗੀਤ ਸੁਣਾਏ। ਇਸ ਮੌਕੇ ਜਗਦੀਸ਼ ਸ਼ਰਮਾ, ਇੰਸਪੈਕਟਰ ਸੋਨੂੰ, ਗੁਰੂ ਨਰਾਇਣ, ਦਿਲਬਾਗ ਸਿੰਘ, ਸੁਰਿੰਦਰ ਕੁਮਾਰ, ਮੋਨਿਕਾ ਕੁਮਾਰੀ, ਰਮੇਸ਼ ਗੁਪਤਾ, ਅਸ਼ੋਕ ਗੁਪਤਾ, ਸੁਮਿਤ ਸਿੰਧੀ, ਐਡਵੋਕੇਟ ਮਨੋਜ ਅਗਨੀਹੋਤਰੀ, ਅਨੀਤਾ ਵਰਮਾ, ਤਰਸੇਮ ਸ਼ਰਮਾ, ਬਲਦੇਵ ਸਿੰਘ, ਸੁਰਿੰਦਰ ਸਿੰਘ (ਗਗਨ ਟੇਲਰਜ਼), ਕੁਲਦੀਪ ਭਾਰਤੀ, ਬਲਵਿੰਦਰ ਸਿੰਘ ਫਤਿਹਪੁਰ ਸੁੱਗਾ, ਮਨਜੀਤ ਅਤੇ ਦਵੇਸ਼ ਹਾਜ਼ਰ ਸਨ।

# ਆਰ ਡੀ ਖੋਸਲਾ ਸਕੂਲ ਦੀਆਂ ਲੜਕੀਆਂ ਨੇ ਸ਼ਤਰੰਜ ਤੇ ਟੇਬਲ ਟੈਨਿਸ 'ਚ ਮਾਰੀ ਬਾਜ਼ੀ





**ਬਟਾਲਾ (ਡਾ. ਮਲਵਿੰਦਰ ਸਿੰਘ)**-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀਆਂ ਲੜਕੀਆਂ ਪੁਨੀਤ ਭਗਤ, ਜੀਆ, ਸੋਨਾਕਸ਼ੀ ਸ਼ਰਮਾ, ਮਾਨਿਆ ਅਤੇ ਚਾਹਤ ਨੇ ਅੰਡਰ-17 ਸ਼ਤਰੰਜ ਖੇਡ ਵਿੱਚ ਜ਼ਿਲ੍ਹਾ ਗੁਰਦਾਸਪੁਰ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਅੰਡਰ-14 ਟੀਮ ਵਿੱਚ ਨੀਤਿਕਾ ਵਰਮਾ, ਧਰੀਤਿਕਾ, ਲਕਸ਼ਤਾ ਸ਼ਰਮਾ ਅਤੇ ਜਸਲੀਨ ਕੌਰ ਦੂਜੇ ਸਥਾਨ 'ਤੇ ਰਹੀਆਂ। ਟੇਬਲ ਟੈਨਿਸ ਖੇਡ ਵਿੱਚ ਅੰਡਰ-17 ਲੜਕੀਆਂ ਦੀ ਟੀਮ ਅਸਮੀਤ ਕੌਰ, ਮਨਦੀਪ ਕੌਰ, ਹਿਮਾਨੀ ਸ਼ਰਮਾ, ਰੀਆ, ਗੁਰਲੀਨਪ੍ਰੀਤ ਕੌਰ ਜ਼ਿਲ੍ਹਾ ਪੱਧਰ 'ਤੇ ਪਹਿਲੇ ਸਥਾਨ 'ਤੇ ਰਹੀਆਂ। ਅੰਡਰ-14 ਟੀਮ ਵਿੱਚ ਅਦਾਪ੍ਰੀਤ ਕੌਰ ਪਹਿਲੇ, ਗੁਰਸੀਰਤਪ੍ਰੀਤ ਕੌਰ, ਕੀਰਤਪ੍ਰੀਤ ਕੌਰ ਅਤੇ ਜਸ਼ਨਦੀਪ ਕੌਰ ਦੂਜੇ ਸਥਾਨ 'ਤੇ ਰਹੀਆਂ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ: ਬਿੰਦੂ ਭੱਲਾ ਨੇ ਸਫਲਤਾ ਹਾਸਿਲ ਕਰਕੇ ਸਕੂਲ ਦਾ ਨਾਂ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸ੍ਰੇਸ਼ਠਾ ਸ਼ਰਮਾ ਅਤੇ ਤਰਲੋਕ ਸਿੰਘ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥਣਾਂ ਨੂੰ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਤੰਦਰੁਸਤ ਸਰੀਰ ਵਿੱਚ ਹੀ ਤੰਦਰੁਸਤ ਮਨ ਦਾ ਵਾਸ ਹੁੰਦਾ ਹੈ, ਇਸ ਲਈ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਲਾਜ਼ਮੀ ਹੈ।

# 11 ਨੂੰ ਸੇਰੋਂ (ਤਰਨਤਾਰਨ) ਵਿਖੇ ਹੋ ਰਹੀ ਵਿਕਾਸ ਕ੍ਰਾਂਤੀ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ : ਬੰਦੇਸ਼ਾ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ)—ਸੱਤਾਧਾਰੀ ਆਮ ਆਦਮੀ ਪਾਰਟੀ ਪੰਜਾਬ ਦੇ ਬੁਲਾਰਾ ਤੇ ਟਰੇਡਰਜ਼ ਕਮਿਸ਼ਨ ਪੰਜਾਬ ਦੇ ਸੰਵਿਧਾਨਿਕ ਮੈਂਬਰ ਜਸਕਰਨ ਬੰਦੇਸ਼ਾ ਨੇ ਕਿਹਾ ਕਿ ਪੰਜਾਬ ਅਤੇ ਖਾਸ ਕਰਕੇ ਮਾਝਾ 'ਚ ਵਿਕਾਸ ਕ੍ਰਾਂਤੀ ਦੀ ਗਤੀਸ਼ੀਲਤਾ ਨੂੰ ਪ੍ਰਚੰਡ ਕਰਨ ਲਈ 11 ਫਰਵਰੀ ਨੂੰ ਸੇਰੋਂ (ਤਰਨਤਾਰਨ) ਵਿਖੇ ਹੋਣ ਜਾ ਰਹੀ ਵਿਕਾਸ ਕ੍ਰਾਂਤੀ ਰੈਲੀ ਨੂੰ ਸੰਬੋਧਨ ਕਰਨ ਲਈ ਪਾਰਟੀ ਦੇ ਸੁਪ੍ਰੀਮੋ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਉਚੇਚੇ ਤੌਰ 'ਤੇ ਪੁੱਜ ਰਹੇ ਹਨ ਜਦੋਂਕਿ ਇਸ ਵਿਕਾਸ ਕ੍ਰਾਂਤੀ ਰੈਲੀ 'ਚ ਪੰਜਾਬ ਦੇ ਸਮੂੰਹ ਕੈਬਨਿਟ ਮੰਤਰੀ, ਪਾਰਟੀ ਦੇ ਸਮੂੰਹ ਵਿਧਾਇਕ ਅਤੇ ਵੱਖ-ਵੱਖ ਸੂਬਾਈ ਪੱਧਰ 'ਤੇ ਸੰਵਿਧਾਨਿਕ ਸੰਸਥਾਵਾਂ ਦੇ ਚੇਅਰਮੈਨ ਸਮੇਤ ਪੰਜਾਬ ਹਿਤੈਸ਼ੀ ਵੱਡੀ ਗਿਣਤੀ 'ਚ ਸ਼ਾਮਿਲ ਹੋਣਗੇ ਜਿਸ ਦੀਆਂ ਤਿਆਰੀਆਂ ਜ਼ੋਰ-ਸ਼ੋਰ ਨਾਲ ਪਾਰਟੀ ਵੱਲੋਂ ਵਿੱਢ ਦਿੱਤੀਆਂ ਗਈਆਂ ਹਨ।ਰੈਲੀ ਦੌਰਾਨ ਪਾਰਟੀ ਸੁਪ੍ਰੀਮੋ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਹਾਲ 'ਚ ਹੀ ਸਾਬਕਾ ਕਾਂਗਰਸ ਤੇ ਅਕਾਲੀ-ਭਾਜਪਾ ਸਰਕਾਰਾਂ ਦੀਆਂ ਸਰਕਾਰੀ ਜਾਇਦਾਦਾਂ ਨੂੰ ਵੇਚਣ ਦੀਆਂ ਨਿੱਜੀਕਰਨ ਦੀਆਂ ਨੀਤੀਆਂ ਨੂੰ ਪੁੱਠਾ ਗੇੜਾ ਦਿੰਦਿਆਂ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਦੇ ਹਿੱਤਾਂ ਦੇ ਮੱਦੇਨਜ਼ਰ 540 ਮੈਗਾਵਾਟ ਸਮਰਥਾ ਵਾਲੇ 1080 ਕਰੋੜ ਰੁਪਏ ਦੇ ਖਰੀਦ ਕੀਤੇ ਗਏ ਗੋਇੰਦਵਾਲ ਥਰਮਲ ਪਲਾਂਟ ਦਾ ਉਦਘਾਟਨ ਕਰਨ ਮੌਕੇ ਇਸ ਥਰਮਲ ਪਲਾਂਟ ਦਾ ਨਾਂ ਵੀ ਸਿੱਖਾਂ ਦੀ ਤੀਸਰੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਂ 'ਤੇ ਰੱਖਿਆ ਜਾਵੇਗਾ ਜਦੋਂਕਿ ਇਸ ਤੋਂ ਪਹਿਲਾਂ ਗੁਰੂ ਸਾਹਿਬਾਨ ਦੇ ਪੈਰੋਕਾਰ ਅਖਵਾਉਂਦੀਆਂ ਰਹੀਆਂ ਸਾਬਕਾ ਅਕਾਲੀ-ਭਾਜਪਾ ਤੇ ਕਾਂਗਰਸ ਸਰਕਾਰਾਂ ਵੱਲੋਂ ਇਸ ਥਰਮਲ ਪਲਾਂਟ ਦਾ ਨਾਂ ਗੁਰੂ ਅਮਰਦਾਸ ਜੀ ਦੇ ਨਾਂ 'ਤੇ ਰੱਖਣ ਲਈ ਕੋਈ ਯਤਨ ਨਹੀਂ ਕੀਤਾ ਗਿਆ ਸੀ।ਰੈਲੀ 'ਚ ਹੋਰ ਵੀ ਕਰੋੜਾਂ ਰੁਪਏ ਦੀ ਲਾਗਤਾਂ ਵਾਲੇ ਪ੍ਰੋਜੈਕਟਾਂ ਦਾ ਐਲਾਨ ਸਰਕਾਰ ਵੱਲੋਂ ਕੀਤੇ ਜਾਣ ਨਾਲ ਪੰਜਾਬ ਤੇ ਖਾਸ ਕਰਕੇ ਮਾਝਾ ਖੇਤਰ 'ਚ ਰਵਾਇਤੀ ਪਾਰਟੀਆਂ ਕਾਂਗਰਸ, ਅਕਾਲੀ ਤੇ ਭਾਜਪਾ ਦੀਆਂ ਸਿਆਸੀ ਤੌਰ 'ਤੇ ਜੜ੍ਹਾਂ ਹਿੱਲ ਜਾਣਗੀਆਂ।ਇਸ ਤੋਂ ਪਹਿਲਾਂ ਮਾਝਾ ਖੇਤਰ 'ਚ ਅੰਮ੍ਰਿਤਸਰ ਤੇ ਗੁਰਦਾਸਪੁਰ ਵਿਖੇ ਵੱਡੀਆਂ ਵਿਕਾਸ ਰੈਲੀਆਂ ਕਰਕੇ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਗਤੀਸ਼ੀਲਤਾ ਨੂੰ ਤੇਜ਼ ਗਤੀ ਕੀਤਾ ਜਾ ਚੁੱਕਾ ਹੈ।ਸੂਬਾਈ ਬੁਲਾਰੇ ਜਸਕਰਨ ਬੰਦੇਸ਼ਾ ਨੇ ਕੇਂਦਰੀ ਮੋਦੀ ਸਰਕਾਰ ਦੀ ਸਖਤ ਸ਼ਬਦਾਂ 'ਚ ਰਾਜਸੀ ਤੌਰ 'ਤੇ ਘੇਰਾਬੰਦੀ ਕਰਦਿਆਂ ਕਿਹਾ ਕਿ ਦਿੱਲੀ ਸਰਕਾਰ 'ਚ ਉਪ-ਮੁੱਖ ਮੰਤਰੀ ਮੁਨੀਸ਼ ਸਿਸੋਦੀਆ, ਸਿਹਤ ਮੰਤਰੀ ਸਤੇਂਦਰ ਜੈਨ ਤੇ ਸੰਸਦ ਮੈਂਬਰ ਸੰਜੇ ਸਿੰਘ ਨੂੰ ਕਥਿੱਤ ਝੂਠੇ ਕੇਸਾਂ 'ਚ ਜੇਲ੍ਹਾਂ 'ਚ ਡੱਕਣ ਉਪਰੰਤ ਹੁਣ ਦਿੱਲੀ ਸਰਕਾਰ ਦੀ ਵਿੱਤ ਮੰਤਰੀ ਆਤਿਸ਼ੀ ਦੀ ਰਿਹਾਇਸ਼ ਉੱਤੇ ਦਿੱਲੀ ਪੁਲਿਸ ਦੀ ਕਰਾਈਮ ਬ੍ਰਾਂਚ ਵੱਲੋਂ ਵਾਰ-ਵਾਰ ਛਾਪੇਮਾਰੀ ਕਰਕੇ ਨਜਾਇਜ਼ ਪਰੇਸ਼ਾਨ ਕਰਨ ਸਮੇਤ ਦਿੱਲੀ ਦੇ ਮੁੱਖ ਮੰਤਰੀ ਤੇ ਪਾਰਟੀ ਸੁਪ੍ਰੀਮੋ ਅਰਵਿੰਦ ਕੇਜਰੀਵਾਲ ਨੂੰ ਵੀ ਮੋਦੀ ਸਰਕਾਰ ਦੇ ਇਸ਼ਾਰਿਆਂ 'ਤੇ ਈ. ਡੀ. ਤੇ ਸੀ. ਬੀ. ਆਈ. ਕੇਂਦਰੀ ਏਜੰਸੀਆਂ ਵੱਲੋਂ ਵਾਰ-ਵਾਰ ਸੰਮਨ ਭੇਜ ਕੇ ਇਸ ਕਰਕੇ ਪਰੇਸ਼ਾਨ ਕੀਤਾ ਜਾ ਰਿਹਾ ਹੈ ਕਿ ਆਮ ਆਦਮੀ ਪਾਰਟੀ ਆਪਣੀ ਕੱਟੜ ਇਮਾਨਦਾਰ ਤੇ ਦੇਸ਼ ਭਗਤੀ ਦੀ ਭਾਵਨਾ ਨੂੰ ਤਿਲਾਂਜਲੀ ਦੇ ਕੇ ਆਮ ਆਦਮੀ ਪਾਰਟੀ ਵੀ ਮੋਦੀ ਸਰਕਾਰ ਦੇ ਝੰਡੇ ਹੇਠ ਆ ਜਾਵੇ।

ਆਮ ਆਦਮੀ ਪਾਰਟੀ ਸੀਨੀਅਰ ਲੀਡਰਸ਼ਿਪ ਦੀਆਂ ਨਜਾਇਜ਼ ਗ੍ਰਿਫਤਾਰੀਆਂ ਤੇ ਤੰਗੀਆਂ ਪਰੇਸ਼ਾਨੀਆਂ ਤਾਂ ਝੱਲ ਸਕਦੀ ਹੈ ਪਰ ਆਪਣੀ ਕੱਟੜ ਇਮਾਨਦਾਰ ਤੇ ਦੇਸ਼ ਭਗਤੀ ਦੀ ਪਹੁੰਚ ਨੂੰ ਤਿਆਗ ਕੇ ਕਦਾਚਿਤ ਭਾਜਪਾ ਦਾ ਹਿੱਸਾ ਨਹੀਂ ਬਣ ਸਕਦੀ।ਉਨ੍ਹਾਂ ਕਿਹਾ ਕਿ ਸੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਚੱਲ ਰਹੀ ਭਾਜਪਾ ਨਾ ਤਾਂ ਧਰਮ ਨਿਰਪੱਖ ਹੈ ਅਤੇ ਨਾ ਹੀ ਲੋਕ ਪੱਖੀ ਹੈ। ਸਗੋਂ ਕਥਿਤ ਫਿਰਕਾਪ੍ਰਸਤੀ ਤੇ ਕੱਟੜਵਾਦ ਨੀਤੀਆਂ ਨੂੰ ਸੰਘ ਦੇ ਇਸ਼ਾਰੇ 'ਤੇ ਉਤਸ਼ਾਹਿਤ ਕਰਦੀ ਨਜ਼ਰ ਆਉਂਦੀ ਹੈ।

# ਨਸ਼ੇ ਦੇ ਕੋਹੜ ਖਿਲਾਫ ਮਜ਼ਦੂਰ ਮੁਕਤੀ ਮੋਰਚਾ ਨੇ ਕੱਢਿਆ ਮਾਰਚ



ਗਹਿਰੀ ਮੰਡੀ (ਮਨਜੀਤ ਸਿੰਘ ਭੰਗੂ)-ਪੰਜਾਬ 'ਚ ਫੈਲੇ ਨਸ਼ਿਆਂ ਦੇ ਕੋਹੜ ਖਿਲਾਫ, ਮਜ਼ਦੂਰਾਂ ਅਤੇ ਗਰੀਬ ਕਿਸਾਨਾਂ ਨੂੰ ਫਾਇਨਾਂਸ ਕੰਪਨੀਆਂ ਦੇ ਕਰਜ਼ੇ ਦੇ ਮੱਕੜ ਜਾਲ ਵਿੱਚੋਂ ਕੱਢਣ ਲਈ ਤਿੱਖਾ ਸੰਘਰਸ਼ ਲੜਨ ਲਈ ਅਗਲੀ ਵੱਡੀ ਮੋਰਚਾਬੰਦੀ ਸ਼ੁਰੂ ਹੋਵੇਗੀ। 23 ਮਹੀਨਿਆਂ ਵਿੱਚ ਝਾੜੂ ਵਾਲਿਆਂ ਦੀ ਸਰਕਾਰ ਪੰਜਾਬ ਵਿੱਚੋਂ ਨਸ਼ੇ ਖਤਮ ਕਰਨ ਵਿੱਚ ਬੁਰੀ ਤਰ੍ਹਾਂ ਫੇਲ ਹੋਈ ਹੈ। ਜਾਨਲੇਵਾ ਚਿੱਟਾ ਕਾਂਗਰਸੀ ਅਤੇ ਅਕਾਲੀ ਸਰਕਾਰਾਂ ਦੇ ਵਕਤ ਨਾਲੋਂ ਵੀ ਵੱਧ ਅਤੇ ਸਰੇ ਬਾਜ਼ਾਰ ਵਿਕ ਰਿਹਾ ਹੈ। ਭਗਵੰਤ ਮਾਨ ਸਰਕਾਰ ਵੱਡੇ ਮਗਰਮੱਛਾਂ ਨੂੰ ਨੱਥ ਪਾਉਣੋਂ ਨਾਕਾਮ ਰਹੀ ਹੈ ਤੇ ਛੋਟੀਆਂ ਛੋਟੀਆਂ ਮੱਛੀਆਂ ਨੂੰ ਜੇਲੀਂ ਡੱਕਿਆ ਜਾ ਰਿਹਾ ਹੈ ਪਰ ਜਨਤਾ ਹੁਣ ਮੂਕ ਦਰਸ਼ਕ ਬਣ ਕੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਹੁੰਦਾ ਨਹੀਂ ਵੇਖ ਸਕਦੀ ਸਗੋਂ ਲੋਕਾਂ ਨੂੰ ਸੰਘਰਸ਼ ਦੇ ਮੈਦਾਨ ਵਿੱਚ ਉਤਾਰਿਆ ਜਾਵੇਗਾ। ਇਸੇ ਕੜੀ ਵਜੋਂ ਮਜ਼ਦੂਰਾਂ ਦੀ ਸਿਰਮੌਰ ਜਥੇਬੰਦੀ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਅੱਜ ਚਿੱਟੇ ਖਿਲਾਫ ਗਹਿਰੀ ਮੰਡੀ ਵਿਖੇ ਸਰੂਪ ਸਿੰਘ ਗਹਿਰੀ ਮੰਡੀ, ਕਿਰਨਦੀਪ ਕੌਰ ਚਾਟੀਵਿੰਡ ਅਤੇ ਵਰਿੰਦਰ ਸਿੰਘ ਅਮਰਕੋਟ ਦੀ ਅਗਵਾਈ ਹੇਠ ਬਾਜ਼ਾਰਾਂ ਵਿੱਚ ਮਾਰਚ ਕੱਢਿਆ ਗਿਆ। ਮਾਰਚ ਦੌਰਾਨ ਜਿੱਥੇ ਸਰਕਾਰ ਖਿਲਾਫ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ ਉੱਥੇ ਪੰਜਾਬ ਪੁਲਸ ਦੇ ਨਿਕੰਮੇ ਭਰਿਸ਼ਟਾਚਾਰੀ ਪ੍ਰਸ਼ਾਸਨ ਖਿਲਾਫ ਵੀ ਲੋਕ ਗਰਜਦੇ ਵੇਖੇ ਗਏ। ਇਸ ਸਮੇਂ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਉਕਤ ਜਥੇਬੰਦੀ ਦੇ ਸੂਬਾਈ ਮੀਤ ਪ੍ਰਧਾਨ ਨਿਰਮਲ ਛੱਜਲਵੱਡੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਾਅਦਿਆਂ ਤੋਂ ਭੱਜ ਗਈ ਹੈ ਅਤੇ ਬਦਲਾਅ ਕਿਤੇ ਵੀ ਨਜ਼ਰ ਨਹੀਂ ਆ ਰਿਹਾ। ਛੱਜਲਵੱਡੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮਜ਼ਦੂਰ ਮੁਕਤੀ ਮੋਰਚੇ ਦੇ ਝੰਡੇ ਹੇਠ ਚਿੱਟੇ ਤੇ ਰੋਕ ਨਾ ਲਾ ਸਕਣ ਖਿਲਾਫ ਪਿੰਡਾਂ, ਸ਼ਹਿਰਾਂ, ਕਸਬਿਆਂ ਵਿੱਚ ਮਾਰਚ ਕੱਢੇ ਜਾਣਗੇ ਅਤੇ ਝਾੜੂ ਵਾਲੀ ਸਰਕਾਰ ਦੇ ਪੁਤਲੇ ਫੂਕੇ ਜਾਣਗੇ। ਇਸ ਸਮੇਂ ਹਰਭਜਨ ਸਿੰਘ, ਜਰਨੈਲ ਸਿੰਘ, ਬਲਜਿੰਦਰ ਸਿੰਘ ਬੰਟੀ ਧਾਰੜ, ਰਾਜ ਕੌਰ ਚਾਟੀਵਿੰਡ, ਸਤਨਾਮ ਸਿੰਘ, ਅਮਰਕੋਟ ਬਿੱਟੂ ਬਿਦੇਸ਼ਾ, ਰਾਜਵਿੰਦਰ ਕੌਰ ਅਮਰਕੋਟ, ਅਮਰਜੀਤ ਕੌਰ, ਕਵਲਜੀਤ ਕੌਰ ,ਚਰਨਜੀਤ ਕੌਰ ਗਹਿਰੀ ਮੰਡੀ, ਰਾਜ ਕੌਰ ਚਾਟੀਵਿੰਡ ਆਦੀ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਰੁਬਾਨੀ, ਮਲੋਟ

# ਜੀ ਐੱਸ ਟੀ, ਆਬਕਾਰੀ ਤੇ ਵੈਟ ਤੋਂ ਮਾਲੀਆ ਹੋਇਆ 30 ਹਜ਼ਾਰ ਕਰੋੜ ਤੋਂ ਪਾਰ : ਚੀਮਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਥੇ ਦੱਸਿਆ ਕਿ ਪੰਜਾਬ ਦੀ ਆਰਥਿਕਤਾ ਸਹੀ ਦਿਸ਼ਾ ਵੱਲ ਵਧ ਰਹੀ ਹੈ ਅਤੇ ਵਿੱਤੀ ਸਾਲ 2023-24 ਦੇ 10 ਮਹੀਨਿਆਂ ਦੌਰਾਨ ਸੂਬੇ ਦਾ ਵਸਤੂਆਂ ਤੇ ਸੇਵਾਵਾਂ ਕਰ (ਜੀ.ਐਸ.ਟੀ), ਆਬਕਾਰੀ ਅਤੇ ਵੈਟ ਤੋਂ ਪ੍ਰਾਪਤ ਮਾਲੀਆ 30 ਹਜਾਰ ਕਰੋੜ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਜੀ.ਐਸ.ਟੀ ਅਤੇ ਆਬਕਾਰੀ ਤੋਂ ਪ੍ਰਾਪਤ ਮਾਲੀਏ ਵਿੱਚ ਵਿੱਤੀ ਸਾਲ 2022-23 ਦੇ ਮੁਕਾਬਲੇ ਕ੍ਰਮਵਾਰ 15.67 ਫੀਸਦੀ ਅਤੇ 10 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ। ਇਥੇ ਜਾਰੀ ਪ੍ਰੈਸ ਬਿਆਨ ਰਾਹੀਂ ਇਸ ਗੱਲ ਦਾ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਇਸ ਸਾਲ ਜਨਵਰੀ ਦੇ ਅੰਤ ਤੱਕ ਵੈਟ, ਸੀ.ਐਸ.ਟੀ, ਜੀ.ਐਸ.ਟੀ, ਪੀ.ਐਸ.ਡੀ.ਟੀ ਅਤੇ ਆਬਕਾਰੀ ਤੋਂ ਕੁੱਲ 31003.14 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਕੀਤਾ ਹੈ ਜਦੋਂ ਕਿ ਵਿੱਤੀ ਸਾਲ 2022-23 ਦੌਰਾਨ 27342.84 ਕਰੋੜ ਰੁਪਏ ਇਕੱਤਰ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਸੂਬੇ ਵੱਲੋਂ ਇਸ ਕਰ ਮਾਲੀਏ ਵਿੱਚ 13.39 ਪ੍ਰਤੀਸਤ ਦਾ ਵਾਧਾ ਦਰਜ ਕੀਤਾ ਗਿਆ ਹੈ। ਵਿੱਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਵਿੱਤੀ ਹਾਲਤ ਸੁਧਾਰਨ ਲਈ ਹਰ ਸੰਭਵ ਕਦਮ ਚੁੱਕ ਰਹੀ ਹੈ। ਉਨ੍ਹਾਂ ਕਿਹਾ ਕਿ ਮਾਰਚ 2022 ਵਿੱਚ 'ਆਪ' ਦੀ ਸਰਕਾਰ ਬਣਨ ਤੋਂ ਬਾਅਦ ਸੂਬੇ ਨੇ ਬਿਹਤਰ ਯੋਜਨਾਬੰਦੀ ਅਤੇ ਪ੍ਰਭਾਵੀ ਅਮਲ ਨਾਲ ਰਿਕਾਰਡ ਮਾਲੀਆ ਇਕੱਤਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।ਉਨ੍ਹਾਂ ਕਿਹਾ ਕਿ ਚਾਲੂ ਵਿੱਤੀ ਸਾਲ ਦੇ 10 ਮਹੀਨਿਆਂ ਵਿੱਚ ਜੀ.ਐਸ.ਟੀ ਤੋਂ 17354.26 ਕਰੋੜ ਰੁਪਏ ਸ਼ੁੱਧ ਮਾਲੀਆ ਅਤੇ ਆਬਕਾਰੀ ਤੋਂ 7370.49 ਕਰੋੜ ਰੁਪਏ ਦਾ ਸ਼ੁੱਧ ਮਾਲੀਆ ਇਕੱਤਰ ਕੀਤਾ ਗਿਆ। ਵਿੱਤ ਮੰਤਰੀ ਨੇ ਅੱਗੇ ਕਿਹਾ ਕਿ ਵਿੱਤੀ ਵਰ੍ਹੇ 2022-23 ਦੇ ਮੁਕਾਬਲੇ ਇਸ ਵਰ੍ਹੇ ਜੀ.ਐਸ.ਟੀ ਵਿੱਚ 2351.12 ਕਰੋੜ ਰੁਪਏ ਅਤੇ ਆਬਕਾਰੀ ਤੋਂ ਪ੍ਰਾਪਤ ਮਾਲੀਏ ਵਿੱਚ 669.47 ਕਰੋੜ ਰੁਪਏ ਦਾ ਵਾਧਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸੇ ਦੌਰਾਨ ਸੂਬੇ ਨੇ ਵੈਟ ਵਿੱਚ 10.89 ਪ੍ਰਤੀਸ਼ਤ, ਸੀ.ਐਸ.ਟੀ ਵਿੱਚ 28.14 ਪ੍ਰਤੀਸਤ ਅਤੇ ਪੀ.ਐਸ.ਡੀ.ਟੀ ਵਿੱਚ 5.53 ਪ੍ਰਤੀਸਤ ਵਾਧਾ ਦਰਜ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਵਿੱਤ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਲੋਕਾਂ 'ਤੇ ਕੋਈ ਨਵਾਂ ਬੋਝ ਪਾਏ ਬਿਨਾਂ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਨੂੰ ਯਕੀਨੀ ਬਣਾ ਕੇ ਇਹ ਪ੍ਰਾਪਤੀ ਹਾਸਿਲ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਨੇ ਟੈਕਸ ਇੰਟੈਲੀਜੈਂਸ ਯੂਨਿਟ ਦੀ ਸਥਾਪਨਾ ਕਰਨ ਤੋਂ ਇਲਾਵਾ 'ਬਿੱਲ ਲਿਆਓ ਇਨਾਮ ਪਾਓ ਸਕੀਮ', ਵਨ ਟਾਈਮ ਸੈਟਲਮੈਂਟ ਸਕੀਮ, 2023, ਪੰਜਾਬ ਜੀ.ਐਸ.ਟੀ ਸੋਧ ਐਕਟ, 2023, ਸੂਚਨਾ ਦੇਣ ਵਾਲਿਆਂ ਲਈ ਇਨਾਮ ਸਕੀਮ ਅਤੇ ਹੋਰ ਬਹੁਤ ਸਾਰੇ ਉਪਾਅ ਕੀਤੇ ਹਨ।

## ਪੱਸਣ ਕਦੀਮ 'ਚ ਅਵਾਰਾ ਕੁੱਤਿਆਂ ਨੇ ਔਰਤ ਨੂੰ ਨੋਚ-ਨੋਚ ਖਾਧਾ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**- ਨਜਦੀਕੀ ਪਿੰਡ ਪੱਸਣ ਕਦੀਮ ਵਿਖੇ ਅਵਾਰਾ ਕੁੱਤਿਆਂ ਵੱਲੋਂ ਇੱਕ ਪ੍ਰਵਾਸੀ ਔਰਤ ਨੂੰ ਨੋਚ ਨੋਚ ਕੇ ਮੌਤ ਦੇ ਘਾਟ ਉਤਾਰ ਦਿੱਤਾ ਹੈ । ਜਦ ਕਿ ਇੱਕ ਹੋਰ ਮਹਿਲਾ ਸਿਵਲ ਹਸਪਤਾਲ ਕਪੂਰਥਲਾ ਵਿਖੇ ਇਲਾਜ ਅਧੀਨ ਹੈ।



ਜਾਣਕਾਰੀ ਦਿੰਦੇ ਹੋਏ ਪਿੰਡ ਵਾਸੀਆਂ ਨੇ ਦੱਸਿਆ ਰਾਮ ਪਰੀ ਦੇਵੀ ਪਤਨੀ ਕੇਵਲ ਠਾਕੁਰ ਨਿਵਾਸੀ ਪਸਣ ਕਦੀਮ ਜਦੋਂ ਆਪਣੇ ਪਸ਼ੂਆਂ ਲਈ ਹਰਾ ਚਾਰਾ ਲੈਣ ਗਈ ਤਾਂ ਅਵਾਰਾ ਕੁੱਤਿਆਂ ਨੇ ਰਾਮ ਪਰੀ ਦੇਵੀ ਨੂੰ ਨੋਚ ਨੋਚ ਕੇ ਖਾ ਲਿਆ ਅਤੇ ਉਸਦੇ ਖੋਪੜੀ ਹੀ ਦਿਖਣ ਲੱਗ ਪਈ। ਪਿੰਡ ਵਾਸੀਆਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਕੁਝ ਦਿਨ ਪਹਿਲਾਂ ਅੱਸੂ ਕੁਮਾਰ ਪੁੱਤਰ ਦਿਨੇਸ਼ ਮੁਨੀ ਬੱਚੇ ਨੂੰ ਵੀ ਅਵਾਰਾ ਕੁੱਤਿਆਂ ਵੱਲੋਂ ਨੋਚ ਨੋਚ ਕੇ ਖਾ ਲਿਆ ਗਿਆ ਸੀ, ਜਦਕਿ ਪਿੰਕੀ ਦੇਵੀ ਪਤਨੀ ਜੋਗੀ ਮੁਨੀ ਸਿਵਲ ਹਸਪਤਾਲ ਕਪੂਰਥਲਾ ਵਿਖੇ ਇਲਾਜ ਅਧੀਨ ਹੈ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਗੁਹਾਰ ਲਗਾਈ ਹੈ ਕਿ ਅਵਾਰਾ ਕੁੱਤਿਆਂ 'ਤੇ ਕਾਬੂ ਪਾਇਆ ਜਾਵੇ ਤਾਂ ਜੋ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨਾ ਹੋਣ । ਥਾਣਾ ਕਬੀਰਪੁਰ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## 23 ਦੀ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਜਾਰੀ



**ਫਿਲੌਰ, (ਨਿਰਮਲ)**

24 ਫਰਵਰੀ ਨੂੰ ਵਿਸ਼ਵ ਭਰ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਪ੍ਰਕਾਸ਼ ਉਤਸਵਾਂ ਮਨਾਇਆ ਜਾ ਰਿਹਾ ਹੈ। ਫਿਲੌਰ ਵਿਖੇ 23 ਫਰਵਰੀ ਨੂੰ ਕੱਢੀ ਜਾਣ ਵਾਲੀ ਵਿਸ਼ਾਲ ਸੋਭਾ ਯਾਤਰਾ ਦੀਆਂ ਤਿਆਰੀਆਂ ਸਬੰਧੀ ਸ੍ਰੀ ਗੁਰੂ ਰਵਿਦਾਸ ਭਵਨ ਵਿਖੇ ਇੱਕ ਮੀਟਿੰਗ ਸੱਦੀ ਗਈ। ਜਿਸ ਵਿੱਚ ਸਾਰੀਆਂ ਕਮੇਟੀਆਂ ਦੇ ਵਿਚਾਰ ਸੁਣੇ ਗਏ। ਗੱਲਬਾਤ ਕਰਦਿਆਂ ਪ੍ਰਬੰਧਕਾਂ ਨੇ ਕਿਹਾ ਕਿ 23 ਫਰਵਰੀ ਨੂੰ ਸ਼ੋਭਾ ਯਾਤਰਾ ਦਾ ਹਿੱਸਾ ਬਨਣ ਲਈ ਜੇਕਰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਆਉਂਦੇ ਹਨ ਤਾਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਜਾਵੇਗਾ, ਉਨ੍ਹਾਂ ਕਿਹਾ ਜੇਕਰ ਕੋਈ ਵਿਅਕਤੀ ਪ੍ਰਬੰਧਕਾਂ ਦੀ ਸਹਿਮਤੀ ਬਗੈਰ ਕੁਝ ਐਲਾਨ ਕਰਦਾ ਹੈ ਜਾਂ ਕੋਈ ਸੋਸ਼ਲ ਮੀਡੀਆ ਤੇ ਬਿਆਨ ਦਿੰਦਾ ਹੈ ਕਮੇਟੀ ਉਸ ਗੱਲ ਦਾ ਖੰਡਣ ਕਰਦੀ ਹੈ ਅਤੇ ਆਸ ਕਰਦੀ ਹੈ ਕਿ ਕਮੇਟੀ ਦੀ ਸਹਿਮਤੀ ਬਗੈਰ ਕੋਈ ਬਿਆਨਬਾਜੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ ਜਲਦ ਪ੍ਰਚਾਰਕ ਸਮੱਗਰੀ ਅਤੇ ਹਦਾਇਤਾਂ ਸਬੰਧੀ ਅਤੇ ਰੂਟ ਪਲਾਨ ਜਾਰੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਵਾਂਸ਼ਹਿਰ ਮਾਰਗ ਤੋਂ ਲੈ ਕੇ ਸਤਲੁਜ ਪੈਟਰੋਲ ਪੰਪ ਤੱਕ ਕੋਈ ਵੀ ਹੋਰ ਸਟੇਜ ਨਾ ਲਗਾਈ ਜਾਵੇ।

## ਸਾਈਂ ਪੱਪਲ ਸ਼ਾਹ ਵੱਲੋਂ 'ਹੱਕਾਂ ਵਾਲੀ ਲੜਾਈ' ਰਿਲੀਜ਼

**ਬਹਿਰਾਮ (ਅਵਤਾਰ ਕਲੇਰ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਾਂਈ ਪੱਪਲ ਸਾਹ ਭਰੋਮਜਾਰਾ ਦਾ ਧਾਰਮਿਕ ਸਿੰਗਲ ਟਰੈਕ "ਹੱਕਾਂ ਵਾਲੀ ਲੜਾਈ " ਰਿਲੀਜ਼ ਕੀਤਾ ਗਿਆ। ਪੱਪਲ ਸ਼ਾਹ ਨੇ ਦੱਸਿਆ ਕਿ ਇਸ ਧਾਰਮਿਕ ਟਰੈਕ ਦੀ ਪੇਸ਼ਕਸ਼ ਸੱਤੀ ਖੋਖੇਵਾਲੀਆ, ਪ੍ਰੋਡਿਊਸਰ ਜੱਸੀ ਬੰਗਾ ਯੂ. ਐਸ. ਏ.ਅਤੇ ਐਸ. ਕੇ. ਕੰਪਨੀ ਵਲੋਂ ਰਿਲੀਜ਼ ਕੀਤਾ ਗਿਆ ਹੈ। ਇਸ ਧਾਰਮਿਕ ਦਾ ਮਿਊਜ਼ਿਕ ਵੋਕਲ ਸਟੂਡੀਓ ਨੇਂ ਤਿਆਰ ਕੀਤਾ ਅਤੇ ਵੀਡੀਓ ਮਨਦੀਪ ਰੰਧਾਵਾ ਨੇ ਸ਼ੂਟ ਕੀਤਾ ਹੈ। ਯੂ ਟਿਊਬ ਅਤੇ ਵੱਖ ਵੱਖ ਚੈਨਲਾਂ 'ਤੇ ਬਹੁਤ ਹੀ ਪਸੰਦ ਕੀਤਾ ਜਾ ਰਿਹਾ ਹੈ ।



## ਫਸਲਾਂ ਦੇ ਨੁਕਸਾਨ ਦੀ ਸਪੈਸ਼ਲ ਗਿਰਦਾਵਰੀ ਕਰਵਾਈ ਜਾਵੇਗੀ : ਮਨੋਹਰ ਲਾਲ

**ਪੰਚਕੂਲਕਾ (ਕ੍ਰਿਸ਼ਨ ਗਰਗ)**— ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਸੂਬੇ ਦੇ ਕਈ ਜ਼ਿਲ੍ਹਿਆਂ ਵਿਚ ਗੜ੍ਹੇ ਪੈਣ ਨਾਲ ਫਸਲਾਂ ਦੇ ਨੁਕਸਾਨ ਦੀ ਸਪੈਸ਼ਲ ਗਿਰਦਾਵਰੀ ਦੇ ਆਦੇਸ਼ ਦੇ ਦਿੱਤੇ ਗਏ ਹਨ। ਉਨ੍ਹਾਂ ਇਹ ਜਾਣਕਾਰੀ ਪੰਚਕੂਲਾ ਵਿਚ ਮਿਸ਼ਨ ਕਰਮਯੋਗੀ ਤਹਿਤ ਪ੍ਰਬੰਧਿਤ ਨੈਤਿਕਤਾ ਕੈਂਪ (ਏਥਿਕਸ ਕੰਨਕਲੇਵ) ਨੂੰ ਸੰਬੋਧਿਤ ਕਰਨ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦਿੱਤੀ। ਇਸ ਮੌਕੇ 'ਤੇ ਵਿਧਾਨ ਸਭਾ ਸਪੀਕਰ ਗਿਆਨ ਚੰਦ ਗੁਪਤਾ ਵੀ ਮੌਜੂਦ ਸਨ। ਉਨ੍ਹਾਂ ਨੇ ਕਿਹਾ ਕਿ ਪਿਛਲੇ ਤਿੰਨ ਚਾਰ ਦਿਨਾਂ ਵਿਚ ਪੂਰੇ ਹਰਿਆਣਾ ਵਿਚ ਬਰਸਾਤ ਅਤੇ ਗੜ੍ਹੇ ਪਏ ਹਨ। ਗੜ੍ਹੇ ਪੈਣ ਨਾਲ ਕਈ ਜ਼ਿਲ੍ਹਿਆਂ ਵਿਚ ਫਸਲਾਂ ਦਾ ਨੁਕਸਾਨ ਹੋਇਆ ਹੈ। ਅਸੀਂ ਅਜਿਹੇ ਸਥਾਨਾਂ 'ਤੇ ਸਪੈਸ਼ਲ ਗਿਰਦਾਵਰੀ ਦੇ ਆਦੇਸ਼ ਕਰ ਦਿੱਤੇ ਹਨ। ਜਿਨ੍ਹਾਂ ਕਿਸਾਨਾਂ ਦੀ ਫਸਲਾਂ ਦਾ ਨੁਕਸਾਨ ਹੋਇਆ ਹੈ ਕਿ ਉਨ੍ਹਾਂ ਦੀ ਸਪੈਸ਼ਲ ਗਿਰਦਾਵਰੀ ਕਰਵਾ ਕੇ ਮੁਆਵਜੇ ਦਾ ਭੁਗਤਾਨ ਕੀਤਾ ਜਾਵੇਗਾ।

## 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ



**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ)**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਰੂਹਾਂ 'ਤੇ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਦੇ ਮੰਤਵ ਨਾਲ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਮੰਗਲਵਾਰ ਨੂੰ ਪਹਿਲੇ ਦਿਨ ਸਬ ਡਵੀਜ਼ਨ ਵਿਖੇ 6 ਕੈਂਪ ਲਗਾਏ ਗਏ, ਜਿਨ੍ਹਾਂ ਨੂੰ ਵੱਡੀ ਗਿਣਤੀ ਲੋਕਾਂ ਨੇ ਭਰਵਾਂ ਹੁੰਗਾਰਾ ਦਿੰਦਿਆਂ ਕੈਂਪਾਂ ਦੌਰਾਨ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਲਾਭ ਲਿਆ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਉਪ ਮੰਡਲ ਮੈਜਿਸਟ੍ਰੇਟ ਰਿਸ਼ਭ ਬਾਂਸਲ ਨੇ ਦੱਸਿਆ ਕਿ ਲੋਹੀਆਂ ਦੇ ਵਾਰਡ ਨੰ.1, 11 ਅਤੇ 2 ਲੋਹੀਆਂ, ਪਿੰਡ ਕੰਨੀਆਂ ਖੁਰਦ, ਪਿੰਡ ਕਨੀਆਂ ਕਲਾਂ, ਸ਼ਾਹਕੋਟ ਦੇ ਵਾਰਡ ਨੰ. 2 ਤੇ 3 ਅਤੇ 1 ਤੇ 5 ਵਿਖੇ ਕੈਂਪ ਲਗਾਏ। ਕੈਂਪ ਵਿੱਚ ਮਾਲ ਵਿਭਾਗ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ, ਸੇਵਾ ਕੇਂਦਰ, ਖੇਤੀਬਾੜੀ ਤੇ ਕਿਸਾਨ ਭਲਾਈ, ਸਿਹਤ, ਜਲ ਸਪਲਾਈ ਤੇ ਸੈਨੀਟੇਸ਼ਨ, ਕਿਰਤ, ਪੀ ਐਸ ਪੀ ਸੀ ਐਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਮੌਜੂਦ ਰਹਿ ਕੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਵੀ ਕੀਤਾ ਗਿਆ। ਇਨ੍ਹਾਂ ਕੈਂਪਾਂ ਰਾਹੀਂ ਲੋਕ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਵਜ਼ੀਫੇ, ਰਿਹਾਇਸ਼ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਬੁਢਾਪਾ ਪੈਨਸ਼ਨ, ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਸ਼ਾਦੀ ਦੀ ਰਜਿਸਟ੍ਰੇਸ਼ਨ, ਦਸਤਾਵੇਜ਼ਾਂ ਦੇ ਤਸਦੀਕ ਸ਼ੁਦਾ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਆਮ ਜਾਤੀ ਸਰਟੀਫਿਕੇਟ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ.ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਲੈ ਸਕਦੇ ਹਨ । ਉਨ੍ਹਾਂ ਲੋਕਾਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਵੀ ਕੀਤੀ।

## ਐਲ ਪੀ ਯੂ ਨੇ ਆਲ ਇੰਡੀਆ ਇੰਟਰ 'ਵਰਸਿਟੀ ਹਾਕੀ ਚੈਂਪੀਅਨਸ਼ਿਪ ਜਿੱਤੀ

**ਜਲੰਧਰ (ਸ਼ੈਲੀ ਐਲਬਰਟ)**

ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ (ਏ ਆਈ ਯੂ ) ਨੇ ਆਲ ਇੰਡੀਆ ਇੰਟਰ-ਯੂਨੀਵਰਸਿਟੀ (ਏ ਆਈ ਆਈ ਯੂ) ਨੈਸਨਲ ਹਾਕੀ (ਪੁਰਸ) ਚੈਂਪੀਅਨਸ਼ਿਪ-2023/24 ਦਾ ਆਯੋਜਨ ਕੀਤਾ। ਇੱਥੇ, ਆਪਣੇ ਸ਼ਾਨਦਾਰ ਹਾਕੀ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ ) ਦੇ ਵਿਦਿਆਰਥੀਆਂ ਨੇ ਚੈਂਪੀਅਨਸ਼ਿਪ ਟਰਾਫੀ ਜਿੱਤੀ। ਐਲਪੀਯੂ ਦੇ ਤਿੰਨ ਵਿਦਿਆਰਥੀਆਂ ਨੂੰ ਸਰਵੋਤਮ ਗੋਲਕੀਪਰ, ਡੀਪ ਡਿਫੈਂਡਰ ਅਤੇ ਸਰਵੋਤਮ ਖਿਡਾਰੀ ਵੀ ਐਲਾਨਿਆ ਗਿਆ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੀ ਟੀਮ ਪਹਿਲੀ ਰਨਰ ਅੱਪ; ਅਤੇ, ਬੈਂਗਲੁਰੂ ਸਿਟੀ ਯੂਨੀਵਰਸਿਟੀ ਦੂਜੀ ਰਨਰ ਅੱਪ ਐਲਾਨੀ ਗਈ ਹੈ। ਇਹ ਰਾਸਟਰੀ ਮੁਕਾਬਲਾ ਚਾਰ ਜੋਨਾਂ ਦੀਆਂ ਚੋਟੀ ਦੀਆਂ 16 ਯੂਨੀਵਰਸਿਟੀ ਟੀਮਾਂ ਵਿਚਕਾਰ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ ਇੱਕ ਸਬੰਧਤ ਜੋਨ ਤੋਂ ਚੋਟੀ ਦੀਆਂ ਚਾਰ ਟੀਮਾਂ ਸਨ। ਸਾਰੇ ਮੈਚ ਬੀਐਸਐਫ ਪੰਜਾਬ ਫਰੰਟੀਅਰ ਟਰਫ ਗਰਾਊਂਡ ਜਲੰਧਰ (ਪੰਜਾਬ) ਵਿਖੇ ਖੇਡੇ ਗਏ। ਭਾਰਤ ਦੇ ਵੱਖ-ਵੱਖ ਰਾਜਾਂ ਦੀਆਂ ਸਾਰੀਆਂ ਉੱਚ-ਹੁਨਰਮੰਦ ਟੀਮਾਂ ਦੀ ਸਮੂਲੀਅਤ ਨੂੰ ਇਸ ਟੂਰਨਾਮੈਂਟ ਵਿੱਚ ਉਨ੍ਹਾਂ ਦੇ ਪ੍ਰਦਰਸ਼ਨ ਦੇ ਅਧਾਰ 'ਤੇ ਅਗਲੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁਕਾਬਲਿਆਂ ਲਈ ਮੁਲਾਂਕਣ ਕਰਨ ਲਈ ਨਿਰਧਾਰਤ ਵੀ ਕੀਤਾ ਜਾ ਸਕਦਾ ਹੈ। ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਸਲਾਹਕਾਰਾਂ/ਕੋਚਾਂ ਨੂੰ ਵਧਾਈ ਦਿੱਤੀ।



## ਗੁਰਦੁਆਰਾ ਸਾਹਿਬ ਦੇ ਰੱਖ-ਰਖਾਵ ਲਈ 31-31 ਹਜ਼ਾਰ ਦੇ ਚੈੱਕ ਵੰਡੇ



**ਜਲੰਧਰ (ਇਕਬਾਲ ਸਿੰਘ ਉਭੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਗੁਰੂ ਘਰਾਂ ਦੀਆਂ ਇਮਾਰਤਾਂ ਤੇ ਹੋਰ ਰੱਖ-ਰਖਾਅ ਦੀਆਂ ਸੇਵਾਵਾਂ ਨੂੰ ਮੁੱਖ ਰੱਖ ਕੇ ਕੰਮ ਕੀਤੇ ਜਾਂਦੇ ਹਨ। ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਖਜ਼ਾਨਿਆਂ ਵਿੱਚੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਕੁਲਵੰਤ ਸਿੰਘ ਮੰਨਣ ਵਲੋਂ ਗੁਰਦੁਆਰਾ ਸਿੰਘ ਸਭਾ ਭਾਟ ਸਿੱਖ ਅਜੀਤ ਨਗਰ ਦੀ ਪ੍ਰਬੰਧਕ ਕਮੇਟੀ ਅਤੇ ਗੁਰਦੁਆਰਾ ਸਿੰਘ ਸਭਾ ਭਾਟ ਸਿੱਖ ਸੰਤੋਸ਼ੀ ਨਗਰ ਦੀ ਪ੍ਰਬੰਧਕ ਕਮੇਟੀ ਨੂੰ ਗੁਰੂ ਘਰਾਂ ਲਈ ਐਸ.ਜੀ.ਪੀ.ਸੀ ਵੱਲੋਂ 31-31 ਹਜਾਰ ਦੇ ਦੋ ਚੈੱਕ ਵੰਡੇ ਗਏ। ਇਸ ਮੌਕੇ ਮੰਨਣ ਨੇ ਕਿਹਾ ਕਿ ਭਾਟ ਸਿੱਖ ਭਾਈਚਾਰੇ ਦੇ ਗੁਰਦੁਆਰਾ ਸਾਹਿਬ ਲਈ ਇਹ ਸੇਵਾ ਦੇਣ ਦਾ ਮਨੋਰਥ ਹੈ ਕਿ ਹਰ ਗੁਰੂ ਨਾਨਕ ਨਾਮ ਲੇਵਾ ਸਿੱਖ ਪ੍ਰਾਣੀ ਨੂੰ ਗੁਰੂ ਸਾਹਿਬ ਦੇ ਸਿਧਾਂਤਾਂ ਨਾਲ ਜੋੜਿਆ ਜਾਵੇ। ਗੁਰੂ ਸਾਹਿਬਾਨਾਂ ਦੇ ਸ਼ਾਨਾਮਤੇ ਇਤਿਹਾਸ ਤੇ ਸੱਚੀ-ਸੁੱਚੀ ਮਾਨਵਤਾ ਨੂੰ ਦਿੱਤੀ ਸੇਧ 'ਤੇ ਹਰ ਪ੍ਰਾਣੀ ਨੂੰ ਚੱਲਣ ਦਾ ਪ੍ਰਣ ਕਰਨਾ ਚਾਹੀਦਾ ਹੈ। ਇਸ ਮੌਕੇ ਗੁਰਦੁਆਰਾ ਸੰਤੋਸ਼ੀ ਨਗਰ ਦੇ ਪ੍ਰਧਾਨ ਅਮਰੀਕ ਸਿੰਘ ਤੇ ਗੁਰਦੁਆਰਾ ਅਜੀਤ ਨਗਰ ਦੇ ਪ੍ਰਧਾਨ ਹਿੰਮਤ ਸਿੰਘ, ਸਤਨਾਮ ਸਿੰਘ , ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਰਣਜੀਤ ਸਿੰਘ ਰਾਣਾ, ਐਸ.ਜੀ.ਪੀ.ਸੀ ਦੇ ਸੁਪਰਵਾਈਜਰ ਨਰਵੀਰ ਸਿੰਘ, ਸੁਰਜੀਤ ਸਿੰਘ ਬਿੱਟੂ, ਪਲਵਿੰਦਰ ਸਿੰਘ ਭਾਟੀਆ, ਸਤਿੰਦਰ ਸਿੰਘ ਪੀਤਾ, ਅਵਤਾਰ ਸਿੰਘ ਤਾਰੀ, ਗੁਲਬਾਗ ਸਿੰਘ, ਸੁਖਦੇਵ ਸਿੰਘ ਸੁੱਖਾ, ਪਿਆਰਾ ਸਿੰਘ, ਅਮਰੀਕ ਸਿੰਘ, ਪਰਮਜੀਤ ਸਿੰਘ, ਸਰਵਨ ਸਿੰਘ, ਹਰਵਿੰਦਰ ਸਿੰਘ, ਗੁਰਨਾਮ ਸਿੰਘ ਤੇ ਸੁਰਿੰਦਰ ਸਿੰਘ ਰਾਜ ਹਾਜਰ ਸਨ।

## ਮਾਨ ਨੇ ਪਿੰਡਾਂ 'ਚੋਂ ਸਰਕਾਰ ਚਲਾਉਣ ਦਾ ਵਾਅਦਾ ਕੀਤਾ ਪੂਰਾ : ਕੈਂਡੋਵਾਲ



**ਮਾਹਿਲਪੁਰ (ਸਫਰੀ)**

ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਸ਼ੁਰੂ ਕੀਤੀ ਆਪ ਦੀ ਸਰਕਾਰ ਆਪ ਦੇ ਦੁਆਰ ਮੁਹਿੰਮ ਅਧੀਨ ਪਿੰਡਾਂ ਵਿੱਚ ਲੱਗੇ ਕੈਂਪਾ ਨੂੰ ਪਹਿਲੇ ਦਿਨ ਜਬਰਦਸਤ ਹੁੰਗਾਰਾ ਮਿਲਿਆ। ਇਹਨਾਂ ਕੈਂਪਾਂ ਦਾ ਵੱਖ ਵੱਖ ਥਾਵਾਂ ਉਤੇ ਨਿਰੀਖਣ ਕਰਨ ਉਪਰੰਤ ਆਪ ਬੁੱਧੀਜੀਵੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਰਾਓ ਕੈਂਡੋਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇਹਨਾਂ ਕੈਂਪਾਂ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਟੀਮਾਂ ਕੇ ਭੇਜੀਆਂ ਗਈਆ ਜਿਹਨਾਂ ਨੇ ਪਿੰਡਾਂ ਵਿੱਚ ਲਗ ਰਹੇ ਕੈਂਪਾਂ ਵਿੱਚ ਪਹੁੰਚ ਕੇ ਲੋਕਾਂ ਦੀਆ ਵੱਖ ਵੱਖ ਵਿਭਾਗਾਂ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਕੀਤਾ। ਇਸ ਮੌਕੇ ਲੋਕਾਂ ਪੰਜਾਬ ਦੇ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਚੰਡੀਗੜ੍ਹ ਦੀ ਥਾਂ ਪਿੰਡਾਂ ਵਿੱਚੋਂ ਸਰਕਾਰ ਚਲਾਉਣ ਦਾ ਵਾਅਦੇ ਨੂੰ ਪੂਰਾ ਕਰ ਦਿੱਤਾ ਹੈ।

## ਗੁਰੂ ਰਵਿਦਾਸ ਦੇ ਗੁਰਪੁਰਬ ਮੌਕੇ ਪੇਪਰ ਰੱਖੇ ਜਾਣਾ ਮੰਦਭਾਗਾ : ਗੜ੍ਹੀ

**ਬਹਿਰਾਮ (ਅਵਤਾਰ ਕਲੇਰ)** ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਜਸਬੀਰ ਸਿੰਘ ਗੜ੍ਹੀ ਨੇ 24 ਫਰਵਰੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਗੁਰਪੁਰਬ ਦਿਹਾੜੇ ਮੌਕੇ ਸੀਬੀਐਸਈ ਬੋਰਡ ਵੱਲੋਂ ਦਸਵੀਂ ਅਤੇ ਬਾਰਵੀਂ ਦੇ ਪੇਪਰ ਰੱਖੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਮੰਦਭਾਗਾ ਕਰਾਰ ਦਿੱਤਾ ਹੈ। ਓਹਨਾਂ ਕਿਹਾ ਕਿ ਸਤਿਗੁਰੂ ਰਵਿਦਾਸ ਜੀ ਮਹਾਰਾਜ ਨੂੰ ਦੇਸ਼ ਦੇ ਸਾਰੇ ਸੂਬਿਆਂ ਵਿੱਚ ਮੰਨਣ ਵਾਲੇ ਲੋਕਾਂ ਦੀ ਗਿਣਤੀ ਕਰੋੜਾਂ ਵਿੱਚ ਹੈ, ਜੋ ਕਿ ਬਹੁ ਗਿਣਤੀ ਅਨੁਸੂਚਿਤ ਜਾਤੀ ਵਰਗਾਂ ਨਾਲ ਸੰਬੰਧਿਤ ਹਨ। ਸੀਬੀਐਸਈ ਬੋਰਡ ਦੇ ਅਧਿਕਾਰੀਆਂ ਨੇ ਜਾਤੀਵਾਦੀ ਨਜਰੀਏ ਦੇ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਪੇਪਰ ਲੈਣ ਦਾ ਦਿਨ ਰੱਖਿਆ ਹੈ। ਸੀਬੀਐਸਸੀ ਬੋਰਡ ਦੇ ਪੇਪਰਾਂ ਦੇ ਸ਼ਡਿਊਲ ਬਣਾਉਣ ਅਤੇ ਜਾਰੀ ਕਰਨ ਨਾਲ ਸੰਬੰਧਿਤ ਅਧਿਕਾਰੀਆਂ ਤੇ ਕਰਮਚਾਰੀਆਂ ਖਿਲਾਫ ਕੇਂਦਰ ਸਰਕਾਰ ਨੂੰ ਸਖਤ ਕਾਰਵਾਈ ਕਰਨ ਦੀ ਅਪੀਲ ਕਰਦੇ ਹੋਏ 24 ਫਰਵਰੀ ਦੇ ਦਿਨ ਰੱਖੇ ਹੋਏ ਦਸਵੀਂ ਅਤੇ ਬਾਰਵੀਂ ਸ਼੍ਰੇਣੀਆਂ ਦੇ ਪੇਪਰ ਰੱਦ ਕਰਦੇ ਹੋਏ ਅਗਲੀਆਂ ਤਰੀਕਾਂ ਪਾਉਣ ਦੀ ਅਪੀਲ ਹੈ।



## 16 ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਰਹੇਗਾ ਮੁਕੰਮਲ ਬੰਦ : ਆਗੂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ )**

16 ਫਰਵਰੀ ਨੂੰ ਕੀਤੇ ਜਾ ਰਹੇ ਭਾਰਤ ਬੰਦ ਦੀਆਂ ਤਿਆਰੀਆਂ ਸਬੰਧੀ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਦੇ ਆਗੂਆਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਨਵਾਂਸ਼ਹਿਰ ਵਿਖੇ ਹੋਈ। ਇਸ ਮੌਕੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ -ਲੋਕ ਵਿਰੋਧੀ ਨੀਤੀਆਂ ਦੇ ਵਿਰੋਧ ਵਿਚ ਅਤੇ ਕਿਸਾਨਾਂ-ਮਜਦੂਰਾਂ-ਮੁਲਾਜਮਾਂ ਦੀਆਂ ਮੰਗਾਂ ਨੂੰ ਲੈਕੇ ਸੰਯੁਕਤ ਕਿਸਾਨ ਮੋਰਚਾ ਟਰੇਡ ਯੂਨੀਅਨਾਂ ਅਤੇ ਹੋਰ ਜਥੇਬੰਦੀਆਂ ਵਲੋਂ 16 ਫਰਵਰੀ ਨੂੰ ਭਾਰਤ ਬੰਦ ਦੇ ਦਿੱਤੇ ਗਏ ਸੱਦੇ ਨੂੰ ਸਫਲ ਬਣਾਉਣ ਲਈ ਜਥੇਬੰਦੀਆਂ ਦਿਨ ਰਾਤ ਇਕ ਕਰ ਰਹੀਆਂ ਹਨ। ਇਸ ਦਿਨ ਦੁੱਧ ਅਤੇ ਸਬਜੀਆਂ ਦੀ ਸਪਲਾਈ ਬੰਦ ਰਹੇਗੀ । ਸ਼ਹਿਰਾਂ ਅਤੇ ਪਿੰਡਾਂ ਦੀ ਦੁਕਾਨਾਂ ਬੰਦ ਰਹਿਣਗੀਆਂ। ਬੱਸਾਂ, ਟੈਕਸੀਆਂ, ਆਟੋ ਸੜਕਾਂ 'ਤੇ ਨਹੀਂ ਚੱਲਣਗੀਆਂ। ਉਹਨਾਂ ਲੋਕਾਂ ਨੂੰ 16 ਫਰਵਰੀ ਨੂੰ ਸਵੇਰੇ 10 ਵਜੇ ਲੰਗੜੋਆ ਬਾਈਪਾਸ 'ਤੇ ਪਹੁੰਚਣ ਲਈ ਕਿਹਾ ਜਿੱਥੇ ਸ਼ਾਮ 4 ਵਜੇ ਤੱਕ ਕਾਨਫਰੰਸ ਕੀਤੀ ਜਾਵੇਗੀ ਜਿਸ ਵਿਚ ਬੁਲਾਰੇ ਵਿਚਾਰ ਸਾਂਝੇ ਕਰਨਗੇ। ਉਹਨਾਂ ਕਿਹਾ ਕਿ ਇਸ ਦੀ ਤਿਆਰੀ ਵਜੋਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਾਗੋ ਕੱਢੀਆਂ ਜਾ ਰਹੀਆਂ ਹਨ ਅਤੇ ਅਨਾਊਂਸਮੈਂਟ ਕੀਤੀਆਂ ਜਾ ਰਹੀਆਂ ਹਨ। ਇਸ ਮੀਟਿੰਗ ਨੂੰ ਕੁਲਵਿੰਦਰ ਸਿੰਘ ਵੜੈਚ, ਸੁਰਿੰਦਰ ਸਿੰਘ ਬੈਂਸ, ਮਹਾਂ ਸਿੰਘ ਰੌੜੀ, ਬਲਵੀਰ ਸਿੰਘ ਜਾਡਲਾ, ਜਸਬੀਰ ਦੀਪ, ਮੁਕੰਦ ਲਾਲ,ਨਿਰੰਜਨ ਸਿੰਘ,ਕੁਲਦੀਪ ਸਿੰਘ ਦੌੜਕਾ,ਮਾਸਟਰ ਪ੍ਰੇਮ ਕੁਮਾਰ ਰੱਕੜ,ਅਵਤਾਰ ਸਿੰਘ ਤਾਰੀ,ਰਾਵਲ ਸਿੰਘ ਮੁਬਾਰਕ ਪੁਰ,ਹਰੀ ਰਾਮ ਰਸੂਲਪੁਰੀ, ਹਰਜਿੰਦਰ ਸਿੰਘ ਭੰਗਲ, ਬਲਜੀਤ ਸਿੰਘ ਧਰਮਕੋਟ ਨੇ ਸੰਬੋਧਨ ਕੀਤਾ।

## 'ਆਪ ਦੀ ਸਰਕਾਰ ਆਪ ਦੇ ਦੁਆਰ' ਪਹਿਲੇ ਦਿਨ ਦੇ ਕੈਂਪਾਂ 'ਚ 928 ਸੇਵਾਵਾਂ ਲਈ ਆਈਆਂ ਅਰਜ਼ੀਆਂ

**ਹੁਸ਼ਿਆਰਪੁਰ, (ਓ ਪੀ ਰਾਣਾ )**

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਹੁਸ਼ਿਆਰਪੁਰ ਵਿਚ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਗਏ ਕੈਂਪਾਂ ਦਾ ਜਾਇਜ਼ਾ ਲੈਂਦੇ ਹੋਏ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਡੋਰ ਸਟੈਪ ਦੇ ਨਜ਼ਦੀਕ ਜਾ ਕੇ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿਚ ਅੱਜ ਤੋਂ ਕੈਂਪ ਲਗਾਉਣ ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਇਕ ਮਹੀਨੇ ਤੱਕ ਇਹ ਕ੍ਰਮ ਇਸੇ ਤਰ੍ਹਾਂ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਵਿਚ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ, ਗੜ੍ਹਸ਼ੰਕਰ ਵਿਚ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਟਾਂਡਾ ਵਿਖੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਦਸੂਹਾ ਵਿਖੇ ਵਿਧਾਇਕ ਕਰਮਵੀਰ ਸਿੰਘ ਘੁੰਮਣ, ਸ਼ਾਮਚੁਰਾਸੀ ਵਿਖੇ ਡਾ. ਰਵਜੋਤ ਸਿੰਘ, ਮੁਕੇਰੀਆਂ ਵਿਖੇ ਹਲਕਾ ਇੰਚਾਰਜ ਪ੍ਰੋ: ਜੀ.ਐਸ ਮੁਲਤਾਨੀ ਵਲੋਂ ਵੀ ਕੈਂਪਾਂ ਦਾ ਜਾਇਜ਼ਾ ਲਿਆ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਹਿਲੇ ਦਿਨ ਲਗਾਏ ਗਏ ਕੈਂਪਾਂ ਵਿਚ 928 ਸੇਵਾਵਾਂ ਲਈ ਲੋਕਾਂ ਨੇ ਅਰਜ਼ੀਆਂ ਦਿੱਤੀਆਂ, ਜਿਨ੍ਹਾਂ ਵਿਚੋਂ 524 ਸੇਵਾਵਾਂ ਮੌਕੇ 'ਤੇ ਹੀ ਮੁਹੱਈਆ ਕਰਵਾ ਦਿੱਤੀਆਂ ਗਈਆਂ ਅਤੇ ਬਾਕੀ ਸੇਵਾਵਾਂ ਵੀ ਜਲਦ ਮੁਹੱਈਆ ਕਰਵਾ ਦਿੱਤੀਆਂ ਜਾਣਗੀਆਂ।



ਇਸ ਤੋਂ ਇਲਾਵਾ ਕੈਂਪਾਂ ਵਿਚ ਆਈਆਂ 125 ਸ਼ਿਕਾਇਤਾਂ ਵਿਚੋਂ 99 ਨੂੰ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ ਅਤੇ ਬਾਕੀ ਸ਼ਿਕਾਇਤਾਂ ਵੀ ਜਲਦ ਹੱਲ ਕਰ ਦਿੱਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਪੰਜ ਉਪ ਮੰਡਲਾਂ ਹੁਸ਼ਿਆਰਪੁਰ, ਗੜ੍ਹਸ਼ੰਕਰ, ਟਾਂਡਾ, ਦਸੂਹਾ, ਮੁਕੇਰੀਆਂ ਦੇ ਪਿੰਡਾਂ ਅਤੇ ਸ਼ਹਿਰਾਂ ਵਿਚ ਰੋਜ਼ਾਨਾ ਕਰੀਬ 30 ਕੈਂਪ ਲਗਾਏ ਜਾ ਰਹੇ ਹਨ।

## ਪੀ ਸੀ ਐੱਮ ਐੱਸ ਡੀ ਕਾਲਜ ਵਿਖੇ ਸੰਗੀਤ ਸਟਾਲ ਲਗਾਇਆ




**ਜਲੰਧਰ (ਇਕਬਾਲ ਸਿੰਘ ਉੱਭੀ)**

ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ ਨੇ ਸੰਗੀਤ ਸਟਾਲ ਲਗਾਇਆ। ਉੱਘੇ ਗਾਇਕ ਦਲਵਿੰਦਰ ਦਿਆਲਪੁਰੀ ਨੇ ਕਾਲਜ ਕੈਂਪਸ ਦਾ ਦੌਰਾ ਕੀਤਾ। ਉਹ ਪੰਜਾਬੀ ਲੋਕ ਗੀਤ ਦੇ ਖੇਤਰ ਵਿੱਚ ਇੱਕ ਪੰਜਾਬੀ ਉਸਤਾਦ ਹੈ ਅਤੇ ਉਸਨੇ ਅੰਤਰਰਾਸ਼ਟਰੀ ਸੰਗੀਤ ਉਦਯੋਗ ਵਿੱਚ ਆਪਣੇ ਲਈ ਇੱਕ ਸਥਾਨ ਬਣਾਇਆ ਹੈ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਨਿਊਜ ਚੈਨਲ ਦੇ ਮੁੱਖ ਸੰਪਾਦਕ ਜਸਵਿੰਦਰ ਸਿੰਘ ਆਜਾਦ ਵੀ ਹਾਜਰ ਸਨ। ਕਾਲਜ ਦੀ ਪੁਰਾਣੀ ਰਵਾਇਤ ਅਨੁਸਾਰ ਯੂਥ ਕਲੱਬ ਅਤੇ ਸੈਂਟਰਲ ਐਸੋਸੀਏਸ਼ਨ ਦੇ ਵਿਦਿਆਰਥੀਆਂ ਅਰਪਨਜੋਤ ਕੌਰ ਅਤੇ ਦੀਪੂ ਰਾਣਾ ਨੇ ਆਏ ਮਹਿਮਾਨਾਂ ਨੂੰ ਤਿਲਕ ਲਗਾਇਆ। ਗਾਇਕ ਨੇ ਆਪਣੀ ਸੁਰੀਲੀ ਆਵਾਜ ਦੀਆਂ ਧੁਨਾਂ 'ਤੇ ਨੱਚਣ ਵਾਲੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਸਾਰਾ ਕੈਂਪਸ ਉਸ ਦੇ ਗੀਤਾਂ ਦੀ ਤਾਲ 'ਤੇ ਗੂੰਜ ਉੱਠਿਆ। ਵਿਦਿਆਰਥੀਆਂ ਲਈ ਖਾਣ ਪੀਣ ਦੇ ਕਈ ਸਟਾਲ ਲਗਾਏ ਗਏ ਸਨ। ਸਮਾਗਮ ਦੇ ਅੰਤ ਵਿੱਚ ਮਹਿਮਾਨਾਂ ਨੂੰ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਇੰਚਾਰਜ ਸ੍ਰੀਮਤੀ ਕੰਵਲਜੀਤ ਕੌਰ ਦੇ ਯਤਨਾਂ ਸਦਕਾ ਇਹ ਸਮਾਗਮ ਸਫਲਤਾਪੂਰਵਕ ਨੇਪਰੇ ਚੜ੍ਹਿਆ। ਇਸ ਮੌਕੇ 'ਤੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਨੇ ਸਮਾਗਮ ਦੇ ਆਯੋਜਨ ਲਈ ਇੰਚਾਰਜ ਅਤੇ ਹੋਰ ਫੈਕਲਟੀ ਮੈਂਬਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਗੁਰੂ ਨਾਨਕ ਕਾਲਜ ਵਿਖੇ ਸਾਲਾਨਾ ਵਜ਼ੀਫਾ ਵੰਡ ਸਮਾਗਮ ਕਰਵਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ, ਫ਼ਗਵਾੜਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਭਾਈ ਰੁਪਿੰਦਰ ਸਿੰਘ ਰੂਪੀ ਮੈਮੋਰੀਅਲ ਟਰੱਸਟ (ਰਜ਼ਿ) ਫਗਵਾੜਾ, ਹਰਭਜਨ ਸਿੰਘ ਹੇਅਰ ਯਾਦਯਾਰੀ ਸਕਾਲਰਸ਼ਿਪ ਅਤੇ ਸੁਹਾਗਵੰਤੀ ਖੈਰਾਤੀ ਰਾਮ ਅਗਰਵਾਲ ਫਾਊਡੇਸ਼ਨ ਵਲੋਂ ਸਾਲਾਨਾ ਵਜ਼ੀਫਾ ਵੰਡ ਸਮਾਗਮ ਕਰਵਾਇਆ ਗਿਆ। ਸਵਰਗਵਾਸੀ ਰਜਿੰਦਰ ਸਿੰਘ ਬਸਰਾ ਜਿਨ੍ਹਾਂ ਨੇ ਆਪਣੇ ਸੁਪੱਤਰ ਰੁਪਿੰਦਰ ਸਿੰਘ ਰੂਪੀ ਦੀ ਯਾਦ ਵਿੱਚ ਉਪਰੋਕਤ ਟਰੱਸਟ ਦੀ ਸਥਾਪਨਾ ਕੀਤੀ ਸੀ। ਭਾਈ ਰੁਪਿੰਦਰ ਸਿੰਘ ਰੂਪੀ ਮੈਮੋਰੀਅਲ ਟਰੱਸਟ (ਰਜ਼ਿ) ਫਗਵਾੜਾ ਅਤੇ ਹਰਭਜਨ ਸਿੰਘ ਹੇਅਰ ਯਾਦ ਵਿੱਚ ਉਨ੍ਹਾਂ ਦਾ ਪਰਵਾਰ ਅਤੇ ਸੁਹਾਗਵੰਤੀ ਖੈਰਾਤੀ ਰਾਮ ਅਗਰਵਾਲ ਫਾਊਡੇਸ਼ਨ ਹਰ ਸਾਲ ਵਜ਼ੀਫੇ ਪ੍ਰਦਾਨ ਕਰਦਾ ਹੈ। ਸਮਾਗਮ ਦੌਰਾਨ 32 ਵਿਦਿਆਰਥੀ ਨੂੰ ਇੱਕ ਲੱਖ ਪੰਜ ਹਜ਼ਾਰ ਰੁਪਏ ਦੇ ਵਜ਼ੀਫੇ ਦਿੱਤੇ ਗਏ। ਇਸ ਸਮਾਗਮ ਦੇ ਵਿਚ ਐਸ.ਐਨ ਅਗਰਵਾਲ ਐਡਵੋਕੇਟ, ਹੁਰਾਂ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ਼ ਵਲੋਂ ਫੁੱਲਾਂ ਦੇ ਹਾਰਾਂ ਨਾਲ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ। ਕਾਲਜ ਪ੍ਰਬੰਧਕ ਕਮੇਟੀ ਪ੍ਰਧਾਨ ਜਤਿੰਦਰਪਾਲ ਸਿੰਘ ਪਲਾਹੀ ਅਤੇ ਕਾਲਜ ਪ੍ਰਿੰਸੀਪਲ ਡਾ. ਗੁਰਦੇਵ ਸਿੰਘ ਰੰਧਾਵਾ ਨੇ ਮੁੱਖ-ਮਹਿਮਾਨ ਅਤੇ ਹੋਰ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਵਜ਼ੀਫਾ ਪ੍ਰਾਪਤ ਕਰਨ ਵਾਲੇ ਵਿਦਿਆਥੀਆਂ ਨੂੰ ਆਪਣੀਆਂ ਸ਼ੁਭ-ਇੱਛਾਵਾਂ ਦਿੱਤੀਆਂ। ਇਸ ਮੌਕੇ ਮੁੱਖ-ਮਹਿਮਾਨ ਐਸ.ਐਨ ਅਗਰਵਾਲ ਐਡਵੋਕੇਟ ਵਲੋ ਕਾਲਜ ਦੇ ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਵਜ਼ੀਫੇ ਦੇਣ ਦੇ ਉਪਰਾਲੇ ਦੀ ਭਰਭੂਰ ਸਬਦਾਂ ਵਿੱਚ ਸ਼ਲਾਘਾ ਕੀਤੀ । ਉਨ੍ਹਾਂ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਅਤੇ ਟਰੱਸਟ ਵਲੋਂ ਸਨਮਾਨ ਚਿੰਨ੍ਹ ਦੇ ਕੇ ਮੁੱਖ-ਮਹਿਮਾਨ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਾਕੇਸ਼ ਕੁਮਾਰ ਅਗਰਵਾਲ, ਉਕਾਰ ਸਿੰਘ ਬਸਰਾ,ਡਾ.ਰੀਨਾ,ਪ੍ਰੋ. ਮਨਦੀਪ ਕੌਰ.ਜਤਿੰਦਰ ਸਿੰਘ ਖਾਲਸਾ, ਸਮੂਹ ਟੀਚਿੰਗ ਅਤੇ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਦੇ ਨਾਲ ਭਾਰੀ ਗਿਣਤੀ ਵਿਚ ਵਿਦਿਆਰਥੀ ਹਾਜ਼ਰ ਸਨ।



## ਉੱਘੇ ਕਿਸਾਨ ਆਗੂ ਨਰੰਜਣ ਸਿੰਘ ਮੁਠੱਡਾ ਦੀ 45ਵੀਂ ਬਰਸੀ ਮਨਾਈ



**ਫਿਲੌਰ (ਨਿਰਮਲ)**

ਪਿੰਡ ਮੁਠੱਡਾ ਕਲਾਂ ਵਿਖੇ ਉੱਘੇ ਕਿਸਾਨ ਆਗੂ ਨਰੰਜਣ ਸਿੰਘ ਮੁਠੱਡਾ ਦੀ 45ਵੀਂ ਬਰਸੀ ਮਨਾਈ ਗਈ। ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੇਂਦਰੀ ਕਮੇਟੀ ਦੇ ਮੈਂਬਰ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ 'ਚ ਧਰਮਾਂ ਦੇ ਨਾਂਅ 'ਤੇ ਲੋਕਾਂ ਨੂੰ ਵੰਡ ਕੇ ਰੱਖ ਦਿੱਤਾ ਹੈ। ਹਾਸ਼ੀਆਗ੍ਰਸਤ ਲੋਕਾਂ ਦਾ ਹਾਲ ਹੋਰ ਵੀ ਮਾੜਾ ਹੋ ਰਿਹਾ ਹੈ। ਆਜਾਦੀ ਦੇ 75-76 ਸਾਲਾਂ ਬਾਅਦ ਵੀ ਲੋਕਾਂ ਨੂੰ ਆਤਮ ਨਿਰਭਰ ਕਰਨ ਦੀ ਥਾਂ ਢਿੱਡ ਭਰਨ ਦੇ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਇਸ ਰਾਜ ਭਾਗ ਦੌਰਾਨ ਹੀ ਔਰਤਾਂ 'ਤੇ ਹਮਲੇ ਵੀ ਵਧੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਹਰਾਓ, ਕਾਰਪੋਰੇਟ ਭਜਾਓ ਤੇ ਦੇਸ਼ ਬਚਾਓ ਦੇ ਸੱਦੇ ਤਹਿਤ 29 ਫਰਵਰੀ ਨੂੰ ਜਲੰਧਰ 'ਚ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ 'ਚ ਵੱਡੇ ਪੱਧਰ 'ਤੇ ਲੋਕਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।

16 ਫਰਵਰੀ ਦੇ ਭਾਰਤ ਬੰਦ ਬਾਰੇ ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਟ੍ਰੇਡ ਯੂਨੀਅਨਾਂ ਤੇ ਮੁਲਾਜਮ ਜਥੇਬੰਦੀਆਂ ਦੇ ਸੱਦੇ ਦੀ ਸੰਯੁਕਤ ਕਿਸਾਨ ਮੋਰਚਾ ਨੇ ਸਿਰਫ ਹਮਾਇਤ ਹੀ ਨਹੀਂ ਕੀਤੀ ਸਗੋਂ ਇਸ ਨੂੰ ਕਾਮਯਾਬ ਕਰਨ ਲਈ ਸਾਰੀਆਂ ਧਿਰਾਂ ਵਲੋਂ ਇਸ 'ਚ ਸਾਂਝ ਪਾਈ ਜਾ ਰਹੀ ਹੈ ਤਾਂ ਜੋ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਆਮ ਲੋਕਾਂ 'ਚ ਨੰਗਾ ਕੀਤਾ ਜਾ ਸਕੇ। ਇਸ ਮੌਕੇ ਨਰੰਜਣ ਸਿੰਘ ਮੁਠੱਡਾ ਦੇ ਪੁੱਤਰ ਬਲਜਿੰਦਰ ਸਿੰਘ ਬੂਰਾ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ, ਪਰਮਜੀਤ ਰੰਧਾਵਾ, ਸੰਤੋਖ ਸਿੰਘ ਬਿਲਗਾ, ਸ਼ਿਵ ਕੁਮਾਰ ਤਿਵਾੜੀ, ਡਾ. ਸਰਬਜੀਤ ਮੁਠੱਡਾ ਨੇ ਵੀ ਸੰਬੋਧਨ ਕੀਤਾ। ਆਗੂਆਂ ਨੇ ਰੈਲੀ ਅਤੇ ਭਾਰਤ ਬੰਦ ਦੀਆਂ ਤਿਆਰੀਆਂ ਦੀ ਰੂਪ ਰੇਖਾ ਦੀ ਵੀ ਸਾਂਝ ਪਾਈ। ਇਸ ਸਮਾਗਮ ਦੀ ਪ੍ਰਧਾਨਗੀ ਸਰਬਜੀਤ ਗੋਗਾ, ਕੁਲਦੀਪ ਫਿਲੌਰ ਤੇ ਮੇਜਰ ਫਿਲੌਰ ਨੇ ਕੀਤੀ। ਆਰੰਭ 'ਚ ਝੰਡਾ ਲਹਿਰਾਉਣ ਦੀ ਰਸਮ ਬਲਜਿੰਦਰ ਸਿੰਘ ਬੂਰਾ ਨੇ ਅਦਾ ਕੀਤੀ। ਇਸ ਮੌਕੇ ਨਰੰਜਣ ਸਿੰਘ ਮੁਠੱਡਾ ਦੇ ਹੋਰ ਪਰਵਾਰਕ ਮੈਂਬਰ ਹਾਜਰ ਸਨ।

## ਮੰਡੀ ਬੋਰਡ ਦੇ ਮੁੱਖ ਦਫਤਰ ਵਿਖੇ ਲਗਾਇਆ ਮੈਡੀਕਲ ਚੈੱਕਅੱਪ ਕੈਂਪ

**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਮੰਡੀ ਬੋਰਡ ਦੇ ਮੁੱਖ ਦਫਤਰ ਵਿਖੇ ਮੈਡੀਕਲ ਚੈੱਕਅਪ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਦਾ ਉਦਘਾਟਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਬੋਨ ਐਂਡ ਜੁਆਇੰਟ ਕਲੀਨਿਕ, ਫੇਸ 11, ਮੋਹਾਲੀ ਤੋਂ ਆਏ ਡਾ. ਗੁਰਪ੍ਰੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਮੰਡੀ ਬੋਰਡ ਦੇ ਅਧਿਕਾਰੀਆਂ ਅਤੇ ਮੁਲਾਜਮਾਂ ਦਾ ਚੈੱਕਅਪ ਕੀਤਾ। ਇਸ ਦੌਰਾਨ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ ਸਮੇਤ ਸਰੀਰ ਨਾਲ ਜੁੜੇ ਹੋਰ ਵੀ ਕਈ ਤਰ੍ਹਾਂ ਦੇ ਟੈਸਟ ਕੀਤੇ ਗਏ। ਡਾਕਟਰਾਂ ਵੱਲੋਂ ਜਿੱਥੇ ਸਾਰੇ ਸਟਾਫ ਦੇ ਟੈਸਟ ਅਤੇ ਚੈੱਕਅਪ ਕੀਤਾ ਗਿਆ, ਉੱਥੇ ਹੀ ਦਵਾਈਆਂ ਦੇਣ ਦੇ ਨਾਲ-ਨਾਲ ਬਿਮਾਰੀਆਂ ਤੋਂ ਬਚਣ ਅਤੇ ਪਰਹੇਜ ਬਾਰੇ ਵਿਸਥਾਰ ਵਿੱਚ ਜਾਣਕਾਰੀ ਵੀ ਦਿੱਤੀ ਗਈ। ਕੈਂਪ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਹਰ ਮਨੁੱਖ ਦਾ ਸ਼ਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿਣਾ ਬਹੁਤ ਜਰੂਰੀ ਹੈ। ਇਸ ਲਈ ਸਾਰੀਆਂ ਨੂੰ ਜਿੱਥੇ ਵੱਖ-ਵੱਖ ਸ਼ਰੀਰਕ ਗਤੀਵਿਧਿਆਂ ਵਿੱਚ ਭਾਗ ਲੈਣਾ ਚਾਹੀਦਾ ਹੈ, ਉੱਥੇ ਹੀ ਸਮੇਂ ਸਿਰ ਆਪਣੇ ਸ਼ਰੀਰ ਦਾ ਚੈੱਕਅਪ ਵੀ ਕਰਵਾਉਂਦੇ ਰਹਿਣਾ ਚਾਹੀਦਾ ਹੈ, ਤਾਂ ਜੋ ਇੱਕ ਖੁਸ਼ਹਾਲ ਸਮਾਜ ਦਾ ਨਿਰਮਾਣ ਹੋ ਸਕੇ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਿਹਤ ਨੂੰ ਮੁੱਖ ਰਖਦੀਆਂ ਅਜਿਹੇ ਕੈਂਪ ਭਵਿੱਖ ਵਿੱਚ ਵੀ ਲਗਵਾਏ ਜਾਂਦੇ ਰਹਿਣਗੇ। ਇਸ ਮੌਕੇ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ, ਸਕੱਤਰ ਪੰਜਾਬ ਮੰਡੀ ਬੋਰਡ, ਗੁਰਦੀਪ ਸਿੰਘ ਇੰਜੀਨੀਅਰ-ਇਨ-ਚੀਫ, ਗੁਰਿੰਦਰ ਸਿੰਘ ਚੀਮਾ, ਮੁੱਖ ਇੰਜੀਨੀਅਰ, ਇਗਨਾਇਟੇਡ ਇੰਡੀਆ ਫਾਰਮਾਸੂਟਿਕਲ ਤੋਂ ਰਤਨ ਰਿਸ਼ੀ, ਸਨਫਾਰਮਾ ਲਿਮ. ਤੋਂ ਗੁਲਸ਼ਨ ਜੋਸ਼ੀ ਸਮੇਤ ਮੰਡੀ ਬੋਰਡ ਦੇ ਸਮੂਹ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।



## ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਧਰਮਕੋਟ ਵਿਖੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ

**ਨਵਾਂਸ਼ਹਿਰ, (ਮਨੋਜ ਲਾਡੀ)**

ਸਿੱਖ ਮਿਸਨਰੀ ਕਾਲਜ ਲੁਧਿਆਣਾ ਦੇ ਜੋਨ ਨਵਾਂਸਹਿਰ (ਸਹੀਦ ਭਗਤ ਸਿੰਘ ਨਗਰ) ਵਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪਿੰਡ ਧਰਮਕੋਟ ਨਵਾਂਸਹਿਰ ਵਿਖੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਤਿੰਨ ਗਰੁੱਪਾਂ (ਪ੍ਰਾਇਮਰੀ, ਮਿਡਲ ਅਤੇ ਸੈਕੰਡਰੀ) ਦੇ ਵਿਦਿਆਰਥੀਆਂ ਦੇ ਕਰਵਾਏ ਗਏ। ਇਸ ਮੌਕੇ ਸਮਸੇਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਬਲਜਿੰਦਰ ਸਿੰਘ ਇੰਗਲੈਂਡ ਅਤੇ ਕੁਲਵੰਤ ਸਿੰਘ ਸਪੇਨ ਵੱਲੋਂ ਦਸਤਾਰ ਸਜਾਉਣ ਮੁਕਾਬਲੇ ਵਿਚ ਵਿਸੇਸ ਮਾਇਕ ਯੋਗਦਾਨ ਪਾਇਆ। ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਮਨਜਿੰਦਰ ਸਿੰਘ, ਬਹਾਦਰ ਸਿੰਘ ਧਰਮਕੋਟ, ਪਲਵਿੰਦਰ ਸਿੰਘ ਕਰਿਆਮ ਗੁਰੂ ਰਾਮਦਾਸ ਸਕੂਲ, ਬੀਬੀ ਮਨਮੀਤ ਕੌਰ ਅਪੋਲੋ ਸਕੂਲ, ਏ. ਵੀ. ਆਰ. ਸਕੂਲ ਮਾਛੀਵਾੜਾ, ਹੈਪੀ ਮਾਡਲ ਸਕੂਲ ਰਾਹੀਂ ਸਾਂ ?ਵਚੰਦ ਸਕੂਲ ਸਕੋਹਪੁਰ ਦੇ ਟੀਚਰ ਅਤੇ ਵਿਦਿਆਰਥੀ ਹਾਜਰ ਹੋਏ। ਮਾ ਗੁਰਚਰਨ ਸਿੰਘ ਬਸਿਆਲਾ, ਵੀਰ ਜੇ. ਪੀ. ਸਿੰਘ ਗੜ੍ਹਸੰਕਰ ਅਤੇ ਐਡਵੋਕੇਟ ਪ੍ਰਭਜੋਤ ਸਿੰਘ ਨਵਾਂਸਹਿਰ ਵੱਲੋਂ ਜੱਜਮੈਂਟ ਦੀਆਂ ਸੇਵਾਵਾਂ ਨਿਭਾਉਣ ਉਪਰੰਤ ਦਸਤਾਰ ਸਜਾਉਣ ਅਤੇ ਆਪਣੇ ਗੌਰਵਮਈ ਵਿਰਸੇ ਬਾਰੇ ਜਾਣਕਾਰੀ ਦਿੱਤੀ। ਇਸ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਹਰ ਵਿਦਿਆਰਥੀ ਨੂੰ ਸਨਮਾਨਿਤ ਕੀਤਾ ਅਤੇ ਹਰ ਗਰੁੱਪ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਅਮਨਪ੍ਰੀਤ ਸਿੰਘ, ਗਗਨਪ੍ਰੀਤ ਸਿੰਘ, ਦਿਸੰਦ ਸਿੰਘ, ਦੂਜਾ ਸਥਾਨ ਹਾਸਲ ਕਰਨ ਵਾਲੇ ਸਹਿਜਦੀਪ ਸਿੰਘ, ਹਰਕੀਰਤ ਸਿੰਘ, ਜੁਝਾਰ ਸਿੰਘ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਭਵਨਦੀਪ ਸਿੰਘ, ਰਮਨਪ੍ਰੀਤ ਸਿੰਘ ਅਤੇ ਜਸਕਰਨ ਸਿੰਘ ਨੂੰ ਵਿਸੇਸ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ। ਮੱਖਣ ਸਿੰਘ ਘੱਕੇਵਾਲ ਅਤੇ ਸੁਪਰਡੈਂਟ ਪਰਮਿੰਦਰ ਸਿੰਘ ਨਵਾਂਸਹਿਰ ਨੇ ਸੰਗਤਾਂ ਅਤੇ ਪ੍ਰਬੰਧਕ ਵੀਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿੱਖ ਮਿਸਨਰੀ ਕਾਲਜ ਵੱਲੋਂ ਨੌਜਵਾਨਾਂ ਨੂੰ ਆਪਣੇ ਮਹਾਨ ਗੌਰਵਮਈ ਵਿਰਸੇ ਨਾਲ ਜੋੜਨ ਲਈ ਘਰ-ਘਰ ਤੱਕ ਲਿਟਰੇਚਰ/ਸਿੱਖ ਫੁਲਵਾੜੀ ਮੈਗਜੀਨ ਪਹੁੰਚਾਉਣ, ਘਰ ਬੈਠੇ ਦੋ ਸਾਲਾਂ ਪੱਤਰ ਵਿਹਾਰ ਕੋਰਸ, ਧਾਰਮਿਕ ਪ੍ਰੀਖਿਆ ਅਤੇ ਵਿਦਿਆਰਥੀਆਂ ਦੇ ਕਵਿਤਾ ਲੈਕਚਰ, ਕੀਰਤਨ ਅਤੇ ਵਾਰਤਾਲਾਪ ਦੇ ਮੁਕਾਬਲੇ ਕਰਵਾਏ ਜਾਂਦੇ ਹਨ। ਜਿਸ ਵਿਚ ਆਪਣੇ ਬੱਚਿਆਂ ਨੂੰ ਜਰੂਰ ਭਾਗ ਦਿਵਾਉਣਾ ਚਾਹੀਦਾ ਤਾਂ ਕਿ ਨਿੱਗਰ ਤੇ ਨਰੋਆ ਸਮਾਜ ਸਿਰਜਿਆ ਜਾ ਸਕੇ।

## ਰਿਆਤ ਬਾਹਰਾ 'ਵਰਸਿਟੀ ਵਿਖੇ ਵਿਸ਼ਵ ਵੈਟਲੈਂਡ ਦਿਵਸ-2024 ਮੌਕੇ ਮੁਕਾਬਲੇ

**ਕੁਰਾਲੀ (ਮੋਹਨ ਅਗਰਵਾਲ)**

ਰਿਆਤ ਬਾਹਰਾ ਯੂਨੀਵਰਸਿਟੀ ਦੇ ਜੀਵ ਵਿਗਿਆਨ ਵਿਭਾਗ ਵੱਲੋਂ ਮਹਾਤਮਾ ਗਾਂਧੀ ਨੈਸ਼ਨਲ ਕੌਂਸਲ ਆਫ਼ ਰੂਰਲ ਐਜੂਕੇਸ਼ਨ ਐਂਡ ਰੈੱਡ ਰਿਬਨ ਕਲੱਬ ਦੇ ਅਧੀਨ ਵਿਸ਼ਵ ਵੈਟਲੈਂਡ ਦਿਵਸ-2024 ਮਨਾਇਆ ਗਿਆ ਜਿਸ ਦੌਰਾਨ 'ਵੈੱਟਲੈਂਡਜ਼ ਐਂਡ ਹਿਊਮਨ ਵੈਲ-ਬੀਇੰਗ' ਵਿਸ਼ੇ 'ਤੇ ਲੇਖ ਲਿਖਣ, ਫੋਟੋਗ੍ਰਾਫੀ ਅਤੇ ਪੋਟ ਪੇਂਟਿੰਗ ਮੁਕਾਬਲੇ ਕਰਵਾਏ ਗਏ। ਡਾ: ਪਰਵਿੰਦਰ ਸਿੰਘ, ਵਾਈਸ-ਚਾਂਸਲਰ, ਨੇ ਵੈਟਲੈਂਡਜ਼ ਦੀ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਭਾਗੀਦਾਰਾਂ ਨੂੰ ਮਾਨਵ ਕਿਰਿਆਵਾਂ ਦੁਆਰਾ ਵਿਗੜ ਰਹੇ ਵੈਟਲੈਂਡਜ਼ ਦੀ ਗੁਣਵੱਤਾ ਨੂੰ ਬਹਾਲ ਕਰਨ ਲਈ ਪ੍ਰੇਰਿਤ ਕੀਤਾ।ਇਸ ਦੌਰਾਨ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਵਿਦਿਆਰਥੀਆਂ ਵੱਲੋਂ ਵਿੱਦਿਅਕ ਸਮਾਜਿਕ ਜ਼ਿੰਮੇਵਾਰੀ ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਸਟੂਡੈਂਟਸ ਵੈਲਫੇਅਰ ਦੀ ਡੀਨ ਡਾ: ਸਿਮਰਜੀਤ ਕੌਰ ਨੇ ਵੈਟਲੈਂਡਜ਼ ਦੀ ਸੰਭਾਲ ਦੀ ਲੋੜ 'ਤੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਦੇ ਮੁੱਦਿਆਂ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਜੀਵ ਵਿਗਿਆਨ ਵਿਭਾਗ ਤੋਂ ਡਾ: ਸ਼ਾਇਨਾ ਅਤੇ ਸਬਾ ਸਆਦਤ ਨੇ ਸਮਾਗਮ ਦਾ ਸੰਚਾਲਨ ਕੀਤਾ।ਇਸ ਦੌਰਾਨ ਕਰਵਾਏ ਗਏ ਲੇਖ ਲਿਖਣ ਮੁਕਾਬਲੇ ਦੇ ਜੇਤੂਆਂ ਵਿੱਚ ਪਹਿਲਾ ਸਥਾਨ- ਪ੍ਰਿਯਾਂਸ਼ੂ ਠਾਕੁਰ (ਬੀ.ਐਸ.ਸੀ. ਮਾਈਕਰੋਬਾਇਓਲੋਜੀ-ਤੀਜਾ ਸਾਲ), ਪੀਜੀਜੀਸੀਜੀ-42, ਚੰਡੀਗੜ੍ਹ; ਦੂਸਰਾ ਸਥਾਨ- ਈਸ਼ਾ ਦੇਵੀ, (ਐੱਮ.ਐੱਸ.ਸੀ. ਜ਼ੂਆਲੋਜੀ-ਦੂਜਾ ਸੇਮ), ਡਿਪਾਰਟਮੈਂਟ ਆਫ ਲਾਈਫ ਸਾਇੰਸਿਜ਼, ਯੂ.ਐੱਸ.ਐੱਸ., ਰਿਆਤ ਬਾਹਰਾ ਯੂਨੀਵਰਸਿਟੀ; ਤੀਸਰਾ ਸਥਾਨ- ਅਨੰਤਿਕਾ, (ਐੱਮ.ਐੱਸ.ਸੀ. ਈ.ਵੀ.ਐੱਸ.-4 ਸੇਮ), ਡਿਪਾਰਟਮੈਂਟ ਆਫ ਲਾਈਫ ਸਾਇੰਸਿਜ਼, ਯੂ.ਐੱਸ.ਐੱਸ., ਰਿਆਤ ਬਾਹਰਾ ਯੂਨੀਵਰਸਿਟੀ ; ਤਸੱਲੀ ਇਨਾਮ- ਦਾਮਿਨੀ (ਬੀ.ਐਸ.ਸੀ. ਮਾਈਕਰੋਬਾਇਓਲੋਜੀ-ਤੀਜਾ ਸਾਲ), ਪੀਜੀਜੀਸੀਜੀ-42, ਚੰਡੀਗੜ੍ਹ।ਇਸੇ ਤਰ੍ਹਾਂ ਫੋਟੋਗ੍ਰਾਫੀ ਦੇ ਜੇਤੂਆਂ ਵਿੱਚ ਪਹਿਲੀ- ਸ਼ੰਭਵੀ (ਬੀ.ਐਸ.ਸੀ. ਫਿਜ਼ਿਕਸ ਆਨਰਜ਼) ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ; ਦੂਜਾ- ਆਤਿਫ (ਡਿਪਲੋਮਾ ਆਟੋਮੋਬਾਈਲਜ਼-4ਵਾਂ ਸੇਮ), ਪੌਲੀਟੈਕਨਿਕ, ਰਿਆਤ ਬਾਹਰਾ ਯੂਨੀਵਰਸਿਟੀ; ਤੀਸਰਾ- ਅਰਸ਼ਦੀਪ ਕੌਰ (ਐੱਮ.ਐੱਸ.ਸੀ. ਗਣਿਤ), ਗਣਿਤ ਵਿਭਾਗ, ਯੂ.ਐੱਸ.ਐੱਸ., ਰਿਆਤ ਬਾਹਰਾ ਯੂਨੀਵਰਸਿਟੀ।ਪੋਟ ਪੇਂਟਿੰਗ ਵਿੱਚ ਪਹਿਲਾ- ਪ੍ਰਥਮ ਜਿੰਦਲ ਅਤੇ ਅਨਿਕੇਤ ਗੁਲੇਰੀਆ (ਬੀ. ਫਾਰਮੇਸੀ-4 ਸੇਮ),ਰਿਆਤ ਬਾਹਰਾ ਯੂਨੀਵਰਸਿਟੀ ; 2- ਜਸ਼ਨਪ੍ਰੀਤ ਕੌਰ ਡਿਪਲੋਮਾ, ਪੌਲੀਟੈਕਨਿਕ; 3- ਸ਼ਾਜ਼ਲ ਚਿਕੋਂਡੇ ਲਾਈਫ ਸਾਇੰਸਿਜ਼ ਵਿਭਾਗ, ਤਸੱਲੀ ਇਨਾਮ- ਮਹਿਕ (ਬੀ. ਐਸ. ਸੀ. ਬਾਇਓਟੈਕਨਾਲੋਜੀ-ਦੂਜਾ ਸੇਮ), ਜੀਵਨ ਵਿਗਿਆਨ ਵਿਭਾਗ, ਯੂ.ਐਸ.ਐਸ.; ਡਿਪਲੋਮਾ ਸੀਐਸਈ, ਪੌਲੀਟੈਕਨਿਕ ਦੀ ਸਪਨਾ ਰਾਣੀ।ਇਨ੍ਹਾਂ ਜੇਤੂਆਂ ਨੂੰ ਵਾਈਸ-ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।

